ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 105
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 17 April, 2026) ਸ਼ੁੱਕਰਵਾਰ, 17 ਅਪ੍ਰੈਲ, 2026, 4 ਵੈਸਾਖ (ਮੱਸਿਆ), ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਦਿੱਲੀ ਹਵਾਈ ਅੱਡੇ 'ਤੇ ਟਕਰਾਏ ਦੋ ਜਹਾਜ਼, ਜਾਨੀ-ਮਾਲੀ ਨੁਕਸਾਨ ਤੋਂ ਰਿਹਾ ਬਚਾਅ

ਨਵੀਂ ਦਿੱਲੀ, 16 ਅਪ੍ਰੈਲ (ਚ.ਨ.ਸ.): ਦਿੱਲੀ ਹਵਾਈ ਅੱਡੇ 'ਤੇ ਅੱਜ ਦੁਪਹਿਰ ਵੇਲੇ ਸਪਾਈਸਜੈੱਟ ਦਾ ਜਹਾਜ਼ ਪਾਰਕਿੰਗ ਏਰੀਏ ਵਿੱਚ ਖੜ੍ਹੇ ਅਕਾਸਾ ਏਅਰਲਾਈਨ ਦੇ ਜਹਾਜ਼ ਨਾਲ ਟਕਰਾ ਗਿਆ। ਇਸ ਕਾਰਨ ਦੋਵਾਂ ਜਹਾਜ਼ਾਂ ਨੂੰ ਨੁਕਸਾਨ ਪਹੁੰਚਿਆ ਹੈ ਪਰ ਸਾਰੇ ਯਾਤਰੀ ਅਤੇ ਕਰਿਊ ਮੈਂਬਰ ਸੁਰੱਖਿਅਤ ਹਨ। ਸਪਾਈਸਜੈੱਟ ਦੇ ਬੁਲਾਰੇ ਅਨੁਸਾਰ ਇਸ ਘਟਨਾ ਵਿੱਚ ਉਨ੍ਹਾਂ ਦੇ ਜਹਾਜ਼ ਦੇ ਸੱਜੇ ਖੰਭ (ਰਾਈਟ ਵਿੰਗ) ਨੂੰ ਨੁਕਸਾਨ ਪਹੁੰਚਿਆ ਹੈ ਅਤੇ ਅਕਾਸਾ ਦੇ ਜਹਾਜ਼ ਦੇ ਪੱਖੇ ਨੂੰ ਵੀ ਸੱਟ ਵੱਜੀ ਹੈ।ਘਟਨਾ ਤੋਂ ਬਾਅਦ ਸਪਾਈਸਜੈੱਟ ਦੇ ਇਸ ਜਹਾਜ਼ ਨੂੰ ਦਿੱਲੀ ਵਿੱਚ ਹੀ ਗਰਾਊਂਡ ਕਰ ਦਿੱਤਾ ਗਿਆ ਹੈ ਅਤੇ (ਬਾਕੀ ਸ.ਫਾ 2 'ਤੇ)

### ਇਤਿਹਾਸਕ ਨਗਰ ਬਟਾਲਾ ਦੇ ਵਿਕਾਸ ਨੂੰ ਵੱਡਾ ਹੁਲਾਰਾ

## ਮਾਨ ਵੱਲੋਂ 177 ਕਰੋੜ ਦੇ ਪ੍ਰਾਜੈਕਟਾਂ ਦਾ ਐਲਾਨ

**ਡਾ. ਨਰਿੰਦਰ ਸਿੰਘ ਘੁਮਾਣ/ ਬਲਵਿੰਦਰ ਸਿੰਘ ਪੰਜ ਗਰਾਈਂ, ਸੁਖਦੇਵ ਸਿੰਘ ਰੰਧਾਵਾ, ਬਲਬੀਰ ਸੋਹਲ**



ਬਟਾਲਾ, 16 ਅਪ੍ਰੈਲ : ਪੰਜਾਬ ਦੇ ਇਤਿਹਾਸਕ ਸ਼ਹਿਰਾਂ ਵਿੱਚ ਸ਼ਾਮਲ ਬਟਾਲਾ ਦੀ ਕਾਇਆਕਲਪ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 177 ਕਰੋੜ ਰੁਪਏ ਦੇ ਵਿਕਾਸ ਪ੍ਰਾਜੈਕਟਾਂ ਦਾ ਐਲਾਨ ਕੀਤਾ। ਇਤਿਹਾਸਕ ਨਗਰ ਦੇ ਬੁਨਿਆਦੀ ਢਾਂਚੇ ਦਾ ਵੱਡੇ ਪੱਧਰ 'ਤੇ ਵਿਸਥਾਰ ਕਰਨ ਲਈ ਵੱਖ-ਵੱਖ ਪ੍ਰਾਜੈਕਟਾਂ ਦਾ ਐਲਾਨ ਕਰਕੇ ਮੁੱਖ ਮੰਤਰੀ ਨੇ ਸੱਤਾ ਦਾ ਸੁੱਖ ਭੋਗ ਚੁੱਕੀਆਂ ਪਿਛਲੀਆਂ ਸਰਕਾਰਾਂ ਨੂੰ ਸਖ਼ਤ ਸਿਆਸੀ ਸੰਦੇਸ਼ ਦਿੱਤਾ ਹੈ। ਇੱਥੋਂ ਦੀ ਨਗਰ ਨਿਗਮ ਵੱਲੋਂ 95.72 ਕਰੋੜ ਰੁਪਏ ਦੇ ਵਿਕਾਸ ਕਾਰਜ ਕੀਤੇ ਜਾਣਗੇ, ਮੰਡੀ ਬੋਰਡ ਵੱਲੋਂ 16.05 ਕਰੋੜ ਰੁਪਏ ਦੇ ਵਿਕਾਸ ਕੰਮ ਕੀਤੇ ਜਾਣਗੇ ਅਤੇ ਲੋਕ ਨਿਰਮਾਣ ਵਿਭਾਗ ਵੱਲੋਂ ਸੜਕਾਂ ਦੇ ਨਿਰਮਾਣ 'ਤੇ 65.09 ਕਰੋੜ ਰੁਪਏ ਖਰਚੇ ਜਾਣਗੇ। ਇਸ ਤੋਂ ਇਲਾਵਾ ਸੜਕਾਂ ਦੇ ਨਵੀਨੀਕਰਨ 'ਤੇ ਮੰਡੀ ਬੋਰਡ 42.56 ਕਰੋੜ ਰੁਪਏ ਜਦਕਿ ਲੋਕ ਨਿਰਮਾਣ ਵਿਭਾਗ 34.97 ਕਰੋੜ ਰੁਪਏ ਖਰਚੇਗਾ। ਬਟਾਲਾ ਹਲਕੇ ਵਿੱਚ ਚਾਰ ਨਵੇਂ ਪੁਲ ਬਣਨਗੇ ਅਤੇ ਨਵੀਂ ਪੁਲਿਸ ਲਾਈਨ ਲਈ 14.81 ਕਰੋੜ ਜਾਰੀ ਕੀਤੇ ਗਏ ਹਨ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਸਾਲ 2022 ਵਿੱਚ ਅਕਾਲੀ-ਕਾਂਗਰਸ ਦੀ ਤਿੰਨ ਪੀੜ੍ਹੀਆਂ ਤੋਂ ਚੱਲ ਰਹੀ ਲੁੱਟ ਦਾ ਅੰਤ ਕਰ ਦਿੱਤਾ ਅਤੇ ਸਾਲ 2027 ਵਿੱਚ ਵੀ ਇਨ੍ਹਾਂ ਨੂੰ ਵਾਪਸੀ ਨਹੀਂ ਕਰਨ ਦੇਣਗੇ, ਜਦੋਂ ਕਿ ਪਿਛਲੀਆਂ ਸਰਕਾਰਾਂ 'ਤੇ ਆਪਣੇ-ਆਪ ਨੂੰ ਬਚਾਉਣ ਲਈ ਜਾਣਬੁੱਝ ਕੇ ਬੇਅਦਬੀ ਵਿਰੋਧੀ ਕਾਨੂੰਨਾਂ ਨੂੰ ਕਮਜ਼ੋਰ ਕਰਨ ਦਾ ਦੋਸ਼ ਲਾਇਆ। ਉਨ੍ਹਾਂ ਨੇ ਰਵਾਇਤੀ ਪਾਰਟੀਆਂ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਇਹ ਪਾਰਟੀਆਂ ਆਮ ਲੋਕਾਂ ਤੋਂ ਦੂਰ ਹੋ ਗਈਆਂ ਸਨ ਜਿਸ ਕਰਕੇ ਲੋਕਾਂ ਨੇ ਇਨ੍ਹਾਂ ਨੂੰ ਰੱਦ ਕਰ ਦਿੱਤਾ ਜਦਕਿ ਉਨ੍ਹਾਂ ਦੀ (ਬਾਕੀ ਸਫਾ 2 'ਤੇ)

### ਭਾਰੀ ਹੰਗਾਮੇ ਨਾਲ ਸ਼ੁਰੂ ਹੋਇਆ ਸੰਸਦ ਦਾ ਵਿਸ਼ੇਸ਼ ਸੈਸ਼ਨ

# ਮਹਿਲਾ ਰਾਖਵਾਂਕਰਨ ਸੋਧ ਬਿੱਲ ਸਮੇਤ ਤਿੰਨ ਸੋਧ ਬਿੱਲ ਲੋਕ ਸਭਾ 'ਚ ਪੇਸ਼

### ਕਾਂਗਰਸ ਵੱਲੋਂ ਬਿੱਲਾਂ ਨੂੰ ਪੇਸ਼ ਕਰਨ ਦਾ ਵਿਰੋਧ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 16 ਅਪ੍ਰੈਲ : ਲੋਕ ਸਭਾ ਵਿਚ ਮਹਿਲਾ ਰਾਖਵਾਂਕਰਨ ਸੋਧ ਬਿੱਲ, ਹੱਦਬੰਦੀ ਬਿੱਲ-2026 ਤੇ ਸੰਵਿਧਾਨ (ਇੱਕ ਸੌ ਇਕੱਤੀਵਾਂ ਸੋਧ) ਬਿੱਲ-2026 ਪੇਸ਼ ਕਰ ਦਿੱਤੇ ਗਏ। ਡੇਢ ਘੰਟੇ ਬਾਅਦ ਵੋਟਿੰਗ ਹੋਈ ਕਿ ਬਿੱਲਾਂ 'ਤੇ ਚਰਚਾ ਕੀਤੀ ਜਾਵੇ ਕਿ ਨਹੀਂ। ਪੱਖ ਵਿਚ 251 ਵੋਟਾਂ ਪਈਆਂ ਤੇ 185 ਸਾਂਸਦਾਂ ਨੇ ਵਿਰੋਧ ਕੀਤਾ। ਸੰਸਦ ਦੇ ਇਕ ਵਿਸ਼ੇਸ਼ ਸੈਸ਼ਨ ਦੌਰਾਨ ਸਰਕਾਰ ਨੇ ਲੋਕ ਸਭਾ ਵਿਚ ਤਿੰਨ ਮਹੱਤਵਪੂਰਨ ਬਿੱਲ ਪੇਸ਼ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ। ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਸੰਵਿਧਾਨ (131ਵਾਂ ਸੋਧ) ਬਿੱਲ-2026 ਅਤੇ ਹੱਦਬੰਦੀ ਬਿੱਲ-2026 ਪੇਸ਼ ਕੀਤੇ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕੇਂਦਰ (ਬਾਕੀ ਸਫਾ 2 'ਤੇ)

## ਮਹਿਲਾਵਾਂ ਦੇ ਅਧਿਕਾਰਾਂ ਦਾ ਵਿਰੋਧ ਕਰਨ ਵਾਲਿਆਂ ਨੂੰ ਦੇਸ਼ ਨੇ ਕਦੇ ਮੁਆਫ਼ ਨਹੀਂ ਕੀਤਾ: ਮੋਦੀ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 16 ਅਪ੍ਰੈਲ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਮਹਿਲਾ ਰਾਖਵਾਂਕਰਨ ਬਿੱਲ ਨਾਲ ਜੁੜੀਆਂ ਸੋਧਾਂ ਸਬੰਧੀ ਕਿਹਾ ਕਿ ਜਦੋਂ ਵੀ ਦੇਸ਼ ਵਿਚ ਚੋਣਾਂ ਆਈਆਂ ਹਨ, ਉਸ ਵਿਚ ਮਹਿਲਾਵਾਂ ਨੂੰ ਮਿਲਣ ਵਾਲੇ ਇਸ ਅਧਿਕਾਰ ਦਾ ਜਿਸ-ਜਿਸ ਨੇ ਵਿਰੋਧ ਕੀਤਾ ਹੈ, ਉਸ ਦਾ ਹਾਲ ਬੁਰੇ ਤੋਂ ਬੁਰਾ ਕੀਤਾ ਗਿਆ ਹੈ। ਉਸ ਨੂੰ ਕਦੇ ਮੁਆਫੀ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਇਸ ਲਈ ਜਿਨ੍ਹਾਂ ਨੂੰ ਵੀ ਇਸ ਵਿਚ ਰਾਜਨੀਤੀ ਦੀ ਬੂ ਆ ਰਹੀ ਹੈ, ਉਹ ਆਪਣੇ ਨਤੀਜਿਆਂ ਨੂੰ ਖੁਦ ਦੇਖ ਲੈਣ। ਇਸ 'ਚ ਫਾਇਦਾ ਹੈ ਜੋ ਨੁਕਸਾਨ ਹੋ ਰਿਹਾ ਹੈ ਉਸ ਤੋਂ ਬਚ ਜਾਓਗੇ। ਇਸ ਲਈ ਇਸ ਨੂੰ ਰਾਜਨੀਤਿਕ ਰੰਗ ਦੇਣ ਦੀ ਲੋੜ ਨਹੀਂ ਹੈ । ਇਸ ਲਈ ਸਾਡੀ ਨੀਅਤ ਦੀ ਖੋਟ ਨੂੰ ਦੇਸ਼ ਦੀ ਨਾਰੀ ਸ਼ਕਤੀ ਕਦੇ ਮੁਆਫ਼ ਨਹੀਂ ਕਰੇਗੀ। ਇਸ ਤੋਂ ਪਹਿਲਾਂ ਅਖਿਲੇਸ਼ ਯਾਦਵ ਨੇ ਕਿਹਾ ਕਿ ਹੁਣ ਭਾਰਤੀ ਜਨਤਾ ਪਾਰਟੀ ਨਾਰੀ ਨੂੰ ਨਾਅਰਾ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ । (ਬਾਕੀ ਸਫਾ 2 'ਤੇ)

## ਅੰਮ੍ਰਿਤਪਾਲ ਸਿੰਘ ਨੂੰ ਡਿਬਰੂਗੜ੍ਹ ਜੇਲ੍ਹ 'ਚ ਹੀ ਰੱਖਣ ਦੀ ਮੰਗ 'ਤੇ ਸੁਣਵਾਈ ਟਲੀ

ਚੰਡੀਗੜ੍ਹ , 16 ਅਪ੍ਰੈਲ (ਚ.ਨ.ਸ.):ਪੰਜਾਬ ਸਰਕਾਰ ਵੱਲੋਂ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਆਸਾਮ ਦੀ ਜੇਲ੍ਹ ਵਿੱਚ ਹੀ ਗ੍ਰਿਫ਼ਤਾਰ ਕਰਕੇ ਲਗਾਤਾਰ ਹਿਰਾਸਤ ਵਿੱਚ ਰੱਖਣ ਦੀ ਮੰਗ 'ਤੇ ਅੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਅਹਿਮ ਸੁਣਵਾਈ ਹੋਈ। ਵੀਰਵਾਰ ਨੂੰ ਮੁੱਖ ਜੱਜ ਸ਼ੀਲ ਨਾਗੂ ਦੀ ਪ੍ਰਧਾਨਗੀ ਵਾਲੀ ਬੈਂਚ ਨੇ ਰਾਜ ਸਰਕਾਰ ਨੂੰ ਪੁੱਛਿਆ ਕਿ ਤੁਸੀਂ ਉਸ ਨੂੰ ਇਸ ਮਾਮਲੇ ਵਿੱਚ ਅਧਿਕਾਰਤ ਤੌਰ 'ਤੇ ਗ੍ਰਿਫ਼ਤਾਰ ਕਿਉਂ ਨਹੀਂ ਕਰ ਰਹੇ। ਦਰਅਸਲ, ਅੰਮ੍ਰਿਤਪਾਲ ਸਿੰਘ ਇਸ ਸਮੇਂ ਅਸਾਮ ਦੀ ਡਿਬਰੂਗੜ੍ਹ ਕੇਂਦਰੀ ਜੇਲ੍ਹ ਵਿੱਚ ਰਾਸ਼ਟਰੀ ਸੁਰੱਖਿਆ ਕਾਨੂੰਨ (ਐਨ.ਐਸ.ਏ.) ਤਹਿਤ ਨਜ਼ਰਬੰਦ ਹਨ, ਜਿਸ ਦੀ ਮਿਆਦ 23 ਅਪ੍ਰੈਲ ਨੂੰ ਖ਼ਤਮ ਹੋਣ ਜਾ ਰਹੀ ਹੈ। ਅਜਿਹੇ ਵਿੱਚ ਪੰਜਾਬ ਸਰਕਾਰ ਨੇ ਹਾਈ ਕੋਰਟ ਦਾ ਦਰਵਾਜ਼ਾ ਖੜਕਾਉਂਦੇ (ਬਾਕੀ ਸਫਾ 2 'ਤੇ)

## ਪੰਜਾਬ 'ਚ ਵੱਧ ਰਹੀ ਗਰਮੀ ਨੇ ਕੀਤਾ ਬੁਰਾ ਹਾਲ, ਪਟਿਆਲਾ 'ਚ ਤਾਪਮਾਨ 38.3 ਡਿਗਰੀ ਤੋਂ ਪਾਰ

### ਅੱਜ ਕਈ ਥਾਈਂ ਹਵਾਵਾਂ ਤੇ ਮੀਂਹ ਪੈਣ ਦੀ ਸੰਭਾਵਨਾ

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 16 ਅਪ੍ਰੈਲ : ਪੰਜਾਬ ਅਤੇ ਚੰਡੀਗੜ੍ਹ ਵਿੱਚ ਹਾਲ ਹੀ ਦੇ ਦਿਨਾਂ ਵਿੱਚ ਗਰਮੀ ਵਧੀ ਹੈ ਪਰ ਅੱਜ ਤੋਂ ਮੌਸਮ ਫਿਰ ਬਦਲਣ ਵਾਲਾ ਹੈ। ਇੱਕ ਪੱਛਮੀ ਗੜਬੜੀ ਪਹਾੜਾਂ ਤੱਕ ਪਹੁੰਚ ਗਈ ਹੈ। ਇਸ ਕਾਰਨ ਪਠਾਨਕੋਟ,ਅੰਮ੍ਰਿਤਸਰ ਅਤੇ ਗੁਰਦਾਸਪੁਰ ਦੇ ਕੁਝ ਇਲਾਕਿਆਂ ਵਿੱਚ ਅੱਜ ਮੀਂਹ ਪੈ ਸਕਦਾ ਹੈ। ਹਾਲਾਂਕਿ, ਇਸ ਸਮੇਂ ਦੌਰਾਨ ਤਾਪਮਾਨ ਵਧੇਗਾ। ਬੁੱਧਵਾਰ ਦੇ ਮੁਕਾਬਲੇ ਤਾਪਮਾਨ ਵਿੱਚ 1.3 ਡਿਗਰੀ ਦਾ ਵਾਧਾ ਹੋਇਆ। ਹੁਣ ਇਹ ਆਮ ਨਾਲੋਂ 2.6 ਡਿਗਰੀ ਵੱਧ ਹੈ। ਪਟਿਆਲਾ ਵਿੱਚ ਸਭ ਤੋਂ ਵੱਧ ਤਾਪਮਾਨ 38.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ 36.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਮੌਸਮ ਵਿਭਾਗ ਦੇ ਅਨੁਸਾਰ, ਇੱਕ ਪੱਛਮੀ ਗੜਬੜੀ ਅਤੇ ਇੱਕ ਚੱਕਰਵਾਤੀ ਸਰਕੂਲੇਸ਼ਨ ਮੌਜੂਦ ਹੈ। ਇਸ ਨਾਲ ਇੱਕ ਟ੍ਰੱਫ਼ ਬਣ ਗਿਆ ਹੈ, ਜਿਸ ਨਾਲ ਮੌਸਮ ਵਿੱਚ ਤਬਦੀਲੀ ਆਵੇਗੀ। ਇਸ ਨਾਲ ਸ਼ਾਮ ਤੱਕ ਕੁਝ ਜ਼ਿਲ੍ਹਿਆਂ ਵਿੱਚ ਬੱਦਲ ਛਾਏ ਰਹਿਣਗੇ, ਜਦੋਂ ਕਿ ਅੰਮ੍ਰਿਤਸਰ, ਪਠਾਨਕੋਟ ਅਤੇ ਹੁਸ਼ਿਆਰਪੁਰ ਦੇ ਦੂਰ-ਦੁਰਾਡੇ ਇਲਾਕਿਆਂ (ਬਾਕੀ ਸਫਾ 2 'ਤੇ)

## ਲੋਕ ਸਭਾ ਦੀਆਂ ਸੀਟਾਂ ਵਧ ਕੇ 815 ਹੋਣਗੀਆਂ ਜਿਨ੍ਹਾਂ 'ਚੋਂ 272 ਮਹਿਲਾਵਾਂ ਲਈ ਰਾਖਵੀਆਂ: ਮੇਘਵਾਲ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 16 ਅਪ੍ਰੈਲ :ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਅੱਜ ਲੋਕ ਸਭਾ ਵਿੱਚ ਸਪੱਸ਼ਟ ਕੀਤਾ ਕਿ ਨਵੇਂ ਪ੍ਰਸਤਾਵਿਤ ਕਾਨੂੰਨ ਤਹਿਤ ਹੇਠਲੇ ਸਦਨ ਦੀ ਕੁੱਲ ਸਮਰੱਥਾ ਵਧਾ ਕੇ 815 ਕੀਤੀ ਜਾਵੇਗੀ। ਇਨ੍ਹਾਂ ਵਿੱਚੋਂ 272 ਸੀਟਾਂ ਔਰਤਾਂ ਲਈ ਰਾਖਵੀਆਂ ਹੋਣਗੀਆਂ। ਮਹਿਲਾ ਰਾਖਵਾਂਕਰਨ ਕਾਨੂੰਨ ਅਤੇ ਹੱਦਬੰਦੀ ਸਬੰਧੀ ਬਿੱਲਾਂ 'ਤੇ ਚਰਚਾ ਦੀ ਸ਼ੁਰੂਆਤ ਕਰਦਿਆਂ ਮੰਤਰੀ ਨੇ ਭਰੋਸਾ ਦਿੱਤਾ ਕਿ ਇਸ ਨਵੀਂ ਵਿਵਸਥਾ ਨਾਲ ਨਾ ਤਾਂ ਪੁਰਸ਼ ਮੈਂਬਰਾਂ ਦੇ ਹਿੱਤ ਪ੍ਰਭਾਵਿਤ ਹੋਣਗੇ ਅਤੇ ਨਾ ਹੀ ਕਿਸੇ ਸੂਬੇ ਦੀ ਨੁਮਾਇੰਦਗੀ ਵਿੱਚ ਕੋਈ ਕਮੀ ਆਵੇਗੀ।

ਮੇਘਵਾਲ ਨੇ ਸਦਨ ਨੂੰ ਦੱਸਿਆ ਕਿ 815 ਵਿੱਚੋਂ 272 ਸੀਟਾਂ ਦਾ ਅੰਕੜਾ ਸਿੱਧੇ ਤੌਰ 'ਤੇ ਔਰਤਾਂ ਲਈ 33 ਫੀਸਦੀ ਰਾਖਵਾਂਕਰਨ ਦੇ ਫਾਰਮੂਲੇ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸੀਟਾਂ ਦੀ ਗਿਣਤੀ ਵਿੱਚ ਲਗਭਗ 50 ਫੀਸਦੀ ਦਾ ਵਾਧਾ ਕੀਤਾ ਜਾ ਰਿਹਾ ਹੈ ਤਾਂ ਜੋ ਰਾਖਵਾਂਕਰਨ ਲਾਗੂ ਹੋਣ 'ਤੇ ਕਿਸੇ ਵੀ ਧਿਰ ਨੂੰ ਨੁਕਸਾਨ ਮਹਿਸੂਸ ਨਾ ਹੋਵੇ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਮਹਿਲਾ ਕੋਟੇ ਦੇ ਅੰਦਰ ਅਨੁਸੂਚਿਤ ਜਾਤੀਆਂ (ਐਸ.ਸੀ.) ਅਤੇ ਅਨੁਸੂਚਿਤ ਕਬੀਲਿਆਂ (ਐਸ.ਟੀ.) ਨਾਲ ਸਬੰਧਤ ਔਰਤਾਂ ਲਈ 'ਅੰਦਰੂਨੀ ਰਾਖਵਾਂਕਰਨ' ਦੀ ਵਿਵਸਥਾ ਵੀ ਹੋਵੇਗੀ, ਜੋ ਲੋਕ ਸਭਾ ਅਤੇ ਰਾਜ ਵਿਧਾਨ ਸਭਾਵਾਂ ਦੋਵਾਂ 'ਤੇ ਲਾਗੂ ਹੋਵੇਗੀ। ਜ਼ਿਕਰਯੋਗ ਹੈ ਕਿ ਸਰਕਾਰ ਵੱਲੋਂ ਪੇਸ਼ ਕੀਤੇ ਗਏ ਇਸ ਖਰੜੇ ਦਾ ਮੁੱਖ ਮਕਸਦ 2029 ਦੀਆਂ ਆਮ ਚੋਣਾਂ ਤੋਂ ਪਹਿਲਾਂ ਮਹਿਲਾ ਰਾਖਵਾਂਕਰਨ ਨੂੰ ਅਮਲੀ ਜਾਮਾ ਪਹਿਨਾਉਣਾ ਹੈ। ਮੰਤਰੀ ਦੇ ਇਸ ਬਿਆਨ ਨੇ ਉਨ੍ਹਾਂ ਖਦਸ਼ਿਆਂ ਨੂੰ ਦੂਰ ਕਰਨ ਦੀ ਕੋਸ਼ਿਸ਼ ਕੀਤੀ ਹੈ ਜਿਨ੍ਹਾਂ ਵਿੱਚ ਕਿਹਾ ਜਾ ਰਿਹਾ ਸੀ ਕਿ ਸੀਟਾਂ ਦੀ ਹੱਦਬੰਦੀ ਨਾਲ ਕੁਝ ਸੂਬਿਆਂ ਦਾ ਸਿਆਸੀ ਭਾਰ ਘਟ ਸਕਦਾ ਹੈ।

## ਕਿਸਾਨ ਅੱਜ 12 ਤੋਂ 3 ਵਜੇ ਤੱਕ ਕਰਨਗੇ ਰੇਲਾਂ ਦਾ ਚੱਕਾ ਜਾਮ

### ਕੇਂਦਰ ਵੱਲੋਂ ਕਣਕ ਦੇ ਖਰੀਦ ਨਿਯਮਾਂ 'ਚ ਢਿੱਲ ਨਾ ਦੇਣ ਦੇ ਵਿਰੋਧ 'ਚ ਕੀਤਾ ਜਾਵੇਗਾ ਚੱਕਾ ਜਾਮ

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 16 ਅਪ੍ਰੈਲ : ਭਲਕੇ 17 ਮਾਰਚ ਨੂੰ ਕਿਸਾਨ ਮਜ਼ਦੂਰ ਮੋਰਚਾ ਚੈਪਟਰ ਪੰਜਾਬ ਦੀਆਂ ਜਥੇਬੰਦੀਆਂ ਅਤੇ ਐਸ.ਕੇ. ਐਮ. ਚੈਪਟਰ ਪੰਜਾਬ ਦੀਆਂ ਪੰਜ ਜਥੇਬੰਦੀਆਂ ਅਤੇ ਏ.ਕੇ.ਐਮ. ਪੰਜਾਬ ਦੇ ਸਹਿਯੋਗ ਨਾਲ ਸਮੁੱਚੇ ਪੰਜਾਬ ਵਿਚ ਤਿੰਨ ਘੰਟੇ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ। ਇਹ ਚੱਕਾ ਜਾਮ ਕਣਕ ਦੀ ਢਿੱਲੀ ਖਰੀਦਦਾਰੀ ਨੂੰ ਧਿਆਨ ਵਿਚ ਰੱਖਦੇ ਹੋਏ 12 ਤੋਂ 3 ਵਜੇ ਤੱਕ ਕੀਤਾ ਜਾਵੇਗਾ। ਭਲਕੇ ਸਮੁੱਚੇ ਪੰਜਾਬ ਵਿਚ ਹੋਣ ਵਾਲੇ ਰੇਲ ਰੋਕੋ ਪ੍ਰੋਗਰਾਮ ਦਾ ਵੇਰਵਾ ਇਸ ਪ੍ਰਕਾਰ ਹੈ: ਜ਼ਿਲ੍ਹਾ ਅੰਮ੍ਰਿਤਸਰ ਦੇ ਦੇਵੀਦਾਸਪੁਰਾ, ਜ਼ਿਲ੍ਹਾ ਸੰਗਰੂਰ ਦੇ ਸੁਨਾਮ, ਜ਼ਿਲ੍ਹਾ ਹੁਸ਼ਿਆਰਪੁਰ ਦੇ ਹੁਸ਼ਿਆਰਪੁਰ ਅਤੇ ਦਸੂਆ ਰੇਲਵੇ ਸਟੇਸ਼ਨ, ਜ਼ਿਲ੍ਹਾ ਕਪੂਰਥਲਾ ਦੇ ਹੁਸੈਨਪੁਰ ਨੇੜੇ ਰੇਲ ਕੋਚ ਫੈਕਟਰੀ ਅਤੇ ਫਗਵਾੜਾ ਰੇਲਵੇ ਸਟੇਸ਼ਨ, ਬਰਨਾਲਾ ਰੇਲਵੇ ਸਟੇਸ਼ਨ, ਤਰਨ ਤਾਰਨ ਰੇਲਵੇ ਸਟੇਸ਼ਨ, ਜ਼ਿਲ੍ਹਾ ਮੋਗਾ ਦੇ ਮੋਗਾ ਰੇਲਵੇ ਸਟੇਸ਼ਨ ਅਤੇ ਜਗਰਾਵਾਂ ਰੇਲਵੇ ਸਟੇਸ਼ਨ, ਪਟਿਆਲਾ ਰੇਲਵੇ ਸਟੇਸ਼ਨ, ਮਾਨਸਾ ਰੇਲਵੇ ਸਟੇਸ਼ਨ, (ਬਾਕੀ ਸਫਾ 2 'ਤੇ)

## ਪਾਕਿਸਤਾਨ ਦੇ ਟਿਊਬਵੈੱਲਾਂ ਕਾਰਨ ਪੰਜਾਬ 'ਚ ਪਾਣੀ ਦਾ ਪੱਧਰ ਘਟਣ ਦਾ ਖ਼ਦਸ਼ਾ

ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.):ਦੇਸ਼ ਦੇ ਵਿਗਿਆਨੀਆਂ ਨੇ ਕਿਹਾ ਹੈ ਕਿ ਗੁਆਂਢੀ ਦੇਸ਼ ਪਾਕਿਸਤਾਨ ਵਿੱਚ ਟਿਊਬਵੈੱਲ ਖੇਤ ਨੂੰ ਸਿੰਚਾਈ ਕਰਨ ਲਈ ਧਰਤੀ ਹੇਠਲਾ ਪਾਣੀ ਬਾਹਰ ਕੱਢ ਰਹੇ ਹੋ ਸਕਦੇ ਹਨ ਜਿਸ ਲਈ ਸਰਹੱਦ ਪਾਰਲੇ ਸਰੋਤਾਂ ਦਾ ਅਧਿਐਨ ਕਰਨਾ ਜ਼ਰੂਰੀ ਹੈ। ਪੰਜਾਬ ਸਰਕਾਰ ਜਿੱਥੇ ਪਾਣੀ ਦੀ ਸੰਭਾਲ ਅਤੇ ਜ਼ਮੀਨੀ ਪਾਣੀ ਦੇ ਪੱਧਰ ਨੂੰ ਮੁੜ ਸੁਧਾਰਨ ਲਈ ਆਪਣੀ 14-ਨੁਕਾਤੀ ਕਾਰਜ ਯੋਜਨਾ ਦੀ ਸਫ਼ਲਤਾ ਦੇ ਦਾਅਵੇ ਕਰ ਰਹੀ ਹੈ, ਉੱਥੇ ਹੀ ਇੱਕ ਨਵੀਂ ਚਿੰਤਾ ਸਾਹਮਣੇ ਆਈ ਹੈ। ਮਾਹਿਰਾਂ ਅਨੁਸਾਰ ਗੁਆਂਢੀ ਦੇਸ਼ ਪਾਕਿਸਤਾਨ ਵਿੱਚ ਲੱਗੇ ਟਿਊਬਵੈੱਲ ਪੰਜਾਬ ਦੇ ਜ਼ਮੀਨ ਹੇਠਲੇ ਪਾਣੀ ਨੂੰ ਖਿੱਚ ਰਹੇ ਹੋ ਸਕਦੇ ਹਨ, ਜਿਸ ਨਾਲ ਪਾਣੀ ਦੇ ਡਿੱਗਦੇ ਪੱਧਰ ਨੂੰ ਰੋਕਣ ਦੀਆਂ ਸਥਾਨਕ ਕੋਸ਼ਿਸ਼ਾਂ ਨੂੰ ਵੱਡਾ ਝਟਕਾ ਲੱਗ ਸਕਦਾ ਹੈ। ਇਹ ਮੁੱਦਾ ਪੰਜਾਬ ਵਿੱਚ (ਬਾਕੀ ਸਫਾ 2 'ਤੇ)

## ਬੰਗਾਲ 'ਚ ਅਧਿਕਾਰੀਆਂ ਦੀਆਂ ਬਦਲੀਆਂ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਸੁਪਰੀਮ ਕੋਰਟ ਵੱਲੋਂ ਰੱਦ

### ਚੋਣਾਂ ਵਾਲੇ ਰਾਜਾਂ 'ਚ ਬਦਲੀਆਂ ਤੋਂ ਪਹਿਲਾਂ ਚੋਣ ਕਮਿਸ਼ਨ ਸੂਬਾ ਸਰਕਾਰ ਨਾਲ ਕਰੇ ਵਿਚਾਰ

**ਚੜ੍ਹਦੀਕਲਾ ਬਿਊਰੋ**




ਨਵੀਂ ਦਿੱਲੀ, 16 ਅਪ੍ਰੈਲ :ਪੱਛਮੀ ਬੰਗਾਲ ਸਰਕਾਰ ਅਤੇ ਚੋਣ ਕਮਿਸ਼ਨ ਵਿਚਕਾਰ ਅਵਿਸ਼ਵਾਸ ਨੂੰ ਉਜਾਗਰ ਕਰਦੇ ਹੋਏ, ਸੁਪਰੀਮ ਕੋਰਟ ਨੇ ਵੀਰਵਾਰ ਨੂੰ ਚੋਣ ਸੰਸਥਾ ਵੱਲੋਂ ਸੂਬੇ ਵਿੱਚ 1,000 ਤੋਂ ਵੱਧ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀਆਂ ਦੇ ਤਬਾਦਲੇ ਨੂੰ ਚੁਣੌਤੀ ਦੇਣ ਵਾਲੀ ਇੱਕ ਪਟੀਸ਼ਨ ਖਾਰਜ ਕਰ ਦਿੱਤੀ। ਜਦਕਿ ਸੁਪਰੀਮ ਕੋਰਟ ਨੇ ਇਸ ਵਿਵਾਦਪੂਰਨ ਕਾਨੂੰਨੀ ਸਵਾਲ ਨੂੰ ਭਵਿੱਖ ਵਿੱਚ ਵਿਚਾਰ ਲਈ ਖੁੱਲ੍ਹਾ ਛੱਡ ਦਿੱਤਾ ਕਿ ਕੀ ਚੋਣ ਕਮਿਸ਼ਨ ਨੂੰ ਚੋਣਾਂ ਵਾਲੇ ਰਾਜਾਂ ਵਿੱਚ ਪ੍ਰਸ਼ਾਸਕੀ ਤਬਦੀਲੀਆਂ ਲਾਗੂ ਕਰਨ ਤੋਂ ਪਹਿਲਾਂ ਸਬੰਧਤ ਸੂਬਾ ਸਰਕਾਰ ਨਾਲ ਸਲਾਹ-ਮਸ਼ਵਰਾ ਕਰਨ ਦੀ ਲੋੜ ਹੈ। ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਜਸਟਿਸ ਵਿਪੁਲ ਐਮ. ਪੰਚੋਲੀ ਦੀ ਬੈਂਚ ਨੇ ਕਿਹਾ ਕਿ ਇਹ ਦੇਸ਼ ਲਈ 'ਬਦਕਿਸਮਤੀ' ਹੈ ਕਿ ਆਲ ਇੰਡੀਆ ਸੇਵਾਵਾਂ ਦੀ ਸਿਰਜਣਾ ਦੇ ਪਿੱਛੇ ਦਾ ਉਦੇਸ਼ ਹੀ ਫੇਲ੍ਹ ਹੋ ਰਿਹਾ ਹੈ। ਚੀਫ਼ ਜਸਟਿਸ ਨੇ ਨੋਟ ਕੀਤਾ ਕਿ ਪੱਛਮੀ ਬੰਗਾਲ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ ਦੀ ਵਰਤੋਂ ਦੌਰਾਨ, ਅਦਾਲਤ ਨੂੰ ਸਬੰਧਤ ਧਿਰਾਂ ਵਿਚਕਾਰ ਵਿਸ਼ਵਾਸ ਦੀ ਘਾਟ ਕਾਰਨ ਨਿਆਂਇਕ ਅਧਿਕਾਰੀਆਂ ਦੀ ਨਿਯੁਕਤੀ ਕਰਨੀ ਪਈ। ਬੈਂਚ ਨੇ ਟਿੱਪਣੀ ਕੀਤੀ ਕਿ ਉਹ ਚੋਣ ਕਮਿਸ਼ਨ, ਸੂਬਾ ਸਰਕਾਰ ਦੇ ਅਧਿਕਾਰੀਆਂ 'ਤੇ ਭਰੋਸਾ ਨਹੀਂ ਕਰਦੇ, ਅਤੇ ਸੂਬਾ ਚੋਣ ਕਮਿਸ਼ਨ ਵੱਲੋਂ ਲਿਆਂਦੇ ਗਏ ਅਧਿਕਾਰੀਆਂ 'ਤੇ ਭਰੋਸਾ ਨਹੀਂ ਕਰਦਾ। ਸੁਪਰੀਮ ਕੋਰਟ ਨੇ ਇਹ ਹੁਕਮ 31 ਮਾਰਚ ਨੂੰ (ਬਾਕੀ ਸਫਾ 2 'ਤੇ)

## ਭਾਰਤ-ਨਿਊਜ਼ੀਲੈਂਡ ਵਿਚਾਲੇ ਮੁਕਤ ਵਪਾਰ ਸਮਝੌਤੇ 'ਤੇ ਹਸਤਾਖ਼ਰ 27 ਨੂੰ

ਨਵੀਂ ਦਿੱਲੀ, 16 ਅਪ੍ਰੈਲ (ਚ.ਨ.ਸ.):ਭਾਰਤ ਅਤੇ ਨਿਊਜ਼ੀਲੈਂਡ 27 ਅਪ੍ਰੈਲ ਨੂੰ ਮੁਕਤ ਵਪਾਰ ਸਮਝੌਤੇ (ਐੱਫ.ਟੀ.ਏ.) 'ਤੇ ਹਸਤਾਖਰ ਕਰਨਗੇ। ਅਧਿਕਾਰੀਆਂ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਇਸ ਮੁਕਤ ਵਪਾਰ ਸਮਝੌਤੇ ਦਾ ਉਦੇਸ਼ ਭਾਰਤੀ ਨਿਰਯਾਤਕਾਂ ਨੂੰ ਆਪਣਾ ਮਾਲ ਬਿਨਾਂ ਕਿਸੇ ਡਿਊਟੀ ਦੇ ਨਿਊਜ਼ੀਲੈਂਡ ਦੇ ਬਾਜ਼ਾਰ ਵਿਚ ਭੇਜਣ ਦੀ ਸਹੂਲਤ ਦੇਣਾ ਹੈ। ਇਸ ਤੋਂ ਇਲਾਵਾ ਅਗਲੇ 15 ਸਾਲਾਂ ਵਿਚ 20 ਅਰਬ ਡਾਲਰ ਦਾ ਨਿਵੇਸ਼ ਆਉਣ ਦੀ ਉਮੀਦ ਹੈ। ਦੋਵਾਂ ਦੇਸ਼ਾਂ ਨੇ ਪਿਛਲੇ ਸਾਲ 22 ਦਸੰਬਰ ਨੂੰ ਵਪਾਰ ਸਮਝੌਤੇ ਲਈ ਗੱਲਬਾਤ ਪੂਰੀ ਹੋਣ ਸਬੰਧੀ ਐਲਾਨ ਕੀਤਾ ਸੀ। ਇਸ ਦਾ ਟੀਚਾ ਅਗਲੇ ਪੰਜ ਸਾਲਾਂ ਵਿਚ ਦੁਵੱਲੇ ਵਪਾਰ ਨੂੰ ਦੁੱਗਣਾ ਕਰਕੇ ਪੰਜ ਅਰਬ ਡਾਲਰ ਤੱਕ ਪਹੁੰਚਾਉਣਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਭਾਰਤ-ਨਿਊਜ਼ੀਲੈਂਡ ਵਪਾਰ ਪਲੇਟਫਾਰਮ ਦੀ ਬੈਠਕ ਤੋਂ (ਬਾਕੀ ਸਫਾ 2 'ਤੇ)

## 'ਪੰਜਾਬ ਵਿੱਚ ਨਸ਼ਿਆਂ ਦੇ ਟੀਕਿਆਂ ਰਾਹੀਂ ਫੈਲ ਰਿਹੈ ਐਚ.ਆਈ.ਵੀ.'

### ਕੇਂਦਰੀ ਸਿਹਤ ਵਧੀਕ ਸਕੱਤਰ ਵੱਲੋਂ ਸਮੱਸਿਆ ਦੇ ਹੱਲ 'ਤੇ ਜ਼ੋਰ

**ਚੜ੍ਹਦੀਕਲਾ ਬਿਊਰੋ**




ਚੰਡੀਗੜ੍ਹ, 16 ਅਪ੍ਰੈਲ : ਪੰਜਾਬ ਵਿਚ ਨਸ਼ਿਆਂ ਦੇ ਟੀਕਿਆਂ ਕਾਰਨ ਐਚਆਈਵੀ ਦਾ ਖਤਰਾ ਵਧ ਰਿਹਾ ਹੈ ਜਿਸ ਕਾਰਨ ਸਿਹਤ ਵਿਭਾਗ ਨੇ ਇਸ ਸਮੱਸਿਆ ਨਾਲ ਨਜਿੱਠਣ ਲਈ ਯੋਜਨਾ ਬਣਾਈ ਹੈ। ਦੱਸਣਾ ਬਣਦਾ ਹੈ ਕਿ ਨਸ਼ਿਆਂ ਦੇ ਟੀਕੇ ਦੀ ਵਾਰ-ਵਾਰ ਵੱਖ ਵੱਖ ਜਣਿਆਂ ਵਲੋਂ ਵਰਤੋਂ ਕਰਨ ਨਾਲ ਇਸ ਲਾਗ ਦਾ ਖਤਰਾ ਵਧ ਰਿਹਾ ਹੈ। ਕੇਂਦਰੀ ਸਿਹਤ ਵਧੀਕ ਸਕੱਤਰ ਅਤੇ ਨੈਸ਼ਨਲ ਏਡਜ਼ ਕੰਟਰੋਲ ਆਰਗੇਨਾਈਜ਼ੇਸ਼ਨ ਦੇ ਡਾਇਰੈਕਟਰ ਜਨਰਲ ਡਾ. ਰਾਕੇਸ਼ ਗੁਪਤਾ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੇ ਟੀਕੇ ਲਗਾਉਣ ਦੀ ਆਦਤ ਐੱਚ.ਆਈ.ਵੀ. ਦੇ ਫੈਲਣ ਵਿੱਚ ਵੱਡਾ ਕਾਰਨ ਬਣ ਰਹੀ ਹੈ। ਉਨ੍ਹਾਂ ਨੇ ਇਸ ਰੁਝਾਨ ਨੂੰ ਰੋਕਣ ਲਈ ਬਹੁਤ ਤੇਜ਼ੀ ਨਾਲ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਡਾ. ਗੁਪਤਾ ਨੇ ਜ਼ੀਰਕਪੁਰ ਵਿਚ ਵਰਕਸ਼ਾਪ ਦੌਰਾਨ ਦੱਸਿਆ ਕਿ ਇਸ ਵਰਕਸ਼ਾਪ ਦਾ ਉਦੇਸ਼ 2030 ਤੱਕ (ਬਾਕੀ ਸਫਾ 2 'ਤੇ)

## ਇਜ਼ਰਾਈਲ ਅਤੇ ਲਿਬਨਾਨ 10 ਦਿਨਾਂ ਦੀ ਜੰਗਬੰਦੀ ਲਈ ਸਹਿਮਤ

**ਚੜ੍ਹਦੀਕਲਾ ਬਿਊਰੋ**



ਬੈਰੂਤ, 16 ਅਪ੍ਰੈਲ : ਇਜ਼ਰਾਈਲ ਅਤੇ ਲਿਬਨਾਨ 10 ਦਿਨਾਂ ਦੀ ਜੰਗਬੰਦੀ ਲਈ ਸਹਿਮਤ ਹੋ ਗਏ ਹਨ। ਦੋਵਾਂ ਪੱਖਾਂ ਵਿਚਾਲੇ ਹੋਇਆ ਇਹ ਸਮਝੌਤਾ ਵੀਰਵਾਰ ਸ਼ਾਮ 5 ਵਜੇ (ਈਸਟਰਨ ਟਾਈਮ) ਤੋਂ ਲਾਗੂ ਹੋ ਜਾਵੇਗਾ। ਇਸ ਤੋਂ ਪਹਿਲਾਂ ਲਿਬਨਾਨ ਵਿੱਚ ਅੱਜ ਰਾਤ ਤੋਂ ਜੰਗਬੰਦੀ (ਸੀਜ਼ਫਾਇਰ) ਲਾਗੂ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਸੀ। ਇਜ਼ਰਾਈਲੀ ਮੀਡੀਆ ਰਿਪੋਰਟਾਂ ਅਨੁਸਾਰ ਇਜ਼ਰਾਈਲ ਦੀ ਫੌਜ ਨੂੰ ਸੰਭਾਵੀ ਜੰਗਬੰਦੀ ਲਈ ਲੋੜੀਂਦੀਆਂ ਤਿਆਰੀਆਂ ਕਰਨ ਦੇ ਹੁਕਮ ਜਾਰੀ ਕਰ ਦਿੱਤੇ ਗਏ ਹਨ।

ਦੂਜੇ ਪਾਸੇ ਚੀਨ ਦੇ ਵਿਦੇਸ਼ ਮੰਤਰੀ ਵਾਂਗ ਯੀ ਨੇ ਈਰਾਨ ਨੂੰ ਹੋਰਮੁਜ਼ ਜਲਮਾਰਗ ਰਾਹੀਂ ਆਵਾਜਾਈ ਦੀ ਆਜ਼ਾਦੀ ਅਤੇ ਸੁਰੱਖਿਅਤ ਰਸਤਾ ਯਕੀਨੀ ਬਣਾਉਣ ਲਈ ਕਿਹਾ ਹੈ। ਚੀਨ ਵੱਲੋਂ ਇਹ ਪਹਿਲੀ ਅਜਿਹੀ ਅਪੀਲ ਹੈ, ਕਿਉਂਕਿ ਅਮਰੀਕਾ ਨਾਲ ਜੰਗ ਦੇ ਵਿਚਕਾਰ ਈਰਾਨ ਨੇ ਇਸ ਮਹੱਤਵਪੂਰਨ ਸਮੁੰਦਰੀ ਰਸਤੇ ਨੂੰ ਬੰਦ ਕਰਨਾ ਸ਼ੁਰੂ ਕਰ ਦਿੱਤਾ ਸੀ।

ਉੱਧਰ ਮੱਧ ਪੂਰਬ ਦੇ ਵਧਦੇ ਤਣਾਅ ਦਰਮਿਆਨ ਈਰਾਨ ਨੇ ਅਮਰੀਕਾ ਵੱਲੋਂ ਕੀਤੀ ਗਈ ਜਲ-ਸੈਨਾ ਦੀ ਘੇਰਾਬੰਦੀ ਦੇ ਜਵਾਬ ਵਿੱਚ ਸਖ਼ਤ ਰੁਖ਼ ਅਖ਼ਤਿਆਰ ਕਰ ਲਿਆ ਹੈ। ਈਰਾਨ ਦੀ ਸਾਂਝੀ ਫੌਜੀ ਕਮਾਨ ਦੇ ਮੁਖੀ ਨੇ ਬੁੱਧਵਾਰ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਅਮਰੀਕਾ ਨੇ ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਖ਼ਤਮ ਨਾ ਕੀਤੀ, ਤਾਂ ਉਹ ਖਾੜੀ ਖੇਤਰ ਵਿੱਚ ਹੋਣ ਵਾਲੇ ਸਮੁੱਚੇ ਸਮੁੰਦਰੀ ਵਪਾਰ ਨੂੰ ਠੱਪ ਕਰ ਦੇਣਗੇ। ਦੂਜੇ ਪਾਸੇ, ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਇੱਕ ਇੰਟਰਵਿਊ ਦੌਰਾਨ ਆਸ਼ਾਵਾਦੀ ਸੁਰ ਵਿੱਚ ਕਿਹਾ ਹੈ ਕਿ ਈਰਾਨ ਨਾਲ ਚੱਲ ਰਹੀ ਜੰਗ 'ਖ਼ਤਮ ਹੋਣ ਦੇ ਬਿਲਕੁਲ ਕਰੀਬ' ਹੈ।

ਅਮਰੀਕਾ ਦੇ ਖ਼ਜ਼ਾਨਾ ਮੰਤਰੀ ਸਕੌਟ ਬੇਸੈਂਟ ਨੇ ਈਰਾਨ'ਤੇ ਆਰਥਿਕ ਸ਼ਿਕੰਜਾ ਹੋਰ ਕੱਸਣ ਦੇ ਸੰਕੇਤ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅਮਰੀਕਾ ਉਨ੍ਹਾਂ ਵਿੱਤੀ ਸੰਸਥਾਵਾਂ 'ਤੇ ਸੈਕੰਡਰੀ ਪਾਬੰਦੀਆਂ ਲਗਾਉਣ ਦੀ ਤਿਆਰੀ ਕਰ ਰਿਹਾ ਹੈ ਜੋ ਈਰਾਨ ਨਾਲ ਕਾਰੋਬਾਰ ਕਰ ਰਹੀਆਂ ਹਨ। ਬੇਸੈਂਟ ਨੇ ਇਸ ਕਦਮ ਨੂੰ 'ਵਿੱਤੀ ਖੇਤਰ ਵਿੱਚ ਬੰਬਾਰੀ' ਦੇ ਬਰਾਬਰ ਕਰਾਰ ਦਿੱਤਾ ਹੈ। ਇਸ ਦੌਰਾਨ, ਅਮਰੀਕੀ ਸੈਂਟਰਲ ਕਮਾਂਡ ਦੇ ਐਡਮਿਰਲ (ਬਾਕੀ ਸਫਾ 2 'ਤੇ)

## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ਼ਾਂਤੀ ਨਗਰ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

**ਚੜ੍ਹਦੀਕਲਾ ਬਿਊਰੋ**




ਪਟਿਆਲਾ, 16 ਅਪ੍ਰੈਲ : ਬੀਤੇ ਕੱਲ੍ਹ 15 ਅਪ੍ਰੈਲ, 2026 ਨੂੰ ਸੀ. ਬੀ. ਐਸ. ਈ. ਵੱਲੋਂ ਦਸਵੀ ਜਮਾਤ ਦਾ ਨਤੀਜਾ ਐਲਾਨਿਆ ਗਿਆ। ਸੈਸ਼ਨ 2025-26 ਦੌਰਾਨ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਪਟਿਆਲਾ ਦੇ ਵਿਦਿਆਰਥੀਆਂ ਨੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਦਸਵੀਂ ਦੀ ਪ੍ਰੀਖਿਆ ਵਿੱਚ 100% ਨਤੀਜਾ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ । ਦਸਵੀਂ ਜਮਾਤ ਦੀ ਇਸ਼ਾਨਾ ਮਿੱਤਲ ਨੇ 96.2% ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ ਗੁਰਲੀਨ ਕੌਰ 95.4%, ਨੇ ਦੂਜਾ ਸਥਾਨ ਅਤੇ ਗੁਰਕੀਰਤ ਕੌਰ 94% ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਓਮ ਕੁਮਾਰ 94%, ਨੈਤਿਕ 94%, ਰੁਦਰ ਸ਼ੁਕਲਾ 91%, ਗੋਵਿੰਦ ਬਾਂਸਲ 91%, ਲਵਲੀ ਉਪਾਧਿਆ 90.2% ਅੰਕ ਪ੍ਰਾਪਤ ਕਰ ਕੇ ਸਕੂਲ ਅਤੇ ਮਾਪਿਆ ਦਾ ਮਾਣ ਵਧਾਇਆ। ਗੁਰਲੀਨ ਕੌਰ ਨੇ ਪੰਜਾਬੀ ਵਿਸ਼ੇ ਵਿੱਚੋਂ 100/100 , ਗੁਰਲੀਨ ਕੌਰ ਅਤੇ ਇਸ਼ਾਰਾ ਮਿੱਤਲ ਨੇ ਅੰਗਰੇਜ਼ੀ ਵਿੱਚੋਂ 97/100, ਓਮ ਕੁਮਾਰ ਨੇ ਹਿੰਦੀ ਵਿੱਚੋਂ 97/100, ਰੁਦਰ ਸ਼ੁਕਲਾ ਨੇ ਸਾਇੰਸ ਵਿੱਚੋਂ 92/100, ਇਸ਼ਾਨਾ ਨੇ ਇਨਫੋਰਮੇਸ਼ਨ ਟੈਕਨਾਲੋਜੀ ਵਿੱਚੋਂ 99/100, ਲਵਲੀ ਉਪਾਧਿਆ ਅਤੇ ਸੁਹਾਨਾ ਨੇ ਸਮਾਜਿਕ ਵਿਗਿਆਨ ਵਿੱਚੋਂ 98/100 ਅੰਕ ਪ੍ਰਾਪਤ ਕਰਕੇ ਸਕੂਲ ਦਾ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਪਦਮ ਸ਼੍ਰੀ ਡਾ. ਜਗਜੀਤ ਸਿੰਘ ਜੀ ਦਰਦੀ, ਪ੍ਰਿੰਸੀਪਲ ਮੈਡਮ ਡਾ.ਕੰਵਲਜੀਤ ਕੌਰ ਅਤੇ ਡਾਇਰੈਕਟਰ ਮੈਡਮ ਸਰਦਾਰਨੀ ਜਸਵਿੰਦਰ ਕੌਰ ਦਰਦੀ ਜੀ ਨੇ ਵਿਦਿਆਰਥੀਆਂ ਨੂੰ ਤੇ ਉਹਨਾਂ ਦੇ ਮਾਪਿਆਂ ਨੂੰ ਬਹੁਤ -ਬਹੁਤ ਵਧਾਈ ਦਿੱਤੀ ਅਤੇ ਕਿਹਾ ਕਿ ਅਧਿਆਪਕਾਂ ਨੇ ਆਧੁਨਿਕ ਤਕਨੀਕਾਂ ਦੇ ਨਾਲ ਵਿਦਿਆਰਥੀਆਂ ਵੱਲ ਖ਼ਾਸ ਤਵੱਜੋ ਦੇ ਕੇ ਵਿਦਿਆਰਥੀਆਂ ਨੂੰ ਇਸ ਸਫ਼ਲਤਾ ਤੱਕ ਪਹੁੰਚਾਉਣ ਲਈ ਦਿਨ ਰਾਤ ਮਿਹਨਤ ਕਰਵਾਈ ਇਸ ਲਈ ਉਹ ਵਿਸ਼ੇਸ਼ ਤੌਰ 'ਤੇ ਵਧਾਈ ਦੇ ਹੱਕਦਾਰ ਹਨ। ਉਹਨਾਂ ਨੇ ਵਿਦਿਆਰਥੀਆਂ ਨੂੰ ਉਹਨਾਂ ਦੇ ਸੁਨਹਿਰੀ ਭਵਿੱਖ ਲਈ ਨਿੱਘੀ ਅਸੀਸ ਦਿੱਤੀ ਹੈ।

# ਸਾਂਸਦ ਕੰਗ ਨੇ ਸੰਸਦ 'ਚ ਮਹਿਲਾ ਰਾਖਵੇਂਕਰਨ ਅਤੇ ਹੱਦਬੰਦੀ ਦੇ ਮੁੱਦੇ 'ਤੇ ਮਜ਼ਬੂਤੀ ਨਾਲ ਪਾਰਟੀ ਦਾ ਪੱਖ ਰੱਖਿਆ

## 2023 ਵਿੱਚ ਕਾਨੂੰਨ ਬਣ ਚੁੱਕੇ ਇਸ ਬਿੱਲ ਨੂੰ ਬਿਨਾਂ ਕਿਸੇ ਦੇਰੀ ਦੇ ਜਲਦ ਤੋਂ ਜਲਦ ਲਾਗੂ ਕਰਨ ਦੀ ਕੀਤੀ ਮੰਗ



ਨਵੀਂ ਦਿੱਲੀ/ਚੰਡੀਗੜ੍ਹ, 16 ਅਪ੍ਰੈਲ (ਅੰਮ੍ਰਿਤਪਾਲ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸ੍ਰੀ ਅਨੰਦਪੁਰ ਸਾਹਿਬ ਤੋਂ ਸਾਂਸਦ ਮਾਲਵਿੰਦਰ ਸਿੰਘ ਕੰਗ ਨੇ ਸੰਸਦ ਵਿੱਚ ਮਹਿਲਾ ਰਾਖਵੇਂਕਰਨ ਅਤੇ ਹੱਦਬੰਦੀ (ਡੀਲਿਮਿਟੇਸ਼ਨ) ਦੇ ਮੁੱਦੇ 'ਤੇ ਪਾਰਟੀ ਦਾ ਮਜ਼ਬੂਤੀ ਨਾਲ ਪੱਖ ਰੱਖਿਆ। ਕੰਗ ਨੇ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਅਤੇ ਉਨ੍ਹਾਂ ਦੀ ਰਾਸ਼ਟਰੀ ਲੀਡਰਸ਼ਿਪ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਮਹਿਲਾ ਰਾਖਵੇਂਕਰਨ ਬਿੱਲ ਦੇ ਪੂਰਨ ਸਮਰਥਨ ਵਿੱਚ ਹਨ ਅਤੇ ਕੇਂਦਰ ਸਰਕਾਰ ਤੋਂ ਮੰਗ ਕਰਦੇ ਹਨ ਕਿ 2023 ਵਿੱਚ ਕਾਨੂੰਨ ਬਣ ਚੁੱਕੇ ਇਸ ਬਿੱਲ ਨੂੰ ਬਿਨਾਂ ਕਿਸੇ ਦੇਰੀ ਦੇ ਜਲਦੀ ਤੋਂ ਜਲਦੀ ਲਾਗੂ ਕੀਤਾ ਜਾਵੇ।

ਮਹਿਲਾ ਸਸ਼ਕਤੀਕਰਨ 'ਤੇ ਬੋਲਦਿਆਂ ਕੰਗ ਨੇ ਕਿਹਾ ਕਿ ਔਰਤਾਂ ਦੇ ਸਨਮਾਨ ਦੀ ਸਿੱਖਿਆ ਸਾਨੂੰ ਗੁਰੂ ਸਾਹਿਬਾਨ ਨੇ ਦਿੱਤੀ ਹੈ। ਉਨ੍ਹਾਂ ਨੇ ਯਾਦ ਕਰਵਾਇਆ ਕਿ ਜਦੋਂ ਦੇਸ਼ ਵਿੱਚ ਸਤੀ ਪ੍ਰਥਾ ਦਾ ਬੋਲਬਾਲਾ ਸੀ, ਉਦੋਂ ਗੁਰੂ ਰਾਮਦਾਸ ਜੀ ਅਤੇ ਗੁਰੂ ਅਰਜਨ ਦੇਵ ਜੀ ਨੇ ਇਸ ਦੇ ਖ਼ਿਲਾਫ਼ ਆਵਾਜ਼ ਉਠਾਈ ਸੀ।

ਕੰਗ ਨੇ ਅੱਗੇ ਕਿਹਾ ਕਿ ਜਦੋਂ ਦੁਨੀਆ ਦੇ ਵਿਕਸਤ ਦੇਸ਼ਾਂ ਵਿੱਚ ਔਰਤਾਂ ਨੂੰ ਵੋਟ ਦਾ ਅਧਿਕਾਰ ਨਹੀਂ ਸੀ, ਉਦੋਂ ਸਿੱਖਾਂ ਦੀ ਸਿਰਮੌਰ ਸੰਸਥਾ ਐਸਜੀਪੀਸੀ ਨੇ 1920 ਵਿੱਚ ਹੀ ਔਰਤਾਂ ਨੂੰ ਵੋਟ ਪਾਉਣ ਦਾ ਅਧਿਕਾਰ ਦੇ ਦਿੱਤਾ ਸੀ।

ਸੰਸਦ ਵਿੱਚ ਆਪਣੀ ਗੱਲ ਰੱਖਦਿਆਂ ਮਾਲਵਿੰਦਰ ਸਿੰਘ ਕੰਗ ਨੇ ਹੱਦਬੰਦੀ ਦੇ ਮੁੱਦੇ 'ਤੇ ਕੇਂਦਰ ਸਰਕਾਰ ਨੂੰ ਘੇਰਿਆ। ਉਨ੍ਹਾਂ ਕਿਹਾ ਕਿ ਹੱਦਬੰਦੀ ਰਾਹੀਂ ਪੰਜਾਬ ਵਰਗੇ ਛੋਟੇ ਰਾਜਾਂ ਦੀ ਸਿਆਸੀ ਨੁਮਾਇੰਦਗੀ ਖ਼ਤਮ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ, ਜਿਸ ਦਾ ਉਹ ਸਖ਼ਤ ਵਿਰੋਧ ਕਰਦੇ ਹਨ। ਕੰਗ ਨੇ ਕਿਹਾ ਕਿ ਆਜ਼ਾਦੀ ਦੀ ਲੜਾਈ ਵਿੱਚ ਪੰਜਾਬ ਨੇ 2% ਆਬਾਦੀ ਹੋਣ ਦੇ ਬਾਵਜੂਦ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ, ਪਰ ਸਿਆਸੀ ਨੁਮਾਇੰਦਗੀ ਘੱਟ ਹੋਣ ਕਾਰਨ ਸਾਡੇ ਤੋਂ ਸਾਡੀ ਰਾਜਧਾਨੀ ਚੰਡੀਗੜ੍ਹ ਖੋਹ ਲਈ ਗਈ ਅਤੇ ਹੁਣ ਭਾਖੜਾ ਡੈਮ ਵਰਗੇ ਪ੍ਰਬੰਧਨ ਤੋਂ ਵੀ ਪੰਜਾਬ ਦੀ ਨੁਮਾਇੰਦਗੀ ਖ਼ਤਮ ਕੀਤੀ ਜਾ ਰਹੀ ਹੈ।

ਕੰਗ ਨੇ ਤਰਕ ਦਿੱਤਾ ਕਿ ਭਾਰਤ ਰਾਜਾਂ ਦਾ ਇੱਕ ਸੰਘ ਹੈ। ਜਦੋਂ ਕੇਂਦਰ ਸਰਕਾਰ ਨੇ ਆਬਾਦੀ ਕੰਟਰੋਲ ਦੀ ਅਪੀਲ ਕੀਤੀ ਸੀ, ਤਾਂ ਪੰਜਾਬ ਨੇ ਉਸ ਦੀ ਬਾਖ਼ੂਬੀ ਪਾਲਣਾ ਕੀਤੀ। ਅੱਜ ਉਸੇ ਆਬਾਦੀ ਕੰਟਰੋਲ ਦਾ ਖ਼ਮਿਆਜ਼ਾ ਪੰਜਾਬ ਨੂੰ ਭੁਗਤਣਾ ਪੈ ਰਿਹਾ ਹੈ ਕਿਉਂਕਿ ਘੱਟ ਆਬਾਦੀ ਦੇ ਆਧਾਰ 'ਤੇ ਲੋਕ ਸਭਾ ਅਤੇ ਵਿਧਾਨ ਸਭਾ ਵਿੱਚ ਪੰਜਾਬ ਦੀਆਂ ਸੀਟਾਂ ਘਟਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਆਪਣੇ ਬਹੁਮਤ ਦੀ ਦੁਰਵਰਤੋਂ ਕਰਕੇ ਆਪਣੇ ਸਿਆਸੀ ਹਿੱਤਾਂ ਨੂੰ ਸਾਧਣ ਲਈ ਸੀਟਾਂ ਦੀ ਹੱਦਬੰਦੀ ਮਨਮਾਨੇ ਢੰਗ ਨਾਲ ਕਰ ਸਕਦੀ ਹੈ।

ਸੰਸਦ ਵਿੱਚ ਆਪਣੀ ਗੱਲ ਖ਼ਤਮ ਕਰਦਿਆਂ ਕੰਗ ਨੇ ਕਿਹਾ ਕਿ ਕੇਂਦਰ ਸਰਕਾਰ ਮਹਿਲਾ ਰਾਖਵੇਂਕਰਨ ਕਾਨੂੰਨ ਨੂੰ ਤੁਰੰਤ ਜ਼ਮੀਨੀ ਪੱਧਰ 'ਤੇ ਲਾਗੂ ਕਰੇ, ਪਰ ਹੱਦਬੰਦੀ ਦੇ ਨਾਂ 'ਤੇ ਸੰਘੀ ਢਾਂਚੇ ਅਤੇ ਛੋਟੇ ਰਾਜਾਂ ਦੇ ਅਧਿਕਾਰਾਂ ਨਾਲ ਖਿਲਵਾੜ ਬੰਦ ਕਰੇ।

ਪੰਜਾਬ ਦੇ ਹੱਕਾਂ 'ਤੇ ਇੱਕ ਹੋਰ ਡਾਕਾ !

# ਕੇਂਦਰ ਵੱਲੋਂ ਬੀ.ਬੀ.ਐਮ.ਬੀ. 'ਚ ਰਾਜਸਥਾਨ ਤੇ ਹਿਮਾਚਲ ਨੂੰ ਸਥਾਈ ਮੈਂਬਰਸ਼ਿਪ ਦੇਣ ਦੀ ਤਿਆਰੀ

## ਸੰਸਦ 'ਚ ਸੋਧ ਬਿੱਲ ਲੈ ਕੇ ਆਏਗੀ ਸਰਕਾਰ; ਪੰਜਾਬ ਵੱਲੋਂ ਕੇਂਦਰੀ ਪੈਂਤੜੇ ਦਾ ਵਿਰੋਧ

ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.): ਕੇਂਦਰ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ 'ਚ ਰਾਜਸਥਾਨ ਅਤੇ ਹਿਮਾਚਲ ਪ੍ਰਦੇਸ਼ ਨੂੰ ਸਥਾਈ ਮੈਂਬਰ ਬਣਾਉਣ ਲਈ ਪ੍ਰਕਿਰਿਆ ਨੂੰ ਅੰਤਿਮ ਛੋਹਾਂ ਦਿੱਤੀਆਂ ਹਨ। ਕੇਂਦਰ ਸਰਕਾਰ ਬੀਬੀਐੱਮਬੀ 'ਚ ਸਥਾਈ ਮੈਂਬਰਾਂ ਦੀ ਗਿਣਤੀ ਵਧਾਉਣ ਲਈ 'ਪੰਜਾਬ ਪੁਨਰਗਠਨ ਐਕਟ-1966' ਦੀ ਧਾਰਾ 79 (2) (ਏ) 'ਚ ਸੋਧ ਕਰੇਗੀ। ਸੂਤਰਾਂ ਦੇ ਹਵਾਲੇ ਤੋਂ ਇਹ ਜਾਣਕਾਰੀ ਹਾਸਿਲ ਹੋਈ ਹੈ। ਸੂਤਰਾਂ ਮੁਤਾਬਿਕ ਕੇਂਦਰੀ ਬਿਜਲੀ ਮੰਤਰਾਲੇ ਨੂੰ ਭਾਈਵਾਲ ਸੂਬਿਆਂ ਤੋਂ ਸਥਾਈ ਮੈਂਬਰਾਂ ਦੀ ਗਿਣਤੀ ਦੋ ਤੋਂ ਵਧਾ ਕੇ ਚਾਰ ਕਰਨ ਲਈ ਸੁਝਾਅ ਪ੍ਰਾਪਤ ਹੋਏ ਹਨ। ਹਾਲਾਂਕਿ ਪੰਜਾਬ ਸਰਕਾਰ ਵੱਲੋਂ ਇਸਦਾ ਵਿਰੋਧ ਕੀਤਾ ਜਾ ਰਿਹਾ ਹੈ। ਸੂਤਰਾਂ ਦਾ ਇਹ ਵੀ ਕਹਿਣਾ ਹੈ ਕਿ ਕੇਂਦਰੀ ਬਿਜਲੀ ਮੰਤਰਾਲਾ ਜਲਦ ਹੀ ਪਾਰਲੀਮੈਂਟ 'ਚ ਰਾਜਸਥਾਨ ਤੇ ਹਿਮਾਚਲ ਪ੍ਰਦੇਸ਼ ਨੂੰ ਸਥਾਈ ਮੈਂਬਰਾਂ ਵਜੋਂ ਬੀਬੀਐੱਮਬੀ 'ਚ ਸ਼ਾਮਲ ਕਰਨ ਲਈ ਸੋਧ ਬਿੱਲ ਲੈ ਕੇ ਆਵੇਗਾ। ਮੰਤਰਾਲੇ ਨੇ ਇਸ ਤੋਂ ਪਹਿਲਾਂ 13 ਅਪ੍ਰੈਲ ਨੂੰ ਨੋਟੀਫ਼ਿਕੇਸ਼ਨ ਜਾਰੀ ਕਰ ਕੇ ਪੰਜਾਬ ਅਤੇ ਹਰਿਆਣਾ ਤੋਂ ਬੀਬੀਐੱਮਬੀ 'ਚ ਸਥਾਈ ਮੈਂਬਰੀ ਖੋਹ ਲਈ ਹੈ। ਹੁਣ ਪੰਜਾਬ ਦੇ ਵੁੱਕਤ ਘਟਾਉਣ ਲਈ ਨਵੇਂ ਮੈਂਬਰਾਂ ਵਜੋਂ ਹਿਮਾਚਲ ਪ੍ਰਦੇਸ਼ ਤੇ ਰਾਜਸਥਾਨ ਨੂੰ ਸ਼ਾਮਲ ਕਰਨ ਦੀ ਪ੍ਰਕਿਰਿਆ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।ਪੰਜਾਬ ਸਰਕਾਰ ਨੇ 12 ਫਰਵਰੀ ਨੂੰ ਦੋ ਨਵੇਂ ਸਥਾਈ ਮੈਂਬਰ ਬਣਾਉਣ ਖ਼ਿਲਾਫ਼ ਕੇਂਦਰੀ ਬਿਜਲੀ ਮੰਤਰਾਲੇ ਨੂੰ ਪੱਤਰ ਲਿਖਿਆ ਸੀ। ਮੁੱਖ ਮੰਤਰੀ ਭਗਵੰਤ ਮਾਨ ਵੀ ਪਿਛਲੇ ਸਾਲ



23 ਅਕਤੂਬਰ ਨੂੰ ਕੇਂਦਰੀ ਗ੍ਰਹਿ ਮੰਤਰੀ ਨੂੰ ਪੱਤਰ ਲਿਖ ਕੇ ਇਸ ਦਾ ਵਿਰੋਧ ਕਰ ਚੁੱਕੇ ਹਨ। ਉੱਤਰੀ ਜ਼ੋਨਲ ਕੌਂਸਲ ਦੀ 17 ਨਵੰਬਰ 2025 ਨੂੰ ਸੂਰਜਕੁੰਡ (ਹਰਿਆਣਾ) ਵਿੱਚ ਹੋਈ ਮੀਟਿੰਗ 'ਚ ਵੀ ਇਹ ਮੁੱਦਾ ਉੱਠਿਆ ਸੀ। ਇਸ ਦੌਰਾਨ ਵੀ ਪੰਜਾਬ ਸਰਕਾਰ ਵੱਲੋਂ ਵਿਰੋਧ ਕੀਤਾ ਗਿਆ ਸੀ। ਪੰਜਾਬ ਸਰਕਾਰ ਨੇ ਕੇਂਦਰ ਨੂੰ ਭੇਜੇ ਪੱਤਰਾਂ 'ਚ ਤਰਕ ਦਿੱਤਾ ਹੈ ਕਿ 'ਪੰਜਾਬ ਪੁਨਰਗਠਨ ਐਕਟ-1966' ਦੀ ਧਾਰਾ 78 ਅਤੇ 79 ਨੂੰ ਪੰਜਾਬ ਨੇ ਸੁਪਰੀਮ ਕੋਰਟ 'ਚ ਸਿਵਲ ਪਟੀਸ਼ਨ 2 ਆਫ਼ 2007 ਤਹਿਤ ਚੁਣੌਤੀ ਦਿੱਤੀ ਹੋਈ ਹੈ, ਜਿਸ ਦਾ ਫ਼ੈਸਲਾ ਹਾਲੇ ਆਉਣਾ ਬਾਕੀ ਹੈ। ਫ਼ੈਸਲਾ ਲੰਬਿਤ ਹੋਣ ਕਰ ਕੇ ਕੇਂਦਰ ਸਰਕਾਰ ਇਸ ਐਕਟ 'ਚ ਕੋਈ ਤਰਮੀਮ ਕਰਨ ਤੋਂ ਗੁਰੇਜ਼ ਕਰੇ। ਰਾਜਸਥਾਨ ਉੱਤਰਾਧਿਕਾਰੀ ਰਾਜ ਨਾ ਹੋਣ ਕਰ ਕੇ ਬੀਬੀਐੱਮਬੀ 'ਚ ਕਿਸੇ ਤਰ੍ਹਾਂ ਦੀ ਨੁਮਾਇੰਦਗੀ ਦਾ ਹੱਕਦਾਰ ਨਹੀਂ। ਐਕਸ ਆਫੀਸ਼ਿਓ ਮੈਂਬਰ ਵਜੋਂ ਹਿਮਾਚਲ ਪ੍ਰਦੇਸ਼ ਅਤੇ ਰਾਜਸਥਾਨ ਦੇ ਅਧਿਕਾਰੀ ਬੋਰਡ ਦੀਆਂ ਮੀਟਿੰਗਾਂ 'ਚ ਪਹਿਲਾਂ ਹੀ ਸ਼ਾਮਲ ਹੁੰਦੇ ਹਨ। ਬੀਬੀਐੱਮਬੀ ਦਾ 40 ਫ਼ੀਸਦੀ ਅਤੇ ਭਾਖੜਾ ਪ੍ਰਾਜੈਕਟ ਦਾ 60 ਫ਼ੀਸਦੀ ਖ਼ਰਚਾ ਇਕੱਲਾ ਪੰਜਾਬ ਝੱਲਦਾ ਹੈ। ਦੋ ਨਵੇਂ ਸਥਾਈ ਮੈਂਬਰ ਲੱਗਣ ਨਾਲ ਪੰਜਾਬ 'ਤੇ ਵਾਧੂ ਬੋਝ ਪਵੇਗਾ। ਭਾਖੜਾ ਬੋਰਡ 'ਚ ਏਨਾ ਹੋਰ ਵਾਧੂ ਕੰਮ ਨਹੀਂ ਹੈ ਕਿ ਨਵੇਂ ਸਥਾਈ ਮੈਂਬਰ ਲਾਉਣ ਦੀ ਲੋੜ ਹੋਵੇ। ਮੌਜੂਦਾ ਸਥਾਈ ਮੈਂਬਰ ਹੀ ਮੁੱਖ ਕੰਮ ਸੰਭਾਲਣ ਲਈ ਕਾਫ਼ੀ ਹਨ।

# 'ਗੈਂਗਸਟਰਾਂ 'ਤੇ ਵਾਰ' ਦਾ 86ਵਾਂ ਦਿਨ: ਪੰਜਾਬ ਪੁਲਿਸ ਵੱਲੋਂ 566 ਥਾਵਾਂ ਉੱਤੇ ਛਾਪੇਮਾਰੀ; 238 ਗ੍ਰਿਫ਼ਤਾਰ

ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 86ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 566 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।

ਜ਼ਿਕਰਯੋਗ ਹੈ ਕਿ 'ਗੈਂਗਸਟਰਾਂ 'ਤੇ ਵਾਰ' ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

86ਵੇਂ ਦਿਨ, ਪੁਲਿਸ ਟੀਮਾਂ ਨੇ ਦੋ ਹਥਿਆਰ ਬਰਾਮਦ ਕਰਨ ਤੋਂ ਬਾਅਦ 238 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 21,652 ਹੋ ਗਈਆਂ।

ਇਸ ਤੋਂ ਇਲਾਵਾ 68 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 171 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 6 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ।

ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 411ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 128 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 998 ਗ੍ਰਾਮ ਹੈਰੋਇਨ, 12 ਕਿਲੋ ਗਾਂਜਾ, 21 ਕਿਲੋ ਭੁੱਕੀ, 616 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 1840 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਨਾਲ ਸਿਰਫ 411 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 59,175 ਹੋ ਗਈ ਹੈ।

# ਪਹਿਲੇ ਸਫ਼ੇ ਦੀ ਬਾਕੀ

### ਦਿੱਲੀ ਹਵਾਈ ਅੱਡੇ 'ਤੇ ਟਕਰਾਏ ਦੋ ਜਹਾਜ਼,

ਹੁਣ ਇਸ ਦੀ ਵਰਤੋਂ ਉਡਾਣ ਲਈ ਨਹੀਂ ਕੀਤੀ ਜਾਵੇਗੀ। ਫਲਾਈਟ ਰਡਾਰ-24 ਅਨੁਸਾਰ ਇਹ ਹਾਦਸਾ ਉਸ ਸਮੇਂ ਹੋਇਆ ਜਦੋਂ ਲੇਹ ਤੋਂ ਆਇਆ ਸਪਾਈਸਜੈੱਟ ਦਾ ਜਹਾਜ਼ ਗੇਟ ਵੱਲ ਵੱਧ ਰਿਹਾ ਸੀ ਅਤੇ ਅਕਾਸਾ ਏਅਰ ਦਾ ਜਹਾਜ਼ ਹੈਦਰਾਬਾਦ ਜਾਣ ਲਈ ਪੁਸ਼ਬੈਕ ਕਰ ਰਿਹਾ ਸੀ।

ਅਕਾਸਾ ਏਅਰ ਨੇ ਆਪਣੇ ਬਿਆਨ ਵਿੱਚ ਦੱਸਿਆ ਕਿ ਸ਼ੁਰੂਆਤੀ ਜਾਣਕਾਰੀ ਮੁਤਾਬਕ ਉਨ੍ਹਾਂ ਦਾ ਜਹਾਜ਼ ਖੜ੍ਹਾ ਸੀ ਜਦੋਂ ਦੂਜੀ ਏਅਰਲਾਈਨ ਦਾ ਜਹਾਜ਼ ਉਸ ਨਾਲ ਟਕਰਾ ਗਿਆ। ਇਸ ਹਾਦਸੇ ਕਾਰਨ ਦਿੱਲੀ ਤੋਂ ਹੈਦਰਾਬਾਦ ਜਾ ਰਹੀ ਫਲਾਈਟ ਕਿਊ.ਪੀ 1406 ਨੂੰ ਵਾਪਸ ਪਾਰਕਿੰਗ ਬੇਅ ਵਿੱਚ ਮੁੜਨਾ ਪਿਆ। ਸਾਰੇ ਯਾਤਰੀਆਂ ਅਤੇ ਕਰਿਊ ਮੈਂਬਰਾਂ ਨੂੰ ਜਹਾਜ਼ ਵਿੱਚੋਂ ਸੁਰੱਖਿਅਤ ਉਤਾਰ ਲਿਆ ਗਿਆ ਹੈ। ਅਕਾਸਾ ਦੀ ਗਰਾਊਂਡ ਟੀਮ ਯਾਤਰੀਆਂ ਨੂੰ ਜਲਦੀ ਤੋਂ ਜਲਦੀ ਹੈਦਰਾਬਾਦ ਭੇਜਣ ਲਈ ਬਦਲਵੇਂ ਇੰਤਜ਼ਾਮ ਕਰ ਰਹੀ ਹੈ।

### ਮਹਿਲਾ ਰਾਖਵਾਂਕਰਨ ਸੋਧ ਬਿੱਲ ਸਮੇਤ

ਸ਼ਾਸਤ ਪ੍ਰਦੇਸ਼ ਕਾਨੂੰਨ (ਸੋਧ) ਬਿੱਲ-2026 ਪੇਸ਼ ਕਰਨ ਦਾ ਵੀ ਪ੍ਰਸਤਾਵ ਰੱਖਿਆ। ਇਨ੍ਹਾਂ ਬਿੱਲਾਂ 'ਤੇ ਸਦਨ ਵਿਚ ਤਿੱਖੀ ਬਹਿਸ ਅਤੇ ਰਾਜਨੀਤਕ ਚਰਚਾ ਹੋਣ ਦੀ ਸੰਭਾਵਨਾ ਹੈ ਕਿਉਂਕਿ ਇਨ੍ਹਾਂ ਵਿਚ ਦੇਸ਼ ਦੀਆਂ ਚੋਣ ਅਤੇ ਪ੍ਰਸ਼ਾਸਨਿਕ ਪ੍ਰਣਾਲੀਆਂ ਵਿਚ ਮਹੱਤਵਪੂਰਨ ਬਦਲਾਅ ਸ਼ਾਮਿਲ ਹਨ।

ਕਾਂਗਰਸ ਸੰਸਦ ਮੈਂਬਰ ਕੇ.ਸੀ. ਵੇਣੂਗੋਪਾਲ ਨੇ ਇਨ੍ਹਾਂ ਤਿੰਨਾਂ ਬਿੱਲਾਂ ਨੂੰ ਪੇਸ਼ ਕਰਨ ਦਾ ਵਿਰੋਧ ਕੀਤਾ। ਉਨ੍ਹਾਂ ਨੇ ਸੰਵਿਧਾਨ (131ਵਾਂ ਸੋਧ) ਬਿੱਲ-2026 ਕੇਂਦਰ ਸ਼ਾਸਤ ਪ੍ਰਦੇਸ਼ ਕਾਨੂੰਨ (ਸੋਧ) ਬਿੱਲ-2026 ਅਤੇ ਹੱਦਬੰਦੀ ਬਿੱਲ-2026 ਨੂੰ ਸਦਨ ਵਿਚ ਪੇਸ਼ ਕਰਨ 'ਤੇ ਇਤਰਾਜ਼ ਜਤਾਇਆ। ਇਸ ਨਾਲ ਸੰਸਦ ਵਿਚ ਸੱਤਾਧਾਰੀ ਪਾਰਟੀ ਅਤੇ ਵਿਰੋਧੀ ਧਿਰ ਵਿਚਕਾਰ ਤਿੱਖੀ ਬਹਿਸ ਹੋਣ ਦੀ ਸੰਭਾਵਨਾ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਾਂਗਰਸ ਸੰਸਦ ਮੈਂਬਰ ਕੇ.ਸੀ. ਵੇਣੂਗੋਪਾਲ ਦੇ ਬਿਆਨ ਦਾ ਜਵਾਬ ਦਿੱਤਾ। ਅਮਿਤ ਸ਼ਾਹ ਨੇ ਕਿਹਾ ਕਿ ਕੇ.ਸੀ. ਵੇਣੂਗੋਪਾਲ ਬਿੱਲਾਂ ਦੇ ਗੁਣਾਂ 'ਤੇ ਟਿੱਪਣੀ ਨਹੀਂ ਕਰ ਸਕਦੇ ਅਤੇ ਸਿਰਫ਼ ਤਕਨੀਕੀ ਇਤਰਾਜ਼ ਉਠਾ ਸਕਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਬਹਿਸ ਦੌਰਾਨ ਵਿਰੋਧੀ ਧਿਰ ਨੂੰ ਸਖ਼ਤ ਜਵਾਬ ਦੇਵੇਗੀ।

ਲੋਕ ਸਭਾ ਨੇ ਸੰਵਿਧਾਨ (131ਵਾਂ ਸੋਧ) ਬਿੱਲ-2026 ਪੇਸ਼ ਕਰਨ ਦੇ ਪ੍ਰਸਤਾਵ 'ਤੇ ਵੋਟਿੰਗ ਕੀਤੀ, ਜਿਸ ਵਿਚ ਬਹੁ-ਗਿਣਤੀ ਸੰਸਦ ਮੈਂਬਰਾਂ ਨੇ ਸਰਕਾਰ ਦੇ ਹੱਕ ਵਿਚ ਵੋਟ ਦਿੱਤੀ। ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਬਿੱਲ ਪੇਸ਼ ਕਰਨ ਦੇ ਫੈਸਲੇ ਦੇ ਵਿਰੁੱਧ ਵੰਡ ਵੋਟ ਦੀ ਮੰਗ ਕੀਤੀ ਸੀ ਪਰ ਸਰਕਾਰ ਵੋਟ ਵਿਚ ਜਿੱਤ ਗਈ। ਇਸ ਤਰ੍ਹਾਂ ਲੋਕ ਸਭਾ ਨੇ ਬਿੱਲ ਪੇਸ਼ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਅਤੇ ਹੁਣ ਇਸ 'ਤੇ ਹੋਰ ਚਰਚਾ ਕੀਤੀ ਜਾਵੇਗੀ। 207 ਲੋਕ ਸਭਾ ਸੰਸਦ ਮੈਂਬਰਾਂ ਨੇ ਸੰਵਿਧਾਨ (ਇੱਕ ਸੌ ਇਕੱਤੀਵਾਂ ਸੋਧ) ਬਿੱਲ-2026 ਪੇਸ਼ ਕਰਨ ਦੇ ਹੱਕ ਵਿਚ ਵੋਟ ਦਿੱਤੀ। ਜਦੋਂ ਕਿ 126 ਮੈਂਬਰਾਂ ਨੇ ਇਸ ਦੇ ਵਿਰੁੱਧ ਵੋਟ ਦਿੱਤੀ। ਲੋਕ ਸਭਾ ਵਿਚ ਵਿਰੋਧੀ ਧਿਰ ਦੇ ਮੈਂਬਰਾਂ ਨੇ ਬਿੱਲ ਪੇਸ਼ ਕਰਨ ਦੇ ਕਦਮ ਦੇ ਵਿਰੁੱਧ ਵੰਡ ਲਈ ਦਬਾਅ ਪਾਇਆ ਸੀ।

### ਮਹਿਲਾਵਾਂ ਦੇ ਅਧਿਕਾਰਾਂ ਦਾ ਵਿਰੋਧ ਕਰਨ ਵਾਲਿਆਂ

ਜਿਨ੍ਹਾਂ ਨੇ ਨਾਰੀ ਨੂੰ ਆਪਣੇ ਸੰਗਠਨ ਵਿਚ ਨਹੀਂ ਰੱਖਿਆ, ਉਹ ਉਸ ਦਾ ਮਾਣ-ਸਤਿਕਾਰ ਕਿਵੇਂ ਰੱਖਣਗੇ। ਬਿੱਲਾਂ ਤੇ ਚਰਚਾ ਲਈ 16 ਅਤੇ 17 ਅਪ੍ਰੈਲ ਨੂੰ 15 ਘੰਟੇ ਦਾ ਸਮਾਂ ਤਹਿ ਕੀਤਾ ਗਿਆ ਹੈ। ਭਲਕੇ ਸ਼ਾਮ 4 ਵਜੇ ਵੋਟਿੰਗ ਹੋਵੇਗੀ। ਸੋਧ ਬਿੱਲ ਵਿਚ ਲੋਕ ਸਭਾ ਸਾਂਸਦਾਂ ਦੀ ਗਿਣਤੀ 850 ਕਰਨ ਦਾ ਪ੍ਰਸਤਾਵ ਹੈ ਜਦਕਿ ਇਸ ਤੋਂ ਪਹਿਲਾਂ ਹੱਦਬੰਦੀ ਦੇ ਮੁੱਦੇ 'ਤੇ ਬੋਲਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਹੱਦਬੰਦੀ ਦੇ ਨਾਂ 'ਤੇ ਕਿਸੇ ਵੀ ਸੂਬੇ ਨਾਲ ਮਤਭੇਦ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਮੇਰੀ ਗਰੰਟੀ ਹੈ ਅਤੇ ਇਹੀ ਮੇਰਾ ਵਾਅਦਾ ਹੈ।

### ਮਾਨ ਵੱਲੋਂ 177 ਕਰੋੜ ਦੇ

ਸਰਕਾਰ ਸ਼ਾਸਨ ਪ੍ਰਦਾਨ ਕਰਨ ਅਤੇ ਜਵਾਬਦੇਹੀ ਦੇ ਸੁਮੇਲ ਨਾਲ ਅੱਗੇ ਵਧ ਰਹੀ ਹੈ।

ਕਈ ਪ੍ਰਮੁੱਖ ਵਿਕਾਸ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਅਕਾਲੀਆਂ ਨੇ ਜਾਣਬੁੱਝ ਕੇ ਬੇਅਦਬੀ ਵਿਰੁੱਧ ਕਮਜ਼ੋਰ ਕਾਨੂੰਨ ਬਣਾਇਆ ਸੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਨੂੰ ਉਨ੍ਹਾਂ ਦੇ ਪਾਪਾਂ ਦੀ ਸਜ਼ਾ ਨਾ ਮਿਲੇ।' ਉਨ੍ਹਾਂ ਅੱਗੇ ਕਿਹਾ, 'ਇਹ ਆਗੂ ਇਹ ਵੀ ਡਰਦੇ ਸਨ ਕਿ ਉਨ੍ਹਾਂ ਨੂੰ ਵੀ ਉਨ੍ਹਾਂ ਦੇ ਅਪਰਾਧ ਦੀ ਸਜ਼ਾ ਮਿਲੇਗੀ ਜਿਸ ਕਾਰਨ ਇਨ੍ਹਾਂ ਨੇ ਕਾਨੂੰਨ ਹੀ ਕਮਜ਼ੋਰ ਬਣਾ ਦਿੱਤਾ।'

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਪਾਸ ਕੀਤਾ ਹੈ, ਜਿਸ ਵਿੱਚ ਬੇਅਦਬੀ ਲਈ ਸਖ਼ਤ ਸਜ਼ਾ ਦੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਕਿਹਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਘਿਨਾਉਣਾ ਗੁਨਾਹ ਸੂਬੇ ਵਿੱਚ ਸਖ਼ਤ ਘਾਲਣਾ ਘਾਲ ਕੇ ਕਾਇਮ ਕੀਤੀ ਅਮਨ-ਸ਼ਾਂਤੀ, ਭਾਈਚਾਰਾ ਸਾਂਝ ਅਤੇ ਫਿਰਕੂ ਸਦਭਾਵਨਾ ਨੂੰ ਭੰਗ ਕਰਨ ਦੀ ਡੂੰਘੀ ਸਾਜ਼ਿਸ਼ ਸੀ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਕਾਨੂੰਨ ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਨੂੰ ਯਕੀਨੀ ਬਣਾਏਗਾ। ਉਨ੍ਹਾਂ ਕਿਹਾ, ਹੁਣ ਇਸ ਨਾ-ਮੁਆਫ਼ੀਯੋਗ ਅਪਰਾਧ ਵਿੱਚ ਦੋਸ਼ੀ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਬਾਕੀਆਂ ਲਈ ਮਿਸਾਲੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਰ ਸਿੱਖ ਦੇ ਪਿਤਾ ਹਨ ਅਤੇ ਸੂਬਾ ਸਰਕਾਰ ਇਸ ਪਵਿੱਤਰ ਗ੍ਰੰਥ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ, ਜੇਕਰ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਹੀ ਸੂਬੇ ਵਿੱਚ ਸੁਰੱਖਿਅਤ ਨਹੀਂ ਹੈ ਤਾਂ ਇਹ ਹੋਰ ਕਿੱਥੇ ਹੋ ਸਕਦਾ ਹੈ। ਇਸ ਕਾਨੂੰਨ ਨੂੰ ਬੇਅਦਬੀ ਰੋਕਣ ਲਈ ਇਤਿਹਾਸਕ ਮੀਲ ਪੱਥਰ ਕਰਾਰ ਦਿੱਤਾ।

ਅਕਾਲੀ ਦਲ ਦੀ ਅਖੌਤੀ 'ਪੰਜਾਬ ਬਚਾਓ ਯਾਤਰਾ' 'ਤੇ ਚੁਟਕੀ ਲੈਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਕਾਲੀ ਦਲ ਦੀ ਇਸ ਯਾਤਰਾ ਦਾ ਅਸਲ ਨਾਮ 'ਪਰਿਵਾਰ ਬਚਾਓ ਯਾਤਰਾ' ਹੈ ਕਿਉਂਕਿ ਇਹ ਸਾਰਾ ਯਤਨ ਉਨ੍ਹਾਂ ਦੇ ਪਰਿਵਾਰਕ ਹਿੱਤਾਂ ਦੀ ਰਾਖੀ ਲਈ ਹੈ। ਉਨ੍ਹਾਂ ਨੇ ਅਕਾਲੀ ਲੀਡਰਸ਼ਿਪ ਨੂੰ ਚੁਣੌਤੀ ਦਿੰਦੇ ਹੋਏ ਪੁੱਛਿਆ, '15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਉਹ ਕਿਸ ਤੋਂ ਸੂਬੇ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ।' ਉਨ੍ਹਾਂ ਕਿਹਾ ਕਿ ਅਕਾਲੀਆਂ ਨੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ, ਪੰਜਾਬੀਆਂ ਦੇ ਮਨਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ ਅਤੇ ਵੱਖ-ਵੱਖ ਮਾਫੀਏ ਨੂੰ ਸਰਪ੍ਰਸਤੀ ਦਿੱਤੀ।

ਮੁੱਖ ਮੰਤਰੀ ਨੇ ਅੱਗੇ ਕਿਹਾ, ਹਰ ਕੋਈ ਜਾਣਦਾ ਹੈ ਕਿ ਇਹ ਪਰਿਵਾਰ ਅੰਗਰੇਜ਼ਾਂ ਦਾ ਪਿੱਠੂ ਸੀ ਅਤੇ ਦੇਸ਼ ਲਈ ਲੜਨ ਵਾਲੇ ਦੇਸ਼ ਭਗਤਾਂ ਵਿਰੁੱਧ ਸਾਜ਼ਿਸ਼ਾਂ ਘੜਨ ਬਦਲੇ ਉਨ੍ਹਾਂ ਨੇ ਇਸ ਪਰਿਵਾਰ ਨੂੰ ਸਰ ਦੀ ਉਪਾਧੀ ਦਿੱਤੀ ਸੀ। ਉਨ੍ਹਾਂ ਅੱਗੇ ਕਿਹਾ, ਇਸ ਪਰਿਵਾਰ ਨੇ 13 ਅਪ੍ਰੈਲ, 1919 ਨੂੰ ਜੱਲ੍ਹਿਆਂਵਾਲਾ ਬਾਗ ਕਤਲੇਆਮ ਦੇ ਦੋਸ਼ੀ ਜਨਰਲ ਡਾਇਰ ਨੂੰ ਇਸ ਘਿਨਾਉਣੀ ਘਟਨਾ ਤੋਂ ਬਾਅਦ ਰਾਤ ਦੇ ਖਾਣੇ ਦੀ ਮੇਜ਼ਬਾਨੀ ਕਰਕੇ ਸਨਮਾਨਿਤ ਕੀਤਾ ਸੀ, ਉਨ੍ਹਾਂ ਕਿਹਾ ਕਿ ਅਜਿਹੇ ਕੰਮਾਂ ਨੇ ਉਨ੍ਹਾਂ ਦੀ ਦੇਸ਼ ਵਿਰੋਧੀ ਅਤੇ ਪੰਜਾਬ ਵਿਰੋਧੀ ਮਾਨਸਿਕਤਾ ਨੂੰ ਬੇਪਰਦ ਕੀਤਾ ਹੈ।

ਉਨ੍ਹਾਂ ਕਿਹਾ, ਸਿਰਫ ਇਹ ਹੀ ਨਹੀਂ, ਇਸ ਪਰਿਵਾਰ ਨੇ ਜਨਰਲ ਡਾਇਰ ਨੂੰ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਿਰੋਪਾ ਅਤੇ ਮੁਆਫ਼ੀ ਦੇਣਾ ਵੀ ਯਕੀਨੀ ਬਣਾਇਆ। ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਇਤਿਹਾਸ ਨੂੰ ਮਿਟਾਇਆ ਨਹੀਂ ਜਾ ਸਕਦਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਬਾਦਲ ਦੇ ਪੁਰਖਿਆਂ ਦੇ ਸ਼ੱਕੀ ਕਿਰਦਾਰ ਇਤਿਹਾਸ ਦੇ ਪੰਨਿਆਂ 'ਚ ਦਰਜ ਹਨ। ਉਨ੍ਹਾਂ ਕਿਹਾ, ਇਸ ਪਰਿਵਾਰ ਦੇ ਹੱਥ ਦੇਸ਼ ਭਗਤਾਂ ਦੇ ਖ਼ੂਨ ਨਾਲ ਰੰਗੇ ਹੋਏ ਹਨ ਅਤੇ ਰਾਸ਼ਟਰਵਾਦੀਆਂ ਦੀ ਪਿੱਠ ਵਿੱਚ ਛੁਰਾ ਮਾਰਨ ਵਿੱਚ ਇਨ੍ਹਾਂ ਗੱਦਾਰਾਂ ਦੀ ਭੂਮਿਕਾ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਸੂਬੇ ਦੇ ਨੌਜਵਾਨਾਂ ਨੂੰ ਬਰਬਾਦ ਕਰਨ ਲਈ ਗੋਲੀਆਂ ਅਤੇ ਫਿਰ ਨਸ਼ੀਲੇ ਪਦਾਰਥ (ਚਿੱਟੇ) ਦੀ ਵਰਤੋਂ ਕੀਤੀ। ਉਨ੍ਹਾਂ ਕਿਹਾ ਕਿ ਇਹਨਾਂ ਆਗੂਆਂ ਨੂੰ ਕਦੇ ਵੀ ਮਾਫ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਅੱਗੇ ਕਿਹਾ, ਅਕਾਲੀਆਂ 'ਤੇ ਪੀੜ੍ਹੀਆਂ ਦੀ ਨਸਲਕੁਸ਼ੀ ਦਾ ਮੁਕੱਦਮਾ ਚਲਾਇਆ ਜਾਣਾ ਚਾਹੀਦਾ ਹੈ, ਕਿਉਂਕਿ ਉਨ੍ਹਾਂ ਨੇ ਨਸ਼ਿਆਂ ਦੇ ਵਪਾਰ ਨੂੰ ਸਰਪ੍ਰਸਤੀ ਦਿੱਤੀ ਅਤੇ ਇਸ ਵਪਾਰ ਨੇ ਉਨ੍ਹਾਂ ਦੇ ਲੰਬੇ ਕੁਸ਼ਾਸਨ ਦੌਰਾਨ ਸੂਬੇ ਭਰ ਵਿੱਚ ਪੈਰ ਪਸਾਰੇ। ਉਨ੍ਹਾਂ ਅੱਗੇ ਕਿਹਾ, ਇਨ੍ਹਾਂ ਆਗੂਆਂ ਦੇ ਹੱਥ ਉਨ੍ਹਾਂ ਲੱਖਾਂ ਨੌਜਵਾਨਾਂ ਦੇ ਖ਼ੂਨ ਨਾਲ ਰੰਗੇ ਹੋਏ ਹਨ ਜੋ ਸੂਬੇ ਵਿੱਚ ਇਹਨਾਂ ਆਗੂਆਂ ਦੇ ਸਰਕਾਰੀ ਵਾਹਨਾਂ ਵਿੱਚ ਸਪਲਾਈ ਕੀਤੇ ਜਾਣ ਵਾਲੇ ਨਸ਼ੇ ਦਾ ਸ਼ਿਕਾਰ ਹੋ ਗਏ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਨ੍ਹਾਂ ਆਗੂਆਂ ਦੇ ਪਾਪ ਮੁਆਫੀ ਯੋਗ ਨਹੀਂ ਹਨ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਮਾੜੇ ਕੰਮਾਂ ਲਈ ਲੋਕ ਕਦੇ ਵੀ ਮੁਆਫ਼ ਨਹੀਂ ਕਰ ਸਕਦੇ ਜੋ ਲੋਕਾਂ ਦੇ ਮਨਾਂ ਵਿੱਚ ਅਜੇ ਵੀ ਤਾਜ਼ਾ ਹਨ। ਉਨ੍ਹਾਂ ਨੇ ਇਨ੍ਹਾਂ ਨੂੰ ਮੌਕਾਪ੍ਰਸਤ ਆਗੂ ਦੱਸਿਆ ਜੋ ਆਪਣੀ ਸਹੂਲਤ ਅਤੇ ਨਿੱਜੀ ਰਾਜਨੀਤਿਕ ਹਿੱਤਾਂ ਅਨੁਸਾਰ ਗਿਰਗਿਟ ਵਾਂਗ ਆਪਣੇ ਰੰਗ ਬਦਲਦੇ ਹਨ। ਉਨ੍ਹਾਂ ਕਿਹਾ ਕਿ ਅਤਿ ਦੀ ਗਰਮੀ ਵਿੱਚ ਵੀ ਲੋਕਾਂ ਦਾ ਭਾਰੀ ਇਕੱਠ ਸੂਬਾ ਸਰਕਾਰ ਪ੍ਰਤੀ ਲੋਕਾਂ ਦੇ ਸਮਰਥਨ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ, ਸੂਬਾ ਸਰਕਾਰ ਨੇ ਲੋਕਾਂ ਲਈ ਪੂਰੀ ਤਨਦੇਹੀ ਨਾਲ ਕੰਮ ਕੀਤਾ ਹੈ ਪਰ ਇਨ੍ਹਾਂ ਆਗੂਆਂ ਨੇ ਬਿਜਲੀ ਖਰੀਦ ਸਮਝੌਤਿਆਂ ਤੋਂ ਅਤੇ ਨਿੱਜੀ ਫਰਮਾਂ ਤੋਂ ਸੂਬੇ ਨੂੰ ਸਪਲਾਈ ਕੀਤੇ ਗਏ ਕੋਲੇ ਤੋਂ ਵੀ ਪੈਸਾ ਕਮਾਇਆ। ਉਨ੍ਹਾਂ ਅੱਗੇ ਕਿਹਾ ਕਿ ਪਛਵਾੜਾ ਕੋਲਾ ਖਾਣ ਤੋਂ ਕੋਲੇ ਦੀ ਸਪਲਾਈ ਲੰਬੇ ਸਮੇਂ ਬਾਅਦ ਮੁੜ ਸ਼ੁਰੂ ਹੋਈ ਹੈ ਅਤੇ 2024-25 ਵਿੱਚ ਇਸ ਖਾਣ ਨੇ 70 ਲੱਖ ਮੀਟ੍ਰਿਕ ਟਨ ਕੋਲੇ ਦੀ ਸਪਲਾਈ ਦਾ ਟੀਚਾ ਹਾਸਲ ਕੀਤਾ ਹੈ। ਉਨ੍ਹਾਂ ਕਿਹਾ, ਅਕਤੂਬਰ 2022 ਵਿੱਚ ਪਛਵਾੜਾ ਤੋਂ ਸਪਲਾਈ ਮੁੜ ਸ਼ੁਰੂ ਹੋਣ ਤੋਂ ਬਾਅਦ 'ਆਪ' ਸਰਕਾਰ ਨੇ 1,462 ਕਰੋੜ ਰੁਪਏ ਦੀ ਬੱਚਤ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀ ਆਗੂ ਸੁਖਬੀਰ ਬਾਦਲ ਅਜਿਹੇ ਵਾਅਦੇ ਕਰ ਰਹੇ ਹਨ ਜੋ ਕਦੇ ਪੂਰੇ ਨਹੀਂ ਕੀਤੇ ਜਾ ਸਕਦੇ ਅਤੇ ਸੂਬੇ ਵਿੱਚ ਡਾਇਨਾਸੋਰਾਂ ਦੀ ਵਾਪਸੀ ਵਰਗੇ ਬੇਬੁਨਿਆਦ ਅਤੇ ਤਰਕਹੀਣ ਬਿਆਨ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਬਿਆਨ ਸੱਤਾ ਮੁੜ ਹਾਸਲ ਕਰਨ ਪ੍ਰਤੀ ਉਹਨਾਂ ਦੀ ਬੇਚੈਨੀ ਨੂੰ ਦਰਸਾਉਂਦੇ ਹਨ ਪਰ ਉਨ੍ਹਾਂ ਨੂੰ ਕਦੇ ਵੀ ਸੂਬੇ ਦੀ ਸੱਤਾ ਹਾਸਲ ਨਹੀਂ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਹ ਆਗੂ ਸਵੇਰੇ ਹੀ ਉਨ੍ਹਾਂ ਵਿਰੁੱਧ ਜ਼ਹਿਰ ਉਗਲਣਾ ਸ਼ੁਰੂ ਕਰ ਦਿੰਦੇ ਹਨ ਕਿਉਂਕਿ ਉਨ੍ਹਾਂ ਦਾ ਅਸਲ ਚਿਹਰਾ ਲੋਕਾਂ ਸਾਹਮਣੇ ਆ ਗਿਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਇਨ੍ਹਾਂ ਪਾਰਟੀਆਂ ਨੇ ਵਾਰੋ-ਵਾਰੀ ਆਪਣੇ ਕਾਰਜਕਾਲ ਦੌਰਾਨ ਸੂਬੇ ਦੀ ਦੌਲਤ ਨੂੰ ਲੁੱਟਿਆ ਹੈ ਅਤੇ ਦੂਜੀ ਪਾਰਟੀ ਨੂੰ ਬਚਾਉਣ ਲਈ ਹੱਥਕੰਡੇ ਆਪਣਾਏ।' ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਨੇ ਝਾੜੂ ਨੂੰ ਵੋਟ ਦਿੱਤੀ ਜਿਸ ਨਾਲ ਸਕੂਲਾਂ, ਹਸਪਤਾਲਾਂ ਅਤੇ ਹੋਰ ਖੇਤਰਾਂ ਵਿੱਚ ਅਹਿਮ ਬਦਲਾਅ ਆਇਆ। ਉਨ੍ਹਾਂ ਕਿਹਾ ਕਿ ਪਿਛਲੇ ਆਗੂਆਂ ਨੇ ਆਪਣੇ ਸਰਕਾਰੀ ਅਹੁਦਿਆਂ ਦੀ ਦੁਰਵਰਤੋਂ ਕਰਕੇ ਭਾਰੀ ਦੌਲਤ ਇਕੱਠੀ ਕੀਤੇ ਅਤੇ ਵੱਡੇ-ਵੱਡੇ ਮਹਿਲ ਉਸਾਰੇ।

ਉਨ੍ਹਾਂ ਅੱਗੇ ਕਿਹਾ, ਇਨ੍ਹਾਂ ਆਲੀਸ਼ਾਨ ਮਹਿਲਾਂ ਦੀਆਂ ਕੰਧਾਂ ਉੱਚੀਆਂ ਅਤੇ ਦਰਵਾਜ਼ੇ ਲੋਕਾਂ ਲਈ ਹਮੇਸ਼ਾਂ ਬੰਦ ਰਹਿੰਦੇ ਸਨ। ਉਨ੍ਹਾਂ ਕਿਹਾ ਕਿ ਇਹ ਆਗੂ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਰਹਿੰਦੇ ਸਨ ਅਤੇ ਆਖਰਕਾਰ ਜਨਤਾ ਨੇ ਇਹਨਾਂ ਨੂੰ ਸੱਤਾ ਤੋਂ ਬਾਹਰ ਦਾ ਰਾਸਤਾ ਦਿਖਾ ਦਿੱਤਾ। ਉਨ੍ਹਾਂ ਕਿਹਾ ਕਿ ਲੋਕ ਹੁਣ ਜਾਗਰੂਕ ਹੋ ਗਏ ਹਨ ਅਤੇ ਉਨ੍ਹਾਂ ਦੇ ਝਾਂਸੇ ਵਿੱਚ ਆਉਣ ਵਾਲੇ ਨਹੀਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਹੰਕਾਰੀ ਸਿਆਸਤਦਾਨਾਂ ਨੇ ਕਦੇ ਵੀ ਸੂਬੇ ਦੇ ਲੋਕਾਂ ਦੀ ਪਰਵਾਹ ਨਹੀਂ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ, ਸਿਹਤ, ਬਿਜਲੀ ਅਤੇ ਖੇਤੀਬਾੜੀ ਬਾਰੇ ਚਰਚਾ ਕਰਦੀ ਹੈ ਪਰ ਦੂਜੀਆਂ ਪਾਰਟੀਆਂ ਸਿਰਫ਼ ਸੱਤਾ ਹੜੱਪਣ ਦੇ ਹੱਥਕੰਡੇ ਅਪਨਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਆਗੂ ਹੁਣ ਹੈਰਾਨ-ਪ੍ਰੇਸ਼ਾਨ ਹਨ, ਕਿਉਂਕਿ ਲੋਕਾਂ ਵੱਲੋਂ ਉਨ੍ਹਾਂ ਨੂੰ ਕੋਈ ਹੁੰਗਾਰਾ ਨਹੀਂ ਮਿਲ ਰਿਹਾ ਅਤੇ ਸਿਰਫ਼ ਆਪਣੇ ਪਰਿਵਾਰਾਂ ਬਾਰੇ ਚਿੰਤਤ ਹਨ।

ਸੂਬਾ ਸਰਕਾਰ ਦੀਆਂ ਪ੍ਰਮੁੱਖ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਹਿਲੀ ਵਾਰ ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਸਾਰੇ ਘਰੇਲੂ ਖਪਤਕਾਰਾਂ ਨੂੰ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਪ੍ਰਦਾਨ ਕੀਤੀ ਜਾ ਰਹੀ ਹੈ ਅਤੇ ਸੂਬੇ ਦੇ ਲਗਭਗ 90 ਫੀਸਦ ਘਰੇਲੂ ਖਪਤਕਾਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ। ਉਨ੍ਹਾਂ ਅੱਗੇ ਕਿਹਾ, 65,000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।

ਮੁੱਖ ਮੰਤਰੀ ਨੇ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਪ੍ਰਤੀ ਪਰਿਵਾਰ 10 ਲੱਖ ਰੁਪਏ ਦਾ ਨਕਦ ਰਹਿਤ ਇਲਾਜ ਪ੍ਰਦਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਯੋਜਨਾ ਤਹਿਤ 30 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ ਪਹਿਲਾਂ ਹੀ ਸਿਹਤ ਕਾਰਡ ਮਿਲ ਚੁੱਕੇ ਹਨ ਅਤੇ 1.65 ਲੱਖ ਲੋਕ ਮੁਫ਼ਤ ਇਲਾਜ ਪ੍ਰਾਪਤ ਕਰ ਚੁੱਕੇ ਹਨ।

ਮਾਵਾਂ ਧੀਆਂ ਸਤਿਕਾਰ ਯੋਜਨਾ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਲਈ 1500 ਰੁਪਏ ਅਤੇ ਬਾਕੀ ਵਰਗਾਂ ਦੀਆਂ ਔਰਤਾਂ ਲਈ 1000 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਯਕੀਨੀ ਬਣਾਈ ਗਈ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਵੱਲੋਂ ਕਰਦਾਤਾਵਾਂ ਦੇ ਪੈਸੇ ਦੀ ਵਰਤੋਂ ਸੁਚੱਜੇ ਢੰਗ ਨਾਲ ਜਨਤਕ ਭਲਾਈ ਲਈ ਕੀਤੀ ਜਾ ਰਹੀ ਹੈ ਜਦਕਿ ਪਿਛਲੀਆਂ ਸਰਕਾਰਾਂ ਨੇ ਇਸ ਤੋਂ ਉਲਟ ਕੰਮ ਕੀਤਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੀ ਦੌਲਤ ਨੂੰ ਬੁਰੀ ਤਰ੍ਹਾਂ ਲੁੱਟਿਆ ਅਤੇ ਪੰਜਾਬ ਦੀ ਤਰੱਕੀ ਨੂੰ ਲੀਹੋਂ ਉਤਾਰ ਦਿੱਤਾ।

ਉਨ੍ਹਾਂ ਕਿਹਾ ਕਿ ਲੋਕਾਂ ਨੇ ਸਮਝਦਾਰੀ ਨਾਲ ਲੋਕ-ਪੱਖੀ ਸਰਕਾਰ ਨੂੰ ਸੱਤਾ ਵਿੱਚ ਲਿਆਉਣ ਲਈ ਵੋਟ ਦਿੱਤੀ। ਉਨ੍ਹਾਂ ਕਿਹਾ ਕਿ ਉਹ ਅਕਾਲੀਆਂ ਨੂੰ ਉਨ੍ਹਾਂ ਦੇ ਕੰਮਾਂ ਲਈ ਕਦੇ ਮੁਆਫ਼ ਨਹੀਂ ਕਰਨਗੇ। ਉਨ੍ਹਾਂ ਕਿਹਾ, ਲੋਕਾਂ ਨੇ ਵਾਰ-ਵਾਰ ਅਕਾਲੀਆਂ ਨੂੰ ਚੁਣਿਆ ਸੀ ਪਰ ਉਹ ਗੱਦਾਰ ਸਾਬਤ ਹੋਏ ਅਤੇ ਉਨ੍ਹਾਂ ਨੇ ਹਮੇਸ਼ਾ ਸੂਬੇ ਅਤੇ ਇਸ ਦੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ।

ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀਆਂ ਨੇ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਨੇ ਰਵਾਇਤੀ ਪਾਰਟੀਆਂ ਦੇ ਲੋਕ-ਵਿਰੋਧੀ ਅਤੇ ਪੰਜਾਬ-ਵਿਰੋਧੀ ਰੁਖ਼ ਕਾਰਨ ਉਨ੍ਹਾਂ ਤੋਂ ਮੂੰਹ ਮੋੜ ਲਿਆ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਪੰਜਾਬ ਅਤੇ ਪੰਜਾਬੀਆਂ ਨਾਲੋਂ ਆਪਣੇ ਪਰਿਵਾਰਾਂ ਦੀ ਜ਼ਿਆਦਾ ਚਿੰਤਾ ਕਰਦੇ ਸਨ ਜਿਸ ਕਾਰਨ ਜਨਤਾ ਨੇ ਉਨ੍ਹਾਂ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ।

ਆਪਣੇ ਸੰਬੋਧਨ ਵਿੱਚ ਸੀਨੀਅਰ 'ਆਪ' ਆਗੂ ਮਨੀਸ਼ ਸਿਸੋਦੀਆ ਨੇ ਕਿਹਾ, 'ਇਹ ਬੇਹੱਦ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਭਗਵੰਤ ਸਿੰਘ ਮਾਨ ਸੂਬੇ ਦੇ ਸਭ ਤੋਂ ਚਹੇਤੇ ਮੁੱਖ ਮੰਤਰੀ ਸਾਬਤ ਹੋਏ ਹਨ।' ਉਨ੍ਹਾਂ ਅੱਗੇ ਕਿਹਾ, 'ਭਗਵੰਤ ਸਿੰਘ ਮਾਨ ਦੇਸ਼ ਦੇ ਇਕਲੌਤੇ ਮੁੱਖ ਮੰਤਰੀ ਹਨ ਜੋ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੇ ਹਨ ਜਦੋਂ ਕਿ ਬਾਕੀ ਸਾਰੇ ਸੂਬਿਆਂ ਵਿੱਚ ਅਜਿਹੇ ਮੁੱਖ ਮੰਤਰੀ ਹਨ ਜੋ ਲਾਲਚ ਜਾਂ ਆਪਣੀ ਪਾਰਟੀ ਦੇ ਹਿੱਤਾਂ ਦੀ ਪੂਰਤੀ ਲਈ ਕੰਮ ਕਰ ਰਹੇ ਹਨ।'

ਮਨੀਸ਼ ਸਿਸੋਦੀਆ ਨੇ ਕਿਹਾ, 'ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਵਿੱਚ ਲੋਕਤੰਤਰ ਲਈ ਸਭ ਤੋਂ ਵੱਡਾ ਖ਼ਤਰਾ ਹਨ। ਉਨ੍ਹਾਂ ਨੇ ਲੋਕਾਂ ਨੂੰ ਆਪਣੀਆਂ ਵੋਟਾਂ ਦੀ ਸੁਚੱਜੀ ਵਰਤੋਂ ਕਰਨ ਦੀ ਅਪੀਲ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ, ਸੀਨੀਅਰ 'ਆਪ' ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ, ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

### ਕਿਸਾਨ ਅੱਜ 12 ਤੋਂ 3 ਵਜੇ ਤੱਕ

ਫਿਰੋਜ਼ਪੁਰ ਟੈਂਕਾਂ ਵਾਲੀ ਬਸਤੀ, ਜ਼ਿਲ੍ਹਾ ਮਾਲੇਰਕੋਟਲਾ ਦੇ ਅਹਿਮਦਗੜ੍ਹ ਰੇਲਵੇ ਸਟੇਸ਼ਨ, ਪਠਾਨਕੋਟ ਦੇ ਪਰਮਾਨੰਦ, ਜਲੰਧਰ ਦੇ ਸ਼ਾਹਕੋਟ ਰੇਲਵੇ ਸਟੇਸ਼ਨ, ਬਠਿੰਡਾ ਦੇ ਰਾਮਪੁਰਾ ਫੂਲ ਰੇਲਵੇ ਸਟੇਸ਼ਨ, ਜ਼ਿਲ੍ਹਾ ਲੁਧਿਆਣਾ ਦੇ ਸਾਹਨੇਵਾਲ ਰੇਲਵੇ ਸਟੇਸ਼ਨ, ਫਾਜ਼ਿਲਕਾ ਦੇ ਰੇਲਵੇ ਸਟੇਸ਼ਨ, ਜ਼ਿਲ੍ਹਾ ਮੁਕਤਸਰ ਦੇ ਮਲੋਟ ਰੇਲਵੇ ਸਟੇਸ਼ਨ, ਜ਼ਿਲ੍ਹਾ ਗੁਰਦਾਸਪੁਰ ਰੇਲਵੇ ਸਟੇਸ਼ਨ 'ਤੇ ਵੀ ਕਿਸਾਨਾਂ ਵੱਲੋਂ 12 ਤੋਂ 3 ਵਜੇ ਤੱਕ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ ਅਤੇ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਜਾਵੇਗੀ। ਕਿਸਾਨ ਆਗੂਆਂ ਦਾ ਇਲਜ਼ਾਮ ਹੈ ਕਿ ਬੇਮੌਸਮੀ ਅਤੇ ਗੜ੍ਹੇਮਾਰੀ ਕਾਰਨ ਹੋਏ ਫਸਲਾਂ ਦੇ ਨੁਕਸਾਨ ਤੋਂ ਬਾਅਦ ਵੀ ਕਣਕ ਦੀ ਖਰੀਦ ਨਿਯਮਾਂ ਵਿਚ ਕੇਂਦਰ ਸਰਕਾਰ ਵੱਲੋਂ ਕੋਈ ਢਿੱਲ ਨਹੀਂ ਦਿੱਤੀ ਜਾ ਰਹੀ। ਪੰਜਾਬ ਦੀਆਂ ਮੰਡੀਆਂ ਵਿਚ ਕਿਸਾਨਾਂ ਕਈ-ਕਈ ਦਿਨਾਂ ਤੋਂ ਖੱਜਲ ਖੁਆਰ ਹੋ ਰਹੇ ਹਨ ਅਤੇ ਉਨ੍ਹਾਂ ਦੀ ਫਸਲਾਂ ਦੀ ਸਮੇਂ 'ਤੇ ਖਰੀਦ ਨਹੀਂ ਹੋ ਰਹੀ।

### ਪੰਜਾਬ 'ਚ ਵੱਧ ਰਹੀ ਗਰਮੀ ਨੇ ਕੀਤਾ ਬੁਰਾ ਹਾਲ,

ਵਿੱਚ ਵੀ ਮੀਂਹ ਪੈ ਸਕਦਾ ਹੈ। ਹਾਲਾਂਕਿ, ਦਿਨ ਵੇਲੇ ਹਵਾਵਾਂ ਵੀ ਚੱਲਣਗੀਆਂ। ਬੀਤੇ ਦਿਨ ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ ਪਟਿਆਲਾ ਵਿੱਚ 38.3 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 36.8 ਡਿਗਰੀ ਸੈਲਸੀਅਸ, ਅੰਮ੍ਰਿਤਸਰ ਵਿੱਚ 36.1 ਡਿਗਰੀ, ਲੁਧਿਆਣਾ ਵਿੱਚ 37.0 ਡਿਗਰੀ ਸੈਲਸੀਅਸ, ਫਰੀਦਕੋਟ ਵਿੱਚ 37.5 ਡਿਗਰੀ ਸੈਲਸੀਅਸ, ਗੁਰਦਾਸਪੁਰ ਵਿੱਚ 35.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਸਾਰੇ ਜ਼ਿਲ੍ਹਿਆਂ ਵਿੱਚ ਮੌਸਮ ਖੁਸ਼ਕ ਰਿਹਾ ਅਤੇ ਕਿਤੇ ਵੀ ਮੀਂਹ ਨਹੀਂ ਪਿਆ, ਜਿਸ ਕਾਰਨ ਪੂਰੇ ਸੂਬੇ ਵਿੱਚ ਗਰਮੀ ਦਾ ਪ੍ਰਭਾਵ ਸਪੱਸ਼ਟ ਤੌਰ 'ਤੇ ਮਹਿਸੂਸ ਕੀਤਾ ਗਿਆ।

ਮੌਸਮ ਵਿਭਾਗ ਦੇ ਡਾਇਰੈਕਟਰ ਦੇ ਅਨੁਸਾਰ ਭਲਕੇ ਰਾਜ ਵਿੱਚ ਕੁਝ ਥਾਵਾਂ 'ਤੇ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ, ਅਗਲੇ ਚਾਰ ਦਿਨਾਂ ਵਿੱਚ ਵੱਧ ਤੋਂ ਵੱਧ ਤਾਪਮਾਨ ਹੌਲੀ-ਹੌਲੀ ਲਗਭਗ 3 ਤੋਂ 4 ਡਿਗਰੀ ਸੈਲਸੀਅਸ ਵਧਣ ਦੀ ਉਮੀਦ ਹੈ। ਇਸ ਤੋਂ ਬਾਅਦ, ਤਾਪਮਾਨ ਵਿੱਚ ਕੋਈ ਮਹੱਤਵਪੂਰਨ ਤਬਦੀਲੀ ਨਹੀਂ ਆਵੇਗੀ, ਅਤੇ ਮੌਸਮ ਮੁੱਖ ਤੌਰ 'ਤੇ ਉਹੀ ਰਹੇਗਾ।

### ਅੰਮ੍ਰਿਤਪਾਲ ਸਿੰਘ ਨੂੰ ਡਿਬਰੂਗੜ੍ਹ ਜੇਲ੍ਹ 'ਚ ਹੀ ਰੱਖਣ

ਹੋਏ ਬੇਨਤੀ ਕੀਤੀ ਹੈ ਕਿ ਐਨ.ਐਸ.ਏ. ਖ਼ਤਮ ਹੋਣ ਤੋਂ ਪਹਿਲਾਂ ਹੀ ਉਨ੍ਹਾਂ ਨੂੰ ਆਸਾਮ ਵਿੱਚ ਹੀ ਰਸਮੀ ਤੌਰ 'ਤੇ ਗ੍ਰਿਫ਼ਤਾਰ ਕਰਕੇ ਉੱਥੇ ਹੀ ਲਗਾਤਾਰ ਹਿਰਾਸਤ ਵਿੱਚ ਰੱਖਿਆ ਜਾਵੇ।

ਸੁਣਵਾਈ ਦੌਰਾਨ ਰਾਜ ਸਰਕਾਰ ਦੇ ਵਕੀਲ ਨੇ ਦਲੀਲ ਦਿੱਤੀ ਕਿ ਖੁਫ਼ੀਆ ਇਨਪੁਟ ਅਤੇ ਸੁਰੱਖਿਆ ਕਾਰਨਾਂ ਨੂੰ ਦੇਖਦੇ ਹੋਏ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਲਿਆਉਣਾ ਉਚਿਤ ਨਹੀਂ ਹੋਵੇਗਾ, ਪੰਜਾਬ ਦੀ ਸਥਿਤੀ ਖ਼ਤਰਨਾਕ ਹੋ ਸਕਦੀ ਹੈ। ਅਦਾਲਤ ਨੂੰ ਦੱਸਿਆ ਗਿਆ ਕਿ ਸਰਕਾਰ ਉਨ੍ਹਾਂ ਨੂੰ ਡਿਬਰੂਗੜ੍ਹ ਵਿੱਚ ਹੀ ਗ੍ਰਿਫ਼ਤਾਰ ਕਰਕੇ ਉੱਥੇ ਹੀ ਜੇਲ੍ਹ ਵਿੱਚ ਰੱਖਣਾ ਚਾਹੁੰਦੀ ਹੈ ਅਤੇ ਮੁਕੱਦਮੇ ਦੀ ਕਾਰਵਾਈ ਵੀਡੀਓ ਕਾਨਫਰੰਸਿੰਗ ਰਾਹੀਂ ਕਰਵਾਈ ਜਾਵੇਗੀ। ਵਕੀਲ ਨੇ ਸਪੱਸ਼ਟ ਕਿਹਾ,ਅਸੀਂ ਉਨ੍ਹਾਂ ਨੂੰ ਪੰਜਾਬ ਨਹੀਂ ਲਿਆਉਣਾ ਚਾਹੁੰਦੇ, ਸਗੋਂ ਆਸਾਮ ਵਿੱਚ ਹੀ ਗ੍ਰਿਫ਼ਤਾਰ ਕਰਕੇ ਉੱਥੇ ਹੀ ਰੱਖਣਾ ਚਾਹੁੰਦੇ ਹਾਂ। ਰਾਜ ਨੇ ਇਹ ਵੀ ਦਲੀਲ ਦਿੱਤੀ ਕਿ ਇਹ ਕਦਮ ਪੂਰੀ ਤਰ੍ਹਾਂ ਰਾਜ ਦੇ ਹਿੱਤ ਵਿੱਚ ਹੈ ਅਤੇ ਇਸ ਦੇ ਲਈ ਅਸਾਮ ਸਰਕਾਰ ਤੋਂ ਲੋੜੀਂਦੀ ਇਤਰਾਜ਼ਹੀਣਤਾ (NOC) ਵੀ ਪ੍ਰਾਪਤ ਕਰ ਲਈ ਗਈ ਹੈ। ਅਦਾਲਤ ਦੇ ਸਵਾਲ 'ਤੇ ਕਾਨੂੰਨੀ ਆਧਾਰ ਸਪੱਸ਼ਟ ਕਰਦੇ ਹੋਏ ਰਾਜ ਨੇ ਜੇਲ੍ਹ ਮੈਨੂਅਲ ਦੇ ਪ੍ਰਬੰਧਾਂ ਦਾ ਹਵਾਲਾ ਦਿੱਤਾ ਅਤੇ ਕਿਹਾ ਕਿ 22 ਅਪ੍ਰੈਲ ਨੂੰ ਪ੍ਰਸਤਾਵਿਤ ਗ੍ਰਿਫ਼ਤਾਰੀ ਤੋਂ ਪਹਿਲਾਂ ਅਦਾਲਤ ਦੀ ਇਜਾਜ਼ਤ ਜ਼ਰੂਰੀ ਹੈ। ਸਰਕਾਰ ਦੀ ਦਲੀਲ ਸੁਣਨ ਤੋਂ ਬਾਅਦ ਅਦਾਲਤ ਨੇ ਅੰਮ੍ਰਿਤਪਾਲ ਦੇ ਵਕੀਲ ਨੂੰ ਜਵਾਬ ਦਾਇਰ ਕਰਨ ਲਈ ਸੁਣਵਾਈ ਸ਼ੁੱਕਰਵਾਰ ਤੱਕ ਮੁਲਤਵੀ ਕਰ ਦਿੱਤੀ।

### ਪਾਕਿਸਤਾਨ ਦੇ ਟਿਊਬਵੈੱਲਾਂ ਕਾਰਨ ਪੰਜਾਬ 'ਚ ਪਾਣੀ ਦਾ

ਝੋਨੇ ਦੀ ਸਿੱਧੀ ਬਿਜਾਈ ਦੀ ਸੰਭਾਵਨਾ ਵਿਸ਼ੇ 'ਤੇ ਕਰਵਾਈ ਗਈ ਵਰਕਸ਼ਾਪ ਦੌਰਾਨ ਉਠਾਇਆ ਗਿਆ। ਮਾਹਿਰਾਂ ਨੇ ਮੰਗ ਕੀਤੀ ਹੈ ਕਿ ਸਰਹੱਦ ਦੇ ਆਰ-ਪਾਰ ਪਾਣੀ ਦੇ ਸਰੋਤਾਂ ਦਾ ਇੱਕ ਵਿਆਪਕ ਅਧਿਐਨ ਕੀਤਾ ਜਾਵੇ ਤਾਂ ਕਿ ਇਹ ਪਤਾ ਲਗਾਇਆ ਜਾ ਸਕੇ ਕਿ ਖੇਤੀਬਾੜੀ ਅਤੇ ਉਦਯੋਗਾਂ ਲਈ ਪਾਣੀ ਦੀ ਕਿੰਨੀ ਨਿਕਾਸੀ ਹੋ ਰਹੀ ਹੈ। ਨੈਸ਼ਨਲ ਇੰਸਟੀਚਿਊਟ ਆਫ ਹਾਈਡਰੋਲੋਜੀ, ਰੁੜਕੀ ਦੇ ਵਿਗਿਆਨੀ ਗੋਪਾਲ ਕ੍ਰਿਸ਼ਨ ਨੇ ਕਿਹਾ ਕਿ ਜ਼ਮੀਨੀ ਪਾਣੀ ਦੀ ਕੋਈ ਸਿਆਸੀ ਸੀਮਾ ਨਹੀਂ ਹੁੰਦੀ। ਅੰਮ੍ਰਿਤਸਰ ਦੇ ਸਰਹੱਦੀ ਖੇਤਰਾਂ ਵਿੱਚ ਚੱਲ ਰਹੇ ਅਧਿਐਨਾਂ ਤੋਂ ਪਤਾ ਲੱਗਦਾ ਹੈ ਕਿ ਜ਼ਮੀਨ ਦੇ ਅੰਦਰ ਪਾਣੀ ਦਾ ਵਹਾਅ ਭਾਰਤ ਤੋਂ ਪਾਕਿਸਤਾਨ ਵੱਲ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਗੁਆਂਢੀ ਖੇਤਰਾਂ ਵਿੱਚ ਪਾਣੀ ਦੀ ਸੰਭਾਲ ਲਈ ਇਕੋ ਜਿਹੇ ਕਦਮ ਨਹੀਂ ਚੁੱਕੇ ਜਾਂਦੇ ਤਾਂ ਭਾਰਤ ਵਿੱਚ ਕੀਤੇ ਜਾ ਰਹੇ ਸੁਧਾਰਾਂ ਦਾ ਅਸਰ ਖ਼ਤਮ ਹੋ ਸਕਦਾ ਹੈ। ਉਨ੍ਹਾਂ ਨੇ ਡਾਟਾ ਸਾਂਝਾ ਕਰਨ ਅਤੇ ਸਾਂਝੀ ਨੀਤੀ ਬਣਾਉਣ 'ਤੇ ਜ਼ੋਰ ਦਿੱਤਾ। ਸਰਕਾਰੀ ਅੰਕੜਿਆਂ ਮੁਤਾਬਕ ਪੰਜਾਬ ਵਿੱਚ ਹਰ ਸਾਲ 5.2 ਬਿਲੀਅਨ ਕਿਊਬਿਕ ਮੀਟਰ ਜ਼ਮੀਨੀ ਪਾਣੀ ਕੱਢਿਆ ਜਾ ਰਿਹਾ ਹੈ, ਜਿਸ ਕਾਰਨ ਪਾਣੀ ਦਾ ਪੱਧਰ ਸਾਲਾਨਾ 0.7 ਮੀਟਰ ਦੀ ਦਰ ਨਾਲ ਹੇਠਾਂ ਜਾ ਰਿਹਾ ਹੈ। ਰਾਜ ਦੇ 153 ਵਾਟਰ ਬਲਾਕਾਂ ਵਿੱਚੋਂ 115 ਦੀ ਹਾਲਤ ਅਤਿ-ਨਾਜ਼ੁਕ ਹੈ। ਹਾਲਾਂਕਿ, 2022 ਤੋਂ 2025 ਦੇ ਵਿਚਕਾਰ 17 ਬਲਾਕਾਂ ਵਿੱਚ ਸਥਿਤੀ ਵਿੱਚ ਸੁਧਾਰ ਹੋਇਆ ਹੈ। ਪੰਜਾਬ ਰਾਜ ਕਿਸਾਨ ਅਤੇ ਖੇਤ ਮਜ਼ਦੂਰ ਕਮਿਸ਼ਨ ਦੇ ਚੇਅਰਮੈਨ ਡਾ. ਸੁਖਪਾਲ ਨੇ ਵੀ ਇਸ ਸਰਹੱਦ ਪਾਰਲੇ ਅਧਿਐਨ ਦੀ ਲੋੜ ਦਾ ਸਮਰਥਨ ਕੀਤਾ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਸਤਬੀਰ ਸਿੰਘ ਗੋਸਲ ਨੇ ਸਪਸ਼ਟ ਕੀਤਾ ਕਿ ਜਿੰਨਾ ਚਿਰ ਦੂਜੀਆਂ ਫ਼ਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਨਹੀਂ ਮਿਲਦੀ, ਉਦੋਂ ਤੱਕ ਫ਼ਸਲੀ ਵਿਭਿੰਨਤਾ ਸੰਭਵ ਨਹੀਂ ਹੈ। ਉਨ੍ਹਾਂ ਕਿਹਾ ਕਿ ਝੋਨੇ ਹੇਠਲਾ ਰਕਬਾ ਘੱਟ ਹੋਣ ਦੀ ਸੰਭਾਵਨਾ ਨਹੀਂ ਹੈ, ਇਸ ਲਈ ਸਾਨੂੰ ਮੌਜੂਦਾ ਹਾਲਾਤ ਵਿੱਚ ਹੀ ਪਾਣੀ ਬਚਾਉਣ ਦੇ ਨਵੇਂ ਤਰੀਕੇ ਲੱਭਣੇ ਹੋਣਗੇ।

### ਬੰਗਾਲ 'ਚ ਅਧਿਕਾਰੀਆਂ ਦੀਆਂ ਬਦਲੀਆਂ

ਕਲਕੱਤਾ ਹਾਈ ਕੋਰਟ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਦਿੱਤਾ। ਹਾਈ ਕੋਰਟ ਨੇ ਪਹਿਲਾਂ ਪੱਛਮੀ ਬੰਗਾਲ ਵਿੱਚ ਚੋਣ ਕਮਿਸ਼ਨ ਵੱਲੋਂ ਪ੍ਰਭਾਵਿਤ ਅਧਿਕਾਰੀਆਂ ਦੇ ਬਦਲੀਆਂ ਨੂੰ ਚੁਣੌਤੀ ਦੇਣ ਵਾਲੀ ਇੱਕ ਜਨਹਿੱਤ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਸੀ।

### ਭਾਰਤ-ਨਿਊਜ਼ੀਲੈਂਡ ਵਿਚਾਲੇ ਮੁਕਤ ਵਪਾਰ ਸਮਝੌਤੇ 'ਤੇ

ਬਾਅਦ 27 ਅਪ੍ਰੈਲ ਨੂੰ ਨਵੀਂ ਦਿੱਲੀ ਵਿਚ ਸਥਿਤ ਭਾਰਤ ਮੰਡਪਮ ਵਿਚ ਇਸ ਸਮਝੌਤੇ 'ਤੇ ਹਸਤਾਖਰ ਕੀਤੇ ਜਾਣਗੇ। ਇਸ ਸਮਝੌਤੇ ਤੋਂ ਭਾਰਤ ਨੂੰ ਆਪਣੇ 100 ਫੀਸਦੀ ਨਿਰਯਾਤ 'ਤੇ ਜ਼ੀਰੋ ਡਿਊਟੀ ਵਾਲੀ ਬਾਜ਼ਾਰ ਪਹੁੰਚ ਮਿਲੇਗੀ, ਜਦਕਿ ਨਿਊਜ਼ੀਲੈਂਡ ਤੋਂ ਭਾਰਤ ਵਿਚ ਆਉਣ ਵਾਲੇ 95 ਫੀਸਦੀ ਮਾਲ 'ਤੇ ਡਿਊਟੀ ਖਤਮ ਜਾਂ ਘੱਟ ਹੋ ਜਾਵੇਗੀ। ਇਸ ਵਿਚ ਉੱਨ, ਕੋਇਲਾ, ਲੱਕੜ, ਸ਼ਰਾਬ ਤੋਂ ਲੈ ਕੇ ਐਵੋਕਾਡੋ ਅਤੇ ਬਲੂਬੇਰੀ ਤੱਕ ਸ਼ਾਮਲ ਹਨ। ਹਾਲਾਂਕਿ, ਭਾਰਤੀ ਕਿਸਾਨਾਂ ਅਤੇ ਘਰੇਲੂ ਉਦਯੋਗਾਂ ਨੂੰ ਸੁਰੱਖਿਆ ਦੇਣ ਲਈ ਭਾਰਤ ਨੇ ਦੁੱਧ, ਕਰੀਮ, ਮਠਾ, ਦਹੀਂ ਅਤੇ ਪਨੀਰ ਵਰਗੇ ਡੇਅਰੀ ਉਤਪਾਦਾਂ, ਪਿਆਜ਼, ਚੀਨੀ, ਮਸਾਲੇ, ਖਾਣਯੋਗ ਤੇਲ ਅਤੇ ਰਬੜ ਦੇ ਆਯਾਤ 'ਤੇ ਕੋਈ ਡਿਊਟੀ ਛੋਟ ਨਹੀਂ ਦਿੱਤੀ ਹੈ। ਇਸ ਸਮਝੌਤੇ ਤਹਿਤ ਨਿਊਜ਼ੀਲੈਂਡ ਨੂੰ ਭੇਡ ਦਾ ਮੀਟ, ਉੱਨ, ਕੋਇਲਾ ਅਤੇ ਵਨਸਪਤੀ ਤੇ ਲੱਕੜ ਤੋਂ ਬਣੇ 95 ਫੀਸਦੀ ਤੋਂ ਵੱਧ ਉਤਪਾਦਾਂ 'ਤੇ ਡਿਊਟੀ-ਮੁਕਤ ਪਹੁੰਚ ਮਿਲੇਗੀ। ਸੇਵਾ ਖੇਤਰ ਵਿਚ, ਨਿਊਜ਼ੀਲੈਂਡ ਭਾਰਤੀ ਪੇਸ਼ੇਵਰਾਂ ਲਈ ਹਰ ਸਾਲ 5,000 ਵੀਜ਼ਾ ਕੋਟਾ ਨਾਲ ਤਿੰਨ ਸਾਲ ਤੱਕ ਦੀ ਅਸਥਾਈ ਰੁਜ਼ਗਾਰ ਵੀਜ਼ਾ ਮੁਹੱਈਆ ਕਰਵਾਏਗਾ। ਦੋਵਾਂ ਦੇਸ਼ਾਂ ਵਿਚਾਲੇ ਵਪਾਰ 2024-25 ਵਿਚ 1.3 ਅਰਬ ਡਾਲਰ ਰਿਹਾ ਸੀ। ਚੀਜ਼ਾਂ ਅਤੇ ਸੇਵਾਵਾਂ ਦਾ ਕੁੱਲ ਵਪਾਰ 2024 ਵਿਚ ਲਗਭਗ 2.4 ਅਰਬ ਡਾਲਰ ਤੱਕ ਪਹੁੰਚ ਗਿਆ। ਇਸ ਵਿਚ ਸਿਰਫ ਸੇਵਾਵਾਂ ਦਾ ਵਪਾਰ 1.24 ਅਰਬ ਡਾਲਰ ਤੱਕ ਹੈ, ਜਿਸ ਵਿਚ ਯਾਤਰਾ, ਆਈ.ਟੀ. ਅਤੇ ਵਪਾਰਕ ਸੇਵਾਵਾਂ ਦਾ ਮਹੱਤਵਪੂਰਨ ਯੋਗਦਾਨ ਹੈ।

### ਪੰਜਾਬ ਵਿੱਚ ਨਸ਼ਿਆਂ ਦੇ ਟੀਕਿਆਂ

ਏਡਜ਼ ਨੂੰ ਖ਼ਤਮ ਕਰਨ ਦੇ ਗਲੋਬਲ ਟੀਚੇ '95-95-95' ਨੂੰ ਹਾਸਲ ਕਰਨਾ ਸੀ। ਡਾ. ਗੁਪਤਾ ਨੇ ਕਿਹਾ, 'ਪੰਜਾਬ ਵਰਗੇ ਰਾਜਾਂ ਵਿੱਚ ਜਿੱਥੇ ਨਸ਼ੇ ਦੇ ਟੀਕੇ ਲਗਾਉਣਾ ਐੱਚ.ਆਈ.ਵੀ. ਦੇ ਫੈਲਣ ਵਿੱਚ ਯੋਗਦਾਨ ਪਾਉਂਦਾ ਹੈ, ਸਾਡੀ ਕਾਰਵਾਈ ਤੁਰੰਤ ਅਤੇ ਤੇਜ਼ ਹੋਣੀ ਚਾਹੀਦੀ ਹੈ। ਇਸ ਰੁਝਾਨ ਨੂੰ ਬਦਲਣ ਲਈ ਜ਼ਿਲ੍ਹਾ ਪੱਧਰੀ ਰਣਨੀਤੀਆਂ ਅਤੇ ਸਿਹਤ ਸੇਵਾਵਾਂ ਦਾ ਤਾਲਮੇਲ ਬਹੁਤ ਜ਼ਰੂਰੀ ਹੈ।' ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਿਆਂ ਨੂੰ ਵਧੇਰੇ ਜ਼ਿੰਮੇਵਾਰੀ ਅਤੇ ਜਵਾਬਦੇਹੀ ਸੌਂਪਣਾ ਰਾਸ਼ਟਰੀ ਟੀਚਿਆਂ ਨੂੰ ਸਥਾਨਕ ਪੱਧਰ 'ਤੇ ਪ੍ਰਭਾਵਸ਼ਾਲੀ ਬਣਾਉਣ ਲਈ ਮਹੱਤਵਪੂਰਨ ਹੋਵੇਗਾ। ਪੰਜਾਬ ਵਿੱਚ ਐੱਚ.ਆਈ.ਵੀ. ਦੀ ਦਰ 0.42 ਫੀਸਦੀ ਹੈ ਅਤੇ ਲਗਪਗ 1,10,715 ਲੋਕ ਐੱਚ.ਆਈ.ਵੀ. ਪੀੜਤ ਹਨ, ਜਿਸ ਕਾਰਨ ਇਹ ਰਾਜ ਨੈਕੋ ਦੀ ਤਰਜੀਹ ਸੂਚੀ ਵਿੱਚ ਹੈ। ਪੰਜਾਬ ਦੇ 23 ਵਿੱਚੋਂ 21 ਜ਼ਿਲ੍ਹਿਆਂ ਤਰਨ ਤਾਰਨ, ਅੰਮ੍ਰਿਤਸਰ, ਮੋਗਾ, ਪਠਾਨਕੋਟ, ਮਾਨਸਾ, ਫਤਹਿਗੜ੍ਹ ਸਾਹਿਬ, ਲੁਧਿਆਣਾ, ਹੁਸ਼ਿਆਰਪੁਰ, ਮੁਹਾਲੀ, ਜਲੰਧਰ, ਕਪੂਰਥਲਾ, ਗੁਰਦਾਸਪੁਰ, ਬਰਨਾਲਾ, ਫਰੀਦਕੋਟ, ਸੰਗਰੂਰ, ਪਟਿਆਲਾ, ਨਵਾਂਸ਼ਹਿਰ, ਫਿਰੋਜ਼ਪੁਰ, ਬਠਿੰਡਾ, ਰੋਪੜ ਅਤੇ ਮੁਕਤਸਰ ਸਾਹਿਬ ਵਿਚ ਯੋਜਨਾ ਬਣਾਈ ਗਈ ਹੈ। ਇਸ ਮੌਕੇ ਜ਼ਿਲ੍ਹਾ ਟੀਮਾਂ ਨੇ ਆਪਣੀ ਰਿਪੋਰਟ ਪੇਸ਼ ਕੀਤੀ ਅਤੇ ਕੰਮ ਵਿੱਚ ਆ ਰਹੀਆਂ ਚੁਣੌਤੀਆਂ ਬਾਰੇ ਦੱਸਿਆ। ਡਿਪਟੀ ਕਮਿਸ਼ਨਰਾਂ, ਸਿਵਲ ਸਰਜਨਾਂ ਅਤੇ ਜ਼ਿਲ੍ਹਾ ਏਡਜ਼ ਕੰਟਰੋਲ ਅਫ਼ਸਰਾਂ ਨੇ ਮਿਲ ਕੇ ਬਚਾਅ, ਟੈਸਟਿੰਗ ਅਤੇ ਇਲਾਜ ਦੀਆਂ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਯੋਜਨਾਵਾਂ ਤਿਆਰ ਕੀਤੀਆਂ। ਪੰਜਾਬ ਦੇ ਸਿਹਤ ਸਕੱਤਰ ਕੁਮਾਰ ਰਾਹੁਲ ਨੇ ਕਿਹਾ ਕਿ ਪੰਜਾਬ ਤੱਥਾਂ 'ਤੇ ਅਧਾਰਿਤ ਕਾਰਵਾਈ ਰਾਹੀਂ ਆਪਣੀ ਸਿਹਤ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰੇਗਾ ਤਾਂ ਜੋ ਬਿਹਤਰ ਨਤੀਜੇ ਸਾਹਮਣੇ ਆ ਸਕਣ।

### ਇਜ਼ਰਾਈਲ ਅਤੇ ਲਿਬਨਾਨ 10 ਦਿਨਾਂ

ਬ੍ਰੈਡ ਕੂਪਰ ਨੇ ਪੁਸ਼ਟੀ ਕੀਤੀ ਹੈ ਕਿ ਅਮਰੀਕੀ ਫੌਜ ਨੇ ਇਰਾਨ ਵੱਲ ਜਾਣ ਵਾਲੇ ਸਾਰੇ ਸਮੁੰਦਰੀ ਰਸਤੇ ਪੂਰੀ ਤਰ੍ਹਾਂ ਬੰਦ ਕਰ ਦਿੱਤੇ ਹਨ ਅਤੇ ਪਿਛਲੇ 48 ਘੰਟਿਆਂ ਵਿੱਚ ਕਿਸੇ ਵੀ ਜਹਾਜ਼ ਨੂੰ ਲੰਘਣ ਨਹੀਂ ਦਿੱਤਾ ਗਿਆ।

ਇਜ਼ਰਾਈਲ-ਹਿਜ਼ਬੁੱਲ੍ਹਾ ਜੰਗ ਜਾਰੀ

ਦੂਜੇ ਪਾਸੇ, ਇਜ਼ਰਾਈਲ ਨੇ ਲੇਬਨਾਨ ਵਿੱਚ ਹਿਜ਼ਬੁੱਲ੍ਹਾ ਖ਼ਿਲਾਫ਼ ਆਪਣੀ ਫੌਜੀ ਕਾਰਵਾਈ ਤੇਜ਼ ਕਰ ਦਿੱਤੀ ਹੈ। ਇਜ਼ਰਾਇਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਹੈ ਕਿ ਉਨ੍ਹਾਂ ਦੀਆਂ ਫੌਜਾਂ ਦੱਖਣੀ ਲਿਬਨਾਨ ਦੇ ਰਣਨੀਤਕ ਕਸਬੇ ਬਿੰਤ ਜਬੀਲ ਵਿੱਚ ਹਿਜ਼ਬੁੱਲ੍ਹਾ ਦੇ ਗੜ੍ਹ ਨੂੰ ਤਬਾਹ ਕਰਨ ਦੇ ਕਰੀਬ ਹਨ। ਨੇਤਨਯਾਹੂ ਨੇ ਸਪੱਸ਼ਟ ਕੀਤਾ ਕਿ ਉਹ 'ਤਾਕਤ ਰਾਹੀਂ ਸ਼ਾਂਤੀ' ਦੇ ਸਿਧਾਂਤ 'ਤੇ ਕੰਮ ਕਰ ਰਹੇ ਹਨ ਅਤੇ ਲਿਬਨਾਨ ਨਾਲ ਗੱਲਬਾਤ ਦੇ ਨਾਲ-ਨਾਲ ਫੌਜੀ ਕਾਰਵਾਈ ਵੀ ਜਾਰੀ ਰਹੇਗੀ।

ਗਲੋਬਲ ਅਰਥਚਾਰੇ 'ਤੇ ਅਸਰ

ਇਸ ਜੰਗ ਦੇ ਪ੍ਰਭਾਵ ਹੁਣ ਦੂਰ-ਦੁਰਾਡੇ ਦੇ ਮੁਲਕਾਂ ਵਿੱਚ ਵੀ ਦੇਖਣ ਨੂੰ ਮਿਲ ਰਹੇ ਹਨ। ਆਸਟਰੇਲੀਆ ਦੀ ਇੱਕ ਵੱਡੀ ਤੇਲ ਰਿਫਾਇਨਰੀ ਵਿੱਚ ਅੱਗ ਲੱਗਣ ਕਾਰਨ ਉੱਥੇ ਤੇਲ ਦੀ ਸਪਲਾਈ ਪ੍ਰਭਾਵਿਤ ਹੋਈ ਹੈ, ਜਿਸ ਨਾਲ ਇਰਾਨ ਜੰਗ ਕਾਰਨ ਪਹਿਲਾਂ ਹੀ ਜੂਝ ਰਹੀ ਈਂਧਨ ਦੀ ਕਿੱਲਤ ਹੋਰ ਵਧ ਗਈ ਹੈ। ਪਰ ਜੰਗਬੰਦੀ ਦੀਆਂ ਉਮੀਦਾਂ ਕਾਰਨ ਅਮਰੀਕੀ ਸ਼ੇਅਰ ਬਾਜ਼ਾਰ (ਵਾਲ ਸਟਰੀਟ) ਵਿੱਚ ਤੇਜ਼ੀ ਦੇਖੀ ਗਈ ਹੈ ਅਤੇ ਐੱਸ ਐਂਡ ਪੀ 500 ਇੰਡੈਕਸ ਆਪਣੇ ਰਿਕਾਰਡ ਪੱਧਰ 'ਤੇ ਪਹੁੰਚ ਗਿਆ ਹੈ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.

Chief Editor : Jagjit Singh Dardi

PRGI (RNI) Regd. No. 22972/1972

# ਪੰਜਾਬ ਪੁਲਿਸ, ਆਈ.ਆਈ.ਟੀ. ਰੋਪੜ ਨਾਲ ਮਿਲ ਕੇ ਏਆਈ-ਅਧਾਰਤ ਅਪਰਾਧ ਨਿਯੰਤਰਣ ਪ੍ਰਣਾਲੀ ਨੂੰ ਕਰੇਗੀ ਮਜ਼ਬੂਤ

ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.): ਭਗਵੰਤ ਮਾਨ ਸਰਕਾਰ ਨੇ ਸੰਗਠਿਤ ਅਪਰਾਧ ਖ਼ਿਲਾਫ਼ ਆਪਣੀ ਕਾਰਵਾਈ ਨੂੰ ਹੋਰ ਤੇਜ਼ ਕਰਨ ਲਈ ਇੰਡੀਅਨ ਇੰਸਟੀਟਿਊਟ ਆਫ ਟੈਕਨਾਲੋਜੀ ਰੋਪੜ ਨਾਲ ਸਾਂਝ ਪਾ ਕੇ ਆਰਟੀਫ਼ਿਸ਼ਲ ਇੰਟੈਲੀਜੈਂਸ ਆਧਾਰਿਤ ਪੁਲਿਸਿੰਗ ਸਿਸਟਮ ਲਾਗੂ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਇਸ ਪਹਿਲ ਦਾ ਉਦੇਸ਼ ਅਪਰਾਧੀਆਂ ਦਾ ਇੱਕ ਢਾਂਚਾਬੱਧ ਡੇਟਾਬੇਸ ਤਿਆਰ ਕਰਨਾ ਅਤੇ "ਗੈਂਗਸਟਰਾਂ ਤੇ ਵਾਰ" ਤੇ "ਯੁੱਧ ਨਸ਼ਿਆਂ ਵਿਰੁੱਧ" ਵਰਗੀਆਂ ਮੁਹਿੰਮਾਂ ਨੂੰ ਮਜ਼ਬੂਤ ਕਰਨਾ ਹੈ, ਤਾਂ ਜੋ ਪੰਜਾਬ ਅਤੇ ਰਾਜ ਤੋਂ ਬਾਹਰ ਸਰਗਰਮ ਗੈਂਗਸਟਰ ਨੈੱਟਵਰਕ ਨੂੰ ਨਸ਼ਟ ਕੀਤਾ ਜਾ ਸਕੇ। ਇਸ ਸਹਿਯੋਗ ਦੇ ਤਹਿਤ, ਆਈਆਈਟੀ ਰੋਪੜ ਨਾਲ ਮਿਲ ਕੇ ਰਾਜ ਸਰਕਾਰ ਏਆਈ ਟੂਲਜ਼ ਦੀ ਵਰਤੋਂ ਕਰੇਗੀ; ਜਿਸ ਨਾਲ ਪੰਜਾਬ ਪੁਲਿਸ ਅਪਰਾਧੀਆਂ ਦੇ ਨੈੱਟਵਰਕ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਮੈਪ ਤੇ ਟਾਰਗੇਟ ਕਰ ਸਕੇਗੀ। ਇਸ ਪ੍ਰੋਜੈਕਟ ਲਈ ਡਾ. ਬੀ.ਆਰ.ਅੰਬੇਦਕਰ ਸਟੇਟ ਇੰਸਟੀਟਿਊਟ ਆਫ ਮੈਡੀਕਲ ਸਾਇੰਸ ਅਤੇ ਆਈਆਈਟੀ ਰੋਪੜ ਵਿਚਕਾਰ ਸਮਝੌਤਾ ਯਾਦਦਾਸ਼ਤ (ਮੈਮੋਰੈਂਡਮ ਆਫ ਅੰਡਰਸਟੈਂਡਿੰਗ) 'ਤੇ ਦਸਤਖ਼ਤ ਕੀਤੇ ਗਏ ਹਨ। ਜਿੱਥੇ ਏਮਸ ਮੋਹਾਲੀ ਵਿੱਚ ਸਥਾਪਿਤ ਡਾਟਾ ਇੰਟੈਲੀਜੈਂਸ ਅਤੇ ਟੈਕਨੀਕਲ ਸਪੋਰਟ ਯੂਨਿਟ, ਵੱਖ-ਵੱਖ ਹਿੱਸੇਦਾਰਾਂ ਵਿੱਚ ਸਮਨਵਯ ਕਰਕੇ ਪ੍ਰੋਜੈਕਟ ਨੂੰ ਅੱਗੇ ਵਧਾਏਗੀ।

ਇਸ ਸਾਂਝੇਦਾਰੀ ਦੇ ਤਹਿਤ, ਆਈਆਈਟੀ ਰੋਪੜ ਉੱਨਤ ਸਾਫ਼ਟਵੇਅਰ ਤਿਆਰ ਕਰੇਗਾ; ਜਿਸ



ਵਿੱਚ ਡਾਟਾ ਐਨਾਲਿਟਿਕਸ, ਆਵਾਜ਼ ਪਛਾਣ ਤਕਨੀਕ (ਵੌਇਸ ਰਿਕਗਨੀਸ਼ਨ) ਅਤੇ ਡੈਸ਼ਬੋਰਡ-ਆਧਾਰਿਤ ਮਾਨੀਟਰਿੰਗ ਵਰਗੀਆਂ ਸੁਵਿਧਾਵਾਂ ਸ਼ਾਮਲ ਹੋਣਗੀਆਂ। ਇਸ ਨਾਲ ਰੀਅਲ-ਟਾਈਮ ਟ੍ਰੈਕਿੰਗ ਅਤੇ ਇੰਟੈਲੀਜੈਂਸ-ਆਧਾਰਿਤ ਪੁਲਿਸਿੰਗ ਸੰਭਵ ਹੋਵੇਗੀ, ਜਿਸ ਨਾਲ ਵਿਦੇਸ਼ਾਂ ਤੋਂ ਚੱਲ ਰਹੇ ਗੈਂਗਸਟਰ ਨੈੱਟਵਰਕ 'ਤੇ ਵੀ ਕਾਰਵਾਈ ਕੀਤੀ ਜਾ ਸਕੇਗੀ। ਇਹ ਪਹਿਲ ਪੰਜਾਬ ਪੁਲਿਸ ਨੂੰ ਇੱਕ ਵਿਸਤ੍ਰਿਤ ਤੇ ਏਕੀਕ੍ਰਿਤ ਅਪਰਾਧੀ ਡੇਟਾਬੇਸ ਤਿਆਰ ਕਰਨ ਵਿੱਚ ਸਮਰੱਥ ਬਣਾਏਗੀ, ਜਿਸ ਵਿੱਚ ਸਟਰਕਚਰਡ ਅਤੇ ਅਨਸਟ੍ਰਕਚਰਡ ਦੋਹਾਂ ਕਿਸਮਾਂ ਦੇ ਡਾਟਾ ਨੂੰ ਜੋੜਿਆ ਜਾਵੇਗਾ। ਇਸ ਵਿੱਚ ਸਕੈਨ ਕੀਤੀਆਂ ਪੀਡੀਐਫ ਫ਼ਾਈਲਾਂ ਤੇ ਹੱਥ-ਲਿਖਤ ਰਿਕਾਰਡ ਨੂੰ ਡਿਜ਼ੀਟਲ ਰੂਪ ਵਿੱਚ ਬਦਲ ਕੇ ਇੱਕੋ ਪਲੇਟਫਾਰਮ 'ਤੇ ਉਪਲੱਬਧ ਕਰਵਾਇਆ ਜਾਵੇਗਾ, ਜਿਸ ਨਾਲ ਵਿਖਰੀ ਹੋਈ ਜਾਣਕਾਰੀ ਨੂੰ ਤੁਰੰਤ ਐਕਸੈਸ ਕੀਤਾ ਜਾ ਸਕੇਗਾ।

ਭਗਵੰਤ ਮਾਨ ਸਰਕਾਰ ਅਤੇ ਆਈਆਈਟੀ ਰੋਪੜ ਮਿਲ ਕੇ ਟ੍ਰੈਕਿੰਗ ਅਤੇ ਵਿਸ਼ਲੇਸ਼ਣ ਲਈ ਤਕਨੀਕੀ ਸਹਾਇਤਾ ਪ੍ਰਦਾਨ ਕਰਨਗੇ, ਜਿਸ ਨਾਲ ਵਿਖਰੇ ਹੋਏ ਡਾਟਾ ਨੂੰ ਏਆਈ ਟੂਲਜ਼, ਪ੍ਰਿਡਿਕਟਿਵ ਮਾਡਲਜ਼ ਅਤੇ ਐਨਾਲਿਟਿਕਲ ਡੈਸ਼ਬੋਰਡ ਰਾਹੀਂ ਲਾਭਕਾਰੀ ਜਾਣਕਾਰੀ ਵਿੱਚ ਬਦਲਿਆ ਜਾ ਸਕੇਗਾ। ਇਸ ਨਾਲ ਫ਼ੈਸਲਾ ਲੈਣ ਦੀ ਪ੍ਰਕਿਰਿਆ ਤੇਜ਼ ਅਤੇ ਹੋਰ ਪ੍ਰਭਾਵਸ਼ਾਲੀ ਹੋਵੇਗੀ। ਰਾਜ ਸਰਕਾਰ ਨੇ ਆਧੁਨਿਕ ਪੁਲਿਸਿੰਗ ਵਿੱਚ ਡਾਟਾ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਕਿਹਾ ਕਿ ਜਿੱਥੇ ਸਟਰਕਚਰਡ ਡਾਟਾ ਦਾ ਵਿਸ਼ਲੇਸ਼ਣ ਆਸਾਨ ਹੁੰਦਾ ਹੈ, ਉੱਥੇ ਪੁਲਿਸ ਰਿਕਾਰਡ ਦਾ ਵੱਡਾ ਹਿੱਸਾ ਅਨਸਟ੍ਰਕਚਰਡ ਰੂਪ ਵਿੱਚ ਹੁੰਦਾ ਹੈ, ਜਿਵੇਂ ਕਿ ਹੱਥ-ਲਿਖਤ ਰਿਪੋਰਟਾਂ ਅਤੇ ਸਕੈਨ ਕੀਤੇ ਦਸਤਾਵੇਜ਼। ਇਨ੍ਹਾਂ ਦਾ ਏਕੀਕਰਨ ਨਾ ਹੋਣ ਕਰਕੇ ਜਾਂਚ ਪ੍ਰਕਿਰਿਆ ਹੌਲੀ ਪੈ ਜਾਂਦੀ ਹੈ। ਇਹ ਪ੍ਰੋਜੈਕਟ ਅਨਸਟ੍ਰਕਚਰਡ ਰਿਕਾਰਡਾਂ ਨੂੰ ਬਦਲ ਕੇ ਉਨ੍ਹਾਂ ਨੂੰ ਮੌਜੂਦਾ ਡਾਟਾਸੈੱਟਸ ਨਾਲ ਜੋੜ ਕੇ ਇੱਕ ਇਕੱਠੀ ਪ੍ਰਣਾਲੀ ਵਿੱਚ ਸ਼ਾਮਲ ਕਰਦਾ ਹੈ, ਜਿਸ ਨਾਲ ਜਾਂਚ ਦੀ ਕਾਰਗੁਜ਼ਾਰੀ ਵਿੱਚ ਮਹੱਤਵਪੂਰਨ ਵਾਧਾ ਹੁੰਦਾ ਹੈ।

ਇੱਕ ਸੀਨੀਅਰ ਪੰਜਾਬ ਪੁਲਿਸ ਅਧਿਕਾਰੀ ਨੇ ਕਿਹਾ, "ਆਈਆਈਟੀ ਰੋਪੜ ਨਾਲ ਇਹ ਸਾਂਝੇਦਾਰੀ ਪੁਲਿਸ ਫੋਰਸ ਦੀ ਏਆਈ ਅਤੇ ਮਸ਼ੀਨ ਲਰਨਿੰਗ ਸਮਰੱਥਾਵਾਂ ਨੂੰ ਮਜ਼ਬੂਤ ਕਰੇਗਾ। ਪੁਲਿਸ-ਕਰਮੀ ਅਪਰਾਧ ਦੇ ਪੈਟਰਨ ਦੀ ਪਛਾਣ ਕਰਨ ਲਈ ਹੋਰ ਵਧੀਆ ਤਰੀਕੇ ਨਾਲ ਲੈਸ ਹੋਣਗੇ, ਜੋ "ਗੈਂਗਸਟਰਾਂ ਤੇ ਵਾਰ" ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਏਗਾ ਅਤੇ ਅਪਰਾਧੀਆਂ ਵੱਲੋਂ ਤਕਨੀਕ ਦੇ ਦੁਰਪਯੋਗ ਨੂੰ ਰੋਕੇਗਾ।"

ਅਧਿਕਾਰੀ ਨੇ ਅੱਗੇ ਕਿਹਾ, "ਸਾਡਾ ਮਕਸਦ ਅਪਰਾਧੀਆਂ ਤੋਂ ਇੱਕ ਕਦਮ ਅੱਗੇ ਰਹਿਣਾ ਤੇ ਉਨ੍ਹਾਂ ਦੇ ਨੈੱਟਵਰਕ ਨੂੰ ਨਿਸ਼ਾਨਾ ਬਣਾਉਣਾ ਹੈ। ਗੈਂਗਸਟਰ ਵਿਦੇਸ਼ਾਂ ਤੋਂ ਆਪਰੇਟ ਕਰਦੇ ਹਨ ਅਤੇ ਇੱਥੋਂ ਦੇ ਨੌਜਵਾਨਾਂ ਨੂੰ ਅਪਰਾਧ ਲਈ ਉਕਸਾਉਂਦੇ ਹਨ। ਇਹ ਸਹਿਯੋਗ ਏਆਈ ਦੇ ਜ਼ਰੀਏ ਅਪਰਾਧੀਆਂ ਦੀ "ਪਛਾਣ ਅਤੇ ਰੋਕਥਾਮ" ਨੂੰ ਹੋਰ ਮਜ਼ਬੂਤ ਕਰੇਗਾ। ਇਹ ਪੰਜਾਬ ਪੁਲਿਸ ਨੂੰ ਇੱਕ ਸੁਵਿਧਾਜਨਕ ਡੇਟਾਬੇਸ ਬਣਾਉਣ ਵਿੱਚ ਮਦਦ ਕਰੇਗਾ, ਜਿਸ ਨਾਲ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਨੂੰ ਵਿਵਸਥਿਤ ਢੰਗ ਨਾਲ ਇਕੱਠਾ ਕੀਤਾ ਜਾ ਸਕੇਗਾ ਅਤੇ ਏਆਈ ਆਧਾਰਿਤ ਟੂਲਜ਼ ਰਾਹੀਂ ਇਸਦਾ ਪ੍ਰਭਾਵਸ਼ਾਲੀ ਮੁਲਾਂਕਣ, ਪੁੱਛਗਿੱਛ ਅਤੇ ਵਿਸ਼ਲੇਸ਼ਣ ਕੀਤਾ ਜਾ ਸਕੇਗਾ।"

ਇਹ ਪ੍ਰੋਜੈਕਟ ਸਟਰਕਚਰਡ ਅਤੇ ਅਨਸਟ੍ਰਕਚਰਡ ਡਾਟਾ ਸਰੋਤਾਂ ਵਿਚਕਾਰ ਦੀ ਖਾਈ ਨੂੰ ਭਰਨ ਦਾ ਵੀ ਉਦੇਸ਼ ਰੱਖਦਾ ਹੈ। ਇਸ ਦੇ ਤਹਿਤ ਇੱਕ ਅਜਿਹੀ ਪ੍ਰਣਾਲੀ ਤਿਆਰ ਕੀਤੀ ਜਾ ਰਹੀ ਹੈ ਜੋ ਅਨਸਟ੍ਰਕਚਰਡ ਦਸਤਾਵੇਜ਼ਾਂ ਨੂੰ ਆਪਣੇ ਵਿੱਚ ਸ਼ਾਮਲ ਕਰਕੇ ਉਨ੍ਹਾਂ ਨੂੰ ਮੌਜੂਦਾ ਸਟਰਕਚਰਡ ਡਾਟਾਸੈੱਟਸ ਨਾਲ ਜੋੜ ਕੇ ਇੱਕ ਇਕੱਠਾ ਅਤੇ ਸੁਵਿਧਾਜਨਕ ਡੇਟਾਬੇਸ ਤਿਆਰ ਕਰੇਗੀ।

ਇਹ ਪ੍ਰੋਜੈਕਟ ਅਪਰਾਧ ਦੀ ਪਛਾਣ ਵਿੱਚ ਤੇਜ਼ੀ ਲਿਆਉਣ, ਅਪਰਾਧੀ ਨੈੱਟਵਰਕ ਦੀ ਨਿਗਰਾਨੀ ਮਜ਼ਬੂਤ ਕਰਨ ਅਤੇ ਡਾਟਾ-ਆਧਾਰਿਤ ਤੁਰੰਤ ਕਾਰਵਾਈ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ; ਜਿਸ ਨਾਲ ਪੰਜਾਬ ਵਿੱਚ ਲੋਕ ਸੁਰੱਖਿਆ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇਗਾ।

# ਬੁਢਾਪਾ ਪੈਨਸ਼ਨ ਲਈ 352 ਕਰੋੜ ਤੋਂ ਵੱਧ ਦੀ ਰਾਸ਼ੀ ਜਾਰੀ, ਬਜ਼ੁਰਗਾਂ ਦੀ ਆਰਥਿਕ ਸੁਰੱਖਿਆ ਹੋਈ ਮਜ਼ਬੂਤ : ਡਾ. ਬਲਜੀਤ ਕੌਰ

▸▸ਪੰਜਾਬ ਭਰ ਵਿੱਚ 23.51 ਲੱਖ ਤੋਂ ਵੱਧ ਬਜ਼ੁਰਗਾਂ ਨੂੰ ਮਹੀਨਾਵਾਰ ਪੈਨਸ਼ਨ ਦਾ ਲਾਭ

▸▸4000 ਕਰੋੜ ਦਾ ਬਜਟ ਉਪਬੰਧ, ਸਮਾਜਿਕ ਸੁਰੱਖਿਆ ਸਕੀਮਾਂ ਨੂੰ ਮਿਲੀ ਹੋਰ ਮਜ਼ਬੂਤੀ

ਚੰਡੀਗੜ੍ਹ, 16 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿੱਤੀ ਸਾਲ 2026-27 ਅਧੀਨ ਮਹੀਨਾ ਮਾਰਚ ਲਈ ਬੁਢਾਪਾ ਪੈਨਸ਼ਨ ਸਕੀਮ ਤਹਿਤ 352 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਹੈ।



ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਜ਼ੁਰਗਾਂ ਦੀ ਭਲਾਈ ਅਤੇ ਆਰਥਿਕ ਸਹਾਇਤਾ ਯਕੀਨੀ ਬਣਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ। ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਰ ਮਹੀਨੇ 23,51,338 ਬਜ਼ੁਰਗ ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ 4000 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ ਤਾਂ ਜੋ ਯੋਗ ਲਾਭਪਾਤਰੀਆਂ ਨੂੰ ਸਮੇਂ ਸਿਰ ਆਰਥਿਕ ਸਹਾਇਤਾ ਮਿਲਦੀ ਰਹੇ। ਕੈਬਨਿਟ ਮੰਤਰੀ ਨੇ ਕਿਹਾ ਕਿ ਬਹੁਤ ਸਾਰੇ ਬਜ਼ੁਰਗਾਂ ਲਈ ਇਹ ਪੈਨਸ਼ਨ ਜੀਵਨ ਦੀ ਮਹੱਤਵਪੂਰਨ ਆਰਥਿਕ ਸਹਾਇਤਾ ਸਾਬਤ ਹੋ ਰਹੀ ਹੈ, ਜਿਸ ਨਾਲ ਉਹ ਆਪਣੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਪੂਰੀਆਂ ਕਰਦੇ ਹੋਏ ਆਤਮ-ਨਿਰਭਰ ਜੀਵਨ ਬਤੀਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਕੀਮ ਸਰਕਾਰ ਵੱਲੋਂ ਬਜ਼ੁਰਗਾਂ ਨੂੰ ਸਨਮਾਨ ਅਤੇ ਸੁਰੱਖਿਆ ਪ੍ਰਦਾਨ ਕਰਨ ਦੇ ਉਦੇਸ਼ ਨੂੰ ਦਰਸਾਉਂਦੀ ਹੈ।

ਡਾ. ਬਲਜੀਤ ਕੌਰ ਨੇ ਦੱਸਿਆ ਕਿ 65 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਪੁਰਸ਼ ਤੇ 58 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਮਹਿਲਾਵਾਂ, ਜਿਨ੍ਹਾਂ ਦੀ ਸਾਲਾਨਾ ਆਮਦਨ 60,000 ਰੁਪਏ ਤੋਂ ਵੱਧ ਨਾ ਹੋਵੇ, ਇਸ ਸਕੀਮ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਬਿਨੈਕਾਰਾਂ ਕੋਲ 2.5 ਏਕੜ ਤੱਕ ਨਹਿਰੀ/ਚਾਹੀ ਜ਼ਮੀਨ, ਜਾਂ 5 ਏਕੜ ਤੱਕ ਬਾਰਾਨੀ ਜ਼ਮੀਨ, ਜਾਂ ਪਾਣੀ ਵਾਲੇ ਇਲਾਕੇ ਵਿੱਚ 5 ਏਕੜ ਤੱਕ ਜ਼ਮੀਨ (ਪਤੀ-ਪਤਨੀ ਦੀ ਮਿਲੀ ਹੋਈ ਜ਼ਮੀਨ ਸਮੇਤ) ਹੈ, ਉਹ ਵੀ ਇਸ ਸਕੀਮ ਲਈ ਯੋਗ ਹਨ।

ਕੈਬਨਿਟ ਮੰਤਰੀ ਨੇ ਸਾਰੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਧਿਕਾਰੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੈਨਸ਼ਨਾਂ ਦੀ ਸਮੇਂ ਸਿਰ ਵੰਡ ਯਕੀਨੀ ਬਣਾਈ ਜਾਵੇ ਤੇ ਬਕਾਇਆ ਅਰਜ਼ੀਆਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਨਿਯਮਿਤ ਨਿਗਰਾਨੀ ਅਤੇ ਫੀਲਡ ਪੱਧਰ 'ਤੇ ਜਾਂਚ ਕੀਤੀ ਜਾਵੇ ਤਾਂ ਜੋ ਕੋਈ ਵੀ ਯੋਗ ਬਜ਼ੁਰਗ ਲਾਭ ਤੋਂ ਵਾਂਝਾ ਨਾ ਰਹੇ ਅਤੇ ਪਾਰਦਰਸ਼ੀ ਢੰਗ ਨਾਲ ਲਾਭਪਾਤਰੀਆਂ ਤੱਕ ਰਕਮ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਪਣੇ ਬਜ਼ੁਰਗਾਂ ਨੂੰ ਸਮਾਜ ਦੀ ਅਨਮੋਲ ਧਰੋਹਰ ਮੰਨਦੀ ਹੈ ਅਤੇ ਉਨ੍ਹਾਂ ਦੀ ਭਲਾਈ ਅਤੇ ਸੁਰੱਖਿਆ ਲਈ ਲਗਾਤਾਰ ਕੰਮ ਕਰ ਰਹੀ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਰਾਜ ਦਾ ਹਰ ਬਜ਼ੁਰਗ ਇੱਜ਼ਤ, ਆਤਮ-ਨਿਰਭਰਤਾ ਅਤੇ ਸੁਰੱਖਿਆ ਨਾਲ ਜੀਵਨ ਬਤੀਤ ਕਰ ਸਕੇ।

# ਹਰਪਾਲ ਸਿੰਘ ਚੀਮਾ ਨੇ ਮ੍ਰਿਤਕ ਪੀ.ਆਰ.ਟੀ.ਸੀ. ਕੰਡਕਟਰ ਦੇ ਪਰਿਵਾਰ ਨੂੰ 40 ਲੱਖ ਦਾ ਬੀਮਾ ਚੈੱਕ ਸੌਂਪਿਆ




ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.): ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਚੀਮਾ ਨੇ ਅੱਜ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੇ ਕੰਡਕਟਰ, ਮਰਹੂਮ ਰਮਨਦੀਪ ਸਿੰਘ, ਜਿਸ ਨੇ ਡਿਊਟੀ ਦੌਰਾਨ ਦੁਖਦਾਈ ਤੌਰ 'ਤੇ ਆਪਣੀ ਜਾਨ ਗੁਆ ਦਿੱਤੀ ਸੀ, ਦੇ ਪਰਿਵਾਰ ਨੂੰ 40 ਲੱਖ ਰੁਪਏ ਦਾ ਮੁਆਵਜ਼ਾ ਚੈੱਕ ਭੇਟ ਕੀਤਾ।

ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਘੁਮਿਆਰਾ ਦਾ ਰਹਿਣ ਵਾਲਾ ਰਮਨਦੀਪ ਸਿੰਘ 2 ਜਨਵਰੀ 2017 ਨੂੰ ਆਊਟਸੋਰਸਿੰਗ ਏਜੰਸੀ ਰਾਹੀਂ ਪੀ.ਆਰ.ਟੀ.ਸੀ. ਵਿੱਚ ਬਤੌਰ ਕੰਡਕਟਰ ਭਰਤੀ ਹੋਇਆ ਸੀ। ਵਿੱਤ ਮੰਤਰੀ ਵੱਲੋਂ ਮ੍ਰਿਤਕ ਦੇ ਪਿਤਾ ਪ੍ਰਗਟ ਸਿੰਘ ਨੂੰ ਚੈੱਕ ਸੌਂਪਿਆ ਗਿਆ। ਇਸ ਦੌਰਾਨ, ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਹ ਮੁਆਵਜ਼ਾ ਪੀ.ਆਰ.ਟੀ.ਸੀ. ਤੇ ਪੰਜਾਬ ਐਂਡ ਸਿੰਧ ਬੈਂਕ ਵਿਚਾਲੇ ਹੋਏ ਬੀਮਾ ਸਮਝੌਤੇ ਦੇ ਹਿੱਸੇ ਵਜੋਂ ਤੈਅ ਕੀਤੀਆਂ ਗਈਆਂ ਕਾਰਪੋਰੇਟ ਬੀਮਾ ਸ਼ਰਤਾਂ ਤਹਿਤ ਦੁਖੀ ਪਰਿਵਾਰ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ ਹੈ।"

ਟਰਾਂਸਪੋਰਟ ਮੰਤਰੀ ਨੇ ਭਰੋਸਾ ਦਿਵਾਇਆ, "ਭਗਵੰਤ ਮਾਨ ਸਰਕਾਰ ਅਣਕਿਆਸੇ ਕੰਮਕਾਜੀ ਦੁਖਾਂਤ ਦੇ ਮੱਦੇਨਜ਼ਰ ਆਪਣੇ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਅਤੇ ਵਿੱਤੀ ਸੁਰੱਖਿਆ ਨੂੰ ਪਹਿਲ ਦੇਣ ਲਈ ਹਮੇਸ਼ਾ ਵਚਨਬੱਧ ਹੈ।" ਇਸ ਮੌਕੇ ਟਰਾਂਸਪੋਰਟ ਮੰਤਰੀ ਦੇ ਨਾਲ ਪੀ.ਆਰ.ਟੀ.ਸੀ. ਦੇ ਚੇਅਰਮੈਨ ਹਰਪਾਲ ਜੁਨੇਜਾ, ਪੀ.ਆਰ.ਟੀ.ਸੀ. ਦੇ ਮੈਨੇਜਿੰਗ ਡਾਇਰੈਕਟਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਪੰਜਾਬ ਐਂਡ ਸਿੰਧ ਬੈਂਕ ਦੇ ਨੁਮਾਇੰਦੇ ਵੀ ਪਰਿਵਰ ਨਾਲ ਦੁੱਖ ਸਾਂਝਾ ਕਰਨ ਲਈ ਹਾਜ਼ਰ ਸਨ।

# ਸਿਹਤ ਮੰਤਰੀ ਵੱਲੋਂ ਅੱਪਗ੍ਰੇਡ ਕੀਤੇ ਈ.ਐਸ.ਆਈ. ਹੈੱਡਕੁਆਰਟਰਾਂ ਦਾ ਉਦਘਾਟਨ, ਸਿਹਤ ਸੰਭਾਲ ਸੇਵਾਵਾਂ ਦੇ ਵਿਸਥਾਰ ਲਈ ਸੂਬਾ ਪੱਧਰੀ ਸਮੀਖਿਆ ਮੀਟਿੰਗ

ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.): ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸਿਹਤ ਸੇਵਾਵਾਂ ਡਾਇਰੈਕਟੋਰੇਟ (ਈਐਸਆਈ) ਪੰਜਾਬ ਦੇ ਨਵੀਨੀਕਰਨ ਕੀਤੇ ਮੁੱਖ ਦਫਤਰ ਦਾ ਉਦਘਾਟਨ ਕੀਤਾ ਅਤੇ ਇਸ ਪ੍ਰਾਜੈਕਟ 'ਤੇ ਲਾਗਤ ਲਗਭਗ 21 ਲੱਖ ਰੁਪਏ ਖਰਚ ਕੀਤੇ ਗਏ ਹਨ। ਉਦਘਾਟਨ ਉਪਰੰਤ ਮੰਤਰੀ ਨੇ ਸੂਬੇ ਭਰ ਵਿੱਚ ਈਐਸਆਈ ਸੇਵਾਵਾਂ ਦੀ ਪ੍ਰਭਾਵਸ਼ੀਲਤਾ ਅਤੇ ਵਿਸਥਾਰ ਦਾ ਮੁਲਾਂਕਣ ਕਰਨ ਲਈ ਇੱਕ ਵਿਆਪਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਦੌਰਾਨ, ਡਾ. ਬਲਬੀਰ ਸਿੰਘ ਨੇ ਸੂਬੇ ਦੀ ਤਿੰਨ ਕਰੋੜ ਆਬਾਦੀ ਦੀ ਭਲਾਈ ਪ੍ਰਤੀ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਉਜਾਗਰ ਕੀਤਾ। ਉਨ੍ਹਾਂ ਖਾਸ ਤੌਰ 'ਤੇ 15 ਲੱਖ ਬੀਮਾਯੁਕਤ ਵਿਅਕਤੀਆਂ (ਆਈਪੀ) ਅਤੇ ਉਨ੍ਹਾਂ ਦੇ 15 ਲੱਖ ਆਸ਼ਰਿਤਾਂ ਨੂੰ ਪ੍ਰਦਾਨ ਕੀਤੀ ਗਈ ਸਮਾਜਿਕ ਸੁਰੱਖਿਆ ਦੇ ਵਿਆਪਕ ਨੈਟਵਰਕ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਈਐਸਆਈ ਅਧੀਨ ਸੂਬੇ ਦੇ ਸਿਹਤ ਸੰਭਾਲ ਬੁਨਿਆਦੀ ਢਾਂਚੇ ਵਿੱਚ ਅਹਿਮ ਬਦਲਾਅ ਕੀਤੇ ਗਏ ਹਨ ਅਤੇ ਇਹ ਹੁਣ 6 ਵਿਸ਼ੇਸ਼ ਹਸਪਤਾਲਾਂ ਅਤੇ 69 ਡਿਸਪੈਂਸਰੀਆਂ ਦੇ ਵਿਆਪਕ ਨੈੱਟਵਰਕ ਅਧੀਨ ਕਾਰਜਸ਼ੀਲ ਹਨ, ਜਿਸ ਤਹਿਤ ਸੂਬੇ ਭਰ ਦੀ ਹਰੇਕ ਡਿਸਪੈਂਸਰੀ 'ਚ ਡੇਅਕੇਅਰ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਸਮੀਖਿਆ ਮੀਟਿੰਗ ਦੌਰਾਨ, ਡਾਇਰੈਕਟਰ ਸਿਹਤ ਸੇਵਾਵਾਂ (ਈਐਸਆਈ) ਡਾ. ਅਨਿਲ ਗੋਇਲ ਨੇ ਵਿਕਾਸ ਸਬੰਧੀ ਅਹਿਮ ਅੰਕੜੇ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਦੇ ਮੁਕਾਬਲੇ ਓਪੀਡੀ ਵਿੱਚ ਮੈਡੀਕਲ ਪਹੁੰਚ 'ਚ 14 ਫ਼ੀਸਦ ਵਾਧਾ ਹੋਇਆ ਅਤੇ ਆਈਪੀਡੀ ਵਿੱਚ ਦਾਖਲ ਹੋਣ ਦੀ ਦਰ ਵਿੱਚ 21 ਫੀਸਦ ਵਾਧਾ ਹੋਇਆ ਹੈ।

ਉਨ੍ਹਾਂ ਕਿਹਾ ਕਿ ਸੂਬੇ ਨੇ ਡਾਇਗਨੌਸਟਿਕ ਸੇਵਾਵਾਂ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ ਜਿਸ ਦੇ ਨਤੀਜੇ ਵਜੋਂ ਲੈਬ ਟੈਸਟਾਂ ਵਿੱਚ 43 ਫ਼ੀਸਦ ਵਾਧਾ ਤੇ ਐਕਸ-ਰੇ ਸੇਵਾਵਾਂ




ਵਿੱਚ 22 ਫ਼ੀਸਦ ਵਾਧਾ ਹੋਇਆ ਹੈ।

ਸਿਹਤ ਮੰਤਰੀ ਨੇ ਦੱਸਿਆ ਕਿ ਹੁਣ ਚਾਰ ਪ੍ਰਮੁੱਖ ਈਐਸਆਈ ਹਸਪਤਾਲਾਂ ਵਿੱਚ ਅਲਟਰਾਸਾਊਂਡ ਮਸ਼ੀਨਾਂ ਸਥਾਪਿਤ ਅਤੇ ਕਾਰਜਸ਼ੀਲ ਕੀਤੀਆਂ ਗਈਆਂ ਹਨ ਅਤੇ ਡਾਇਗਨੌਸਟਿਕਸ ਸੇਵਾਵਾਂ ਦੇ ਆਧੁਨਿਕੀਕਰਨ ਲਈ 7 ਹੈਂਡਹੈਲਡ ਐਕਸ-ਰੇ ਯੂਨਿਟਾਂ ਸਥਾਪਤ ਕਰਨਾ ਵਿਚਾਰ ਅਧੀਨ ਹੈ। ਮਰੀਜ਼ਾਂ ਦੀ ਸੁਰੱਖਿਆ ਅਤੇ ਨਿਰਵਿਘਨ ਦੇਖਭਾਲ ਨੂੰ ਯਕੀਨੀ ਬਣਾਉਣ ਲਈ, ਸਾਰੇ ਹਸਪਤਾਲਾਂ ਨੂੰ ਆਈਪੀਐਚਐਸ ਮਿਆਰਾਂ ਅਨੁਸਾਰ ਆਕਸੀਜਨ ਬੈਕਅੱਪ ਨਾਲ ਲੈਸ ਕੀਤਾ ਗਿਆ ਹੈ ਅਤੇ ਇਸ ਸਬੰਧੀ ਇਕ ਮਜ਼ਬੂਤ ਪਾਵਰ ਬੁਨਿਆਦੀ ਢਾਂਚਾ ਸਥਾਪਤ ਕੀਤਾ ਗਿਆ ਹੈ ਜਿਸ ਵਿੱਚ ਹੌਟਲਾਈਨਾਂ, ਜਨਰੇਟਰ ਸੈੱਟ ਅਤੇ ਜਲੰਧਰ, ਫਗਵਾੜਾ ਅਤੇ ਅੰਮ੍ਰਿਤਸਰ ਵਿੱਚ ਨਵੇਂ ਸੂਰਜੀ ਊਰਜਾ ਪਲਾਂਟ ਸ਼ਾਮਲ ਹਨ। ਸਿਹਤ ਮੰਤਰੀ ਨੇ ਤੀਜੇ ਦਰਜੇ ਅਤੇ ਦੂਜੇ ਦਰਜੇ ਦੀ ਦੇਖਭਾਲ ਦੇ ਵਿਸਥਾਰ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਈਐਸਆਈ ਲਾਭਪਾਤਰੀ ਹੁਣ 140 ਹਸਪਤਾਲਾਂ ਵਿੱਚ ਨਕਦ ਰਹਿਤ ਇਲਾਜ ਪ੍ਰਾਪਤ ਕਰ ਸਕਦੇ ਹਨ, ਜਿਨ੍ਹਾਂ ਵਿੱਚ 139 ਨਿੱਜੀ ਸੰਸਥਾਵਾਂ ਅਤੇ ਜੀਐਮਸੀ ਪਟਿਆਲਾ, ਅੰਮ੍ਰਿਤਸਰ ਅਤੇ ਪੰਜਾਬ ਬਿਲੀਅਰੀ ਇੰਸਟੀਚਿਊਟ ਵਰਗੀਆਂ ਪ੍ਰਮੁੱਖ ਸਰਕਾਰੀ ਸੰਸਥਾਵਾਂ ਸ਼ਾਮਲ ਹਨ।

ਉਨ੍ਹਾਂ ਨੇ ਭਵਿੱਖੀ ਪ੍ਰੋਜੈਕਟਾਂ ਬਾਰੇ ਵੀ ਜਾਣਕਾਰੀ ਦਿੱਤੀ ਜਿਨ੍ਹਾਂ ਵਿੱਚ ਮਾਲੇਰਕੋਟਲਾ ਵਿੱਚ ਇੱਕ ਮੈਡੀਕਲ ਕਾਲਜ, ਡੇਰਾਬੱਸੀ ਅਤੇ ਬਠਿੰਡਾ ਵਿੱਚ 100 ਬੈੱਡਾਂ ਵਾਲੇ ਹਸਪਤਾਲ ਅਤੇ ਫੋਕਲ ਪੁਆਇੰਟ ਪਟਿਆਲਾ ਵਿਖੇ ਇੱਕ ਨਵੇਂ ਪੌਲੀਕਲੀਨਿਕ ਦੀ ਸਥਾਪਨਾ ਸ਼ਾਮਲ ਹੈ। ਡਾ. ਬਲਬੀਰ ਸਿੰਘ ਨੇ ਅੱਗੇ ਕਿਹਾ ਕਿ ਸੂਬੇ ਕੋਲ ਪਹਿਲਾਂ ਹੀ 784 ਜ਼ਰੂਰੀ ਦਵਾਈਆਂ ਦਾ ਸਟਾਕ ਉਪਲੱਬਧ ਹੈ ਜਿਸ ਲਈ 10 ਫੀਸਦ ਗੁਣਵੱਤਾ ਜਾਂਚ ਸਬੰਧੀ ਸਖ਼ਤ ਪ੍ਰੋਟੋਕੋਲ ਲਾਗੂ ਕੀਤਾ ਗਿਆ ਹੈ। ਈਐਸਆਈਸੀ ਨਿਯਮਾਂ ਮੁਤਾਬਕ 86 ਮਾਹਰ ਡਾਕਟਰਾਂ ਅਤੇ 47 ਸਟਾਫ ਨਰਸਾਂ ਦੀ ਮੌਜੂਦਾ ਘਾਟ ਨੂੰ ਵੇਖਦਿਆਂ, ਉਨ੍ਹਾਂ ਭਰੋਸਾ ਦਿੱਤਾ ਕਿ ਡਿਸਪੈਂਸਰੀਆਂ ਵਿੱਚ ਰੱਖ-ਰਖਾਅ ਅਤੇ ਡਬਲ-ਸ਼ਿਫਟ ਕਾਰਜਾਂ ਨੂੰ ਸੁਚਾਰੂ ਬਣਾਉਣ ਲਈ ਭਰਤੀ ਤੇ "ਈਐਸਆਈ ਸੋਸਾਇਟੀ" ਦਾ ਗਠਨ ਪ੍ਰਗਤੀ ਅਧੀਨ ਹੈ। ਡਾ. ਬਲਬੀਰ ਸਿੰਘ ਨੇ ਫੀਲਡ ਅਫਸਰਾਂ ਨੂੰ ਉਨ੍ਹਾਂ ਦੀ ਨਿਗਰਾਨੀ ਸਬੰਧੀ ਕਾਰਜਾਂ ਵਿੱਚ ਸਹਾਇਤਾ ਲਈ ਕਿਰਾਏ 'ਤੇ ਲਏ ਗਏ 10 ਵਾਹਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਜਿਸ ਨਾਲ ਬਿਹਤਰ ਨਿਗਰਾਨੀ ਯਕੀਨੀ ਬਣਾਈ ਜਾਵੇਗੀ।

ਅੰਤ ਵਿੱਚ, ਮੰਤਰੀ ਨੇ ਕਿਹਾ ਕਿ ਹੁਣ ਬਿਹਤਰ ਅਤੇ ਨਿਰਵਿਘਨ ਢੰਗ ਨਾਲ ਈਐਸਆਈ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਸਿਹਤ ਮੰਤਰੀ ਨੇ ਕਿਹਾ ਕਿ ਸਿਹਤ ਸੇਵਾਵਾਂ ਡਾਇਰੈਕਟੋਰੇਟ (ਈਐਸਆਈ) ਦੀ ਇਮਾਰਤ ਦੇ ਨਵੀਨੀਕਰਨ ਨਾਲ ਸਟਾਫ ਲਈ ਕੰਮ ਕਰਨ ਲਈ ਬਿਹਤਰ ਮਾਹੌਲ ਯਕੀਨੀ ਬਣਾਇਆ ਗਿਆ ਹੈ। ਮੀਟਿੰਗ ਵਿੱਚ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਡਾਇਰੈਕਟਰ ਡਾ. ਹਤਿੰਦਰ ਕੌਰ; ਸਿਹਤ ਸੇਵਾਵਾਂ (ਪਰਿਵਾਰ ਭਲਾਈ) ਪੰਜਾਬ ਦੇ ਡਾਇਰੈਕਟਰ ਡਾ. ਅਦਿਤੀ ਸਲਾਰੀਆ; ਈਐਸਆਈ ਦੇ ਰਿਜ਼ਨਲ ਡਾਇਰੈਕਟਰ ਡਾ. ਪੰਕਜ ਵੋਹਰਾ ਸਮੇਤ ਡਿਪਟੀ ਡਾਇਰੈਕਟਰ, ਸਹਾਇਕ ਡਾਇਰੈਕਟਰ, ਪ੍ਰੋਗਰਾਮ ਅਫ਼ਸਰ ਅਤੇ ਹੋਰ ਅਧਿਕਾਰੀ ਤੇ ਸਟਾਫ਼ ਵੀ ਮੌਜੂਦ ਸੀ।

# ਆਈ.ਐਸ.ਆਈ ਦੀ ਹਮਾਇਤ ਵਾਲੇ ਸਰਹੱਦ ਪਾਰ ਅੱਤਵਾਦੀ ਮਾਡਿਊਲ ਦਾ ਕਾਰਕੁੰਨ ਚਾਰ ਹੈਂਡ ਗ੍ਰਨੇਡਾਂ ਤੇ ਦੋ ਪਿਸਤੌਲਾਂ ਸਮੇਤ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 16 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਤਹਿਤ ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਇੱਕ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਆਈ.ਐਸ.ਆਈ ਦੀ ਹਮਾਇਤ ਵਾਲੇ ਸਰਹੱਦ ਪਾਰ ਦੇ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ ਅਤੇ ਦੋਸ਼ੀ ਦੇ ਕਬਜ਼ੇ ਵਿੱਚੋਂ ਚਾਰ ਪੀ-86 ਹੈਂਡ ਗ੍ਰਨੇਡ ਅਤੇ ਗੋਲੀ ਸਿੱਕੇ ਸਮੇਤ ਦੋ ਵਿਦੇਸ਼ੀ ਪਿਸਤੌਲ ਬਰਾਮਦ ਹੋਏ ਹਨ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਦੀ ਪਛਾਣ ਸਾਗਰ ਸਿੰਘ ਵਜੋਂ ਹੋਈ ਹੈ, ਜੋ ਅੰਮ੍ਰਿਤਸਰ ਦੇ ਗੱਲੂਵਾਲ ਦਾ ਰਹਿਣ ਵਾਲਾ ਹੈ। ਇਹ ਕਾਰਵਾਈ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਅੰਮ੍ਰਿਤਸਰ ਤੇ ਐਸਐਸਓਸੀ ਮੋਹਾਲੀ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਮੁਤਾਬਕ ਉਕਤ ਦੋਸ਼ੀ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਿਹਾ ਸੀ ਅਤੇ ਚੰਡੀਗੜ੍ਹ ਵਿੱਚ ਗ੍ਰਨੇਡ ਹਮਲੇ 'ਚ ਸ਼ਾਮਲ ਅੱਤਵਾਦੀ ਮਾਡਿਊਲ ਨਾਲ ਉਸ ਦੇ ਸਬੰਧ ਹਨ। ਉਨ੍ਹਾਂ ਕਿਹਾ ਕਿ ਮਾਡਿਊਲ ਦੇ ਹੋਰ ਮੈਂਬਰਾਂ ਦੀ ਪਛਾਣ, ਟਰੈਕਿੰਗ ਤੇ ਗ੍ਰਿਫ਼ਤਾਰੀ ਲਈ ਅਗਲੇਰੀ ਜਾਂਚ ਜਾਰੀ ਹੈ। ਏਆਈਜੀ ਸੁਖਮਿੰਦਰ ਸਿੰਘ ਮਾਨ ਨੇ ਕਿਹਾ ਕਿ ਪੁਲਿਸ ਨੂੰ ਖੁਫ਼ੀਆ ਜਾਣਕਾਰੀ ਮਿਲੀ ਸੀ ਕਿ ਹੈਂਡ ਗ੍ਰਨੇਡ ਤੇ ਹਥਿਆਰਾਂ ਦੀ ਇੱਕ ਖੇਪ ਪਾਕਿਸਤਾਨ ਤੋਂ ਭੇਜੀ ਗਈ ਹੈ, ਜਿਸਨੂੰ ਮਾਡਿਊਲ ਦੇ ਭਾਰਤ ਵਿਚਲੇ ਸਥਾਨਕ ਕਾਰਕੁਨਾਂ, ਜੋ ਅੱਤਵਾਦੀ ਹਮਲੇ ਦੀ ਯੋਜਨਾ ਬਣਾ ਰਹੇ ਹਨ, ਨੇ ਸਫ਼ਲਤਾਪੂਰਵਕ ਹਾਸਲ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਆਪ੍ਰੇਸ਼ਨ ਚਲਾਇਆ ਗਿਆ, ਜਿਸ ਦੇ ਚਲਦਿਆਂ ਮੁਲਜ਼ਮ ਸਾਗਰ ਸਿੰਘ ਨੂੰ ਅੰਮ੍ਰਿਤਸਰ ਦੇ ਖਾਸਾ-ਰਾਮ ਤੀਰਥ ਰੋਡ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ।




ਏਆਈਜੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਸ਼ੁਰੂ ਵਿੱਚ ਜਨਵਰੀ 2026 ਵਿੱਚ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਉਕਤ ਵਿਦੇਸ਼ੀ ਹੈਂਡਲਰਾਂ ਦੇ ਸੰਪਰਕ ਵਿੱਚ ਆਇਆ ਸੀ ਅਤੇ ਉਦੋਂ ਤੋਂ ਉਸਨੇ ਉਨ੍ਹਾਂ ਦੇ ਨਿਰਦੇਸ਼ਾਂ 'ਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਉਕਤ ਮੁਲਜ਼ਮ ਨੇ ਆਪਣੇ ਹੈਂਡਲਰ ਦੇ ਨਿਰਦੇਸ਼ਾਂ 'ਤੇ ਹਥਿਆਰਾਂ ਅਤੇ ਗੋਲਾ ਬਾਰੂਦ ਦੀ ਖੇਪ ਪ੍ਰਾਪਤ ਕਰਕੇ ਉਸਨੂੰ ਨਿਰਧਾਰਤ ਥਾਂ 'ਤੇ ਪਹੁੰਚਾਇਆ, ਜਿਸ ਲਈ ਉਸਨੂੰ ਪ੍ਰਤੀ ਖੇਪ ਬਦਲੇ ਪੈਸੇ ਦਿੱਤੇ ਗਏ। ਉਨ੍ਹਾਂ ਕਿਹਾ ਕਿ ਉਸਦੇ ਹੈਂਡਲਰ ਨੇ ਪੈਸੇ ਦੇ ਲਾਲਚ ਬਦਲੇ ਉਸਨੂੰ ਇਹ ਕੰਮ ਕਰਨ ਲਈ ਰਾਜ਼ੀ ਕੀਤਾ। ਉਨ੍ਹਾਂ ਕਿਹਾ ਕਿ ਫਰਵਰੀ 2026 ਵਿੱਚ ਮੁਲਜ਼ਮ ਸਾਗਰ ਨੂੰ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਹਥਿਆਰਾਂ ਦੀ ਖੇਪ ਨਾਲ ਗ੍ਰਿਫ਼ਤਾਰ ਕੀਤਾ ਸੀ ਅਤੇ ਮਾਰਚ 2026 ਵਿੱਚ ਜ਼ਮਾਨਤ ਮਿਲਣ ਤੋਂ ਬਾਅਦ ਉਸਨੇ ਏਨਕ੍ਰਿਪਟਡ ਪਲੇਟਫਾਰਮਾਂ ਰਾਹੀਂ ਆਪਣੇ ਹੈਂਡਲਰ ਨਾਲ ਮੁੜ ਸੰਪਰਕ ਕਾਇਮ ਕੀਤਾ ਤੇ ਉਸ ਦੇ ਨਿਰਦੇਸ਼ਾਂ 'ਤੇ ਮੁੜ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਹੋ ਗਿਆ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਹੋਰ ਜਾਂਚ ਜਾਰੀ ਹੈ। ਇਸ ਸਬੰਧ ਵਿੱਚ ਪੁਲਿਸ ਥਾਣਾ ਐਸਐਸਓਸੀ ਅੰਮ੍ਰਿਤਸਰ ਵਿਖੇ ਵਿਸਫੋਟਕ ਪਦਾਰਥ ਐਕਟ ਦੀ ਧਾਰਾ 4, ਅਸਲਾ ਐਕਟ ਦੀ ਧਾਰਾ 25 (1) (ਡੀ) ਅਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 61 (2) ਤਹਿਤ ਐਫਆਈਆਰ ਨੰਬਰ 22 ਮਿਤੀ 15.04.2026 ਦਰਜ ਕੀਤੀ ਗਈ ਹੈ।

# ਮਾਨ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਬਿਨਾਂ ਕਿਸੇ ਦੇਰੀ ਦੇ ਹੱਲ ਕਰਨ ਲਈ ਵਚਨਬੱਧ : ਚੀਮਾ

ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.): ਮੁਲਾਜ਼ਮਾਂ ਦੇ ਮਸਲਿਆਂ ਬਾਰੇ ਕੈਬਨਿਟ ਸਬ-ਕਮੇਟੀ ਦੀ ਪ੍ਰਧਾਨਗੀ ਕਰਦਿਆਂ



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਮੁਲਾਜ਼ਮ ਯੂਨੀਅਨ ਨੁਮਾਇੰਦਿਆਂ ਨਾਲ ਉੱਚ-ਪੱਧਰੀ ਮੀਟਿੰਗਾਂ ਕੀਤੀਆਂ। ਇਸ ਦੌਰਾਨ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੰਬਿਤ ਪਈਆਂ ਮੰਗਾਂ ਦੇ ਸਮਾਂ-ਬੱਧ ਹੱਲ ਵੱਲ ਵਧ ਰਹੀ ਹੈ ਤੇ ਨਾਲ ਹੀ ਅਧਿਕਾਰੀਆਂ ਨੂੰ ਪਹਿਲ ਦੇ ਆਧਾਰ 'ਤੇ ਕਾਰਵਾਈ ਕਰਨ ਦੇ ਨਿਰਦੇਸ਼ ਦਿੰਦਿਆਂ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਮੁਲਾਜ਼ਮਾਂ ਦੇ ਬਣਦੇ ਹੱਕ ਦਿੰਦਿਆ ਇਹ ਯਕੀਨੀ ਬਣਾਇਆ ਜਾਵੇ ਕਿ ਉਹ ਭਵਿੱਖ ਵਿੱਚ ਕਿਸੇ ਕਾਨੂੰਨੀ ਅੜਚਨ ਦਾ ਸਾਹਮਣਾ ਨਾ ਕਰਨਾ ਪਵੇ। ਪੰਜਾਬ ਭਵਨ ਵਿਖੇ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਦੇ ਨੁਮਾਇੰਦਿਆਂ ਨਾਲ ਹੋਈ ਮੀਟਿੰਗ, ਜਿਸ ਵਿੱਚ ਵਿੱਤ, ਪ੍ਰਸੋਨਲ (ਅਮਲਾ) ਅਤੇ ਹੋਰ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ, ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁਲਾਜ਼ਮਾਂ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਜਾਇਜ਼ ਮਸਲੇ ਜਲਦੀ ਹੱਲ ਕੀਤੇ ਜਾਣਗੇ। ਉਨ੍ਹਾਂ ਕਿਹਾ, "ਸਰਕਾਰ ਇੱਕ ਅਜਿਹੀ ਯੋਜਨਾ 'ਤੇ ਕੰਮ ਕਰ ਰਹੀ ਹੈ ਕਿ ਇਹ ਯਕੀਨੀ ਬਣਾਇਆ ਜਾ ਸਕੇ ਕਿ ਮੁਲਾਜ਼ਮਾਂ ਨੂੰ ਭਵਿੱਖ ਵਿੱਚ ਬਿਨਾਂ ਕਿਸੇ ਕਾਨੂੰਨੀ ਅੜਚਨ ਦਾ ਸਾਹਮਣਾ ਕੀਤੇ ਉਨ੍ਹਾਂ ਦੇ ਬਣਦੇ ਹੱਕ ਮਿਲ ਸਕਣ।" ਇਸ ਤੋਂ ਪਹਿਲਾਂ ਵਿੱਤ ਮੰਤਰੀ ਨੇ ਵੱਖ-ਵੱਖ ਜਥੇਬੰਦੀਆਂ ਜਿਨ੍ਹਾਂ ਵਿੱਚ ਦਫ਼ਤਰੀ ਕਰਮਚਾਰੀ ਯੂਨੀਅਨ, ਡੈਮੋਕ੍ਰੇਟਿਕ ਟੀਚਰਜ਼ ਫਰੰਟ, 4161 ਮਾਸਟਰ ਕਾਡਰ ਅਧਿਆਪਕ ਯੂਨੀਅਨ, ਮੈਰੀਟੋਰੀਅਸ ਟੀਚਰਜ਼ ਯੂਨੀਅਨ, ਯੂਨਾਈਟਿਡ ਨਰਸਿਜ਼ ਐਸੋਸੀਏਸ਼ਨ ਅਤੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਆਗੂ ਸ਼ਾਮਲ ਸਨ, ਨਾਲ ਲਗਭਗ ਦੋ ਘੰਟੇ ਲੰਬੀਆਂ ਮੀਟਿੰਗਾਂ ਕੀਤੀਆਂ। ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨਾਲ ਸਬੰਧਤ ਮੀਟਿੰਗਾਂ ਲਈ ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਪ੍ਰਮੁੱਖ ਸਕੱਤਰ ਕੁਮਾਰ ਰਾਹੁਲ ਵੀ ਮੌਜੂਦ ਸਨ। ਹਾਜ਼ਰ ਅਧਿਕਾਰੀਆਂ ਵਿੱਚ ਸਕੱਤਰ ਕਿਰਤ ਮਨਵੇਸ਼ ਸਿੰਘ ਸਿੱਧੂ, ਸਕੱਤਰ ਸਥਾਨਕ ਸਰਕਾਰਾਂ ਮਨਜੀਤ ਸਿੰਘ ਬਰਾੜ, ਵਿਸ਼ੇਸ਼ ਸਕੱਤਰ ਸਥਾਨਕ ਸਰਕਾਰਾਂ ਦੀਪਤੀ ਉੱਪਲ, ਵਿਸ਼ੇਸ਼ ਸਕੱਤਰ ਪ੍ਰਸੋਨਲ ਉਪਕਾਰ ਸਿੰਘ, ਵਧੀਕ ਸਕੱਤਰ ਪ੍ਰਸੋਨਲ ਗੌਤਮ ਜੈਨ, ਵਿਸ਼ੇਸ਼ ਸਕੱਤਰ ਲੋਕ ਨਿਰਮਾਣ ਵਿਭਾਗ ਹਰਗੁਣਜੀਤ ਕੌਰ, ਵਿਸ਼ੇਸ਼ ਸਕੱਤਰ ਵਿੱਤ ਅਜੈ ਅਰੋੜਾ ਤੇ ਵਿਸ਼ੇਸ਼ ਸਕੱਤਰ ਜਲ ਸਪਲਾਈ ਤੇ ਸੈਨੀਟੇਸ਼ਨ ਡਾ. ਸੱਯਦ ਸਹਿਰਿਸ਼ ਅਸਗਰ ਦੇ ਨਾਲ-ਨਾਲ ਹੋਰ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

ਇਸ ਦੌਰਾਨ ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਦੀ ਨੁਮਾਇੰਦਗੀ ਵਰਿੰਦਰ ਸਿੰਘ ਮੋਮੀ, ਜਗਰੂਪ ਸਿੰਘ, ਬਲਿਹਾਰ ਸਿੰਘ, ਗੁਰਵਿੰਦਰ ਸਿੰਘ ਪੰਨੂ, ਸ਼ੇਰ ਸਿੰਘ ਖੰਨਾ, ਸਿਮਰਨਜੀਤ ਸਿੰਘ ਨੀਲੋਂ, ਪਵਨਦੀਪ ਸਿੰਘ, ਗੁਰਪ੍ਰੀਤ ਸਿੰਘ ਢਿੱਲੋਂ, ਰਮਨਦੀਪ ਸਿੰਘ, ਹਰਜਿੰਦਰਪਾਲ ਸਿੰਘ, ਲਛਮਣ ਸਿੰਘ ਤੇ ਜਗਦੀਪ ਸਿੰਘ ਨੇ ਕੀਤੀ। ਇਸ ਤੋਂ ਪਹਿਲਾਂ ਦਫ਼ਤਰੀ ਮੁਲਾਜ਼ਮ ਯੂਨੀਅਨ ਦੀ ਨੁਮਾਇੰਦਗੀ ਕੁਲਦੀਪ ਸਿੰਘ, ਰਾਜਿੰਦਰ ਸਿੰਘ ਸੰਧਾ ਅਤੇ ਜਗਮੋਹਨ ਸਿੰਘ ਨੇ ਕੀਤੀ। ਰਾਜੀਵ ਕੁਮਾਰ, ਰੇਸ਼ਮ ਖੇਮੂਆਣਾ ਅਤੇ ਜਗਦੀਸ਼ ਕੁਮਾਰ ਜੱਗੀ ਨੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੀ ਨੁਮਾਇੰਦਗੀ ਕੀਤੀ। ਸੰਦੀਪ ਸਿੰਘ ਗਿੱਲ, ਗੁਰਦਾਸ ਸਿੰਘ ਮਾਨਸਾ ਅਤੇ ਬਲਕਾਰ ਮਘਾਣੀਆ ਨੇ 4161 ਮਾਸਟਰ ਕਾਡਰ ਅਧਿਆਪਕ ਯੂਨੀਅਨ ਦੀ ਨੁਮਾਇੰਦਗੀ ਕੀਤੀ। ਮੈਰੀਟੋਰੀਅਸ ਟੀਚਰਜ਼ ਯੂਨੀਅਨ ਦੀ ਨੁਮਾਇੰਦਗੀ ਡਾ. ਟੀਨਾ, ਡਾ. ਅਜੈ ਕੁਮਾਰ ਅਤੇ ਅਸ਼ਪ੍ਰੀਤ ਕੌਰ ਨੇ ਕੀਤੀ। ਰਮਨਜੀਤ ਸਿੰਘ ਗਿੱਲ, ਜਗਜੀਵਨ ਸਿੰਘ ਅਤੇ ਆਰਤੀ ਬਾਲਾ ਨੇ ਯੂਨਾਈਟਿਡ ਨਰਸਿਜ਼ ਐਸੋਸੀਏਸ਼ਨ ਦੀ ਨੁਮਾਇੰਦਗੀ ਕੀਤੀ, ਜਦਕਿ ਧੰਨਾ ਮੱਲ ਗੋਇਲ, ਐਚ.ਐਸ. ਰਾਣੂ ਅਤੇ ਸੁਰਜੀਤ ਸਿੰਘ ਨੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀਆਂ ਚਿੰਤਾਵਾਂ ਪੇਸ਼ ਕੀਤੀਆਂ।

# ਵਿਜੀਲੈਂਸ ਵੱਲੋਂ ਕਾਨੂੰਗੋ 33000 ਰੁ. ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ

ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.): ਪੰਜਾਬ ਵਿਜੀਲੈਂਸ ਬਿਊਰੋ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ



ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਪਣਾਈ ਗਈ ਜ਼ੀਰੋ ਟਾਲਰੈਂਸ ਨੀਤੀ ਤਹਿਤ ਜ਼ਿਲ੍ਹਾ ਐਸ.ਬੀ.ਐਸ. ਨਗਰ ਦੀ ਤਹਿਸੀਲ ਬਲਾਚੌਰ, ਸਰਕਲ ਕਾਠਗੜ੍ਹ ਵਿਖੇ ਤਾਇਨਾਤ ਕਾਨੂੰਗੋ ਰਮਨ ਕੁਮਾਰ ਨੂੰ 33,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਇਹ ਗ੍ਰਿਫ਼ਤਾਰੀ ਐਸ.ਬੀ.ਐਸ. ਨਗਰ ਦੇ ਇੱਕ ਨਿਵਾਸੀ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਹੈ।

ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਪਾਇਆ ਗਿਆ ਕਿ ਮਾਣਯੋਗ ਅਦਾਲਤ ਨੇ ਸ਼ਿਕਾਇਤਕਰਤਾ ਦੀ ਜ਼ਮੀਨ ਦੀ ਨਿਸ਼ਾਨਦੇਹੀ ਦਾ ਹੁਕਮ ਦਿੱਤਾ ਸੀ ਅਤੇ ਇਹ ਕੰਮ ਦੋਸ਼ੀ ਰਮਨ ਕੁਮਾਰ ਨੂੰ ਸੌਂਪਿਆ ਗਿਆ ਸੀ। ਸ਼ਿਕਾਇਤਕਰਤਾ ਦੇ ਕੰਮ ਨੂੰ ਗੁੰਝਲਦਾਰ ਦੱਸਦਿਆਂ ਮੁਲਜ਼ਮ ਨੇ ਉਸ ਕੋਲੋਂ 80,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਇਸ ਵਿੱਚੋਂ, ਉਸ ਨੇ ਸ਼ਿਕਾਇਤਕਰਤਾ ਕੋਲੋਂ 33,000 ਰੁਪਏ (15,000 ਰੁਪਏ ਨਕਦ ਅਤੇ 18,000 ਰੁਪਏ ਆਨਲਾਈਨ/ਕਿਊਆਰ ਕੋਡ ਰਾਹੀਂ) ਰਿਸ਼ਵਤ ਵਜੋਂ ਲਏ। ਰਿਸ਼ਵਤ ਲੈਣ ਸਬੰਧੀ ਆਡੀਓ ਰਿਕਾਰਡਿੰਗ, ਆਨਲਾਈਨ ਲੈਣ-ਦੇਣ ਦੇ ਵੇਰਵਿਆਂ ਸਮੇਤ ਹੋਰ ਸਬੰਧਿਤ ਸਬੂਤ ਉਪਲਬਧ ਹਨ।

ਇਸ ਸਬੰਧੀ, ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਵਿਜੀਲੈਂਸ ਵੱਲੋਂ 15,000 ਰਿਸ਼ਵਤ ਲੈਂਦਾ ਪਟਵਾਰੀ ਰੰਗੇ ਹੱਥੀਂ ਕਾਬੂ




ਚੰਡੀਗੜ੍ਹ, 16 ਅਪ੍ਰੈਲ (ਵਿਸ਼ਾਲ ਸ਼ਰਮਾ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਮਾਲ ਦਫ਼ਤਰ ਪਾਇਲ, ਜ਼ਿਲ੍ਹਾ ਲੁਧਿਆਣਾ ਵਿਖੇ ਤਾਇਨਾਤ ਪਟਵਾਰੀ ਹਰਕਿੰਦਰ ਸਿੰਘ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਪਟਵਾਰੀ ਨੇ ਸ਼ਿਕਾਇਤਕਰਤਾ ਤੋਂ ਉਸ ਦੀ ਜ਼ਮੀਨ ਦੇ ਇੰਤਕਾਲ ਵਿੱਚ ਸੋਧ ਕਰਨ ਬਦਲੇ 25,000 ਰੁਪਏ ਰਿਸ਼ਵਤ ਮੰਗੀ ਸੀ। ਇਸ ਸਬੰਧੀ ਮੁਲਜ਼ਮ ਪਟਵਾਰੀ ਪਹਿਲਾਂ ਹੀ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 5000 ਰੁਪਏ ਲੈ ਚੁੱਕਾ ਹੈ। ਕੋਈ ਵੀ ਗੈਰ-ਕਾਨੂੰਨੀ ਰਿਸ਼ਵਤ ਦੇਣ ਲਈ ਤਿਆਰ ਨਾ ਹੋਣ ਕਰਕੇ, ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਕੋਲ ਪਹੁੰਚ ਕੀਤੀ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਮੋਗਾ ਵਿੱਚ ਦੇਹ ਵਪਾਰ ਦੇ ਧੰਦੇ 'ਚ ਸ਼ਾਮਲ ਅਕਾਲੀ ਆਗੂ ਤੇ ਐਮ.ਸੀ. ਜਗਜੀਤ ਸਿੰਘ ਜੀਤਾ ਗ੍ਰਿਫ਼ਤਾਰ!

## ਅਕਾਲੀ ਆਗੂ ਦੀ ਗ੍ਰਿਫ਼ਤਾਰੀ ਨੇ ਸੁਖਬੀਰ ਸਿੰਘ ਬਾਦਲ ਦੇ 'ਪੰਜਾਬ ਬਚਾਓ' ਡਰਾਮੇ ਦੀ ਖੋਲ੍ਹੀ ਪੋਲ : ਬਲਤੇਜ ਪੰਨੂ

ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਹੈ ਕਿ ਅਕਾਲੀ ਦਲ ਦਾ ਇਤਿਹਾਸ ਕਾਲੇ ਕਾਰਨਾਮਿਆਂ ਨਾਲ ਭਰਿਆ ਪਿਆ ਹੈ। ਪੰਨੂ ਨੇ ਕਿਹਾ ਕਿ ਸਾਲ 2007 ਤੋਂ 2017 ਤੱਕ ਅਕਾਲੀ-ਭਾਜਪਾ ਸਰਕਾਰ ਦੌਰਾਨ ਪੰਜਾਬ ਨੇ ਜੋ ਸੰਤਾਪ ਹੰਢਾਇਆ ਹੈ, ਉਸ ਦੀ ਸੂਚੀ ਬਹੁਤ ਲੰਬੀ ਹੈ। ਚਾਹੇ ਉਹ ਚਿੱਟੇ ਦਾ ਕਾਲਾ ਕਾਰੋਬਾਰ ਹੋਵੇ, ਕੇਬਲ ਮਾਫੀਆ ਹੋਵੇ, ਬੱਸਾਂ ਦਾ ਧੰਦਾ ਹੋਵੇ ਜਾਂ ਫਿਰ ਗੈਂਗਸਟਰ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਹੋਵੇ, ਹਰ ਪਾਸੇ ਅਕਾਲੀ ਆਗੂਆਂ ਦੀ ਸਿੱਧੀ ਸ਼ਮੂਲੀਅਤ ਜਗ-ਜ਼ਾਹਿਰ ਸੀ। ਅੱਜ ਇੱਕ ਵਾਰ ਫਿਰ ਇਨ੍ਹਾਂ ਦਾ ਘਿਨਾਉਣਾ



ਚਿਹਰਾ ਜਨਤਾ ਦੇ ਸਾਹਮਣੇ ਆ ਗਿਆ ਹੈ। ਬਲਤੇਜ ਪੰਨੂ ਨੇ ਮੋਗਾ ਵਿੱਚ ਹੋਏ ਤਾਜ਼ਾ ਘਟਨਾਕ੍ਰਮ ਦਾ ਹਵਾਲਾ ਦਿੰਦਿਆਂ ਕਿਹਾ ਕਿ ਉੱਥੇ ਇੱਕ ਅਕਾਲੀ ਆਗੂ ਤੇ ਐਮਸੀ ਜਗਜੀਤ ਸਿੰਘ ਜੀਤਾ ਨੂੰ ਦੇਹ ਵਪਾਰ ਦਾ ਧੰਦਾ ਚਲਾਉਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਜਿਸ ਹੋਟਲ ਵਿੱਚ ਕੁੜੀਆਂ ਤੋਂ ਇਹ ਅਨੈਤਿਕ ਕੰਮ ਕਰਵਾਇਆ ਜਾ ਰਿਹਾ ਸੀ, ਉਸ ਦਾ ਮਾਲਕ ਜਗਜੀਤ ਸਿੰਘ ਜੀਤਾ ਹੀ ਹੈ। ਛਾਪੇਮਾਰੀ ਦੌਰਾਨ ਪੁਲਿਸ ਨੂੰ ਮੌਕੇ ਤੋਂ ਕਈ ਕੁੜੀਆਂ ਮਿਲੀਆਂ, ਜਿਨ੍ਹਾਂ ਵਿੱਚ ਇੱਕ ਨਾਬਾਲਗ ਬੱਚੀ ਦਾ ਹੋਣਾ ਬਹੁਤ ਹੀ ਹਿਰਦੇਵੇਦਕ ਅਤੇ ਚਿੰਤਾਜਨਕ ਹੈ।

ਪੰਨੂ ਨੇ ਸਵਾਲ ਉਠਾਇਆ ਕਿ ਗ੍ਰਿਫ਼ਤਾਰੀ ਦੇ ਇੰਨੇ ਘੰਟੇ ਬੀਤ ਜਾਣ ਤੋਂ ਬਾਅਦ ਵੀ ਕਿਸੇ ਵੀ ਵੱਡੇ ਅਕਾਲੀ ਆਗੂ ਨੇ ਇਸ 'ਤੇ ਆਪਣੀ ਪ੍ਰਤੀਕਿਰਿਆ ਕਿਉਂ ਨਹੀਂ ਦਿੱਤੀ? ਕੀ ਇਨ੍ਹਾਂ ਦੀ ਚੁੱਪ ਅਪਰਾਧੀਆਂ ਦਾ ਸਿੱਧਾ ਸਮਰਥਨ ਹੈ? ਅਕਾਲੀ ਦਲ ਦੀ 'ਪੰਜਾਬ ਬਚਾਓ ਯਾਤਰਾ' 'ਤੇ ਤੰਜ ਕੱਸਦਿਆਂ ਪੰਨੂ ਨੇ ਕਿਹਾ ਕਿ ਮੋਗਾ ਵਿੱਚ ਇਸ ਰੈਲੀ ਦੌਰਾਨ ਜਗਜੀਤ ਸਿੰਘ ਜੀਤਾ ਦੀਆਂ ਤਸਵੀਰਾਂ ਵੱਡੇ ਅਕਾਲੀ ਆਗੂਆਂ ਨਾਲ ਸਾਹਮਣੇ ਆਈਆਂ ਹਨ। ਉਨ੍ਹਾਂ ਪੁੱਛਿਆ ਕਿ ਕੀ ਇਹ ਲੋਕ ਇਸ ਤਰ੍ਹਾਂ ਪੰਜਾਬ ਬਚਾਉਣਗੇ? ਜਿਨ੍ਹਾਂ ਦੇ ਹੱਥ ਮਾਸੂਮ ਬੱਚੀਆਂ ਦੇ ਭਵਿੱਖ ਨੂੰ ਹਨੇਰੇ ਵਿੱਚ ਧੱਕਣ ਵਾਲੇ ਧੰਦਿਆਂ ਨਾਲ ਰੰਗੇ ਹੋਣ, ਉਨ੍ਹਾਂ ਨੂੰ ਪੰਜਾਬ ਬਚਾਉਣ ਦੀ ਗੱਲ ਕਰਨੀ ਸ਼ੋਭਾ ਨਹੀਂ ਦਿੰਦੀ।

ਪੰਨੂ ਨੇ ਕਿਹਾ ਕਿ ਮੋਗਾ ਵਿੱਚ ਪਹਿਲਾਂ ਵੀ ਸਾਹਮਣੇ ਆਏ ਸੈਕਸ ਸਕੈਂਡਲ ਵਿੱਚ ਕਈ ਸੀਨੀਅਰ ਅਕਾਲੀ ਆਗੂਆਂ ਦੇ ਨਾਂ ਉਛਲੇ ਸਨ, ਜਿਸ ਤੋਂ ਸਿੱਧ ਹੁੰਦਾ ਹੈ ਕਿ ਇਹ ਪਾਰਟੀ ਅਨੈਤਿਕਤਾ ਅਤੇ ਮਾੜੇ ਧੰਦਿਆਂ ਦਾ ਗੜ੍ਹ ਬਣ ਚੁੱਕੀ ਹੈ। ਬਲਤੇਜ ਪੰਨੂ ਨੇ ਪੰਜਾਬ ਦੀ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਅੱਜ ਪੰਜਾਬ ਨੂੰ ਕਿਸੇ ਹੋਰ ਤੋਂ ਨਹੀਂ, ਸਗੋਂ ਇਨ੍ਹਾਂ ਵਰਗੇ ਲੋਕਾਂ ਤੋਂ ਬਚਾਉਣ ਦੀ ਲੋੜ ਹੈ ਜਿਨ੍ਹਾਂ ਨੇ ਆਪਣੇ ਨਿੱਜੀ ਸਵਾਰਥ ਅਤੇ ਲਾਲਚ ਲਈ ਕੋਈ ਵੀ ਮਾੜਾ ਧੰਦਾ ਨਹੀਂ ਛੱਡਿਆ।

ਉਨ੍ਹਾਂ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਅਜਿਹੇ ਕਿਸੇ ਵੀ ਅਪਰਾਧੀ ਨੂੰ ਬਖਸ਼ਣ ਵਾਲੀ ਨਹੀਂ ਹੈ, ਚਾਹੇ ਉਹ ਕਿੰਨਾ ਵੀ ਰਸੂਖਦਾਰ ਕਿਉਂ ਨਾ ਹੋਵੇ।




ਜੱਥੇਦਾਰ ਬਾਬਾ ਨਿਹਾਲ ਸਿੰਘ ਜੀ ਹਰੀਆਂ ਵੇਲਾਂ ਵਾਲੇ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਗੁਰਦੁਆਰਾ ਮੰਝ ਸਾਹਿਬ, ਮਾਈ ਕੰਗ, ਜ਼ਿਲ੍ਹ ਹੁਸ਼ਿਆਰਪੁਰ ਵਿਖੇ ਪਹੁੰਚਣ 'ਤੇ ਸਨਮਾਨ ਕਰਦੇ ਹੋਏ। (ਫੋਟੋ ਅਤੇ ਵੇਰਵਾ: ਦੀਪਕ ਅਗਨੀਹੋਤਰੀ)

## ਸੰਪਾਦਕੀ

# ਵੱਧ ਸਕਦੀ ਹੈ ਗਰੀਬੀ

ਜੇਕਰ ਪੱਛਮੀ ਏਸ਼ੀਆ ਵਿੱਚ ਟਕਰਾਅ ਤੋਂ ਪੈਦਾ ਹੋਏ ਵਿਸ਼ਵਵਿਆਪੀ ਸੰਕਟ ਦਾ ਹੱਲ ਜਲਦੀ ਨਹੀਂ ਲੱਭਿਆ ਜਾਂਦਾ, ਤਾਂ ਇਸਦੇ ਵਿਆਪਕ ਅਤੇ ਦੂਰਗਾਮੀ ਨਤੀਜੇ ਹੋ ਸਕਦੇ ਹਨ। ਇਸ ਨਾਲ ਨਾ ਸਿਰਫ਼ ਊਰਜਾ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਬਹੁਤ ਮੁਸ਼ਕਲ ਹੋ ਜਾਵੇਗਾ, ਸਗੋਂ ਖੁਰਾਕ ਸੁਰੱਖਿਆ ਸੰਕਟ ਦੀ ਸੰਭਾਵਨਾ ਵੀ ਕਾਫ਼ੀ ਵੱਧ ਜਾਵੇਗੀ, ਜਿਸ ਨਾਲ ਆਮ ਲੋਕਾਂ ਦੇ ਜੀਵਨ ਪੱਧਰ ਸਿੱਧੇ ਤੌਰ 'ਤੇ ਪ੍ਰਭਾਵਿਤ ਹੋਣਗੇ। ਇਸਦਾ ਸਭ ਤੋਂ ਵੱਧ ਪ੍ਰਭਾਵ ਭਾਰਤ ਸਮੇਤ ਉਨ੍ਹਾਂ ਦੇਸ਼ਾਂ 'ਤੇ ਪਵੇਗਾ, ਜੋ ਆਪਣੀਆਂ ਜ਼ਰੂਰਤਾਂ ਲਈ ਦਰਾਮਦਾਂ 'ਤੇ ਬਹੁਤ ਜ਼ਿਆਦਾ ਨਿਰਭਰ ਹਨ। ਸੰਯੁਕਤ ਰਾਸ਼ਟਰ ਵਿਕਾਸ ਪ੍ਰੋਗਰਾਮ ਦੁਆਰਾ ਜਾਰੀ ਕੀਤੀ ਗਈ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਟਕਰਾਅ ਤੋਂ ਪੈਦਾ ਹੋਈ ਸਥਿਤੀ ਕਾਰਨ ਭਾਰਤ ਵਿੱਚ 2.5 ਮਿਲੀਅਨ ਲੋਕ ਗਰੀਬੀ ਵਿੱਚ ਡਿੱਗਣ ਦੇ ਜੋਖਮ ਵਿੱਚ ਹਨ। ਇਹ ਮੁਲਾਂਕਣ ਇਸ ਤੱਥ 'ਤੇ ਅਧਾਰਤ ਹੈ ਕਿ ਹੋਰਮੁਜ਼ ਜਲਡਮਰੂ ਦੀ ਰੁਕਾਵਟ ਬਾਲਣ, ਮਾਲ ਢੋਆ-ਢੁਆਈ ਅਤੇ ਕੱਚੇ ਮਾਲ ਦੀ ਕੀਮਤ ਵਧਾ ਰਹੀ ਹੈ, ਰੋਜ਼ੀ-ਰੋਟੀ ਕਮਜ਼ੋਰ ਕਰ ਰਹੀ ਹੈ, ਘਰੇਲੂ ਖਰੀਦ ਸ਼ਕਤੀ ਘਟਾ ਰਹੀ ਹੈ ਅਤੇ ਭੋਜਨ ਅਸੁਰੱਖਿਆ ਵਧਾ ਰਹੀ ਹੈ। ਇਹ ਧਿਆਨ ਦੇਣ ਯੋਗ ਹੈ ਕਿ ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਟਕਰਾਅ ਦਾ ਸਥਾਈ ਬੰਦ ਹੋਣਾ ਇਸ ਸਮੇਂ ਅਸੰਭਵ ਹੈ। ਜਦੋਂ ਕਿ ਇਸਲਾਮਾਬਾਦ, ਪਾਕਿਸਤਾਨ ਵਿੱਚ ਦੋਵਾਂ ਧਿਰਾਂ ਵਿਚਕਾਰ ਹਾਲ ਹੀ ਵਿੱਚ ਹੋਈ ਸ਼ਾਂਤੀ ਵਾਰਤਾ, ਦੋ ਹਫ਼ਤਿਆਂ ਦੀ ਜੰਗਬੰਦੀ ਦੇ ਐਲਾਨ ਦੇ ਬਾਵਜੂਦ, ਅਸਫਲ ਰਹੀ ਹੈ, ਅਮਰੀਕਾ ਫਿਰ ਹਮਲਾਵਰ ਹੋ ਗਿਆ ਹੈ, ਅਤੇ ਈਰਾਨ ਬਦਲਾ ਲੈਣ ਲਈ ਤਿਆਰ ਜਾਪਦਾ ਹੈ। ਜੇਕਰ ਹੋਰਮੁਜ਼ ਜਲਡਮਰੂ ਲੰਬੇ ਸਮੇਂ ਤੱਕ ਬੰਦ ਰਹਿੰਦਾ ਹੈ, ਤਾਂ ਇਸਦਾ ਪ੍ਰਭਾਵ ਇੱਕ ਗੰਭੀਰ ਵਿਸ਼ਵਵਿਆਪੀ ਊਰਜਾ ਸੰਕਟ ਹੋਵੇਗਾ। ਭਾਰਤ ਆਪਣੀਆਂ 90% ਤੋਂ ਵੱਧ ਤੇਲ ਜ਼ਰੂਰਤਾਂ ਲਈ ਦਰਾਮਦਾਂ 'ਤੇ ਨਿਰਭਰ ਕਰਦਾ ਹੈ, ਜਿਸ ਵਿੱਚ 40% ਤੋਂ ਵੱਧ ਕੱਚਾ ਤੇਲ ਅਤੇ 90% LPG ਪੱਛਮੀ ਏਸ਼ੀਆ ਤੋਂ ਆਯਾਤ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ, 45% ਤੋਂ ਵੱਧ ਖਾਦ ਦਰਾਮਦ ਵੀ ਇਸੇ ਖੇਤਰ ਤੋਂ ਆਉਂਦੀ ਹੈ। ਇਹ ਵੀ ਧਿਆਨ ਦੇਣਾ ਮਹੱਤਵਪੂਰਨ ਹੈ ਕਿ ਭਾਰਤ ਦੇ ਕੁੱਲ ਨਿਰਯਾਤ ਦਾ 14% ਅਤੇ ਇਸਦੀਆਂ ਦਰਾਮਦਾਂ ਦਾ ਲੱਗਭੱਗ 21% ਪੱਛਮੀ ਏਸ਼ੀਆ ਨਾਲ ਜੁੜਿਆ ਹੋਇਆ ਹੈ। ਨਤੀਜੇ ਵਜੋਂ, ਇਹ ਸਮਝਣਾ ਮੁਸ਼ਕਲ ਨਹੀਂ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਦੇਸ਼ ਵਿੱਚ ਕਿਸ ਤਰ੍ਹਾਂ ਦੀ ਸਥਿਤੀ ਪੈਦਾ ਹੋ ਸਕਦੀ ਹੈ। ਅਮਰੀਕਾ ਅਤੇ ਈਰਾਨ ਦੇ ਜ਼ਿੱਦੀ ਰੁਖ਼ ਕਾਰਨ ਪੱਛਮੀ ਏਸ਼ੀਆ ਵਿੱਚ ਜੰਗ ਦੇ ਮੋਰਚਿਆਂ ਦੇ ਮੁੜ ਖੁੱਲ੍ਹਣ ਦੇ ਡਰ ਦੇ ਵਿਚਕਾਰ, ਸੰਯੁਕਤ ਰਾਸ਼ਟਰ ਦੀ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਭਾਰਤ ਵਿੱਚ ਗਰੀਬੀ ਦਰ 23.9 ਪ੍ਰਤੀਸ਼ਤ ਤੋਂ ਵੱਧ ਕੇ 24.2 ਪ੍ਰਤੀਸ਼ਤ ਹੋ ਸਕਦੀ ਹੈ। ਵਿਸ਼ਵ ਪੱਧਰ 'ਤੇ 8.8 ਮਿਲੀਅਨ ਲੋਕ ਗਰੀਬੀ ਦੇ ਜੋਖਮ ਵਿੱਚ ਹੋ ਸਕਦੇ ਹਨ, ਜਿਸ ਵਿੱਚ ਭਾਰਤ ਸਮੇਤ ਦੱਖਣੀ ਏਸ਼ੀਆ ਸਭ ਤੋਂ ਵੱਧ ਗਿਣਤੀ ਵਿੱਚ ਹੈ। ਇਸ ਸੰਕਟ ਤੋਂ ਬਾਅਦ, ਦੇਸ਼ ਵਿੱਚ ਗਰੀਬੀ ਵਿੱਚ ਰਹਿਣ ਵਾਲੇ ਲੋਕਾਂ ਦੀ ਗਿਣਤੀ 354 ਮਿਲੀਅਨ ਤੱਕ ਪਹੁੰਚ ਸਕਦੀ ਹੈ, ਜੋ ਪਹਿਲਾਂ 351.5 ਮਿਲੀਅਨ ਸੀ। ਸਪੱਸ਼ਟ ਤੌਰ 'ਤੇ, ਦੇਸ਼ ਦੀ ਆਬਾਦੀ ਦੇ ਇੱਕ ਵੱਡੇ ਹਿੱਸੇ ਨੂੰ ਰੋਜ਼ੀ-ਰੋਟੀ ਦੀਆਂ ਨਵੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪਵੇਗਾ। ਜਦੋਂ ਕਿ ਸਰਕਾਰ ਬਿਨਾਂ ਸ਼ੱਕ ਮੌਜੂਦਾ ਸਥਿਤੀ ਨੂੰ ਹੱਲ ਕਰਨ ਲਈ ਯਤਨ ਕਰ ਰਹੀ ਹੈ, ਇਹ ਯਕੀਨੀ ਤੌਰ 'ਤੇ ਸਰਕਾਰੀ ਬਜਟ 'ਤੇ ਵਾਧੂ ਦਬਾਅ ਪਾ ਰਿਹਾ ਹੈ, ਜਿਸ ਨਾਲ ਸਥਿਤੀ ਨੂੰ ਲੰਬੇ ਸਮੇਂ ਤੱਕ ਸੰਭਾਲਣਾ ਮੁਸ਼ਕਲ ਹੋ ਰਿਹਾ ਹੈ। ਅਜਿਹੀ ਸਥਿਤੀ ਵਿੱਚ, ਇਹ ਜ਼ਰੂਰੀ ਹੈ ਕਿ ਸਰਕਾਰ ਊਰਜਾ ਦੇ ਨਵੇਂ ਸਰੋਤਾਂ ਅਤੇ ਜ਼ਰੂਰੀ ਵਸਤੂਆਂ ਦੀ ਸਪਲਾਈ ਲਈ ਵਿਕਲਪਕ ਸਾਧਨਾਂ ਦੀ ਭਾਲ 'ਤੇ ਗੰਭੀਰਤਾ ਨਾਲ ਕੰਮ ਕਰੇ, ਤਾਂ ਜੋ ਸੰਭਾਵੀ ਸੰਕਟ ਦੇ ਪ੍ਰਭਾਵ ਨੂੰ ਘੱਟ ਕੀਤਾ ਜਾ ਸਕੇ। ਕਿਸੇ ਵੀ ਗੁੰਝਲਦਾਰ ਅੰਤਰਰਾਸ਼ਟਰੀ ਵਿਵਾਦ ਨੂੰ ਹੱਲ ਕਰਨ ਲਈ ਪਹਿਲਾਂ ਵਿਸ਼ਵਾਸ ਸਥਾਪਤ ਕਰਨ ਦੀ ਲੋੜ ਹੁੰਦੀ ਹੈ, ਤਾਂ ਹੀ ਇੱਕ ਅਰਥਪੂਰਨ ਅਤੇ ਸਥਾਈ ਹੱਲ ਸੰਭਵ ਹੋ ਸਕਦਾ ਹੈ। ਪਾਕਿਸਤਾਨ ਦੇ ਇਸਲਾਮਾਬਾਦ ਵਿੱਚ ਈਰਾਨ ਅਤੇ ਅਮਰੀਕਾ ਵਿਚਕਾਰ ਗੱਲਬਾਤ ਦੀ ਅਸਫਲਤਾ ਦਾ ਇੱਕ ਵੱਡਾ ਕਾਰਨ ਇਹ ਸੀ ਕਿ ਦੋਵਾਂ ਦੇਸ਼ਾਂ ਵਿਚਕਾਰ ਪਹਿਲਾਂ ਤੋਂ ਮੌਜੂਦ ਡੂੰਘੇ ਅਵਿਸ਼ਵਾਸ ਨੂੰ ਦੂਰ ਕਰਨ ਲਈ ਕਾਫ਼ੀ ਯਤਨ ਨਹੀਂ ਕੀਤੇ ਗਏ ਸਨ। ਈਰਾਨ ਅਤੇ ਅਮਰੀਕਾ ਵਿਚਕਾਰ ਸਬੰਧ ਲੰਬੇ ਸਮੇਂ ਤੋਂ ਤਣਾਅਪੂਰਨ ਰਹੇ ਹਨ, ਜਿਸ ਦੀਆਂ ਜੜ੍ਹਾਂ ਇਤਿਹਾਸਕ, ਰਾਜਨੀਤਿਕ, ਰਣਨੀਤਕ ਅਤੇ ਵਿਚਾਰਧਾਰਕ ਮਤਭੇਦਾਂ ਵਿੱਚ ਡੂੰਘੀਆਂ ਜੜ੍ਹਾਂ ਹਨ। ਇਸ ਲਈ, ਜਦੋਂ ਕਿ ਪਹਿਲਾਂ ਪਰਦੇ ਪਿੱਛੇ ਕੂਟਨੀਤਕ ਅਤੇ ਛੋਟੇ ਸਮਝੌਤਿਆਂ ਨੂੰ ਅੱਗੇ ਵਧਾਉਣਾ ਜ਼ਰੂਰੀ ਸੀ, ਰਸਮੀ ਗੱਲਬਾਤ ਸਿੱਧੇ ਤੌਰ 'ਤੇ ਸ਼ੁਰੂ ਕੀਤੀ ਗਈ ਸੀ, ਇਸੇ ਕਰਕੇ, ਲੰਬੀ ਗੱਲਬਾਤ ਦੇ ਬਾਵਜੂਦ, ਗੱਲਬਾਤ ਸਕਾਰਾਤਮਕ ਦਿਸ਼ਾ ਵਿੱਚ ਅੱਗੇ ਵਧਣ ਵਿੱਚ ਅਸਫਲ ਰਹੀ।

-ਜਗਜੀਤ ਸਿੰਘ ਦਰਦੀ

## ਲੋਕ ਸਭਾ ਵਿੱਚ ਮਹਿਲਾ ਰਾਖਵਾਂ ਕਾਨੂੰਨ 'ਤੇ ਬਹਿਸ ਜਾਰੀ

# ਲੋਕ ਸਭਾ ਸੀਟਾਂ ਵੱਧ ਕੇ ਹੋਣਗੀਆਂ 850, 33 ਫ਼ੀਸਦੀ ਤੋਂ ਲੈ ਕੇ ਅੱਧੀ ਆਬਾਦੀ ਤੱਕ ਔਰਤਾਂ ਲਈ ਰਾਖਵਾਂਕਰਨ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਆਰਤੀ ਸੰਸਦ ਲੋਕ ਸਭਾ ਅੱਜ ਇੱਕ ਇਨਕਲਾਬੀ ਤਬਦੀਲੀ ਵੱਲ ਵੱਧ ਰਹੀ ਹੈ। ਭਾਰਤੀ ਸੰਸਦ ਦੀ ਬਹਿਸ ਵਿੱਚ ਅਤੇ ਭਾਰਤੀ ਲੋਕਤੰਤਰ ਦੇ ਇਤਿਹਾਸ ਵਿੱਚ ਇੱਕ ਵੱਡੀ ਤਬਦੀਲੀ ਦੀ ਘੜੀ ਆ ਗਈ ਹੈ। ਲੋਕ ਸਭਾ ਵਿੱਚ ਮਹਿਲਾਵਾਂ ਲਈ 33 ਫੀਸਦੀ ਰਾਖਵੀਆਂ ਸੀਟਾਂ ਨੂੰ ਲਾਗੂ ਕਰਨ ਲਈ ਸੰਸਦ ਵਿੱਚ ਵਿਸ਼ੇਸ਼ ਸੈਸ਼ਨ ਚੱਲ ਰਿਹਾ ਹੈ। ਇਸ ਤਹਿਤ ਲੋਕ ਸਭਾ ਦੀਆਂ ਸੀਟਾਂ ਨੂੰ ਵਧਾ ਕੇ ਵੱਧ ਤੋਂ ਵੱਧ 850 ਕਰਨ ਦਾ ਪ੍ਰਸਤਾਵ ਹੈ।

ਅੱਜ ਇਸ ਨਾਲ ਔਰਤਾਂ ਨੂੰ ਸਿਰਫ਼ ਇੱਕ ਤਿਹਾਈ ਹਿੱਸਾ ਹੀ ਨਹੀਂ, ਬਲਕਿ ਭਵਿੱਖ ਵਿੱਚ ਅੱਧੀ ਆਬਾਦੀ ਦਾ ਸੰਵਿਧਾਨਕ ਰਾਖਵਾਂਕਰਨ ਮਿਲਣ ਵੱਲ ਵੀ ਇੱਕ ਵੱਡਾ ਕਦਮ ਉਠਾਇਆ ਜਾ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਭਾਸ਼ਣ ਵਿੱਚ ਇਸ ਮੁੱਦੇ ਨੂੰ ਬਿਲਕੁਲ ਸਾਫ਼ ਕਰ ਦਿੱਤਾ ਹੈ। ਉਨ੍ਹਾਂ ਨੇ ਇਸ ਨੂੰ '21ਵੀਂ ਸਦੀ ਦਾ ਸਭ ਤੋਂ ਮਹੱਤਵਪੂਰਨ ਫੈਸਲਾ ਅਤੇ ਨਾਰੀ ਸ਼ਕਤੀ ਵੱਲ ਸਮਰਪਿਤ ਐਲਾਨਿਆ ਹੈ। ਇਸ ਬਿੱਲ ਦੀ ਪ੍ਰਸੰਗਤਤਾ, ਇਸ ਨਾਲ ਹੋਣ ਵਾਲੇ ਫਾਇਦੇ, ਰਾਜਨੀਤਿਕ ਪ੍ਰਭਾਵ ਅਤੇ ਔਰਤਾਂ ਦੇ 33% ਹੱਕ ਨਾਲ ਆਉਣ ਵਾਲੇ ਸਮਾਜਿਕ-ਰਾਜਨੀਤਿਕ ਪਰਿਵਰਤਨਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਜਾਵੇਗੀ।

ਅੱਜ ਮਹਿਲਾ ਰਾਖਵਾਂ ਬਿੱਲ ਦੀ ਪਿਛੋਕੜ ਅਤੇ ਇਤਿਹਾਸਕ ਯਾਤਰਾ ਮਹਿਲਾਵਾਂ ਲਈ ਰਾਜਨੀਤਿਕ ਰਾਖਵੀਆਂ ਸੀਟਾਂ ਦੀ ਮੰਗ ਭਾਰਤ ਵਿੱਚ ਦਹਾਕਿਆਂ ਤੋਂ ਚੱਲ ਰਹੀ ਹੈ। 1996 ਵਿੱਚ ਪਹਿਲੀ ਵਾਰ ਇਸ ਬਿੱਲ ਨੂੰ ਲਿਆਂਦਾ ਗਿਆ ਸੀ, ਪਰ ਵਿਵਾਦਾਂ ਕਾਰਨ ਇਹ ਲੰਬੇ ਸਮੇਂ ਤੱਕ ਲਟਕਿਆ ਰਿਹਾ। 2023 ਵਿੱਚ 'ਨਾਰੀ ਸ਼ਕਤੀ ਵੰਦਨ ਅਧਿਨਿਯਮ' (106ਵੀਂ ਸੰਵਿਧਾਨਿਕ ਸੋਧ) ਪਾਸ ਹੋਇਆ, ਜਿਸ ਨੇ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33% ਰਾਖਵੀਆਂ ਸੀਟਾਂ ਦਾ ਪ੍ਰਬੰਧ ਕੀਤਾ। ਪਰ ਇਸ ਨੂੰ ਲਾਗੂ ਕਰਨ ਲਈ ਡੀਲਿਮੀਟੇਸ਼ਨ (ਸੀਟਾਂ ਦੀ ਨਵੀਂ ਵੰਡ) ਅਤੇ ਜਨਗਣਨਾ ਦੀ ਲੋੜ ਸੀ।

ਅਪ੍ਰੈਲ 2026 ਵਿੱਚ ਚੱਲ ਰਹੇ ਵਿਸ਼ੇਸ਼ ਸੈਸ਼ਨ ਵਿੱਚ ਤਿੰਨ ਮੁੱਖ ਬਿੱਲ ਲਿਆਂਦੇ ਗਏ ਹਨ – ਸੰਵਿਧਾਨ (131ਵੀਂ ਸੋਧ) ਬਿੱਲ, ਡੀਲਿਮੀਟੇਸ਼ਨ ਬਿੱਲ ਅਤੇ ਯੂਨੀਅਨ ਟੈਰੀਟਰੀਜ਼ ਲਈ ਵਿਸ਼ੇਸ਼ ਪ੍ਰਬੰਧ। ਇਸ ਨਾਲ 2029 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਹੀ ਰਾਖਵੀਆਂ ਸੀਟਾਂ ਲਾਗੂ ਹੋ ਸਕਣਗੀਆਂ।ਪ੍ਰਧਾਨ ਮੰਤਰੀ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਇਹ ਫੈਸਲਾ ਨਾਰੀ ਸ਼ਕਤੀ ਦੀ ਪੂਜਾ ਅਤੇ ਭਾਰਤੀ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਉਣ ਵਾਲਾ ਹੈ।

ਉਨ੍ਹਾਂ ਯਾਦ ਕਰਵਾਇਆ ਕਿ ਪੰਚਾਇਤੀ ਰਾਜ ਵਿੱਚ ਔਰਤਾਂ ਦੀ ਭਾਗੀਦਾਰੀ ਪਹਿਲਾਂ ਹੀ 50% ਤੱਕ ਪਹੁੰਚ ਚੁੱਕੀ ਹੈ ਅਤੇ ਇਸ ਨਾਲ ਗਰਾਮੀਣ ਵਿਕਾਸ ਵਿੱਚ ਬਦਲਾਅ ਆਇਆ ਹੈ। ਹੁਣ ਇਸ ਨੂੰ ਰਾਸ਼ਟਰੀ ਪੱਧਰ ਤੱਕ ਲੈ ਜਾਣ ਦਾ ਸਮਾਂ ਆ ਗਿਆ ਹੈ।ਲੋਕ ਸਭਾ ਸੀਟਾਂ 543 ਤੋਂ ਵਧ ਕੇ 850—ਡੀਲਿਮੀਟੇਸ਼ਨ ਦਾ ਗਣਿਤ ਵਰਤਮਾਨ ਵਿੱਚ ਲੋਕ ਸਭਾ ਵਿੱਚ 543 ਸੀਟਾਂ ਹਨ। ਨਵੀਂ ਤਜਵੀਜ਼ ਅਨੁਸਾਰ ਇਸ ਨੂੰ ਵਧਾ ਕੇ ਵੱਧ ਤੋਂ ਵੱਧ 850 ਕੀਤਾ ਜਾਵੇਗਾ।(815 ਰਾਜਾਂ ਲਈ ਅਤੇ 35 ਯੂਨੀਅਨ ਟੈਰੀਟਰੀਜ਼ ਲਈ) ਇਸ ਵਿੱਚੋਂ ਲੱਗਭੱਗ 273 ਸੀਟਾਂ ਔਰਤਾਂ ਲਈ ਰਾਖਵੀਆਂ ਹੋਣਗੀਆਂ (33%)।

ਅੱਜ ਸਰਕਾਰ ਦਾ ਦਾਅਵਾ ਹੈ ਕਿ ਇਹ ਵਾਧਾ 50% ਵਧਾਅ ਵਾਲੇ ਫਾਰਮੂਲੇ ਤਹਿਤ ਹੋ ਰਿਹਾ ਹੈ, ਜਿਸ ਨਾਲ ਕਿਸੇ ਵੀ ਰਾਜ ਨੂੰ ਨੁਕਸਾਨ ਨਹੀਂ ਹੋਵੇਗਾ। ਹਰ ਰਾਜ ਦੀਆਂ ਸੀਟਾਂ ਵੀ ਲੱਗਭੱਗ 50% ਵਧਣਗੀਆਂ ਅਤੇ ਉਨ੍ਹਾਂ ਦਾ ਅਨੁਪਾਤ ਬਰਕਰਾਰ ਰਹੇਗਾ। ਇਸ ਨਾਲ ਦੱਖਣੀ ਰਾਜਾਂ (ਜਿਨ੍ਹਾਂ ਨੇ ਆਬਾਦੀ ਨਿਯੰਤਰਣ ਵਿੱਚ ਚੰਗਾ ਕੰਮ ਕੀਤਾ ਹੈ) ਦੀਆਂ ਚਿੰਤਾਵਾਂ ਨੂੰ ਘਟਾਉਣ ਦੀ ਕੋਸ਼ਿਸ਼ ਹੈ।ਪਰ ਵਿਪੱਖੀ ਧਿਰਾਂ ਇਸ ਡੀਲਿਮੀਟੇਸ਼ਨ ਨੂੰ 2011 ਜਨਗਣਨਾ 'ਤੇ ਆਧਾਰਿਤ ਕਰਨ ਤੋਂ ਚਿੰਤਤ ਹਨ।

ਅੱਜ ਉਨ੍ਹਾਂ ਦਾ ਕਹਿਣਾ ਹੈ ਕਿ ਇਸ ਨਾਲ ਉੱਤਰੀ ਰਾਜਾਂ (ਉੱਚ ਆਬਾਦੀ ਵਾਲੇ) ਨੂੰ ਵਧੇਰੇ ਲਾਭ ਹੋਵੇਗਾ ਅਤੇ ਦੱਖਣੀ ਰਾਜਾਂ ਦਾ ਰਾਜਨੀਤਿਕ ਵਜ਼ਨ ਘੱਟ ਸਕਦਾ ਹੈ। ਸਰਕਾਰ ਇਸ ਨੂੰ ਖਾਰਜ ਕਰਦੀ ਹੈ ਅਤੇ ਕਹਿੰਦੀ ਹੈ ਕਿ ਇਹ ਤਬਦੀਲੀ ਔਰਤਾਂ ਦੇ ਹੱਕ ਲਈ ਹੈ, ਨਾ ਕਿ ਰਾਜੀਆਂ ਵਿਚਾਲੇ ਟੱਕਰ ਲਈ।ਪ੍ਰਧਾਨ ਮੰਤਰੀ ਦਾ ਭਾਸ਼ਣ: ਸਪੱਸ਼ਟਤਾ ਅਤੇ ਰਾਸ਼ਟਰੀ ਫਰਜ਼ ਪ੍ਰਧਾਨ ਮੰਤਰੀ ਮੋਦੀ ਨੇ ਆਪਣੇ ਭਾਸ਼ਣ ਵਿੱਚ ਇਸ ਬਿੱਲ ਨੂੰ 'ਇਤਿਹਾਸ ਰਚਣ ਵਾਲਾ' ਐਲਾਨਿਆ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਾਰੀਆਂ ਪਾਰਟੀਆਂ ਦੇ ਸਹਿਯੋਗ ਨਾਲ ਲਿਆ ਜਾਣਾ ਚਾਹੀਦਾ ਹੈ, ਕਿਉਂਕਿ ਇਹ ਰਾਜਨੀਤੀ ਤੋਂ ਉੱਪਰ ਉੱਠ ਕੇ ਔਰਤਾਂ ਦੀ ਤਾਕਤ ਨੂੰ ਮਾਨਤਾ ਦੇਣ ਵਾਲਾ ਹੈ।ਉਨ੍ਹਾਂ ਯਾਦ ਕਰਵਾਇਆ ਕਿ ਪਿਛਲੇ 40 ਸਾਲਾਂ ਵਿੱਚ ਔਰਤਾਂ ਨੇ ਸਿੱਖਿਆ, ਰੋਜ਼ਗਾਰ, ਉੱਦਮੀ ਬਣਨ ਅਤੇ ਸਥਾਨਕ ਰਾਜਨੀਤੀ ਵਿੱਚ ਬਦਲਾਅ ਲਿਆਂਦਾ ਹੈ। ਹੁਣ ਉਨ੍ਹਾਂ ਨੂੰ ਰਾਸ਼ਟਰੀ ਰਾਜਨੀਤੀ ਵਿੱਚ ਵੀ ਬਰਾਬਰੀ ਵਾਲਾ ਹੱਕ ਮਿਲਣਾ ਚਾਹੀਦਾ ਹੈ।

ਇਸ ਬਿੱਲ ਨਾਲ ਔਰਤਾਂ ਦੀ ਆਵਾਜ਼ ਮਜ਼ਬੂਤ ਹੋਵੇਗੀ, ਨੀਤੀ ਨਿਰਮਾਣ ਵਿੱਚ ਉਨ੍ਹਾਂ ਦਾ ਯੋਗਦਾਨ ਵਧੇਗਾ ਅਤੇ ਲਿੰਗ ਭੇਦਭਾਵ ਘਟਾਉਣ ਵਿੱਚ ਮੱਦਦ ਮਿਲੇਗੀ।ਇਸ ਬਿੱਲ ਨਾਲ ਹੋਣ ਵਾਲੇ ਫਾਇਦੇ ਰਾਜਨੀਤਿਕ ਸਮਾਨਤਾ: ਔਰਤਾਂ ਨੂੰ ਰਾਜਨੀਤੀ ਵਿੱਚ ਵਧੇਰੇ ਭਾਗੀਦਾਰੀ ਮਿਲੇਗੀ। ਇਸ ਨਾਲ ਔਰਤਾਂ ਨਾਲ ਜੁੜੇ ਮੁੱਦੇ (ਸਿਹਤ, ਸਿੱਖਿਆ, ਸੁਰੱਖਿਆ, ਘਰੇਲੂ ਹਿੰਸਾ ਆਦਿ) ਵਧੇਰੇ ਤਰਜੀਹ ਲੈਣਗੇ। ਸਮਾਜਿਕ ਤਬਦੀਲੀ ਰਾਹੀਂ ਔਰਤਾਂ ਨੂੰ ਰੋਲ ਮਾਡਲ ਬਣਨ ਦਾ ਮੌਕਾ ਮਿਲੇਗਾ। ਇਸ ਨਾਲ ਲੜਕੀਆਂ ਦੀ ਸਿੱਖਿਆ ਅਤੇ ਆਤਮ-ਨਿਰਭਰਤਾ ਵਧੇਗੀ।

ਵਿਕਾਸ ਵਿੱਚ ਤੇਜ਼ੀ ਔਰਤਾਂ ਵਧੇਰੇ ਭਾਗੀਦਾਰੀ ਨਾਲ ਵਿਕਾਸ ਯੋਜਨਾਵਾਂ ਵਧੇਰੇ ਸੰਤੁਲਿਤ ਬਣਨਗੀਆਂ। ਪੰਚਾਇਤੀ ਰਾਜ ਵਿੱਚ ਇਸ ਦਾ ਉਦਾਹਰਣ ਪਹਿਲਾਂ ਹੀ ਦਿਖਾਈ ਦੇ ਰਿਹਾ ਹੈ ਅਤੇ ਲੋਕਤੰਤਰ ਦੀ ਮਜ਼ਬੂਤੀ ਲਈ ਇੱਕ ਵੱਡੀ ਆਬਾਦੀ (ਔਰਤਾਂ) ਨੂੰ ਵਧੇਰੇ ਨੁਮਾਇੰਦਗੀ ਮਿਲਣ ਨਾਲ ਲੋਕਤੰਤਰ ਹੋਰ ਸਮਾਵੇਸ਼ੀ ਬਣੇਗਾ।

ਭਵਿੱਖ ਵਿੱਚ 50% ਵੱਲ ਵਧਾਅ: 33% ਤੋਂ ਸ਼ੁਰੂਆਤ ਕਰਕੇ ਭਵਿੱਖ ਵਿੱਚ ਇਸ ਨੂੰ 50% ਤੱਕ ਲੈ ਜਾਣ ਦੀ ਗੱਲ ਵੀ ਹੋ ਰਹੀ ਹੈ, ਜੋ ਅੱਧੀ ਆਬਾਦੀ ਨੂੰ ਪੂਰਾ ਸੰਵਿਧਾਨਕ ਹੱਕ ਦੇਵੇਗਾ।

ਅੱਜ ਰਾਜਨੀਤਿਕ ਪ੍ਰਭਾਵ ਅਤੇ ਚੁਣੌਤੀਆਂ ਅਤੇ ਇਸ ਬਿੱਲ ਨਾਲ ਰਾਜਨੀਤਿਕ ਤਾਕਤ ਦਾ ਸੰਤੁਲਨ ਬਦਲ ਸਕਦਾ ਹੈ। ਔਰਤਾਂ ਲਈ ਰਾਖਵੀਆਂ ਸੀਟਾਂ ਰੋਟੇਸ਼ਨ ਵਾਲੀ ਪ੍ਰਣਾਲੀ ਤਹਿਤ ਹੋਣਗੀਆਂ, ਜਿਸ ਨਾਲ ਹਰ ਚੋਣ ਵਿੱਚ ਵੱਖ-ਵੱਖ ਸੀਟਾਂ ਰਾਖਵੀਆਂ ਹੋਣਗੀਆਂ।ਇਸ ਨਾਲ ਪਾਰਟੀਆਂ ਨੂੰ ਔਰਤ ਉਮੀਦਵਾਰਾਂ ਤਿਆਰ ਕਰਨੀਆਂ ਪੈਣਗੀਆਂ।ਵਿਪੱਖ ਦੀ ਚਿੰਤਾ ਹੈ ਕਿ ਡੀਲਿਮੀਟੇਸ਼ਨ ਨਾਲ ਉੱਤਰੀ ਰਾਜਾਂ (ਯੂਪੀ, ਬਿਹਾਰ ਆਦਿ) ਨੂੰ ਵਧੇਰੇ ਲਾਭ ਹੋਵੇਗਾ ਅਤੇ ਦੱਖਣੀ ਰਾਜਾਂ (ਤਮਿਲਨਾਡੂ, ਕੇਰਲਾ, ਕਰਨਾਟਕ) ਦਾ ਪ੍ਰਤੀਨਿਧੀਵ ਘਟ ਸਕਦਾ ਹੈ।

ਹੁਣ ਸਰਕਾਰ ਇਸ ਨੂੰ ਖਾਰਜ ਕਰਦੀ ਹੈ ਅਤੇ ਕਹਿੰਦੀ ਹੈ ਕਿ ਸਾਰੀਆਂ ਰਾਜਾਂ ਲਈ ਸੀਟਾਂ ਵਧਣਗੀਆਂ।ਇਸ ਤੋਂ ਇਲਾਵਾ, ਔਰਤਾਂ ਵਿੱਚ ਵੀ ਵੱਖ-ਵੱਖ ਵਰਗਾਂ (ਓਬੀਸੀ, ਐਸਸੀ/ਐਸਟੀ) ਲਈ ਉਪ-ਰਾਖਵੀਆਂ ਸੀਟਾਂ ਦੀ ਮੰਗ ਉੱਠ ਰਹੀ ਹੈ, ਜਿਸ ਬਾਰੇ ਭਵਿੱਖ ਵਿੱਚ ਚਰਚਾ ਹੋ ਸਕਦੀ ਹੈ।ਆਉਣ ਵਾਲੇ ਸਮੇਂ ਵਿੱਚ ਹੋ ਰਹੀਆਂ ਤਬਦੀਲੀਆਂ 'ਤੇ ਝਾਤ33% ਰਾਖਵੀਆਂ ਸੀਟਾਂ ਨਾਲ ਭਵਿੱਖ ਵਿੱਚ ਭਾਰਤੀ ਰਾਜਨੀਤੀ ਵਿੱਚ ਇੱਕ ਇਨਕਲਾਬੀ ਤਬਦੀਲੀ ਆਉਣ ਵਾਲੀ ਹੈ।

ਔਰਤਾਂ ਦੀ ਆਵਾਜ਼ ਮਜ਼ਬੂਤ ਸੰਸਦ ਅਤੇ ਵਿਧਾਨ ਸਭਾਵਾਂ ਵਿੱਚ ਔਰਤਾਂ ਦੀ ਗਿਣਤੀ ਵਧਣ ਨਾਲ ਔਰਤਾਂ ਨਾਲ ਜੁੜੀਆਂ ਯੋਜਨਾਵਾਂ (ਬੇਟੀ ਬਚਾਓ ਬੇਟੀ ਪੜ੍ਹਾਓ, ਉਜਵਲਾ ਯੋਜਨਾ, ਲਾਡਲੀ ਬਹਿਨ ਆਦਿ) ਹੋਰ ਤੇਜ਼ੀ ਨਾਲ ਲਾਗੂ ਹੋਣਗੀਆਂ। ਸਮਾਜਿਕ ਬਦਲਾਅ ਨਾਲ ਲਿੰਗ ਭੇਦਭਾਵ ਘਟੇਗਾ। ਲੜਕੀਆਂ ਨੂੰ ਰਾਜਨੀਤੀ ਵਿੱਚ ਕਰੀਅਰ ਬਣਾਉਣ ਦੀ ਪ੍ਰੇਰਣਾ ਮਿਲੇਗੀ। ਆਰਥਿਕ ਪ੍ਰਭਾਵ ਹੇਠ ਔਰਤਾਂ ਵਧੇਰੇ ਉੱਦਮੀ ਬਣਨਗੀਆਂ ਅਤੇ ਆਰਥਿਕ ਵਿਕਾਸ ਵਿੱਚ ਯੋਗਦਾਨ ਵਧਾਉਣਗੀਆਂ। ਪੰਚਾਇਤੀ ਰਾਜ ਤੋਂ ਰਾਸ਼ਟਰੀ ਪੱਧਰ ਤੱਕ ਸਥਾਨਕ ਪੱਧਰ ਤੇ ਸਫਲਤਾ ਨੂੰ ਰਾਸ਼ਟਰੀ ਰਾਜਨੀਤੀ ਵਿੱਚ ਲਾਗੂ ਕਰਨ ਨਾਲ ਗਰਾਮੀਣ ਅਤੇ ਸ਼ਹਿਰੀ ਔਰਤਾਂ ਦੋਵਾਂ ਨੂੰ ਲਾਭ ਹੋਵੇਗਾ।

50% ਵੱਲ ਵਧਾਅ ਇਸ ਨੂੰ ਇੱਕ ਸ਼ੁਰੂਆਤੀ ਕਦਮ ਮੰਨਿਆ ਜਾ ਰਿਹਾ ਹੈ। ਭਵਿੱਖ ਵਿੱਚ ਔਰਤਾਂ ਲਈ 50% ਰਾਖਵੀਆਂ ਸੀਟਾਂ ਦੀ ਮੰਗ ਉੱਠ ਸਕਦੀ ਹੈ, ਜੋ ਅੱਧੀ ਆਬਾਦੀ ਨੂੰ ਪੂਰਾ ਹੱਕ ਦੇਵੇਗੀ।

ਅੱਜ ਇਸ ਤਬਦੀਲੀ ਨਾਲ ਭਾਰਤ ਨਾਰੀ ਵਿਕਾਸ ਤੋਂ ਨਾਰੀ ਨੇਤ੍ਰਿਤਵ ਵੱਲ ਵੱਧ ਰਿਹਾ ਹੈ। ਇਹ ਇੱਕ ਇਨਕਲਾਬੀ ਕਦਮ ਹੈ ਜੋ ਭਾਰਤ ਨੂੰ ਵਿਸ਼ਵ ਪੱਧਰ 'ਤੇ ਔਰਤਾਂ ਦੀ ਭਾਗੀਦਾਰੀ ਵਿੱਚ ਇੱਕ ਉਦਾਹਰਣ ਬਣਾ ਸਕਦਾ ਹੈ।ਨਿਗਾਹ ਅੱਗੇ ਵੱਲਵਿਸ਼ੇਸ਼ ਸੈਸ਼ਨ ਵਿੱਚ ਬਿੱਲ ਪਾਸ ਹੋਣ ਤੋਂ ਬਾਅਦ ਡੀਲਿਮੀਟੇਸ਼ਨ ਕਮਿਸ਼ਨ ਆਪਣਾ ਕੰਮ ਸ਼ੁਰੂ ਕਰੇਗਾ। 2029 ਤੱਕ ਇਸ ਨੂੰ ਲਾਗੂ ਕਰਨ ਦਾ ਟੀਚਾ ਹੈ। ਇਸ ਵਿੱਚ ਸਾਰੀਆਂ ਧਿਰਾਂ ਦਾ ਸਹਿਯੋਗ ਜ਼ਰੂਰੀ ਹੈ ਤਾਂ ਜੋ ਇਹ ਰਾਸ਼ਟਰੀ ਏਕਤਾ ਅਤੇ ਔਰਤਾਂ ਦੇ ਸਸ਼ਕਤੀਕਰਨ ਦਾ ਪ੍ਰਤੀਕ ਬਣ ਸਕੇ।ਪ੍ਰਧਾਨ ਮੰਤਰੀ ਨੇ ਆਖਿਆ ਹੈ ਕਿ ਇਹ ਫੈਸਲਾ ਦੇਸ਼ ਦੀ ਭਾਵਨਾ ਹੈ।

ਅੱਜ ਜੇਕਰ ਸਾਰੀਆਂ ਪਾਰਟੀਆਂ ਇਸ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਸਮਰਥਨ ਦੇਣਗੀਆਂ ਤਾਂ ਭਾਰਤੀ ਲੋਕਤੰਤਰ ਇੱਕ ਨਵੀਂ ਉਚਾਈ ਛੂਹ ਲਵੇਗਾ।ਇਹ ਤਬਦੀਲੀ ਸਿਰਫ਼ ਸੀਟਾਂ ਵਧਾਉਣ ਤੱਕ ਸੀਮਤ ਨਹੀਂ — ਇਹ ਭਾਰਤੀ ਸਮਾਜ ਵਿੱਚ ਔਰਤਾਂ ਦੀ ਭੂਮਿਕਾ ਨੂੰ ਮੁੜ-ਪਰਿਭਾਸ਼ਿਤ ਕਰਨ ਵਾਲੀ ਹੈ। 33% ਤੋਂ ਸ਼ੁਰੂਆਤ ਕਰਕੇ ਅੱਧੀ ਆਬਾਦੀ ਤੱਕ ਪਹੁੰਚਣ ਵਾਲਾ ਇਹ ਯਾਤਰਾ ਭਾਰਤ ਨੂੰ ਇੱਕ ਵਧੇਰੇ ਸਮਾਵੇਸ਼ੀ ਅਤੇ ਨਿਆਂਪੂਰਣ ਰਾਸ਼ਟਰ ਬਣਾਉਣ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗਾ।



# ਮੁਲਕ ਦੇ ਚੋਣ ਨਕਸ਼ੇ ਦਾ ਬਦਲੇਗਾ ਮੁਹਾਂਦਰਾ



ਕਮਲਜੀਤ ਸਿੰਘ ਬਨਵੈਤ
98147 34035

- ਭਾਰਤ ਦੀ ਪਾਰਲੀਮੈਂਟ ਦਾ ਵਿਸ਼ੇਸ਼ ਸੈਸ਼ਨ ਅੱਜ ਤੋਂ, ਤਿੰਨ ਬਿੱਲ ਹੋਣਗੇ ਪੇਸ਼ , ਭਾਜਪਾ ਕੋਲ ਲੋਕ ਸਭਾ ਵਿੱਚ ਬਹੁਮਤ
- ਲੋਕ ਸਭਾ ਦੀਆਂ ਸੀਟਾਂ ਹੋ ਸਕਦੀਆਂ ਨੇ 543 ਤੋਂ ਵੱਧ ਕੇ 850 , ਔਰਤਾਂ ਲਈ 33 ਫ਼ੀਸਦੀ ਸੀਟਾਂ ਰਾਖਵੀਆਂ ਹੋਣਗੀਆਂ
- ਚੋਣ ਨਕਸ਼ਾ ਬਦਲਿਆ ਤਾਂ ਵਧਣਗੀਆਂ ਵਿਧਾਨ ਸਭਾ ਦੀਆਂ ਸੀਟਾਂ , ਹਲਕਿਆਂ ਦੀ ਨਵੀਂ ਹੋਵੇਗੀ ਵਾਰਡਬੰਦੀ
- ਪੰਜਾਬ ਵਿੱਚ ਵਿਧਾਨ ਸਭਾ ਦੀਆਂ 140 ਤੇ ਲੋਕ ਸਭਾ ਦੀਆਂ ਹੋਣਗੀਆਂ 18 ਸੀਟਾਂ , ਹਰਿਆਣਾ 'ਚ ਵੀ ਵਧਣਗੀਆਂ ਸੀਟਾਂ

ਮੁਲਕ ਦੀ ਪਾਰਲੀਮੈਂਟ ਅੱਜ ਤੋਂ ਫਿਰ ਤਿੰਨ ਦਿਨਾਂ ਲਈ ਜੁੜ ਰਹੀ ਹੈ। ਮਹਿਲਾਵਾਂ ਲਈ ਲੋਕ ਸਭਾ ਅਤੇ ਵਿਧਾਨ ਸਭਾ ਵਿੱਚ 33 ਫ਼ੀਸਦੀ ਸੀਟਾਂ ਰਾਖਵੀਆਂ ਕਰਨ ਤੋਂ ਪਹਿਲਾਂ ਮੁਲਕ ਦਾ ਚੋਣ ਨਕਸ਼ਾ ਬਦਲਣ ਦੀ ਤਿਆਰੀ ਸ਼ੁਰੂ ਹੋ ਗਈ ਹੈ। ਮਹਿਲਾਵਾਂ ਲਈ ਸੀਟਾਂ ਰਾਖਵੀਆਂ ਹੋ ਜਾਂਦੀਆਂ ਹਨ ਤਾਂ ਪੰਜਾਬ ਵਿਧਾਨ ਸਭਾ ਦੀਆਂ ਸੀਟਾਂ 117 ਤੋਂ ਵੱਧ ਕੇ 140 ਹੋ ਜਾਣਗੀਆਂ, ਜਦਕਿ ਲੋਕ ਸਭਾ ਸੀਟਾਂ ਦੀ ਗਿਣਤੀ 13 ਤੋਂ 18 ਹੋ ਜਾਵੇਗੀ। ਗੁਆਂਢੀ ਰਾਜ ਹਰਿਆਣਾ ਵਿੱਚ ਇਸ ਵੇਲੇ ਲੋਕ ਸਭਾ ਦੀਆਂ 10 ਸੀਟਾਂ ਹਨ ਅਤੇ ਜਿਨ੍ਹਾਂ ਨੂੰ ਵਧਾ ਕੇ 14 ਕਰਨ ਉੱਤੇ ਵਿਚਾਰ ਹੋ ਰਿਹਾ ਹੈ, ਜਦ ਕਿ ਵਿਧਾਨ ਸਭਾ ਦੀਆਂ 90 ਸੀਟਾਂ ਤੋਂ ਵੱਧ ਕੇ 126 ਹੋ ਜਾਣਗੀਆਂ।

ਤੇਰ੍ਹਵਾਂ ਸੰਵਿਧਾਨ ਸੋਧ ਬਿੱਲ ਵਿੱਚ ਲੋਕ ਸਭਾ ਦੀਆਂ ਕੁੱਲ ਸੀਟਾਂ 850 ਕਰਨ ਦਾ ਪ੍ਰਸਤਾਵ ਹੈ, ਜਦੋਂ ਕਿ ਇਸ ਵੇਲੇ ਸੀਟਾਂ ਦੀ ਗਿਣਤੀ 543 ਹੈ। ਰਾਜਾਂ ਦੀਆਂ 815 ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ 35 ਤੱਕ ਸੀਟਾਂ ਹੋਣਗੀਆਂ। ਸੀਟਾਂ ਦੀ ਗਿਣਤੀ ਨੂੰ ਅੰਤਿਮ ਰੂਪ ਦੇਣ ਲਈ ਇੱਕ ਕਮਿਸ਼ਨ ਦਾ ਗਠਨ ਕੀਤਾ ਜਾਵੇਗਾ।

ਸਿਆਸਤ ਨਾਲ ਜੁੜੇ ਸੂਤਰਾਂ ਮੁਤਾਬਿਕ ਲੋਕ ਸਭਾ ਸੀਟਾਂ ਦੀ ਗਿਣਤੀ 816 ਤੱਕ ਵਧਾਈ ਜਾ ਸਕਦੀ ਹੈ, ਜਿਨ੍ਹਾਂ ਵਿੱਚੋਂ 2003 ਸੀਟਾਂ ਮਹਿਲਾਵਾਂ ਲਈ ਰਾਖਵੀਆਂ ਹੋਣਗੀਆਂ। ਕਿਸ ਰਾਜ ਵਿੱਚ ਕਿੰਨੇ ਸੀਟਾਂ ਵਧਾਈਆਂ ਜਾਣਗੀਆਂ, ਇਹ ਹੱਕ ਕਮਿਸ਼ਨ ਕੋਲ ਰਾਖਵਾਂ ਰਹੇਗਾ। ਇਸ ਕਵਾਇਤ ਦੇ ਪਿੱਛੇ ਸਰਕਾਰ ਦਾ ਤਰਕ ਹੈ ਕਿ ਅਗਲੀ ਮਰਦਮਸ਼ੁਮਾਰੀ ਨੂੰ ਹਾਲੇ ਥੋੜ੍ਹਾ ਸਮਾਂ ਲੱਗ ਸਕਦਾ ਹੈ।ਹਾਲ ਦੀ ਘੜੀ ਮਹਿਲਾ ਰਾਖਵਾਂਕਰਨ 15 ਸਾਲਾਂ ਦੀ ਲਾਗੂ ਹੋਵੇਗਾ, ਜਦ ਕਿ ਇਸ ਤੋਂ ਬਾਅਦ ਵਧਾਇਆ ਵੀ ਸਕਦਾ ਹੈ। ਅਤੇ ਸੀਟਾਂ ਦੀ ਰੋਟੇਸ਼ਨ ਵੀ ਬਣਾਈ ਜਾ ਸਕਦੀ ਹੈ।

ਮੌਜੂਦਾ ਲੋਕ ਸਭਾ ਵਿੱਚ 74 ਮਹਿਲਾ ਸਾਂਸਦ ਹਨ, ਇਹ ਕੁੱਲ ਦਾ 13.6 ਫੀਸਦੀ ਬਣਦਾ ਹੈ। ਮੁਲਕ ਦੀ ਪਹਿਲੀ ਲੋਕ ਸਭਾ ਭਾਵ 1952 ਵਿੱਚ ਕੁੱਲ 24 ਮਹਿਲਾਂ ਸੰਸਦ ਹੀ ਸਨ। ਉਸ ਸਮੇਂ ਸਦਨ ਵਿੱਚ ਮਹਿਲਾਵਾਂ ਦੀ ਪ੍ਰਤੀਸ਼ਤ ਤੱਕ ਕੇਵਲ ਚਾਰ ਪੁਆਇੰਟ ਚਾਰ ਸੀ। ਇਸੇ ਤਰ੍ਹਾਂ ਮੁਲਕ ਦੀਆਂ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਦੀ ਗਿਣਤੀ ਕੇਵਲ 10 ਫ਼ੀਸਦੀ ਹੈ।

ਪ੍ਰਧਾਨ ਮੰਤਰੀ ਮੋਦੀ ਨੇ ਮਹਿਲਾ ਰਾਖਵਾਂ ਕਰਨ ਨੂੰ ਲੈ ਕੇ ਦੇਸ਼ ਦੀਆਂ ਮਹਿਲਾਵਾਂ ਦੇ ਨਾਂ ਇੱਕ ਖੱਤ ਲਿਖਿਆ ਹੈ।ਉਹਨਾਂ ਨੇ ਕਿਹਾ ਹੈ ਕਿ ਮਹਿਲਾਵਾਂ ਦਾ ਅਧਿਕਾਰ ਹੁਣ ਹੋਰ ਟਾਲਿਆ ਨਹੀਂ ਜਾ ਸਕਦਾ ਅਤੇ 129 ਦੀਆਂ ਚੋਣਾਂ ਵਿੱਚ ਇਸ ਨੂੰ ਲਾਗੂ ਕੀਤਾ ਜਾਵੇਗਾ।ਸਾਰੀਆਂ ਵਿਰੋਧੀ ਧਿਰਾਂ ਨੂੰ ਵੀ ਬਿੱਲ ਦਾ ਸਮੱਰਥਨ ਕਰਨ ਦੀ ਅਪੀਲ ਕੀਤੀ ਗਈ ਹੈ।

ਕੇਂਦਰ ਸਰਕਾਰ 2029 ਵਿੱਚ ਲੋਕ ਸਭਾ ਚੋਣਾਂ ਤੱਕ ਸੰਸਦ ਅਤੇ ਵਿਧਾਨ ਸਭਾ ਵਿੱਚ 33 ਫ਼ੀਸਦੀ ਰਾਖਵਾਂਕਰਨ ਕਰਨ ਮਹਿਲਾਵਾਂ ਲਈ ਲਾਗੂ ਕਰਨ ਦੀ ਤਿਆਰੀ ਵਿੱਚ ਹੈ।ਦੂਜੇ ਬੰਨੇ ਇਹ ਵੀ ਕਿਹਾ ਜਾ ਰਿਹਾ ਹੈ ਕਿ ਸਰਕਾਰ ਜਿੰਨੇ ਮਰਜ਼ੀ ਦਾਅਵੇ ਕਰਦੀ, ਪਰ ਇਹ 2024 ਤੋਂ ਪਹਿਲਾਂ ਸੰਭਵ ਨਹੀਂ ਹੈ। ਸਰਕਾਰ ਕਾਹਲੀ ਵਿੱਚ ਹੈ ਇਸ ਕਰਕੇ ਹੀ ਤਿੰਨ ਦਿਨਾਂ ਦਾ ਵਿਸ਼ੇਸ਼ ਸੈਸ਼ਨ ਸੱਦਿਆ ਜਾ ਰਿਹਾ ਹੈ।

ਮੌਜੂਦਾ ਸੀਟਾਂ 55 ਸਾਲ ਪਹਿਲਾਂ ਮਰਦਮਸ਼ੁਮਾਰੀ ਨੂੰ ਸਾਹਮਣੇ ਰੱਖ ਕੇ ਮੁਕਟ ਕੀਤੀਆਂ ਗਈਆਂ ਸਨ।ਪਿਛਲੇ ਪੰਜ ਦਹਾਕਿਆਂ ਦੌਰਾਨ ਜਨਸੰਖਿਆ ਸ਼ਹਿਰੀਕਰਨ ਅਤੇ ਹੋਰ ਕਈ ਕਾਰਨਾਂ ਕਰਕੇ ਸੰਤੁਲਨ ਵਿਗੜਿਆ ਹੈ। ਇਹ ਵੀ ਮਹਿਸੂਸ ਕੀਤਾ ਜਾ ਰਿਹਾ ਹੈ ਕਿ ਸੀਟਾਂ ਵਿੱਚ ਵਾਧਾ ਕਰਨ ਦੀ ਲੋੜ ਹੈ ਤਾਂ ਕਿ ਪੁਰਸ਼ਾਂ ਦੀਆਂ ਸੀਟਾਂ ਵਿੱਚ ਵੱਡੀ ਕਟੌਤੀ ਕਰਨ ਬਗੈਰ ਹੀ ਮਹਿਲਾਵਾਂ ਨੂੰ ਬਣਦੀ ਥਾਂ ਮਿਲ ਸਕੇ।

ਸੰਵਿਧਾਨ ਸੋਧ ਬਿੱਲ ਪਾਸ ਕਰਨ ਲਈ ਲੋਕ ਸਭਾ ਵਿੱਚ ਸਰਕਾਰ ਨੂੰ ਬਹੁਮਤ ਦੀ ਲੋੜ ਹੈ, ਭਾਵ ਇਹ ਕਿ 50 ਫੀਸਦੀ ਤੋਂ ਵੱਧ ਲੋਕ ਸਭਾ ਦੇ ਮੈਂਬਰ ਸਰਕਾਰ ਦੇ ਹੱਕ ਵਿੱਚ ਭੁਗਤਣੇ ਚਾਹੀਦੇ ਹਨ। ਭਾਰਤੀ ਜਨਤਾ ਪਾਰਟੀ ਗੱਠਜੋੜ ਕੋਲ 292 ਮੈਂਬਰ ਹਨ, ਜਦੋਂ ਕਿ ਬਿੱਲ ਪਾਸ ਕਰਨ ਲਈ 272 ਦੀ ਲੋੜ ਹੈ।

ਇਸੇ ਦੌਰਾਨ ਪੰਜਾਬ ਵਿੱਚ ਵਿਧਾਨ ਸਭਾ ਦੀਆਂ ਅਗਲੇ ਚੋਣਾਂ ਨੂੰ ਲੈ ਕੇ ਚਰਚਾ ਤੇਜ਼ ਹੋ ਗਈ ਹੈ। ਪਾਰਲੀਮੈਂਟ ਵਿੱਚ ਪਾਸ ਕੀਤਾ ਜਾਣ ਵਾਲਾ ਬਿੱਲ ਕਾਨੂੰਨ ਬਣ ਜਾਂਦਾ ਹੈ ਤਾਂ ਪੰਜਾਬ ਵਿਧਾਨ ਸਭਾ ਦੀਆਂ ਸੀਟਾਂ ਵਿੱਚ ਵੱਡਾ ਬਦਲਾ ਦੇਖਣ ਨੂੰ ਮਿਲ ਸਕਦਾ ਹੈ। ਜਿਸ ਦੇ ਚੱਲਦਿਆਂ ਸਿਆਸੀ ਪਾਰਟੀਆਂ ਨੂੰ ਹੋਰ ਸਖ਼ਤ ਮਿਹਨਤ ਕਰਨੀ ਪੈ ਸਕਦੀ ਹੈ। ਸੰਭਾਵਨਾ ਦੱਸੀ ਜਾ ਰਹੀ ਹੈ ਕਿ ਵਿਧਾਨ ਸਭਾ ਦੀਆਂ ਸੀਟਾਂ 117 ਤੋਂ ਵਧਾ ਕੇ 140 ਹੋ ਸਕਦੀਆਂ ਹਨ। ਇਸ ਦਾ ਮਤਲਬ ਇਹ ਵੀ ਹੋਇਆ ਕਿ ਆਬਾਦੀ ਦੇ ਹਿਸਾਬ ਨਾਲ ਵਿਧਾਨ ਸਭਾ ਦਾ ਸੀਟਾਂ ਦਾ ਖੇਤਰ ਵੀ ਛੋਟਾ ਵੱਡਾ ਹੋ ਸਕਦਾ ਹੈ। ਲੋਕ ਸਭਾ ਦੀਆਂ ਇਸ ਵੇਲੇ 13 ਸੀਟਾਂ ਹਨ ਜਦੋਂ ਕਿ ਵੱਧ ਕੇ 18 ਤੱਕ ਪਹੁੰਚਣ ਦਾ ਅੰਦਾਜ਼ਾ ਹੈ।

ਭਾਰਤੀ ਜਨਤਾ ਪਾਰਟੀ ਦੀ ਕੇਂਦਰ ਸਰਕਾਰ ਮਹਿਲਾਵਾਂ ਦੇ ਹੱਕ ਵਿੱਚ ਵੱਡਾ ਫੈਸਲਾ ਲੈ ਕੇ ਆਪਣਾ ਵੋਟ ਬੈਂਕ ਪੱਕਾ ਕਰਨ ਦੀ ਮਜਬੂਤ ਚਾਲ ਚੱਲ ਰਹੀ ਹੈ।ਬਿਨਾਂ ਸ਼ੱਕ ਭਾਰਤੀ ਜਨਤਾ ਪਾਰਟੀ ਨੂੰ ਇਸ ਦਾ ਲਾਭ ਪੁੱਜੇਗਾ। ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਰਿਊੜੀਆਂ ਵੰਡਣ ਵੇਲੇ ਵੀ ਮਹਿਲਾਵਾਂ ਨੂੰ ਅੱਗੇ ਰੱਖਿਆ ਜਾ ਰਿਹਾ ਹੈ। ਮਹਿਲਾਵਾਂ ਨੂੰ ਹੋਰ ਤਾਕਤ ਦੇਣ ਦੇ ਨਾਂ ਉੱਤੇ ਭਰਮਾਇਆ ਜਾ ਰਿਹਾ ਹੈ। ਮਹਿਲਾਵਾਂ ਲਈ ਸਰਕਾਰ ਵਿੱਚ 33 ਫ਼ੀਸਦੀ ਰਾਖਵਾਂਕਰਨ ਦਾ ਫੈਸਲਾ ਸਵਾਗਤਯੋਗ ਹੈ। ਪਰ ਹੁਣ ਤੱਕ ਕਿੰਨੀਆਂ ਕੁ ਮਹਿਲਾ ਸਰਪੰਚਾਂ, ਮਹਿਲਾ ਵਿਧਾਇਕਾਂ ਤੇ ਮਹਿਲਾ ਵਜ਼ੀਰਾਂ ਨੂੰ ਉਹਨਾਂ ਦੇ ਪਤੀ ਆਪਣੀ ਤਾਕਤ ਦੇ ਹੱਕ ਦੀ ਵਰਤੋਂ ਕਰਨ ਦਾ ਅਧਿਕਾਰ ਦਿੰਦੇ ਹਨ। ਸਰਪੰਚਣੀ ਦੀ ਮੋਹਰ ਦੇ ਪਤੀ ਦੇ ਖੀਸੇ ਵਿੱਚ ਹੁੰਦੀ ਹੈ, ਜਦ ਕਿ ਮਹਿਲਾ ਵਜ਼ੀਰਾਂ ਦੀ ਕੁਰਸੀ ਉਹਨਾਂ ਦੇ ਪਤੀ ਜਾਂ ਬਾਪ ਮੱਲ ਲੈਂਦੇ ਹਨ। ਔਰਤ ਦੀ ਆਜ਼ਾਦੀ ਘਰੋਂ ਸ਼ੁਰੂ ਹੋਣੀ ਚਾਹੀਦੀ ਹੈ, ਤਦ ਹੀ ਉਹ ਆਪਣੇ ਸਮਾਜ, ਹਲਕੇ ਅਤੇ ਮੁਲਕ ਵਿੱਚ ਖੁੱਲ੍ਹ ਕੇ ਵਿਚਰ ਸਕੇਗੀ।



ਵਿੰਕਲਜੀਤ ਸਿੰਘ ਸਰਾ
9501477889

## ਭਾਰਤੀ ਸੰਸਦੀ ਪ੍ਰਣਾਲੀ ਦਾ ਨਵਾਂ ਮਹਾਂ-ਅਧਿਆਏ

# ਲੋਕ ਸਭਾ ਦਾ ਵਿਸਤਾਰ, ਸੀਟਾਂ ਦੀ ਮੁੜ-ਵੰਡ ਅਤੇ ਲੋਕਤੰਤਰੀ ਚੁਣੌਤੀਆਂ

**ਭਾਰਤੀ ਲੋਕਤੰਤਰ ਦੀ ਨਵੀਂ ਇਬਾਰਤ** : ਭਾਰਤ, ਜਿਸ ਨੂੰ ਵਿਸ਼ਵ ਦੇ ਸਭ ਤੋਂ ਵੱਡੇ ਅਤੇ ਜੀਵੰਤ ਲੋਕਤੰਤਰ ਵਜੋਂ ਜਾਣਿਆ ਜਾਂਦਾ ਹੈ, ਅੱਜ ਇੱਕ ਅਜਿਹੇ ਮੋੜ 'ਤੇ ਖੜ੍ਹਾ ਹੈ ਜਿੱਥੇ ਇਸ ਦੇ ਸੰਸਦੀ ਢਾਂਚੇ ਵਿੱਚ ਬੁਨਿਆਦੀ ਤਬਦੀਲੀਆਂ ਦੀ ਤਿਆਰੀ ਕੀਤੀ ਜਾ ਰਹੀ ਹੈ। ਸਾਲ 2026 ਭਾਰਤੀ ਸਿਆਸਤ ਵਿੱਚ ਇੱਕ ਇਤਿਹਾਸਕ ਸਾਲ ਵਜੋਂ ਦਰਜ ਹੋਣ ਜਾ ਰਿਹਾ ਹੈ, ਕਿਉਂਕਿ ਕੇਂਦਰ ਸਰਕਾਰ ਵੱਲੋਂ ਪੇਸ਼ ਕੀਤੇ ਗਏ ਨਵੇਂ ਬਿੱਲ ਖ਼ਾਸ ਕਰਕੇ ਸੰਵਿਧਾਨ (131ਵਾਂ ਸੋਧ) ਬਿੱਲ ਲੋਕ ਸਭਾ ਦੀਆਂ ਸੀਟਾਂ ਦੀ ਗਿਣਤੀ ਨੂੰ ਮੌਜੂਦਾ 543 ਤੋਂ ਵਧਾ ਕੇ 850 ਕਰਨ ਦੀ ਤਜਵੀਜ਼ ਰੱਖਦੇ ਹਨ। ਇਹ ਸਿਰਫ਼ ਅੰਕੜਿਆਂ ਦਾ ਵਾਧਾ ਨਹੀਂ ਹੈ, ਸਗੋਂ ਇਹ ਭਾਰਤ ਦੇ ਸੰਘੀ ਢਾਂਚੇ, ਰਾਜਨੀਤਿਕ ਪ੍ਰਤੀਨਿਧਤਾ ਅਤੇ ਆਬਾਦੀ ਦੇ ਅਧਾਰ 'ਤੇ ਤਾਕਤ ਦੇ ਬਟਵਾਰੇ ਨੂੰ ਮੁੜ ਪਰਿਭਾਸ਼ਿਤ ਕਰਨ ਦੀ ਇੱਕ ਕੋਸ਼ਿਸ਼ ਹੈ।

ਲੋਕ ਸਭਾ ਦੀਆਂ ਸੀਟਾਂ ਦੀ ਗਿਣਤੀ ਪਿਛਲੇ ਪੰਜ ਦਹਾਕਿਆਂ ਤੋਂ ਲੱਗਭੱਗ ਸਥਿਰ ਰਹੀ ਹੈ।1971 ਦੀ ਜਨਗਣਨਾ ਤੋਂ ਬਾਅਦ ਰਾਜਾਂ ਵਿਚਕਾਰ ਸੀਟਾਂ ਦੀ ਵੰਡ ਨੂੰ ਇਸ ਡਰੋਂ ਫ੍ਰੀਜ਼ ਕਰ ਦਿੱਤਾ ਗਿਆ ਸੀ, ਕਿ ਜਿਨ੍ਹਾਂ ਰਾਜਾਂ ਨੇ ਆਬਾਦੀ ਨਿਯੰਤਰਣ ਵਿੱਚ ਵਧੀਆ ਕੰਮ ਕੀਤਾ ਹੈ ਉਨ੍ਹਾਂ ਦੀ ਰਾਜਨੀਤਿਕ ਤਾਕਤ ਘੱਟ ਨਾ ਹੋ ਜਾਵੇ। ਪਰ ਹੁਣ ਜਦੋਂ ਭਾਰਤ ਦੀ ਆਬਾਦੀ 1.4 ਬਿਲੀਅਨ (140 ਕਰੋੜ) ਨੂੰ ਪਾਰ ਕਰ ਚੁੱਕੀ ਹੈ, ਇੱਕ ਸੰਸਦ ਮੈਂਬਰ ਲਈ 25 ਤੋਂ 30 ਲੱਖ ਲੋਕਾਂ ਦੀ ਨੁਮਾਇੰਦਗੀ ਕਰਨਾਦ ਪ੍ਰਸ਼ਾਸਨਿਕ ਅਤੇ ਲੋਕਤੰਤਰੀ ਤੌਰ 'ਤੇ ਅਸੰਭਵ ਹੁੰਦਾ ਜਾ ਰਿਹਾ ਹੈ। ਇਸੇ ਲਈ ਇਹ ਨਵੀਂ ਪਹਿਲਕਦਮੀ ਇੱਕ ਵੋਟ, ਇੱਕ ਮੁੱਲ ਦੇ ਸਿਧਾਂਤ ਨੂੰ ਮੁੜ ਸੁਰਜੀਤ ਕਰਨ ਦੀ ਕੋਸ਼ਿਸ਼ ਵਜੋਂ ਦੇਖੀ ਜਾ ਰਹੀ ਹੈ।

**ਸੰਵਿਧਾਨਕ ਸੁਧਾਰ ਅਤੇ ਨਵੇਂ ਪੇਸ਼ ਕੀਤੇ ਗਏ 3 ਮੁੱਖ ਬਿੱਲ** : ਸੰਸਦ ਵਿੱਚ ਪੇਸ਼ ਕੀਤੇ ਗਏ ਤਿੰਨ ਬਿੱਲ ਭਵਿੱਖ ਦੀ ਸਿਆਸਤ ਦੀ ਨੀਂਹ ਰੱਖਣਗੇ। ਇਨ੍ਹਾਂ ਬਿੱਲਾਂ ਦਾ ਸੁਮੇਲ ਇਹ ਤੈਅ ਕਰੇਗਾ ਕਿ 2029 ਦੀਆਂ ਆਮ ਚੋਣਾਂ ਵਿੱਚ ਭਾਰਤ ਦਾ ਚੋਣ ਨਕਸ਼ਾ ਕਿਹੋ ਜਿਹਾ ਹੋਵੇਗਾ।

**1. ਸੰਵਿਧਾਨ (131ਵਾਂ ਸੋਧ) ਬਿੱਲ, 2026**: ਇਹ ਬਿੱਲ ਸੰਵਿਧਾਨ ਦੀ ਉਸ ਸੀਮਾ ਨੂੰ ਹਟਾਉਣ ਲਈ ਲਿਆਂਦਾ ਗਿਆ ਹੈ, ਜਿਸ ਨੇ ਲੋਕ ਸਭਾ ਦੀਆਂ ਸੀਟਾਂ ਦੀ ਸੰਖਿਆ ਨੂੰ ਬੰਨ੍ਹਿਆ ਹੋਇਆ ਸੀ। ਨਵੀਂ ਸੰਸਦ ਭਵਨ ਦੀ ਇਮਾਰਤ ਜਿਸ ਵਿੱਚ 888 ਮੈਂਬਰਾਂ ਦੇ ਬੈਠਣ ਦੀ ਸਮਰੱਥਾ ਹੈ ਪਹਿਲਾਂ ਹੀ ਇਸ ਵਿਸਤਾਰ ਦਾ ਸੰਕੇਤ ਦੇ ਚੁੱਕੀ ਸੀ। ਇਸ ਬਿੱਲ ਰਾਹੀਂ ਲੋਕ ਸਭਾ ਨੂੰ ਵਧੇਰੇ ਸਮਾਵੇਸ਼ੀ ਬਣਾਉਣ ਦੀ ਯੋਜਨਾ ਹੈ।

**2. ਡੀਲਿਮਿਟੇਸ਼ਨ (ਸੀਮਾਵੰਡ) ਬਿੱਲ**: ਡੀਲਿਮਿਟੇਸ਼ਨ ਦਾ ਅਰਥ ਹੈ ਚੋਣ ਹਲਕਿਆਂ ਦੀਆਂ ਹੱਦਾਂ ਨੂੰ ਮੁੜ ਤੋਂ ਨਿਰਧਾਰਿਤ ਕਰਨਾ। ਇਹ ਬਿੱਲ ਤੈਅ ਕਰੇਗਾ ਕਿ ਕਿਸੇ ਰਾਜ ਵਿੱਚ ਕਿੰਨੀਆਂ ਸੀਟਾਂ ਵਧਣਗੀਆਂ ਅਤੇ ਉਨ੍ਹਾਂ ਦੇ ਭੂਗੋਲਿਕ ਘੇਰੇ ਕੀ ਹੋਣਗੇ। ਅਖ਼ਬਾਰੀ ਰਿਪੋਰਟਾਂ ਅਨੁਸਾਰ ਇਹ ਵੰਡ 2011 ਦੀ ਜਨਗਣਨਾ ਦੇ ਅਧਾਰ 'ਤੇ ਕੀਤੀ ਜਾ ਸਕਦੀ ਹੈ ਕਿਉਂਕਿ 2021 ਦੀ ਜਨਗਣਨਾ ਕੋਵਿਡ ਅਤੇ ਹੋਰ ਕਾਰਨਾਂ ਕਰਕੇ ਦੇਰੀ ਦਾ ਸ਼ਿਕਾਰ ਰਹੀ ਹੈ।

**3. ਮਹਿਲਾ ਰਿਜ਼ਰਵੇਸ਼ਨ ਦੇ ਲਾਗੂਕਰਨ ਦਾ ਮਾਰਗ**: ਸਰਕਾਰ ਨੇ ਪਹਿਲਾਂ ਹੀ ਮਹਿਲਾ ਰਿਜ਼ਰਵੇਸ਼ਨ ਬਿੱਲ ਪਾਸ ਕਰ ਦਿੱਤਾ ਹੈ ਪਰ ਇਸ ਦੇ ਲਾਗੂ ਹੋਣ ਦੀ ਸ਼ਰਤ ਡੀਲਿਮਿਟੇਸ਼ਨ ਨਾਲ ਜੁੜੀ ਹੋਈ ਹੈ। ਜਦੋਂ ਤੱਕ ਸੀਟਾਂ ਦੀ ਗਿਣਤੀ ਨਹੀਂ ਵਧਦੀ ਉਦੋਂ ਤੱਕ ਮੌਜੂਦਾ ਮੈਂਬਰਾਂ ਦੀਆਂ ਸੀਟਾਂ ਨੂੰ ਰਾਖਵਾਂ ਕਰਨਾ ਸਿਆਸੀ ਤੌਰ 'ਤੇ ਚੁਣੌਤੀਪੂਰਨ ਸੀ। ਸੀਟਾਂ ਵਧਣ ਨਾਲ ਪੁਰਸ਼ ਮੈਂਬਰਾਂ ਦੇ ਹਿੱਤਾਂ ਨੂੰ ਪ੍ਰਭਾਵਿਤ ਕੀਤੇ ਬਿਨਾਂ ਔਰਤਾਂ ਨੂੰ 33% ਹਿੱਸੇਦਾਰੀ ਦੇਣੀ ਸੌਖੀ ਹੋ ਜਾਵੇਗੀ।

**ਉੱਤਰੀ ਭਾਰਤ 'ਤੇ ਪ੍ਰਭਾਵ; ਪੰਜਾਬ, ਹਰਿਆਣਾ ਅਤੇ ਗੁਆਂਢੀ ਰਾਜ** : ਇਸ ਪ੍ਰਸਤਾਵ ਦਾ ਸਭ ਤੋਂ ਵੱਧ ਪ੍ਰਭਾਵ ਉੱਤਰੀ ਭਾਰਤ ਦੇ ਰਾਜਾਂ 'ਤੇ ਪੈਣ ਦੀ ਉਮੀਦ ਹੈ। ਇੱਥੇ ਆਬਾਦੀ ਦੇ ਵਾਧੇ ਦੀ ਦਰ ਦੱਖਣੀ ਰਾਜਾਂ ਦੇ ਮੁਕਾਬਲੇ ਜ਼ਿਆਦਾ ਰਹੀ ਹੈ ਜਿਸ ਕਾਰਨ ਇਨ੍ਹਾਂ ਰਾਜਾਂ ਨੂੰ ਨਵੀਂ ਵੰਡ ਵਿੱਚ ਵੱਡਾ ਫਾਇਦਾ ਮਿਲ ਸਕਦਾ ਹੈ।

**ਪੰਜਾਬ ਦਾ ਨਵਾਂ ਸਿਆਸੀ ਕੱਦ**: ਪੰਜਾਬ, ਜਿਸ ਦੀਆਂ ਇਸ ਵੇਲੇ 13 ਲੋਕ ਸਭਾ ਸੀਟਾਂ ਹਨ, ਨਵੀਂ ਵੰਡ ਤੋਂ ਬਾਅਦ 19 ਸੀਟਾਂ ਵਾਲਾ ਰਾਜ ਬਣ ਸਕਦਾ ਹੈ। ਇਹ ਵਾਧਾ ਪੰਜਾਬ ਨੂੰ ਕੇਂਦਰੀ ਰਾਜਨੀਤੀ ਵਿੱਚ ਵਧੇਰੇ ਮਜ਼ਬੂਤ ਬਣਾਏਗਾ। ਇਸ ਨਾਲ ਪੰਜਾਬ ਦੇ ਸਰਹੱਦੀ ਖੇਤਰਾਂ, ਮਾਲਵਾ, ਮਾਝਾ ਅਤੇ ਦੋਆਬਾ ਵਿੱਚ ਨਵੇਂ ਚੋਣ ਹਲਕੇ ਬਣਨਗੇ, ਜਿਸ ਨਾਲ ਲੋਕਾਂ ਤੱਕ ਸਰਕਾਰੀ ਨੀਤੀਆਂ ਦੀ ਪਹੁੰਚ ਬਿਹਤਰ ਹੋਵੇਗੀ। ਇੱਕ ਸੰਸਦ ਮੈਂਬਰ ਲਈ ਛੋਟੇ ਹਲਕੇ ਦੀ ਸੇਵਾ ਕਰਨਾ ਸੌਖਾ ਹੋਵੇਗਾ।

**ਹਰਿਆਣਾ ਵਿੱਚ ਵੱਡੀ ਤਬਦੀਲੀ**: ਹਰਿਆਣਾ ਵਿੱਚ ਸਭ ਤੋਂ ਹੈਰਾਨੀਜਨਕ ਵਾਧਾ ਦੇਖਣ ਨੂੰ ਮਿਲ ਸਕਦਾ ਹੈ। ਮੌਜੂਦਾ 10 ਸੀਟਾਂ ਤੋਂ ਵੱਧ ਕੇ ਇਹ ਅੰਕੜਾ 18 ਤੱਕ ਪਹੁੰਚਣ ਦੀ ਸੰਭਾਵਨਾ ਹੈ। ਹਰਿਆਣਾ ਦੀ ਤੇਜ਼ੀ ਨਾਲ ਵਧਦੀ ਆਬਾਦੀ ਅਤੇ ਦਿੱਲੀ ਦੇ ਨੇੜਲੇ ਇਲਾਕਿਆਂ (NCR) ਵਿੱਚ ਸ਼ਹਿਰੀਕਰਨ ਕਾਰਨ ਇਹ ਵਾਧਾ ਲਾਜ਼ਮੀ ਮੰਨਿਆ ਜਾ ਰਿਹਾ ਹੈ।

**ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼**: **ਜੰਮੂ**-ਕਸ਼ਮੀਰ ਦੀਆਂ 5 ਸੀਟਾਂ ਵੱਧ ਕੇ 9 ਅਤੇ ਹਿਮਾਚਲ ਦੀਆਂ 4 ਸੀਟਾਂ ਵੱਧ ਕੇ 5 ਹੋ ਸਕਦੀਆਂ ਹਨ। ਇਹ ਵਾਧਾ ਪਹਾੜੀ ਖੇਤਰਾਂ ਦੀਆਂ ਵਿਲੱਖਣ ਸਮੱਸਿਆਵਾਂ ਨੂੰ ਸੰਸਦ ਵਿੱਚ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਵਿੱਚ ਮੱਦਦਗਾਰ ਸਾਬਤ ਹੋਵੇਗਾ।

**ਸੀਟਾਂ ਦੀ ਵੰਡ ਦੇ ਦੋ ਮਾਡਲ; ਤਰਕ ਅਤੇ ਵਿਵਾਦ** : ਇਸ ਵੇਲੇ ਦੋ ਪ੍ਰਮੁੱਖ ਵਿਚਾਰਧਾਰਾਵਾਂ ਕੰਮ ਕਰ ਰਹੀਆਂ ਹਨ, ਆਬਾਦੀ ਅਧਾਰਿਤ ਡੀਲਿਮਿਟੇਸ਼ਨ ਅਤੇ ਅਨੁਪਾਤਕ ਪ੍ਰਤੀਨਿਧਤਾ (Proportional Representation)।

**ਆਬਾਦੀ ਅਧਾਰਿਤ ਮਾਡਲ (The Population Argument)**: ਇਸ ਮਾਡਲ ਦਾ ਅਧਾਰ ਬਰਾਬਰ ਪ੍ਰਤੀਨਿਧਤਾ ਹੈ। ਜੇਕਰ ਦੇਸ਼ ਦੀ ਕੁੱਲ ਆਬਾਦੀ (2011 ਦੇ ਅੰਕੜਿਆਂ ਅਨੁਸਾਰ ਲੱਗਭੱਗ 121 ਕਰੋੜ) ਨੂੰ 850 ਸੀਟਾਂ ਨਾਲ ਵੰਡਿਆ ਜਾਵੇ ਤਾਂ ਹਰ 14 ਲੱਖ ਲੋਕਾਂ 'ਤੇ ਇੱਕ ਸੰਸਦ ਮੈਂਬਰ ਹੋਣਾ ਚਾਹੀਦਾ ਹੈ। ਤਰਕ: ਲੋਕਤੰਤਰ ਵਿੱਚ ਹਰ ਨਾਗਰਿਕ ਦੀ ਵੋਟ ਦਾ ਮੁੱਲ ਬਰਾਬਰ ਹੋਣਾ ਚਾਹੀਦਾ ਹੈ। ਅੱਜ ਯੂਪੀ ਦੇ ਇੱਕ ਸੰਸਦ ਮੈਂਬਰ ਹੇਠ 30 ਲੱਖ ਲੋਕ ਹਨ, ਜਦਕਿ ਕੁਝ ਛੋਟੇ ਰਾਜਾਂ ਵਿੱਚ ਇਹ ਸੰਖਿਆ ਬਹੁਤ ਘੱਟ ਹੈ। ਇਹ ਅਸਮਾਨਤਾ ਲੋਕਤੰਤਰ ਦੇ ਖ਼ਿਲਾਫ਼ ਹੈ। ਪ੍ਰਭਾਵ: ਇਸ ਮਾਡਲ ਨਾਲ ਉੱਤਰ ਪ੍ਰਦੇਸ਼ ਦੀਆਂ ਸੀਟਾਂ 80 ਤੋਂ ਵਧ ਕੇ 143 ਤੱਕ ਜਾ ਸਕਦੀਆਂ ਹਨ। ਰਾਜਸਥਾਨ, ਮੱਧ ਪ੍ਰਦੇਸ਼ ਅਤੇ ਬਿਹਾਰ ਨੂੰ ਵੀ ਵੱਡਾ ਲਾਭ ਹੋਵੇਗਾ।

**ਅਨੁਪਾਤਕ ਪ੍ਰਤੀਨਿਧਤਾ (The Proportional Argument)**: ਵਿਰੋਧੀ ਧਿਰ ਅਤੇ ਦੱਖਣੀ ਰਾਜਾਂ ਦੀ ਮੰਗ ਹੈ ਕਿ ਸੀਟਾਂ ਦਾ ਵਾਧਾ ਤਾਂ ਹੋਵੇ ਪਰ ਰਾਜਾਂ ਦਾ ਮੌਜੂਦਾ ਸ਼ੇਅਰ (Percentage Share) ਨਾ ਬਦਲੇ। **ਤਰਕ**: ਦੱਖਣੀ ਰਾਜਾਂ ਜਿਵੇਂ ਕਿ ਤਮਿਲਨਾਡੂ ਅਤੇ ਕੇਰਲ ਨੇ ਪਿਛਲੇ 50 ਸਾਲਾਂ ਵਿੱਚ ਪਰਿਵਾਰ ਨਿਯੋਜਨ ਅਤੇ ਸਿੱਖਿਆ 'ਤੇ ਬਹੁਤ ਕੰਮ ਕੀਤਾ ਹੈ। ਜੇਕਰ ਸਿਰਫ਼ ਆਬਾਦੀ ਦੇ ਅਧਾਰ 'ਤੇ ਸੀਟਾਂ ਦਿੱਤੀਆਂ ਗਈਆਂ ਤਾਂ ਇਨ੍ਹਾਂ ਰਾਜਾਂ ਦੀ ਸੰਸਦ ਵਿੱਚ ਤਾਕਤ ਘਟ ਜਾਵੇਗੀ। ਇਹ ਉਹਨਾਂ ਨੂੰ ਵਧੀਆ ਕੰਮ ਕਰਨ ਦੀ ਸਜ਼ਾ ਦੇਣ ਵਾਂਗ ਹੋਵੇਗਾ। **ਪ੍ਰਭਾਵ**: ਇਸ ਮਾਡਲ ਵਿੱਚ ਪੰਜਾਬ ਦਾ 2.4% ਹਿੱਸਾ ਬਰਕਰਾਰ ਰਹੇਗਾ ਜਿਸ ਨਾਲ ਉਸ ਨੂੰ ਲਗਭਗ 20 ਸੀਟਾਂ ਮਿਲਣਗੀਆਂ ਪਰ ਯੂਪੀ ਦਾ ਦਬਦਬਾ ਓਨਾ ਨਹੀਂ ਵਧੇਗਾ ਜਿੰਨਾ ਆਬਾਦੀ ਅਧਾਰਿਤ ਮਾਡਲ ਵਿੱਚ ਹੋਵੇਗਾ।

**ਵਿਵਹਾਰਕ ਲਾਭ; ਲੋਕਤੰਤਰ ਦੀ ਮਜ਼ਬੂਤੀ (The Pros)** : ਇਸ ਵਿਸਤਾਰ ਦੇ ਕਈ ਦੂਰਗਾਮੀ ਫਾਇਦੇ ਹਨ ਜੋ ਭਾਰਤੀ ਰਾਜਨੀਤੀ ਦੀ ਗੁਣਵੱਤਾ ਨੂੰ ਸੁਧਾਰ ਸਕਦੇ ਹਨ: **ਬਿਹਤਰ ਜਨਤਕ ਸੰਪਰਕ**: ਇੱਕ ਸੰਸਦ ਮੈਂਬਰ ਲਈ 25 ਲੱਖ ਲੋਕਾਂ ਦੇ ਦੁੱਖ-ਸੁਖ ਵਿੱਚ ਸ਼ਾਮਲ ਹੋਣਾ ਲੱਗਭੱਗ ਅਸੰਭਵ ਹੈ। ਜਦੋਂ ਸੀਟਾਂ ਵਧਣਗੀਆਂ ਅਤੇ ਹਲਕੇ ਛੋਟੇ ਹੋਣਗੇ, ਤਾਂ ਪ੍ਰਤੀਨਿਧ ਅਤੇ ਜਨਤਾ ਵਿਚਕਾਰ ਦੂਰੀ ਘਟੇਗੀ। ਖੇਤਰੀ ਮੁੱਦਿਆਂ ਨੂੰ **ਅਹਿਮੀਅਤ**: ਨਵੇਂ ਹਲਕੇ ਬਣਨ ਨਾਲ ਅਜਿਹੇ ਪਛੜੇ ਇਲਾਕੇ ਵੀ ਸਾਹਮਣੇ ਆਉਣਗੇ ਜਿਨ੍ਹਾਂ ਨੂੰ ਹੁਣ ਤੱਕ ਵੱਡੇ ਹਲਕਿਆਂ ਵਿੱਚ ਅਣਗੌਲਿਆ ਕੀਤਾ ਜਾਂਦਾ ਰਿਹਾ ਹੈ। ਮਹਿਲਾਵਾਂ ਦੀ ਸਿਆਸੀ ਚੜ੍ਹਤ: 850 ਸੀਟਾਂ ਵਿੱਚੋਂ ਲੱਗਭੱਗ 280 ਸੀਟਾਂ ਔਰਤਾਂ ਲਈ ਰਾਖਵੀਆਂ ਹੋਣਗੀਆਂ। ਇਹ ਭਾਰਤੀ ਸੰਸਦ ਦੇ ਇਤਿਹਾਸ ਵਿੱਚ ਸਭ ਤੋਂ ਵੱਡਾ ਸਮਾਜਿਕ ਪਰਿਵਰਤਨ ਹੋਵੇਗਾ। ਨੌਜਵਾਨ ਲੀਡਰਸ਼ਿਪ: ਸੀਟਾਂ ਦੀ ਵੰਡ ਨਵੇਂ ਚਿਹਰਿਆਂ ਲਈ ਰਾਹ ਖੋਲ੍ਹੇਗੀ, ਜਿਸ ਨਾਲ ਰਾਜਨੀਤੀ ਵਿੱਚ ਪੀੜ੍ਹੀਗਤ ਤਬਦੀਲੀ (Generational Shift) ਆਵੇਗੀ।

**ਗੰਭੀਰ ਚੁਣੌਤੀਆਂ ਅਤੇ ਖ਼ਦਸ਼ੇ (The Cons & Risks)** : ਕਿਸੇ ਵੀ ਵੱਡੇ ਬਦਲਾਅ ਦੇ ਨਾਲ ਕੁਝ ਖ਼ਤਰੇ ਵੀ ਜੁੜੇ ਹੁੰਦੇ ਹਨ, ਜਿਨ੍ਹਾਂ 'ਤੇ ਵਿਚਾਰ ਕਰਨਾ ਜ਼ਰੂਰੀ ਹੈ: **ਸੰਘੀ ਢਾਂਚੇ 'ਤੇ ਤਣਾਅ**: ਉੱਤਰ ਅਤੇ ਦੱਖਣ ਵਿਚਕਾਰ ਸਿਆਸੀ ਪਾੜਾ ਵੱਧ ਸਕਦਾ ਹੈ। ਜੇਕਰ ਸਿਰਫ਼ 5-6 ਉੱਤਰੀ ਰਾਜ ਮਿਲ ਕੇ ਕੇਂਦਰ ਵਿੱਚ ਸਰਕਾਰ ਬਣਾਉਣ ਦੀ ਤਾਕਤ ਰੱਖਣ ਲੱਗੇ ਤਾਂ ਦੱਖਣੀ ਅਤੇ ਪੂਰਬੀ ਰਾਜਾਂ ਵਿੱਚ ਬੇਗਾਨਗੀ ਦੀ ਭਾਵਨਾ ਪੈਦਾ ਹੋ ਸਕਦੀ ਹੈ। **ਵਿੱਤੀ ਬੋਝ**: 850 ਸੰਸਦ ਮੈਂਬਰਾਂ ਦਾ ਰੱਖ-ਰਖਾਅ ਉਨ੍ਹਾਂ ਦੀਆਂ ਤਨਖਾਹਾਂ, ਪੈਨਸ਼ਨਾਂ ਅਤੇ ਹਲਕਾ ਵਿਕਾਸ ਫੰਡ (MPLAD) ਦੇਸ਼ ਦੇ ਖਜ਼ਾਨੇ 'ਤੇ ਵੱਡਾ ਬੋਝ ਪਾਉਣਗੇ।

**ਸੰਸਦੀ ਕਾਰਜਕੁਸ਼ਲਤਾ**: ਜਦੋਂ ਸਦਨ ਵਿੱਚ 850 ਮੈਂਬਰ ਹੋਣਗੇ ਤਾਂ ਕੀ ਹਰ ਮੈਂਬਰ ਨੂੰ ਬੋਲਣ ਦਾ ਸਮਾਂ ਮਿਲੇਗਾ ? ਕੀ ਸਦਨ ਵਿੱਚ ਬਹਿਸ ਦੀ ਗੁਣਵੱਤਾ ਬਰਕਰਾਰ ਰਹੇਗੀ ਜਾਂ ਇਹ ਸਿਰਫ਼ ਹੰਗਾਮੇ ਦਾ ਕੇਂਦਰ ਬਣ ਜਾਵੇਗਾ ? ਪ੍ਰਸ਼ਾਸਨਿਕ ਜਟਿਲਤਾ: ਨਵੀਆਂ ਹੱਦਾਂ ਤੈਅ ਕਰਨਾ ਇੱਕ ਬਹੁਤ ਹੀ ਸੰਵੇਦਨਸ਼ੀਲ ਕੰਮ ਹੈ। ਇਸ ਵਿੱਚ 'ਗੈਰੀਮੈਂਡਰਿੰਗ (ਸੱਤਾਧਾਰੀ ਪਾਰਟੀ ਵੱਲੋਂ ਆਪਣੇ ਫਾਇਦੇ ਲਈ ਹੱਦਾਂ ਬਦਲਣਾ) ਦੇ ਦੋਸ਼ ਲੱਗਣ ਦਾ ਡਰ ਹਮੇਸ਼ਾ ਬਣਿਆ ਰਹਿੰਦਾ ਹੈ।

**ਨਤੀਜਾ ਅਤੇ ਭਵਿੱਖ ਦੀ ਰਾਹ** : ਲੋਕ ਸਭਾ ਦਾ ਵਿਸਤਾਰ ਸਿਰਫ਼ ਇੱਕ ਸੰਵਿਧਾਨਕ ਜ਼ਰੂਰਤ ਨਹੀਂ ਸਗੋਂ 21ਵੀਂ ਸਦੀ ਦੇ ਭਾਰਤ ਦੀ ਇੱਕ ਹਕੀਕਤ ਹੈ। ਆਬਾਦੀ ਦੇ ਵਾਧੇ ਨੇ ਮੌਜੂਦਾ ਢਾਂਚੇ ਨੂੰ ਅਪ੍ਰਸੰਗਿਕ ਬਣਾ ਦਿੱਤਾ ਹੈ। ਹਾਲਾਂਕਿ, ਇਸ ਪ੍ਰਕਿਰਿਆ ਨੂੰ ਸਿਰਫ਼ ਬਹੁਮਤ ਦੇ ਜ਼ੋਰ 'ਤੇ ਨਹੀਂ ਸਗੋਂ ਰਾਸ਼ਟਰੀ ਸਹਿਮਤੀ (National Consensus) ਰਾਹੀਂ ਨੇਪਰੇ ਚਾੜ੍ਹਨਾ ਚਾਹੀਦਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਦੱਖਣੀ ਰਾਜਾਂ ਦੇ ਖ਼ਦਸ਼ਿਆਂ ਨੂੰ ਦੂਰ ਕਰਨ ਲਈ ਕੋਈ ਵਿਚਕਾਰਲਾ ਰਸਤਾ ਲੱਭੇ। ਹੋ ਸਕਦਾ ਹੈ ਕਿ ਲੋਕ ਸਭਾ ਵਿੱਚ ਆਬਾਦੀ ਨੂੰ ਅਧਾਰ ਬਣਾਇਆ ਜਾਵੇ, ਪਰ ਰਾਜ ਸਭਾ ਵਿੱਚ ਰਾਜਾਂ ਦੀ ਬਰਾਬਰੀ ਜਾਂ ਨਿਰਪੱਖ ਹਿੱਸੇਦਾਰੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ।

ਪੰਜਾਬ ਵਰਗੇ ਰਾਜ ਲਈ ਇਹ ਇੱਕ ਸੁਹਿਰਦ ਮੌਕਾ ਹੈ ਕਿ ਉਹ ਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤੀਨਿਧਤਾ ਵਧਾ ਕੇ ਆਪਣੇ ਖੇਤੀਬਾੜੀ, ਆਰਥਿਕ ਅਤੇ ਸਰਹੱਦੀ ਮੁੱਦਿਆਂ ਨੂੰ ਹੋਰ ਜ਼ੋਰ-ਸ਼ੋਰ ਨਾਲ ਉਠਾ ਸਕੇ। ਅੰਤ ਵਿੱਚ, ਲੋਕਤੰਤਰ ਦੀ ਸਫਲਤਾ ਇਸ ਗੱਲ ਵਿੱਚ ਨਹੀਂ ਹੈ ਕਿ ਸੰਸਦ ਵਿੱਚ ਕਿੰਨੇ ਮੈਂਬਰ ਬੈਠਦੇ ਹਨ, ਸਗੋਂ ਇਸ ਗੱਲ ਵਿੱਚ ਹੈ ਕਿ ਉਹ ਮੈਂਬਰ ਕਿੰਨੀ ਇਮਾਨਦਾਰੀ ਨਾਲ ਆਪਣੇ ਲੋਕਾਂ ਦੀ ਆਵਾਜ਼ ਬਣਦੇ ਹਨ। ਇਹ ਤਿੰਨ ਬਿੱਲ ਭਾਰਤ ਦੇ ਨਵੇਂ ਗਣਤੰਤਰ ਦੀ ਨੀਂਹ ਰੱਖ ਸਕਦੇ ਹਨ ਬਸ਼ਰਤੇ ਇਨ੍ਹਾਂ ਨੂੰ ਰਾਜਨੀਤਿਕ ਫਾਇਦੇ ਦੀ ਬਜਾਏ ਰਾਸ਼ਟਰ ਦੇ ਵਿਆਪਕ ਹਿੱਤਾਂ ਲਈ ਵਰਤਿਆ ਜਾਵੇ।

# ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਯਾਦਗਾਰੀ ਪਾਰਕ ਨੂੰ ਬਚਾਉਣ ਲਈ ਰਾਜਪਾਲ ਪੰਜਾਬ ਨੂੰ ਦਿੱਤਾ ਮੰਗ ਪੱਤਰ

ਬਟਾਲਾ, 16 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ ਬਲਵੀਰ ਸੋਹਲ): ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਯਾਦਗਾਰੀ ਪਾਰਕ ਐਕਸ਼ਨ ਕਮੇਟੀ ਵੱਲੋਂ ਬਟਾਲਾ ਪਹੁੰਚੇ ਗੁਲਾਬ ਚੰਦ ਕਟਾਰੀਆ ਗਵਰਨਰ ਪੰਜਾਬ ਨੂੰ ਮੰਗ ਪੱਤਰ ਸੌਂਪ ਕੇ ਮੰਗ ਕੀਤੀ ਕਿ ਯਾਦਗਾਰੀ ਪਾਰਕ 'ਚ ਧੱਕੇ ਨਾਲ ਹੋ ਰਹੀ ਉਸਾਰੀ ਨੂੰ ਰੁਕਵਾਇਆ ਜਾਵੇ, ਮੰਗ ਪੱਤਰ ਵਿੱਚ ਐਕਸ਼ਨ ਕਮੇਟੀ ਵੱਲੋਂ ਮੰਗ ਪੱਤਰ ਨਾਲ ਸਬੂਤ ਵੀ ਨੱਥੀ ਕੀਤੇ ਗਏ ਕਿ ਇਸ ਯਾਦਗਾਰੀ ਪਾਰਕ ਵਿੱਚ ਮੁਹੱਲਾ ਕਲੀਨਿਕ ਬਣਾਉਣ ਦੀ ਕੋਈ ਵੀ ਸਰਕਾਰੀ ਤਜਵੀਜ਼ ਪਾਸ ਨਹੀਂ ਹੈ ਤੇ ਨਾ ਹੀ ਮਿਉਂਸਪਲ ਕਾਰਪੋਰੇਸ਼ਨ ਵਿੱਚ ਕੋਈ ਇਸ ਸਬੰਧੀ ਮਤਾ ਪਾਸ ਹੋਇਆ ਹੈ, ਸਗੋਂ ਇਹ ਕਲਿਨਿਕ ਬਟਾਲੇ ਦੇ ਹੋਰ ਮੁਹੱਲਿਆਂ ਵਿੱਚ ਬਨਣੇ ਸਨ, ਪਰ ਇੰਮਪਰੂਵਮੈਂਟ ਟਰਸਟ ਦੇ ਚੇਅਰਮੈਨ ਧੱਕੇਸ਼ਾਹੀ ਕਰਦਿਆਂ ਪਾਰਕ ਦਾ ਇੱਕ ਹਿੱਸਾ ਤੋੜ ਕੇ ਇਸ ਦੀ ਦਿੱਖ ਖਰਾਬ ਕਰ ਰਹੇ ਹਨ।ਯਾਦਗਾਰੀ ਪਾਰਕ ਬਚਾਉ ਐਕਸਨ ਕਮੇਟੀ ਨੇ ਗਵਰਨਰ ਪੰਜਾਬ ਨੂੰ ਸੌਂਪੇ ਮੰਗ ਪੱਤਰ ਵਿੱਚ ਮੰਗ ਕੀਤੀ ਹੈ ਕਿ ਪਿਛਲੇ 40 ਸਾਲ ਤੋਂ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਯਾਦਗਾਰੀ ਬਾਗ਼ ' ਬਟਾਲੇ ਵਿੱਚ ਇੱਕੋ ਇੱਕ ਸਮਾਰਕ ਮੌਜੂਦ ਹੈ ਜਿਸ ਉੱਤੇ ਵੱਡੀ ਸਾਜ਼ਿਸ਼ ਅਧੀਨ ਮੌਜੂਦਾ ਸਥਾਨਕ ਪ੍ਰਸ਼ਾਸਨ ਤੇ ਸਰਕਾਰ ਵੱਲੋਂ ਹਮਲਾ ਬੋਲਿਆ ਗਿਆ ਹੈ। ਇਹ ਬਾਗ਼ ਵਿਰਾਸਤੀ ਅਤੇ ਇਤਿਹਾਸਕ ਹੋਣ ਦੇ ਨਾਲ-ਨਾਲ ਸ਼ਹਿਰ ਵਿੱਚ ਅਤਿ ਲੋੜੀਂਦੀ ਹਰਿਆਵਲ ਤੇ ਸ਼ੁਧ ਵਾਤਾਵਰਨ ਦਾ ਸ੍ਰੋਤ ਵੀ ਹੈ। ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਟਰੱਸਟ ਦੇ ਹਵਾਲੇ ਕਰਨ ਵੇਲੇ ਸਥਾਨਕ ਬਟਾਲਾ ਇੰਪਰੂਵਮੈਂਟ ਟਰੱਸਟ ਵੱਲੋਂ ਇੱਕ ਅਹਿਮ ਸ਼ਰਤ ਰੱਖੀ ਗਈ ਸੀ ਕਿ ਭਵਿੱਖ ਵਿੱਚ ਇਸ ਬਾਗ਼ ਵਿੱਚ ਕੋਈ ਪੱਕੀ ਉਸਾਰੀ ਭਾਵ ਇਮਾਰਤ ਆਦਿ ਨਹੀਂ ਬਣਾਈ ਜਾਵੇਗੀ। ਹੁਣ ਮੌਜੂਦਾ ਪ੍ਰਸ਼ਾਸਨ ਤੇ ਸਰਕਾਰ ਵੱਲੋਂ ਇਸ ਬਾਗ਼ ਦੇ ਵਿੱਚ ਸਥਾਨਕ ਸੰਗਤਾਂ ਦੇ ਭਾਰੀ ਵਿਰੋਧ ਦੇ ਬਾਵਜੂਦ "ਮੁਹੱਲਾ ਕਲੀਨਿਕ" ਦੇ ਨਾਮ ਤੇ ਸਾਜ਼ਸ਼ ਅਧੀਨ ਉਸਾਰੀ ਆਰੰਭੀ ਗਈ ਹੈ। ਪ੍ਰਸਤਾਵਿਤ ਉਸਾਰੀ ਅਧੀਨ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਜੀ ਦੇ ਬੁੱਤਾਂ ਵਾਲੇ ਸਮਾਰਕ ਨੂੰ ਪੂਰੀ ਤਰ੍ਹਾਂ ਢੱਕ ਦਿੱਤਾ ਜਾਣਾ ਹੈ। ਭਾਵ ਇ ਤਿ ਹਾ ਸ ਕ ਧਰੋਹਰ ਨਾਲ ਭੱਦਾ ਖਿਲਵਾੜ ਕੀਤਾ ਜਾਣਾ ਤੈਅ ਹੈ। ਹੈਰਾਨੀ ਦੀ ਹੱਦ ਹੈ ਕਿ ਸੰਗਤ ਅਤੇ ਯਾ ਦ ਗਾ ਰੀ ਟਰੱਸਟ ਵੱਲੋਂ ਇਸ ਬਾਗ਼ ਦੇ 100 ਫੁਟ ਤੋਂ 200 ਫੁਟ ਦੇ ਘੇਰੇ ਵਿੱਚ ਬਟਾਲਾ ਇੰਪਰੂਵਮੈਂਟ ਟਰੱਸਟ ਦੀ ਮਾਲਕੀ ਵਾਲੇ ਚਾਰ ਪੰਜ ਬਦਲਵੇਂ ਖਾਲੀ ਸਥਾਨ ਸੁਝਾਏ ਜਾਣ ਨੂੰ ਵੀ ਪ੍ਰਸ਼ਾਸਨ ਵੱਲੋਂ ਕੋਰਾ ਦਰਕਿਨਾਰ ਕੀਤਾ ਗਿਆ, ਜੋ ਕਿ ਪ੍ਰਸ਼ਾਸਨ ਦੀ ਸਾਜਸ਼ੀ ਨੀਅਤ ਦੀ ਪ੍ਰਮੁੱਖ ਗਵਾਹੀ ਭਰਦਾ ਹੈ। ਸਿੱਧੇ ਤੌਰ ਤੇ ਬਟਾਲੇ ਵਿੱਚ ਸਿੱਖ ਇਤਿਹਾਸ ਨਾਲ ਜੁੜੀ ਇੱਕੋ ਇੱਕ ਵਿਰਾਸਤੀ ਯਾਦਗਾਰ ਨੂੰ ਮਿਟਾਉਣ ਦੀ ਸਾਜ਼ਿਸ਼ ਹੈ ਇਹ। "ਮੁਹੱਲਾ ਕਲੀਨਿਕ" ਦੀ ਉਸਾਰੀ, ਭਵਿੱਖ ਵਿੱਚ ਹੋਰ ਸਰਕਾਰਾਂ ਵੱਲੋਂ ਇਸ ਬਾਗ਼ ਵਿੱਚ ਹੋਰ ਉਸਾਰੀਆਂ ਦਾ ਰਾਹ ਪੱਧਰਾ ਕਰੇਗੀ। ਜਿਸ ਨਾਲ ਸਿੱਖ ਵਿਰਾਸਤ ਦੇ ਨਾਲ ਨਾਲ ਵਾਤਾਵਰਨ ਅਤੇ ਹਰਿਆਵਲ ਪੱਟੀ ਦਾ ਵੀ ਕਤਲ ਕੀਤਾ ਜਾਵੇਗਾ।




ਇਸ ਬਾਗ਼ ਨੂੰ ਬਚਾਉਣ ਲਈ ਸਥਾਨਕ ਸ਼ਹਿਰ ਵਾਸੀਆਂ ਵੱਲੋਂ ਉਪਰੋਕਤ ਵਰਣਿਤ 'ਵਿਰਾਸਤੀ ਪਾਰਕ ਬਚਾਓ ਐਕਸ਼ਨ ਕਮੇਟੀ' ਹੋਂਦ ਵਿੱਚ ਲਿਆਂਦੀ ਗਈ, ਜੋ ਕਿ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਯਾਦਗਾਰੀ ਟਰੱਸਟ ਦੇ ਸਹਿਯੋਗ ਨਾਲ ਅਤਿ ਲੋੜੀਂਦਾ ਸੰਵਿਧਾਨਕ ਅਤੇ ਹਕੂਕੀ ਸੰਘਰਸ਼ ਲੜ ਰਹੀ ਹੈ। ਇਹ ਵੀ ਮੰਗ ਰੱਖੀ ਗਈ ਕਿ ਯਾਦਗਾਰੀ ਪਾਰਕ ਤੋੜਨ ਵਿੱਚ ਸ਼ਾਮਲ ਸਬਧੰਤ ਅਧਿਕਾਰੀਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ ਤੇ ਉਸਾਰੀ ਦੇ ਚੱਲ ਰਹੇ ਕੰਮ ਉੱਤੇ ਤੁਰੰਤ ਰੋਕ ਲਗਾਈ ਜਾਵੇ, ਗਵਰਨਰ ਪੰਜਾਬ ਨੂੰ ਇਹ ਮੰਗ ਪੱਤਰ ਐਡ. ਸੁਖਬੀਰ ਸਿੰਘ ਪੰਨਵਾਂ, ਗੁਰਦਰਸ਼ਨ ਸਿੰਘ, ਮਾ. ਪ੍ਰਵੀਨ ਸਿੰਘ, ਸ਼ਕਤੀ ਮਹਾਜਨ ਤੇ ਬਲਵਿੰਦਰ ਕੁਮਾਰ ਨੂੰ ਸੌਂਪਿਆ ਗਿਆ।

## ਗੁਰਦੁਆਰਾ ਤਪ ਅਸਥਾਨ ਬਾਬਾ ਫੌਜਾ ਸਿੰਘ ਜੀ ਵਿਖੇ ਖ਼ਾਲਸਾ ਸਾਜਨਾ ਦਿਵਸ ਮਨਾਇਆ

ਬਟਾਲਾ, 16 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈ): ਬਟਾਲੇ ਦੇ ਨਜ਼ਦੀਕ, ਘੁੱਗ ਵਸਦੇ ਪਿੰਡ ਮਸਾਣੀਆਂ ਦੇ ਗੁਰਦੁਆਰਾ ਤਪ ਅਸਥਾਨ ਬਾਬਾ ਫੌਜਾ ਸਿੰਘ ਜੀ ਵਿਖੇ, ਪ੍ਰਬੰਧਕਾਂ ਵੱਲੋਂ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ 327ਵਾਂ ਖਾਲਸਾ ਸਾਜਨਾ ਦਿਵਸ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਪਿਛਲੇ ਦਿਨਾਂ ਤੋਂ ਰੱਖੇ ਹੋਏ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਅਤੇ ਉੱਘੇ ਵਿਦਵਾਨ ਪ੍ਰਿੰਸੀਪਲ ਹਰਵਿੰਦਰ ਸਿੰਘ ਜੀ ਮਸਾਣੀਆਂ ਵੱਲੋਂ ਸਾਹਿਬੇ ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਖਾਲਸਾ ਸਾਜਨਾ ਦਿਵਸ ਬਾਰੇ ਬੜੇ ਵਿਸਥਾਰ ਸਹਿਤ ਚਾਨਣਾ ਪਾਇਆ ਗਿਆ। ਉਹਨਾਂ ਦੱਸਿਆ ਕਿ ਜਿੱਥੇ ਦਸਮ ਪਿਤਾ ਜੀ ਨੇ ਖਾਲਸੇ ਨੂੰ ਸੰਤ ਤੇ ਸਿਪਾਹੀ ਦੀ ਬਣ ਕੇ ਸਮਾਜ ਵਿੱਚ ਵਿਚਰਨ ਦੀ ਤਾਕੀਦ ਕੀਤੀ, ਉੱਥੇ ਹੀ ਉਹਨਾਂ ਨੇ ਆਪਣੇ ਪਰਿਵਾਰ ਸਮੇਤ, ਦਬੀ ਕੁਚਲੀ ਹੋਈ, ਸਹਿਮ ਦੇ ਸਾਏ ਹੇਠ ਦਿਨ ਕੱਟੀ ਕਰ ਰਹੀ ਮਨੁੱਖਤਾ ਵਾਸਤੇ, ਆਪਣੇ ਪਰਿਵਾਰ ਸਮੇਤ ਕੁਰਬਾਨੀ ਦੇ ਕੇ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ ਅਤੇ "ਤੇਰਾ ਕੀਆ ਮੀਠਾ ਲਾਗੈ" ਦੇ ਮਹਾਂਵਾਕ ਅਨੁਸਾਰ ਮਿਸਾਲੀ ਕੁਰਬਾਨੀ ਦੇ ਕੇ ਕੁੱਲ ਲੁਕਾਈ ਲਈ ਪ੍ਰੇਰਨਾ ਸਰੋਤ ਬਣੇ। ਇਸ ਮੌਕੇ ਮਸਾਣੀਆਂ ਨੇ ਕਿਹਾ ਕਿ ਜਿੱਥੇ ਇਹ ਧਾਰਨਾ ਬਣੀ ਹੋਈ ਹੈ ਗੁਰੂ ਗੋਬਿੰਦ ਸਿੰਘ ਪਾਤਸ਼ਾਹ ਜੀ ਨੇ ਸ਼ਸਤਰਧਾਰੀ ਹੋ ਕੇ ਜ਼ੁਲਮੀ ਹਕੂਮਤ ਨਾਲ ਟੱਕਰ ਲਈ, ਉਥੇ ਮੈਂ ਇਹ ਦੱਸਣਾ ਚਾਹੁੰਦਾ ਹਾਂ ਕਿ ਪਹਿਲੀ ਪਾਤਸ਼ਾਹੀ ਗੁਰੂ ਨਾਨਕ ਸਾਹਿਬ ਜੀ ਦੇ ਸਮੇਂ ਤੋਂ ਜ਼ੁਲਮ ਦੇ ਖਿਲਾਫ ਆਵਾਜ਼ ਉਠਦੀ ਰਹੀ, ਔਰ ਉਸ ਵਕਤ ਸਭ ਤੋਂ ਵੱਡੇ ਕ੍ਰਾਂਤੀਕਾਰੀ ਪਹਿਲੇ ਗੁਰੂ, ਸਾਹਿਬ ਸ੍ਰੀ ਗੁਰੂ ਨਾਨਕ ਸਾਹਿਬ ਜੀ ਸਨ, ਜਿਨਾਂ ਨੇ ਜਿੱਥੇ ਜ਼ਬਰਦਸਤੀ ਜਨੇਊ ਪਹਿਨਣ ਤੋਂ ਇਨਕਾਰ ਕੀਤਾ ਸੀ ਉੱਥੇ ਨੌਵੀਂ ਜੋਤ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਸਾਹਿਬ ਨੇ ਜਨੇਊ ਦੀ ਖਾਤਰ ਹੀ ਦਿੱਲੀ ਦੇ ਚਾਂਦਨੀ ਚੌਂਕ ਵਿੱਚ ਆਪਣੀ ਕੁਰਬਾਨੀ ਦੇ ਕੇ ਸਾਬਤ ਕਰ ਦਿੱਤਾ ਕਿ ਜਬਰ ਅਤੇ ਜ਼ੁਲਮ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਹੋਰ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦਾ ਸਮੁੱਚਾ ਜੀਵਨ ਸਾਡੇ ਸਾਰਿਆਂ ਲਈ ਪ੍ਰੇਰਣਾ ਸਰੋਤ ਹੈ। ਉਹਨਾਂ ਨੇ ਆਪਣਾ ਸਾਰਾ ਜੀਵਨ ਦੱਬੇ ਕੁਚਲੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਅਤੇ ਸਮਾਜਿਕ ਬਰਾਬਰਤਾ ਲਈ ਲਗਾ ਦਿੱਤਾ। ਉਨਾ ਹਾਜ਼ਰ ਸਰੋਤਿਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਆਓ ਸਾਰੇ ਰਲ ਕੇ ਦਸਮ ਪਿਤਾ ਜੀ ਦੇ ਪਾਏ ਹੋਏ ਪੂਰਨਿਆਂ ਤੇ ਚੱਲੀਏ ਨਾ ਕਿ ਲੰਗਰਾਂ ਦੇ ਵਿੱਚ ਉਲਝੇ ਰਹੀਏ ਉਹਨਾਂ ਕਿਹਾ ਕਿ ਲੰਗਰਾਂ ਤੋਂ ਅੱਗੇ ਵੀ ਬਹੁਤ ਕੁਝ ਹੈ, ਸਾਨੂੰ ਇੱਕ ਚੰਗੇ ਅਤੇ ਨਰੋਏ ਸਮਾਜ ਦੀ ਬੇਹਤਰੀ ਵਾਸਤੇ ਬਹੁਤ ਕੁਝ ਕਰਨਾ ਹੋਵੇਗਾ। ਸੰਗਰਾਂਦ ਦੇ ਇਸ ਪਵਿੱਤਰ ਦਿਹਾੜੇ ਮੌਕੇ ਤਰਜੀਤ ਸਿੰਘ ਨਾਗਰਾ ਤੇ ਹਰਪ੍ਰੀਤ ਸਿੰਘ ਕੈਨੇਡਾ ਵੱਲੋਂ ਸੰਗਤਾਂ ਦੀ ਟਹਿਲ ਸੇਵਾ ਲਈ, ਵੱਖ ਵੱਖ ਤਰਾਂ ਦੇ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ, ਜਿਨਾਂ ਦਾ ਸੰਗਤਾਂ ਨੇ ਖੂਬ ਆਨੰਦ ਮਾਣਿਆ। ਇਸ ਮੌਕੇ ਹਰਵਿੰਦਰ ਸਿੰਘ ਮਸਾਣੀਆਂ ਤੇ ਸਕੱਤਰ ਮਨਜੀਤ ਸਿੰਘ ਨਾਗਰਾ ਤੋਂ ਇਲਾਵਾ ਕਿਰਪਾਲ ਸਿੰਘ ਮਸਾਣੀਆਂ, ਪ੍ਰਧਾਨ ਰਸ਼ਪਾਲ ਸਿੰਘ, ਮਾ. ਜਗਦੀਸ਼ ਸਿੰਘ, ਹਰਬੀਰ ਸਿੰਘ ਚੌਧਰੀ, ਸਰਬਜੀਤ ਸਿੰਘ, ਥਾਣੇਦਾਰ ਲੱਖਵਿੰਦਰ ਸਿੰਘ, ਧਰਮਿੰਦਰ ਸਿੰਘ ਚੌਧਰੀ, ਗੁਰਪਾਲ ਸਿੰਘ ਸਿੱਧੂ, ਗੁਰਵਿੰਦਰ ਸਿੰਘ ਤੇ ਹੋਰ ਅਨੇਕਾਂ ਸੰਗਤਾਂ ਹਾਜ਼ਰ ਸਨ।



## ਨਗਰ ਕੌਂਸਲ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਬਿਨਾਂ ਮਨਜ਼ੂਰੀ ਤੋਂ ਬਣ ਰਹੀਆਂ ਗ਼ੈਰ-ਕਾਨੂੰਨੀ ਇਮਾਰਤਾਂ

ਗੜ੍ਹਸ਼ੰਕਰ, 16 ਅਪ੍ਰੈਲ (ਅਜਮੇਰ ਸਿੰਘ ਭਨੋਟ): ਗੜ੍ਹਸ਼ੰਕਰ ਸ਼ਹਿਰ ਦੇ ਵਿੱਚ ਨਗਰ ਕੌਂਸਲ ਦੇ ਅਧਿਕਾਰੀਆਂ ਦੀ ਸਾਠਗਾਂਠ ਨਾਲ ਬਿਨਾਂ ਮਨਜ਼ੂਰੀ ਤੋਂ ਗੈਰ ਕਾਨੂੰਨੀ ਇਮਾਰਤਾਂ ਬਣਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਪੰਜਾਬ ਸਰਕਾਰ ਵਲੋਂ ਭਾਵੇਂ ਗੈਰ ਕਾਨੂੰਨੀ ਬਿਲਡਿੰਗਾਂ ਬਨਾਉਣ ਵਾਲਿਆਂ ਦੇ ਉੱਪਰ ਕਾਰਵਾਈ ਕਰਨ ਦੇ ਉੱਪਰ ਵੱਡੇ ਵੱਡੇ ਦਾਅਵੇ ਕੀਤੇ ਜਾ ਰਹੇ ਹਨ ਪ੍ਰੰਤੂ ਹੇਠਲੇ ਪੱਧਰ ਤੇ ਸਰਕਾਰ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਅਜਿਹੀਆਂ ਗੈਰ ਕਾਨੂੰਨੀ ਬਿਲਡਿੰਗਾਂ ਦੀ ਉਸਾਰੀ ਲਗਾਤਾਰ ਜਾਰੀ ਹੈ।

ਤਾਜਾ ਮਾਮਲਾ ਗੜ੍ਹਸ਼ੰਕਰ ਹੁਸ਼ਿਆਰਪੁਰ ਰੋੜ ਨਜ਼ਦੀਕ ਪੈਟਰੋਲ ਪੰਪ ਕੋਲ ਬਣਾਈ ਗਈ ਦੁਕਾਨ ਦਾ ਹੈ, ਜਿੱਥੇ ਦੁਕਾਨ ਦਾ ਅਗਲਾ ਹਿਸਾ ਨਜਾਇਜ਼ ਤੌਰ ਤੇ ਬਾਹਰ ਵਾਲੇ ਪਾਸੇ ਕੱਢਿਆ ਗਿਆ ਹੈ।ਇਸ ਸਬੰਧੀ ਜਦੋਂ ਨਗਰ ਕੌਂਸਲ ਦੇ ਜੇਈ ਭਾਟੀਆ ਸਾਹਿਬ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਬਣਦੀ ਕਾਰਵਾਈ ਕੀਤੀ ਜਾਵੇਗੀ।

## ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਡੀ.ਸੀ. ਵੱਲੋਂ ਬੁਰਜ ਟਹਿਲ ਦਾਸ, ਤਲਵੰਡੀ ਸਿਬੂ, ਮੰਡਾਲਾ ਤੇ ਧੈਂਗੜਪੁਰ ਸੱਤਲੁਜ ਬੰਨ੍ਹ ਦਾ ਦੌਰਾ

ਨਵਾਂਸ਼ਹਿਰ, 16 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਆਗਾਮੀ ਮੌਨਸੂਨ ਸੀਜ਼ਨ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਵੀਰਵਾਰ ਨੂੰ ਅਧਿਕਾਰੀਆਂ ਸਮੇਤ ਜ਼ਿਲ੍ਹੇ ਅੰਦਰ ਦਰਿਆ ਸੱਤਲੁਜ ਨਾਲ ਲੱਗਦੇ ਧੁੱਸੀ ਬੰਨ੍ਹ ਤੇ ਸੰਭਾਵੀ ਹੜ੍ਹਾਂ ਤੋਂ ਪ੍ਰਭਾਵਿਤ ਹੋਣ ਵਾਲੇ ਇਲਾਕਿਆਂ ਦਾ ਦੌਰਾ ਕਰਕੇ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਕੀਤੇ ਜਾ ਰਹੇ ਅਗੇਤੇ ਪ੍ਰਬੰਧਾਂ ਨੂੰ ਦੇਖਿਆ। ਇਸ ਮੌਕੇ 'ਤੇ ਐਸ.ਡੀ.ਐਮ ਨਵਾਂਸ਼ਹਿਰ ਅਨਮਜਯੋਤ ਕੌਰ ਵੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਬੁਰਜ ਟਹਿਲ ਦਾਸ, ਤਲਵੰਡੀ ਸਿਬੂ, ਮੰਡਾਲਾ ਅਤੇ ਧੈਂਗੜਪੁਰ ਵਿਖੇ ਸੱਤਲੁਜ ਬੰਨ੍ਹ ਦਾ ਦੌਰਾ ਕੀਤਾ ਅਤੇ ਸੰਭਾਵੀ ਹੜ੍ਹ ਰੋਕਥਾਮ ਲਈ ਬੰਨ੍ਹਾਂ ਦੀ ਮਜ਼ਬੂਤੀ ਲਈ ਕੀਤੇ ਜਾ ਰਹੇ ਕੰਮਾਂ ਦਾ ਨਿਰੀਖਣ ਕੀਤਾ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸੰਭਾਵੀ ਹੜ੍ਹ ਰੋਕਥਾਮ ਲਈ ਕੀਤੇ ਜਾ ਰਹੇ ਕੰਮਾਂ ਵਿੱਚ ਤੇਜ਼ੀ ਲਿਆਉਣ ਅਤੇ ਜਿਹੜੇ ਕੰਮ ਅੱਜੇ ਤੱਕ ਸ਼ੁਰੂ ਨਹੀਂ ਹੋਏ ਹਨ, ਉਨ੍ਹਾਂ ਕੰਮਾਂ ਨੂੰ ਜਲਦੀ ਸ਼ੁਰੂ ਕੀਤਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਫਿਰ ਇੱਕ ਹਫ਼ਤੇ ਬਾਅਦ ਬੰਨ੍ਹਾਂ ਦਾ ਨਿਰੀਖਣ ਕਰਨਗੇ ਅਤੇ ਕੀਤੇ ਜਾ ਰਹੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣਗੇ। ਉਨ੍ਹਾਂ ਕਿਹਾ ਕਿ ਸੰਭਾਵੀ ਹੜ੍ਹ ਰੋਕਥਾਮ ਲਈ ਕੀਤੇ ਜਾ ਰਹੇ ਕੰਮਾਂ ਵਿੱਚ ਕਿਸੇ ਵੀ ਕਿਸਮ ਦੀ ਢਿਲ ਬਰਦਾਸ਼ ਨਹੀਂ ਕੀਤੀ ਜਾਵੇਗੀ।



ਡਿਪਟੀ ਕਮਿਸ਼ਨਰ ਨੇ ਸੱਤਲੁਜ ਦਰਿਆ ਦੇ ਕੰਢੇ ਧੁੱਸੀ ਬੰਨ੍ਹ ਉੱਪਰ ਕਿਸੇ ਵੀ ਸੰਭਾਵੀ ਖਤਰੇ ਦੇ ਟਾਕਰੇ ਲਈ ਕੀਤੇ ਜਾ ਰਹੇ ਪ੍ਰਬੰਧਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਰਸਾਤਾਂ ਤੋਂ ਪਹਿਲਾਂ ਹੜ੍ਹਾਂ ਤੋਂ ਬਚਾਅ ਲਈ ਕੰਮ ਮੁਕੰਮਲ ਕਰ ਲਏ ਜਾਣ, ਤਾਂ ਜੋ ਲੋਕਾਂ ਨੂੰ ਕਿਸੇ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਇਸ ਦੌਰਾਨ ਉਨ੍ਹਾਂ ਦਰਿਆ ਨਾਲ ਲੱਗਦੇ ਇਲਾਕਾ ਵਾਸੀਆਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਤੇ ਉਨ੍ਹਾਂ ਦੇ ਹੱਲ ਲਈ ਮੌਕੇ 'ਤੇ ਹੀ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ।

## ਲੱਖਾਂ ਸਾਲ ਬਾਅਦ ਮਿਲੇ ਇਨਸਾਨੀ ਜਾਮੇ ਨੂੰ ਨਾਮ ਸਿਮਰਨ ਬਿਨਾਂ ਵਿਅਰਥ ਨਹੀਂ ਗਵਾਉਣਾ ਚਾਹੀਦਾ : ਬਾਬਾ ਸ਼ੇਰ ਸਿੰਘ

ਟਾਂਡਾ ਉੜਮੁੜ, 16 ਅਪ੍ਰੈਲ (ਅਰਜੁਨ ਜੈਨ): ਲੱਖਾਂ ਸਾਲ ਬਾਅਦ ਮਿਲੇ ਇਸ ਇਨਸਾਨੀ ਜਾਮੇ ਨੂੰ ਬਿਨ੍ਹਾਂ ਪ੍ਰਭੂ ਦਾ ਨਾਮ ਸਿਮਰਨ ਕੀਤੇ ਵਿਅਰਥ ਨਹੀਂ ਗਵਾਉਣਾ ਚਾਹੀਦਾ ਹੈ। ਇਨਸਾਨ ਜਨਮ ਲੈਣ ਉਪਰੰਤ ਮੋਹ ਮਾਇਆ ਦੇ ਜਾਲ ਵਿੱਚ ਫਸ ਕੇ ਚੰਗੇ ਮਾੜੇ ਹਰ ਤਰ੍ਹਾਂ ਦੇ ਫਰੇਬ ਆਦਿ ਕਰਕੇ ਮਾਇਆ ਇਕੱਠੀ ਕਰਨ ਵਿੱਚ ਹੀ ਲੱਗਿਆ ਹੋਇਆ ਹੈ ਜਦਕਿ ਆਖਰੀ ਸਮੇਂ ਸਿਰ ਪ੍ਰਭੂ ਦੇ ਨਾਮ ਸਿਮਰਨ ਤੋਂ ਇਲਾਵਾ ਹੋਰ ਕੁਝ ਵੀ ਨਾਲ ਨਹੀਂ ਜਾਣਾ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸਾਬਿਰ ਪਾਕ ਸੱਚੀ ਦਰਗਾਹ ਅਤੇ ਦੂਸਰਾ ਕਲੀਅਰ ਸ਼ਰੀਫ ਦਰਬਾਰ ਅਹਿਆਪੁਰ ਵਿਖੇ ਅੱਜ ਜੇਠੇ ਵੀਰਵਾਰ ਨੂੰ ਸਜਾਏ ਗਏ ਦਰਬਾਰ ਚ ਹਾਜ਼ਰ ਸੰਗਤ ਦੇ ਇਕੱਠ ਨੂੰ ਪ੍ਰਭੂ ਚਰਨਾਂ ਨਾਲ ਜੋੜਦੇ ਹੋਏ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਜੀ ਘੋੜਿਆਂ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਨਿਹਾਲ ਕਰਦੇ ਹੋਏ ਕੀਤਾ।

ਬਾਬਾ ਸ਼ੇਰ ਸਿੰਘ ਜੀ ਨੇ ਆਪਣੇ ਪ੍ਰਵਚਨਾਂ ਰਾਹੀਂ ਕਿਹਾ ਕਿ ਇਨਸਾਨ ਵੱਲੋਂ ਜਾਣੇ ਅਣਜਾਣੇ ਵਿੱਚ ਕੀਤੇ ਗਏ ਮਾੜੇ ਚੰਗੇ ਕਰਮਾਂ ਦਾ ਹਿਸਾਬ ਤਾਂ ਦੇਣਾ ਹੀ ਪਵੇਗਾ। ਉਨ੍ਹਾਂ ਕਿਹਾ ਕਿ ਹਰ ਇਨਸਾਨ ਨੂੰ ਆਪਣੇ ਜੀਵਨ ਵਿੱਚ ਚੰਗੇ ਕਰਮ ਕਰਦੇ ਹੋਏ ਨਾਮ ਸਿਮਰਨ ਜਰੂਰ ਕਰਨਾ ਚਾਹੀਦਾ ਹੈ ਤਾਂ ਜੋ ਇਸ 84 ਦੇ ਗੇੜ ਤੋਂ ਹਮੇਸ਼ਾ ਲਈ ਛੁਟਕਾਰਾ ਮਿਲ ਸਕੇ। ਉਨ੍ਹਾਂ ਕਿਹਾ ਕਿ ਅਜੋਕੇ ਯੁੱਗ ਵਿੱਚ ਹਰ ਇਨਸਾਨ ਮੈਂ ਮੇਰੀ ਵਿੱਚ ਹੀ ਲੱਗਿਆ ਹੋਇਆ ਹੈ ਜਦਕਿ ਅਹੰਕਾਰ ਪ੍ਰਭੂ ਸਿਮਰਨ ਨੂੰ ਇਨਸਾਨ ਤੋਂ ਕੋਸੋ ਦੂਰ ਕਰ ਦਿੰਦਾ ਹੈ ਇਸ ਲਈ ਅੰਹਕਾਰ ਤਿਆਗ ਕੇ ਹਰ ਇਨਸਾਨ ਨੂੰ ਪ੍ਰਭੂ ਸਿਮਰਨ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਾਮ ਸਿਮਰਨ ਦਾ ਕੋਈ ਸਮਾਂ ਨਹੀਂ ਹੁੰਦਾ ਇਸ ਲਈ ਅੱਜ ਤੋਂ ਹੀ ਪ੍ਰਭੂ ਦਾ ਨਾਮ ਸਿਮਰਨ ਕਰਨਾ ਸ਼ੁਰੂ ਕਰ ਦੇਵੋ ਤਾਂ ਜੋ ਇਹ ਮਨੁੱਖੀ ਜਾਮਾ ਜਿਸ ਮਕਸਦ ਨੂੰ ਲਈ ਪਰਮ ਪਿਤਾ ਪਰਮੇਸ਼ਵਰ ਨੇ ਸਾਨੂੰ ਬਖਸ਼ਿਆ ਸੀ ਅਸੀਂ ਉਸ ਮਕਸਦ ਨੂੰ ਹਾਸਿਲ ਕਰ ਸਕੀਏ। ਸਾਰਾ ਦਿਨ ਗੁਰੂ ਦਾ ਲੰਗਰ ਚਲਦਾ ਰਿਹਾ। ਇਸ ਮੌਕੇ ਤੇ ਬੀਬੀ ਬਲਜੀਤ ਕੌਰ, ਸੇਵਾਦਾਰ ਮੀਰ ਕਮਲ ਸਾਬਰੀ, ਡਾਕਟਰ ਮੀਰ ਹਸਨ, ਦੇਵੀਕਾ, ਸੇਵਾਦਾਰ ਗੋਪੀ, ਓਂਕਾਰ ਸਿੰਘ, ਤਲਵਿੰਦਰ ਕੁੰਦਾ, ਅਮਨ ਸੈਣੀ ਤੇ ਭਜਨ ਸੈਣੀ ਤੋਂ ਇਲਾਵਾ ਹੋਰ ਹਾਜ਼ਰ ਸੰਗਤ ਨੇ ਦਰਬਾਰ ਆਪਣੀ ਹਾਜਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

## ਕੈਂਬਰਿਜ ਇੰਟਰਨੈਸ਼ਨਲ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ 100 ਫ਼ੀਸਦੀ

ਲੋਹੀਆਂ ਖਾਸ, 16 ਅਪ੍ਰੈਲ (ਸਬਪ੍ਰੀਤ ਸਿੰਘ): ਪ੍ਰੀਖਿਆ ਦੇ ਨਤੀਜੇ ਜਿੱਥੇ ਵਿਦਿਆਰਥੀਆਂ ਦੇ ਭਵਿੱਖ ਨੂੰ ਤਹਿ ਕਰਦੇ ਹਨ, ਓਥੇ ਉਹਨਾਂ ਅੰਦਰ ਮੁਬਾਕਲੇ ਦੀ ਭਾਵਨਾ ਨੂੰ ਵੀ ਉਜਾਗਰ ਕਰਦੇ ਹਨ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਚੈਅਰਮੇਨ ਸਵਰਨ ਸਿੰਘ ਖਾਲਸਾ ਨੇ ਉਸ ਵਕਤ ਕੀਤਾ ਜਦੋਂ ਸੀ.ਬੀ.ਐਸ.ਸੀ. ਵੱਲੋਂ ਐਲਾਨੇ ਗਏ ਦੱਸਵੀਂ ਕਲਾਸ ਦੇ ਨਤੀਜੇ ਵਿੱਚ ਕੈਬਰਿਜ ਇੰਟਰਨੈਸ਼ਨਲ ਸਕੂਲ ਸੁਲਤਾਨਪੁਰ ਲੋਧੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਰਾਜਬੀਰ ਕੌਰ ਸੈਣੀ ਨੇ ਜਾਣਕਾਰੀ ਸਾਂਝਿਆ ਕਰਦੇ ਕਿਹਾ ਕਿ ਸਕੂਲ ਦਾ ਦੱਸਵੀ ਜਮਾਤ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਦੱਸਵੀਂ ਕਲਾਸ ਦੇ ਵਿਦਿਆਰਥੀਆਂ ਵਿੱਚ ਸ਼ਾਮਿਲ ਕੰਵਰਦੀਪ ਸਿੰਘ ਨੇ 93 ਪ੍ਰਤੀਸ਼ਤ ਅੰਕ ਲੈਕੇ ਪਹਿਲਾ ਸਥਾਨ, ਅਨੁਰੀਤ ਕੌਰ ਨੇ 87 ਪ੍ਰਤੀਸ਼ਤ ਅੰਕ ਲੈਕੇ ਦੂਸਰਾ ਸਥਾਨ ਅਤੇ ਨਵਪ੍ਰੀਤ ਸਿੰਘ ਨੇ 84 ਪ੍ਰਤੀਸ਼ਤ ਅੰਕ ਲੈਕੇ ਤੀਜਾ ਸਥਾਨ ਹਾਸਿਲ ਕੀਤਾ। ਇਸ ਮੌਕੇ ਤੇ ਬੋਲਦਿਆ ਸਕੂਲ ਦੇ ਐਮ. ਡੀ ਮੈਡਮ ਕਮਲਪ੍ਰੀਤ ਕੌਰ, ਐਮ. ਡੀ ਨਵਜੋਤ ਕੌਰ ਤੇ ਵਾਇਸ ਪ੍ਰਿੰਸੀਪਲ ਆਸ਼ੂ ਵਾਹੀ ਨੇ ਕਿਹਾ ਕਿ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਦਾ ਸਿਹਰਾ ਜਿੱਥੇ ਵਿਦਿਆਰਥੀਆਂ ਦੀ ਲਗਨ ਅਤੇ ਮਹਿਨਤ ਨੂੰ ਜਾਂਦਾ ਹੈ, ਓਥੇ ਸਕੂਲ ਦੇ ਅਧਿਆਪਕ ਦੀ ਸੁਚੱਜੀ ਅਗਵਾਈ ਅਤੇ ਪੜਾਈ ਨੂੰ ਵੀ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਤੇ ਸਕੂਲ ਦੇ ਐਮ.ਡੀ ਕਮਲਪ੍ਰੀਤ ਕੌਰ,ਐਮ. ਡੀ ਨਵਜੋਤ ਕੌਰ, ਪ੍ਰਿੰਸੀਪਲ ਰਾਜਬੀਰ ਕੌਰ ਸੈਣੀ ਤੇ ਵਾਈਸ ਪ੍ਰਿੰਸੀਪਲ ਆਸ਼ੂ ਵਾਹੀ, ਕੋਆਰਡੀਨੇਟਰ ਮਨੀਸ਼ ਕੁਮਾਰ, ਸਟਾਫ ਸੈਕਟਰੀ ਸੰਜੇ ਸੌਰੰਗ ਤੇ ਸਮੁਚੇ ਸਟਾਫ ਨੇ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।




## ਖ਼ਾਲਸਾ ਕਾਲਜ ਵਿਖੇ 'ਭਾਰਤੀ ਗਿਆਨ ਪ੍ਰਣਾਲੀ' ਤਹਿਤ ਲੈਕਚਰ ਕਰਵਾਇਆ

ਗੜ੍ਹਦੀਵਾਲਾ 16 ਅਪ੍ਰੈਲ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਕਾਲਜ ਵਿੱਚ ਮੈਥੇਮੈਟਿਕਸ ਵਿਭਾਗ ਵੱਲੋਂ ਭਾਰਤੀ ਗਿਆਨ ਪ੍ਰਣਾਲੀ ਤਹਿਤ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਗਣਿਤ ਵਿਭਾਗ ਦੇ ਮੈਡਮ ਦਲਜੀਤ ਕੌਰ ਨੇ "ਪੁਰਾਤਨ ਭਾਰਤੀ ਗਣਿਤ" ਵੈਦਿਕ ਜੜ੍ਹਾਂ ਵਿਸ਼ੇ 'ਤੇ ਬੋਲਦਿਆਂ ਭਾਰਤੀ ਗਿਆਨ ਪ੍ਰਣਾਲੀ (IKS) ਦੀ ਮਹੱਤਤਾ ਬਾਰੇ ਚਰਚਾ ਕੀਤੀ ਤੇ ਦੱਸਿਆ ਕਿ ਕਿਵੇਂ ਪ੍ਰਾਚੀਨ ਭਾਰਤ ਵਿੱਚ ਗਣਿਤ ਸਿਰਫ਼ ਗਿਣਤੀ ਦਾ ਵਿਸ਼ਾ ਨਹੀਂ ਸੀ, ਸਗੋਂ ਜੀਵਨ ਦੇ ਹਰ ਖੇਤਰ ਨਾਲ ਜੁੜਿਆ ਹੋਇਆ ਸੀ। ਉਨ੍ਹਾਂ ਨੇ ਵੈਦਿਕ ਗਣਿਤ ਦੇ ਮੁੱਖ ਸੂਤਰਾਂ ਬਾਰੇ ਵੀ ਜਾਣਕਾਰੀ ਦਿੱਤੀ ਤੇ ਸਮਝਾਇਆ ਕਿ ਇਹ ਸੂਤਰ ਜਟਿਲ ਗਣਿਤਕ ਸਮੱਸਿਆਵਾਂ ਨੂੰ ਬਹੁਤ ਹੀ ਸੌਖੇ ਅਤੇ ਤੇਜ਼ ਤਰੀਕੇ ਨਾਲ ਹੱਲ ਕਰਨ ਵਿੱਚ ਮੱਦਦਗਾਰ ਹਨ ਤੇ ਇਹ ਪ੍ਰਾਚੀਨ ਤਕਨੀਕਾਂ ਅੱਜ ਦੇ ਯੁੱਗ ਵਿੱਚ ਵੀ ਪ੍ਰਸੰਗਿਕ ਹਨ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਕਿਹਾ ਕਿ ਅਜਿਹੇ ਅਕਾਦਮਿਕ ਕਾਰਜਕ੍ਰਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਹੀ ਲਾਭਦਾਇਕ ਹਨ। ਇਸ ਮੌਕੇ ਗਣਿਤ ਵਿਭਾਗ ਦੇ ਮੁਖੀ ਗੁਰਪ੍ਰੀਤ ਕੌਰ ਤੇ ਵਿਦਿਆਰਥੀ ਹਾਜ਼ਰ ਸਨ।



## ਸਿਲਵਰ ਓਕ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ

ਟਾਂਡਾ ਉੜਮੁੜ, 16 ਅਪ੍ਰੈਲ (ਅਰਜੁਨ ਜੈਨ): ਹਮੇਸ਼ਾ ਦੀ ਤਰ੍ਹਾਂ ਇਲਾਕੇ ਦੀ ਮਸ਼ਹੂਰ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸਕੂਲ ਦੇ ਸਾਰੇ ਵਿਦਿਆਰਥੀਆਂ ਦਾ ਦਸਵੀਂ ਦਾ ਸੀ ਬੀ ਐਸ ਈ ਬੋਰਡ ਇਗਜ਼ਾਮ ਦਾ ਨਤੀਜਾ 100% ਰਿਹਾ,ਜਿੱਥੇ ਕਿ ਜਸਲੀਨ ਹਰਲੀਨ ਸੌਰਭੀ ਖੁਸ਼ੀ ਸਾਹਿਬਪ੍ਰੀਤ ਨੇ 97 ਤੇ 96% ਨੰਬਰ ਲਏ। ਉਥੇ ਹੀ ਤਰਨਪ੍ਰੀਤ ਨੇ 95% ਸ਼ੁਭਨੂਰ ਨੇ 94% ਨਵਨੀਤ 93% ਨਿਮਰਤ 91% ਇੰਜਲ ਗਨਿਸ਼ਕਾ 90% ਨੰਬਰ ਲਏ। ਪੰਜਾਬੀ ਵਿੱਚੋਂ ਸੌਰਭੀ, ਬਲੈਸੀ, ਏਂਜਲ ਅਤੇ ਨਵਨੀਤ ਨੇ 100 ਵਿੱਚੋਂ 100 ਨੰਬਰ ਹਾਸਿਲ ਕੀਤੇ, ਉਥੇ ਹੀ ਜਸਲੀਨ, ਹਰਲੀਨ, ਖੁਸ਼ੀ, ਤਰਨਪ੍ਰੀਤ ਤੇ ਸਾਹਿਬਪ੍ਰੀਤ ਨੇ ਆਈਟੀ ਦੇ ਵਿੱਚੋਂ 100 ਵਿੱਚੋਂ 100 ਨੰਬਰ ਹਾਸਿਲ ਕੀਤੇ। ਸੰਸਥਾ ਦੇ ਚੇਅਰਮੈਨ ਸਰਦਾਰ ਤਰਲੋਚਨ ਸਿੰਘ ਬਿੱਟੂ ਨੇ ਸਕੂਲ ਦੀ ਪ੍ਰਿੰਸੀਪਲ ਮਨੀਸ਼ਾ ਸੰਗਰ, ਮੈਨੇਜਰ ਗਜਿੰਦਰ ਪਾਲ ਸਿੰਘ, ਸਾਰੇ ਬੱਚਿਆਂ ਤੇ ਸਾਰੇ ਅਧਿਆਪਕਾਂ ਨੂੰ ਬਹੁਤ ਬਹੁਤ ਮੁਬਾਰਕਾਂ ਦਿੱਤੀਆਂ। ਇਸ ਮੌਕੇ ਤੇ ਅਮਰਜੀਤ ਕੌਰ ਸੈਣੀ, ਗੁਰਪ੍ਰੀਤ ਕੌਰ, ਵਿਸ਼ਾਲੀ ਸ਼ਰਮਾ, ਨੇਹਾ ਜੈਨ, ਸੁਮਿਤ ਕੌਰ, ਰਾਜਵੀਰ ਕੌਰ, ਰਾਜਵਿੰਦਰ ਕੌਰ, ਅਰਚਨਾ ਸੈਨੀ, ਰਮਨਦੀਪ ਕੌਰ, ਸ਼ਿਲਪਾ, ਵਿਨੇ ਕੁਮਾਰ, ਸੋਨੂ ਸ਼ਰਮਾ, ਅੰਕਿਤਾ ਸ਼ਰਮਾ, ਹਰਜੀਤ ਕੌਰ, ਰਜਮੀਤ ਕੌਰ,ਕੁਲਦੀਪ ਸਿੰਘ, ਪਿੰਕੀ ਸੈਣੀ, ਹਰਮਿੰਦਰ ਕੌਰ, ਤੇ ਪਰਮਜੀਤ, ਆਦਿ ਮੌਜੂਦ ਸਨ।




## ਚੈਅਰਮੈਨ ਤਰਪਾਲ ਸਿੰਘ ਪਾਰੋਵਾਲ ਦੀ ਬੇਵਕਤੀ ਮੌਤ 'ਤੇ ਦੁੱਖ ਪ੍ਰਗਟਾਵਾ

ਬਟਾਲਾ,16 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ): ਪਾਰਟੀ ਦੇ ਨਿਧੱੜਕ ਆਗੂ ਤੇ ਪੰਜਾਬ ਦੇ ਹਲਕਾ ਫਤਿਹਗੜ੍ਹਚੂੜੀਆ ਦੇ ਮੌਜੂਦਾ ਐਮ ਐਲ ਏ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਤੇ ਚੈਅਰਮੈਨ ਬਲਵਿੰਦਰ ਸਿੰਘ ਕੋਟਲਾ ਬਾਮਾ ਦੇ ਨਜ਼ਦੀਕੀ ਸਾਥੀ ਚੈਅਰਮੈਨ ਤਰਪਾਲ ਸਿੰਘ ਪਾਰੋਵਾਲ ਉਸ ਪ੍ਰਮਾਤਮਾ ਦੀ ਬਖਸੀ ਹੋਈ ਸਵਾਸਾਂ ਦੀ ਪੂਜੀ ਨੂੰ ਭੋਗਦੇ ਹੋਏ ਵਾਹਿਗੁਰੂ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ।ਉਨ੍ਹਾਂ ਦੇ ਪਰਿਵਾਰ ਨਾਲ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਚੈਅਰਮੈਨ ਰਵੀਨੰਦਨ ਸਿੰਘ ਬਾਜਵਾ,ਚੈਅਰਮੈਨ ਬਲਵਿੰਦਰ ਸਿੰਘ ਕੋਟਲਾ ਬਾਮਾ, ਬਲਵਿੰਦਰ ਸਿੰਘ ਭਾਲੋਵਾਲੀ ਬਲਾਕ ਪ੍ਰਧਾਨ, ਹਰਦਿਆਲ ਸਿੰਘ ਖੋਖਰ, ਚੈਅਰਮੈਨ ਉਂਕਾਰ ਸਿੰਘ ਲਾਟੀ, ਸਤਿੰਦਰ ਸਿੰਘ ਪਿੰਕਾ ਜਾਗਲਾ, ਹਰਚਰਨ ਸਿੰਘ ਘਣੀਏ ਕੇ ਬਾਂਗਰ, ਸੁੱਖਪਾਲ ਸਿੰਘ ਅਲੀਵਾਲ,ਹਰਵਿੰਦਰ ਸਿੰਘ ਲੰਗਰਵਾਲ, ਸਰਬਜੀਤ ਸਿੰਘ ਨਾਸਰਕੇ,ਪ੍ਰੀਤਮ ਸਿੰਘ ਗੁੱਜਰਪੁਰਾ,ਰਾਜਿੰਦਰ ਸਿੰਘ ਗੋਗੀ ਸਰੂਪਵਾਲੀ, ਹਰਜੀਤ ਸਿੰਘ ਰਿਆਲੀ ਕਲਾਂ, ਮਨਬੀਰ ਸਿੰਘ ਮਾਡੂ ਰਿਆਲੀ ਖੁਰਦ, ਜਸਬੀਰ ਸਿੰਘ ਕਾਸਤੀਵਾਲ,ਭੁਪਿੰਦਰ ਸਿੰਘ ਭਿੰਦੂ ਢਡਿਆਲਾ ਨੱਤ, ਸੀਨੀਅਰ ਕਾਂਗਰਸੀ ਆਗੂ ਹਰਦੀਪ ਸਿੰਘ ਖੋਦੇਬਾਗਰ, ਕੁਲਵਿੰਦਰ ਸਿੰਘ ਸਾਬਕਾ ਸਰਪੰਚ ਭਾਲੋਵਾਲੀ, ਸਾਬਕਾ ਸਰਪੰਚ ਦੁਰਲੱਭਜੀਤ ਪੱਤੀ ਪਕੀਵਾ, ਰਣਜੀਤ ਸਿੰਘ ਸਾਬਕਾ ਸਰਪੰਚ ਕੋਟਲੀ ਥਾਬਲਾ, ਸ਼ਿੰਦਾ ਸਰਪੰਚ ਸ਼ੰਕਰਪੁਰਾ, ਗੁਰਸ਼ਰਨ ਸਿੰਘ ਲਾਡਾ ਘਣੀਏ ਕੇ ਬਾਂਗਰ, ਸੀਨੀਅਰ ਕਾਂਗਰਸੀ ਆਗੂ ਦਲਬੀਰ ਸਿੰਘ ਠੱਠਾ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

## ਵਿਸਾਖੀ ਨੂੰ ਬਾਬਾ ਸਾਹਿਬ ਅੰਬੇਡਕਰ ਸਮਾਗਮਾਂ 'ਤੇ ਪ੍ਰਸ਼ਾਸਨ ਵੱਲੋਂ ਸਹਿਯੋਗ ਨਾ ਕਰਨ ਤੇ ਕਮੇਟੀ ਵੱਲੋਂ ਐਸ.ਡੀ.ਐਮ. ਦਫ਼ਤਰ ਅੱਗੇ ਧਰਨਾ 22 ਨੂੰ : ਬਾਬਾ ਕੇਵਲ ਸਿੰਘ

ਬੀਣੇਵਾਲ, 16 ਅਪ੍ਰੈਲ (ਅਜਮੇਰ ਭਨੋਟ): ਤਪ ਅਸਥਾਨ ਸ੍ਰੀ ਖੁਰਾਲਗੜ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਕੇਵਲ ਸਿੰਘ ਅਤੇ ਜਨਰਲ ਸਕੱਤਰ ਬਾਬਾ ਕੇਵਲ ਸਿੰਘ ਨੇ ਪ੍ਰੈਸ ਨੂੰ ਜਾਰੀ ਲਿਖਤੀ ਬਿਆਨ ਵਿੱਚ ਕਿਹਾ ਕਿ ਵਿਸਾਖੀ ਤੇ ਡਾ ਭੀਮ ਰਾਓ ਅੰਬੇਦਕਰ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਲੈਣ ਲਈ ਕਮੇਟੀ ਵਲੋਂ ਡੀ ਸੀ ਸਾਹਿਬ ਦੇ ਦਫਤਰ ਹੁਸ਼ਿਆਰਪੁਰ ਜਾ ਕੇ ਚਾਰ ਵੱਖ ਵੱਖ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਸਨ। ਜਿਸ ਤੇ ਕਾਰਵਾਈ ਕਰਦਿਆਂ ਐਸ ਡੀ ਐਮ ਸਾਹਿਬ ਗੜ੍ਹਸੰਕਰ ਵਲੋਂ ਸਮੂਹ ਵਿਭਾਗਾਂ ਦੀ ਮੀਟਿੰਗ ਕੀਤੀ ਗਈ। ਜਿਸ ਵਿੱਚ ਕਮੇਟੀ ਵੀ ਹਾਜਰ ਹੋਈ। ਮੀਟਿੰਗ ਵਿੱਚ ਤੈਅ ਏਜੰਡੇ ਅਨੁਸਾਰ ਵਿਭਾਗੀ ਕਰਮਚਾਰੀਆਂ ਨੇ ਡਿਊਟੀ ਕਰਨ ਦਾ ਕਸ਼ਟ ਨਹੀ ਕੀਤਾ। ਜਿਸ ਵਿੱਚ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਕੁਤਾਹੀ ਕੀਤੀ ਗਈ। ਬਾਬਾ ਕੇਵਲ ਸਿੰਘ ਨੇ ਦੱਸਿਆ ਕਿ ਗੁਰੂ ਘਰ ਨੂੰ ਜਾਂਦੇ ਸਰਕਾਰੀ ਰਸਤੇ ਤੇ ਕੁਝ ਲੋਕਾਂ ਵਲੋਂ ਕਬਜੇ ਕੀਤੇ ਹੋਏ ਹਨ ਇਸ ਨੂੰ ਖਾਲੀ ਕਰਵਾਉਣ ਲਈ ਪੰਚਾਇਤ ਅਫਸਰ ਦੀ ਡਿਊਟੀ ਲੱਗੀ ਸੀ। ਪਰ ਪੰਚਾਇਤ ਅਫਸਰ ਨੇ ਅਧਿਕਾਰੀਆਂ ਦੇ ਆਦੇਸ਼ ਤੇ ਕੋਈ ਕਾਰਵਾਈ ਨਹੀ ਕੀਤੀ। ਸਗੋਂ ਪ੍ਰਬੰਧਕ ਕਮੇਟੀ ਨੂੰ ਗਲਤ ਬਿਆਨੀ ਕਰਦਾ ਰਿਹਾ। ਸੜਕ ਵਿਭਾਗ(ਪੰਜਾਬ ਮੰਡੀ ਬੋਰਡ) ਵਲੋਂ ਗੁਰੂ ਘਰ ਦੀ ਹਦੂਦ ਬਣਾਏ ਕੱਚੇ ਰੈਂਪ ਨੂੰ ਚਲਣ ਯੋਗ ਕਰਨਾ ਸੀ। ਇਸ ਵਿਭਾਗ ਨੇ ਕੋਈ ਵੀ ਕੰਮ ਨ ਕਰਕੇ ਇਸ ਗਲ ਦਾ ਸਬੂਤ ਦਿੱਤਾ ਕਿ ਕਮੇਟੀ ਦਾ ਮੰਗ ਪੱਤਰ ਉਨ੍ਹਾਂ ਲਈ ਮਹੱਤਵ ਪੂਰਨ ਨਹੀ। ਇਹਨਾ ਦੋਨੋ ਮਸਲਿਆਂ ਤੇ ਕਮੇਟੀ ਵਲੋਂ ਐਸ ਸੀ ਕਮਿਸ਼ਨ ਪੰਜਾਬ ਨੂੰ ਸ਼ਿਕਾਇਤ ਭੇਜੀ ਜਾ ਚੁੱਕੀ ਹੈ।ਜਿਸ ਦੀ ਸੁਣਵਾਈ ਲਈ ਕਮਿਸ਼ਨ ਵਲੋਂ ਮਿਤੀ ਤੈਅ ਕੀਤੀ ਜਾਵੇਗੀ। ਇਸ ਤੋਂ ਇਲਾਵਾ ਖੁਰਾਲਗੜ੍ਹ ਸਾਹਿਬ ਪਿੰਡ ਦੀ ਹਦੂਦ ਅੰਦਰ ਸ਼ਰਾਬ ਦੇ ਦੋ ਠੇਕੇ ਚਲ ਰਹੇ ਹਨ।

ਕਮੇਟੀ ਵਲੋਂ ਡੀ ਸੀ ਸਾਹਿਬ ਨੂੰ ਵਿਸਾਖੀ ਸਮਾਗਮਾ ਦੌਰਾਨ 4 ਦਿਨ ਠੇਕੇ ਬੰਦ ਰੱਖਣ ਲਈ ਬੇਨਤੀ ਕੀਤੀ ਸੀ। ਪਰ ਠੇਕੇ ਸ਼ਰੇਆਮ ਖੁੱਲੇ ਰਹੇ ਤੇ ਸੜਕ ਕਿਨਾਰੇ ਖੁੱਲੇ ਵਿੱਚ ਸ਼ਰਾਬ ਵੇਚੀ ਜਾਂਦੀ ਰਹੀ । ਪਰ ਕਿਸੇ ਅਧਿਕਾਰੀ ਨੇ ਰੋਕਣ ਦੀ ਕੋਸ਼ਿਸ਼ ਨਹੀ ਕੀਤੀ। ਇਸ ਤੋਂ ਇਲਾਵਾ ਪੀਣ ਵਾਲੇ ਪਾਣੀ ਦਾ ਵੀ ਯੋਗ ਪ੍ਰਬੰਧ ਨ ਹੋਣ ਕਾਰਣ ਸੰਗਤ ਨੂੰ ਪਰੇਸ਼ਾਨੀ ਉਠਾਉਣੀ ਪਈ। ਜਿਸ ਨਾਲ ਸਮੁੱਚੀ ਸੰਗਤ ਦੇ ਮਨ ਨੂੰ ਠੇਸ ਪਹੁੰਚੀ। ਇਸ ਮਾਮਲੇ ਦਾ ਗੰਭੀਰ ਨੋਟਿਸ ਲੈਂਦੇ ਹੋਏ ਪ੍ਰਬੰਧਕ ਕਮੇਟੀ ਵਲੋਂ ਗੁਰ ਰਵੀਦਾਸ ਸਭਾਵਾਂ, ਨਿਹੰਗ ਸਿੰਘ ਜੱਥੇਬੰਦੀਆਂ ਅਤੇ ਸੰਗਤ ਨੂੰ ਨਾਲ ਲੈ ਕੇ ਐਸ ਡੀ ਐਮ ਦਫਤਰ ਮੂਹਰੇ ਧਰਨਾ ਦਿੱਤਾ ਜਾਵੇਗਾ ਅਤੇ ਰੋਸ ਮੁਜਾਹਿਰਾ ਕੀਤਾ ਜਾਵੇਗਾ।

## ਮੰਡੀਆਂ 'ਚ ਖੱਜਲ ਖੁਆਰ ਹੋ ਰਹੇ ਨੇ ਕਿਸਾਨ, ਸਰਕਾਰ ਦੇ ਪ੍ਰਬੰਧ ਨਾਕਾਮ : ਸ਼ਾਹਬਾਦ

ਸ੍ਰੀ ਹਰਗੋਬਿੰਦਪੁਰ/ਘੁਮਾਣ, 16 ਅਪ੍ਰੈਲ (ਡਾ ਨਰਿੰਦਰ ਸਿੰਘ ਘੁਮਾਣ/ ਜਗੀਰ ਸਿੰਘ ਮੰਡ): ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਕਿਸਾਨ ਵਿੰਗ ਕਾਂਗਰਸ ਦੇ ਸੂਬਾ ਜਨਰਲ ਸਕੱਤਰ ਹਰਵਿੰਦਰਪਾਲ ਸਿੰਘ ਸ਼ਾਹਬਾਦ ਨੇ ਮੰਡੀਆਂ ਵਿੱਚ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਿਲਾਂ 'ਤੇ ਗੰਭੀਰ ਚਿੰਤਾ ਜਤਾਉਂਦੇ ਹੋਏ ਕਿਹਾ ਕਿ ਪੰਜਾਬ ਦਾ ਅੰਨਦਾਤਾ ਇਸ ਸਮੇਂ ਭਾਰੀ ਸੰਕਟ ਵਿੱਚੋਂ ਲੰਘ ਰਿਹਾ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਬੇਮੌਸਮੀ ਬਰਸਾਤ ਤੇ ਗੜ੍ਹੇਮਾਰੀ ਨੇ ਕਿਸਾਨਾਂ ਦਾ ਲੱਕ ਤੋੜ ਦਿੱਤਾ ਹੈ, ਦੂਜੇ ਪਾਸੇ ਜਿਹੜੀ ਫਸਲ ਕਿਸੇ ਤਰ੍ਹਾਂ ਮੰਡੀਆਂ ਤੱਕ ਪਹੁੰਚੀ ਹੈ, ਉਸਦੀ ਸੰਭਾਲ ਕਰਨ ਵਿੱਚ ਸਰਕਾਰ ਪੂਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੀ ਹੈ। ਸ਼ਾਹਬਾਦ ਨੇ ਕਿਹਾ ਕਿ ਮੰਡੀਆਂ ਵਿੱਚ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਸ਼ੁਰੂ ਨਹੀਂ ਕੀਤੀ ਗਈ,ਜਿਸ ਕਾਰਨ ਕਿਸਾਨਾਂ ਨੂੰ ਦਿਨਾਂ-ਦਿਨ ਆਪਣੀ ਫਸਲ ਵੇਚਣ ਲਈ ਉਡੀਕ ਕਰਨੀ ਪੈ ਰਹੀ ਹੈ। ਉਨ੍ਹਾਂ ਦੱਸਿਆ ਕਿ ਕਈ ਥਾਵਾਂ 'ਤੇ ਕਿਸਾਨ ਆਪਣੀ ਫਸਲ ਦੀ ਰੱਖਿਆ ਲਈ ਰਾਤਾਂ ਜਾਗਣ ਲਈ ਮਜਬੂਰ ਹਨ, ਪਰ ਸਰਕਾਰ ਵੱਲੋਂ ਉਨ੍ਹਾਂ ਲਈ ਕੋਈ ਢੰਗ ਦੇ ਪ੍ਰਬੰਧ ਨਹੀਂ ਕੀਤੇ ਗਏ।ਕਿਸਾਨ ਆਪਣੀ ਫਸਲ ਨੂੰ ਪੁੱਤਾਂ ਵਾਂਗ ਪਾਲਦਾ ਹੈ, ਪਰ ਅੱਜ ਉਹੀ ਕਿਸਾਨ ਮੰਡੀਆਂ ਵਿੱਚ ਬੇਇਜ਼ਤੀ ਤੇ ਤਕਲੀਫ਼ ਸਹਿਣ ਲਈ ਮਜਬੂਰ ਹੈ।ਮੰਡੀਆਂ ਵਿੱਚ ਬਾਰਦਾਨੇ ਦੀ ਭਾਰੀ ਕਮੀ ਹੈ, ਜਿਸ ਕਰਕੇ ਖਰੀਦ ਪ੍ਰਕਿਰਿਆ ਹੋਰ ਵੀ ਸੁਸਤ ਹੋ ਰਹੀ ਹੈ। ਕਈ ਥਾਵਾਂ 'ਤੇ ਫਸਲ ਖੁੱਲ੍ਹੇ ਵਿੱਚ ਪਈ ਰਹਿੰਦੀ ਹੈ, ਜਿਸ ਨਾਲ ਮੌਸਮੀ ਤਬਦੀਲੀਆਂ ਦੇ ਕਾਰਨ ਹੋਰ ਨੁਕਸਾਨ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਦੇ ਨਾਲ ਹੀ ਮੰਡੀਆਂ ਵਿੱਚ ਸਟੋਰੇਜ ਦੀ ਵੀ ਕਮੀ ਹੈ ਤੇ ਢੁੱਕਵੇਂ ਪ੍ਰਬੰਧ ਨਾ ਹੋਣ ਕਰਕੇ ਕਿਸਾਨਾਂ ਨੂੰ ਬੇਹੱਦ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਸ਼ਾਹਬਾਦ ਨੇ ਕਿਹਾ ਕਿ ਸਰਕਾਰ ਵੱਲੋਂ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਹੈ। ਮੰਡੀਆਂ ਵਿੱਚ ਨਾ ਤਾਂ ਸਮੇਂ 'ਤੇ ਤੋਲ ਹੋ ਰਹੀ ਹੈ ਤੇ ਨਾ ਹੀ ਕਿਸਾਨਾਂ ਨੂੰ ਤੁਰੰਤ ਭੁਗਤਾਨ ਮਿਲ ਰਿਹਾ ਹੈ।ਜਿਸ ਕਾਰਨ ਕਿਸਾਨ ਆਰਥਿਕ ਤੌਰ 'ਤੇ ਵੀ ਦਬਾਅ ਵਿੱਚ ਆ ਰਹੇ ਹਨ। ਉਹਨਾਂ ਨੇ ਕਿਹਾ ਕਿ ਜੇਕਰ ਹਾਲਾਤ ਇੰਝ ਹੀ ਰਹੇ ਤਾਂ ਕਿਸਾਨਾਂ ਦੀ ਮਿਹਨਤ ਪੂਰੀ ਤਰ੍ਹਾਂ ਬਰਬਾਦ ਹੋ ਜਾਵੇਗੀ। ਉਹਨਾਂ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਤੁਰੰਤ ਮੰਡੀਆਂ ਵਿੱਚ ਪੂਰੇ ਪ੍ਰਬੰਧ ਕੀਤੇ ਜਾਣ, ਬਾਰਦਾਨੇ ਦੀ ਕਮੀ ਦੂਰ ਕੀਤੀ ਜਾਵੇ, ਖਰੀਦ ਪ੍ਰਕਿਰਿਆ ਨੂੰ ਤੇਜ਼ ਕੀਤਾ ਜਾਵੇ ਅਤੇ ਕਿਸਾਨਾਂ ਨੂੰ ਸਮੇਂ 'ਤੇ ਭੁਗਤਾਨ ਦਿੱਤਾ ਜਾਵੇ ਨਹੀਂ ਤਾਂ ਕਿਸਾਨ ਮਜ਼ਬੂਰ ਹੋ ਕੇ ਸੰਘਰਸ਼ ਦਾ ਰਾਹ ਅਪਣਾਉਣਗੇ।ਅੰਤ ਵਿੱਚ ਸ਼ਾਹਬਾਦ ਨੇ ਕਿਹਾ ਕਿ ਪੰਜਾਬ ਦਾ ਕਿਸਾਨ ਪਹਿਲਾਂ ਹੀ ਕਰਜ਼ੇ ਅਤੇ ਮੌਸਮੀ ਮਾਰ ਨਾਲ ਪਰੇਸ਼ਾਨ ਹੈ, ਅਜਿਹੇ ਵਿੱਚ ਸਰਕਾਰ ਨੂੰ ਉਸਦਾ ਸਾਥ ਦੇਣਾ ਚਾਹੀਦਾ ਹੈ ਨਾ ਕਿ ਉਸਨੂੰ ਹੋਰ ਮੁਸ਼ਕਲਾਂ ਵਿੱਚ ਧੱਕਣਾ ਚਾਹੀਦਾ ਹੈ।ਉਹਨਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਹਾਲਾਤਾਂ ਦਾ ਜਾਇਜ਼ਾ ਲੈ ਕੇ ਕਿਸਾਨਾਂ ਨੂੰ ਰਾਹਤ ਦੇਵੇ ਤਾਂ ਜੋ ਉਹਨਾਂ ਦੀ ਮਿਹਨਤ ਦਾ ਫਲ ਉਨ੍ਹਾਂ ਤੱਕ ਪਹੁੰਚ ਸਕੇ।



## ਬੀ.ਵੀ.ਐਨ. ਕਾਲਜ ਨੇ ਤਕਨੀਕੀ ਸਿੱਖਿਆ ਦੇ ਖੇਤਰ 'ਚ ਵਧਾਏ ਕਦਮ

ਫ਼ਤਿਹਗੜ੍ਹ ਚੂੜੀਆਂ, 16 ਅਪ੍ਰੈਲ (ਰਾਜਨ ਸ਼ਰਮਾ): ਇਲਾਕੇ ਦੇ ਮੋਹਰੀ ਵਿਦਿਅਕ ਅਦਾਰੇ ਬੀ.ਵੀ.ਐਨ. (BVN) ਕਾਲਜ ਫ਼ਾਰ ਗਰਲਜ਼ ਵੱਲੋਂ ਲੜਕੀਆਂ ਦੇ ਸਸ਼ਕਤੀਕਰਨ ਅਤੇ ਉਹਨਾਂ ਨੂੰ ਰੁਜ਼ਗਾਰ ਦੇ ਕਾਬਿਲ ਬਣਾਉਣ ਲਈ ਇੱਕ ਇਤਿਹਾਸਕ ਪਹਿਲ ਕੀਤੀ ਗਈ ਹੈ। ਕਾਲਜ ਦੀ ਪ੍ਰਿੰਸੀਪਲ ਡਾ. ਰਾਗਿਨੀ ਮਹਾਜਨ ਨੇ ਐਲਾਨ ਕੀਤਾ ਹੈ ਕਿ ਸਾਲ 2026 ਦੇ ਸੈਸ਼ਨ ਲਈ ਰਵਾਇਤੀ ਪੜ੍ਹਾਈ ਦੇ ਨਾਲ-ਨਾਲ ਵਿਦਿਆਰਥਣਾਂ ਨੂੰ ਵਿਸ਼ਵ ਪੱਧਰੀ ਆਈ.ਟੀ. ਕੋਰਸਾਂ ਦੀ ਸਿਖਲਾਈ ਦਿੱਤੀ ਜਾਵੇਗੀ। ਉਹਨਾਂ ਦੱਸਿਆ ਕਿ ਗੁਰਦਾਸਪੁਰ ਇਲਾਕੇ ਵਿੱਚ ਇਹ ਪਹਿਲੀ ਵਾਰ ਹੋਣ ਜਾ ਰਿਹਾ ਹੈ ਕਿ ਵਿਦਿਆਰਥਣਾਂ ਨੂੰ ਕਿਤਾਬੀ ਗਿਆਨ ਦੀ ਬਜਾਏ ਸਿੱਧਾ ਪੇਸ਼ੇਵਰ ਸੌਫਟਵੇਅਰ ਡਿਵੈਲਪਰਸ ਅਤੇ ਸਾਈਬਰ ਸੁਰੱਖਿਆ ਮਾਹਿਰਾਂ ਵੱਲੋਂ ਟ੍ਰੇਨਿੰਗ ਮਿਲੇਗੀ। ਇਹਨਾਂ ਕੋਰਸਾਂ ਵਿੱਚ Artificial Intelligence (AI), Cyber Security ਤੇ Python, Java ਵਰਗੀਆਂ ਭਾਸ਼ਾਵਾਂ 'ਤੇ ਪ੍ਰੋਜੈਕਟ-ਅਧਾਰਿਤ ਸਿਖਲਾਈ ਸ਼ਾਮਲ ਹੈ।



ਕਾਲਜ ਵੱਲੋਂ ਇਸ ਵਾਰ BCA, MSC (IT/Computer Science), PGDCA ਤੇ BA (Computer/ Cosmetology) ਵਰਗੇ ਮਹੱਤਵਪੂਰਨ ਕੋਰਸਾਂ ਵਿੱਚ ਦਾਖ਼ਲੇ ਸ਼ੁਰੂ ਕਰ ਦਿੱਤੇ ਗਏ ਹਨ। Principal Ragini Mahajan ਨੇ ਕਿਹਾ ਕਿ ਸਾਡਾ ਮੁੱਖ ਉਦੇਸ਼ ਲੜਕੀਆਂ ਨੂੰ ਆਤਮ-ਨਿਰਭਰ ਬਣਾਉਣਾ ਹੈ ਤਾਂ ਜੋ ਉਹ ਤਕਨੀਕ ਦੇ ਖੇਤਰ ਵਿੱਚ ਕਿਸੇ ਤੋਂ ਪਿੱਛੇ ਨਾ ਰਹਿਣ। ਹੁਣ ਸਥਾਨਕ ਵਿਦਿਆਰਥਣਾਂ ਨੂੰ ਉੱਚ-ਪੱਧਰੀ ਕੋਡਿੰਗ ਸਿੱਖਣ ਲਈ ਚੰਡੀਗੜ੍ਹ ਜਾਂ ਦਿੱਲੀ ਜਾਣ ਦੀ ਲੋੜ ਨਹੀਂ ਪਵੇਗੀ। ਕਾਲਜ ਵਿੱਚ ਸਮਾਰਟ ਲੈਬਜ਼ ਅਤੇ ਐਕਸਪਰਟ ਫੈਕਲਟੀ ਦੀ ਸੁਵਿਧਾ ਦੇ ਨਾਲ-ਨਾਲ ਪਲੇਸਮੈਂਟ ਸਹਾਇਤਾ ਅਤੇ ਵਾਜਬ ਫੀਸਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। ਇਲਾਕਾ ਨਿਵਾਸੀਆਂ ਵਿੱਚ ਕਾਲਜ ਦੇ ਇਸ ਹਾਈ-ਟੈਕ ਕਦਮ ਨੂੰ ਲੈ ਕੇ ਭਾਰੀ ਉਤਸ਼ਾਹ ਹੈ।

## ਕ੍ਰਿਸ਼ਨ ਸਹੋਤਾ ਨੂੰ ਸਦਮਾ, ਜਵਾਈ ਦਾ ਦੇਹਾਂਤ



ਗੜ੍ਹਸ਼ੰਕਰ, 16 ਅਪ੍ਰੈਲ (ਭਨੋਟ): ਗੜ੍ਹਸ਼ੰਕਰ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਕ੍ਰਿਸ਼ਨ ਸਹੋਤਾ ਨੂੰ ਉਸ ਸਮੇਂ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਜਵਾਈ ਸ਼ਸ਼ੀ ਹੰਸ ਪਿੰਡ ਕਮਾਮ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਸ਼ੋਸ਼ਲ ਵਰਕਰ ਅਤੇ ਮੈਂਬਰ ਪੰਚਾਇਤ ਦੀ ਬੀਤੇ ਦਿਨੀਂ ਦਿਲ ਦਾ ਦੌਰਾ ਪੈਣ ਨਾਲ ਅਚਾਨਕ ਪਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ। ਜਿਕਰਯੋਗ ਹੈ ਕਿ ਸ਼ੰਮੀ ਹੰਸ ਪਿੱਛਲੇ ਸਮੇਂ ਤੋਂ ਸਮਾਜ ਦੇ ਲਈ ਹਮੇਸ਼ਾ ਤੱਤਪਰ ਰਹਿੰਦੇ ਸਨ। ਇਸ ਮੌਕੇ ਕ੍ਰਿਸ਼ਨ ਸਹੋਤਾ ਕਾਂਗਰਸ ਆਗੂ ਨੇ ਦੱਸਿਆ ਕਿ ਸ਼ੰਮੀ ਹੰਸ ਜੀ ਦੀ ਸ਼ਰਧਾਂਜਲੀ ਸਮਾਗਮ 20 ਅਪ੍ਰੈਲ ਦਿਨ ਸੋਮਵਾਰ ਬਾਲਮੀਕੀ ਮੰਦਿਰ ਪਿੰਡ ਕਮਾਮ ਵਿੱਖੇ ਰੱਖਿਆ ਗਿਆ ਹੈ।

## ਪੀ.ਪੀ.ਸੀ.ਸੀ. ਵੱਲੋਂ ਡਾ. ਬਲਵਿੰਦਰ ਸਿੰਘ ਬਹਾਦਰ ਹੁਸੈਨ ਮੁੜ ਜ਼ਿਲ੍ਹੇ ਦੇ ਮੀਤ ਪ੍ਰਧਾਨ ਨਿਯੁਕਤ

ਬਟਾਲਾ, 16 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਡਾਕਟਰ ਬਲਵਿੰਦਰ ਸਿੰਘ ਬਹਾਦਰ ਹੁਸੈਨ ਨੂੰ ਫਿਰ ਦੁਬਾਰਾ ਜਿਲੇ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਮਿਲੀ ਜਾਣਕਾਰੀ ਮੁਤਾਬਿਕ, ਡਾਕਟਰ ਬਲਵਿੰਦਰ ਸਿੰਘ ਬਹਾਦਰ ਹੁਸੈਨ ਆਪਣੇ ਡਾਕਟਰੀ ਪੇਸ਼ੇ ਵਿੱਚ ਮਸ਼ਰੂਫ, ਇੱਕ ਨਿਹਾਇਤ ਸ਼ਰੀਫ, ਨੇਕ ਦਿਲ, ਪਾਰਟੀ ਪ੍ਰਤੀ ਸਮਰਪਿਤ ਅਤੇ ਵਰਕਰਾਂ ਵਿੱਚ ਨਵੀਂ ਰੂਹ ਫੂਕਣ ਵਾਲੇ ਇਨਸਾਨ ਹਨ। ਜੇ ਗੱਲ ਕੀਤੀ ਜਾਵੇ ਕਾਂਗਰਸ ਪਾਰਟੀ ਦੀ, ਤਾਂ ਪਾਰਟੀ ਪੰਜਾਬ ਦੇ ਹਰੇਕ ਵਰਗ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਵਪਾਰੀਆਂ ਅਤੇ ਬੁੱਧੀਜੀਵੀਆਂ ਨੂੰ ਇੱਕ ਸਾਂਝੇ ਮੰਚ ਤੇ ਇਕੱਤਰ ਕਰਕੇ ਇਕ ਲੋਕ ਕੇਂਦਰਿਤ ਰਾਜਨੀਤਿਕ ਬਦਲਾਅ ਦੀ ਦਿਸ਼ਾ ਵਿੱਚ ਅੱਗੇ ਵੱਧ ਰਹੀ ਹੈ ਅਤੇ ਉਹ ਅਜਿਹੇ ਹੀਰੇ ਤਲਾਸ਼ ਰਹੀ ਹੈ ਜਿਹੜੇ ਪਾਰਟੀ ਪ੍ਰਤੀ ਸਮਰਪਿਤ ਹੋਣ ਅਤੇ ਪੰਜਾਬ ਨੂੰ ਮੁੜ ਲੀਹਾਂ ਤੇ ਲਿਆ ਸਕਣ ਦੀ ਯੋਗਤਾ ਰੱਖਦੇ ਹੋਣ। ਕਾਂਗਰਸ ਪਾਰਟੀ ਦੇ ਸੁਹਿਰਦ ਆਗੂਆਂ ਨੇ ਅਜਿਹੇ ਹੀ ਇੱਕ ਹੀਰੇ ਨੂੰ ਲੱਭ ਕੇ ਮੁੜ ਜਿਲੇ ਦੀ ਵਾਗਡੋਰ ਸੌਂਪਣ ਦਾ ਫੈਸਲਾ ਕੀਤਾ ਹੈ। ਇਸ ਸਬੰਧੀ ਜਦੋਂ ਡਾਕਟਰ ਬਲਵਿੰਦਰ ਸਿੰਘ ਨਾਲ ਗੱਲ ਕੀਤੀ, ਤਾਂ ਉਹਨਾਂ ਦੇ ਵਿਚਾਰ ਸਨ ਕਿ ਪੰਜਾਬ ਦੀ ਤਰੱਕੀ ਲਈ ਅਜਿਹੀ ਪਾਰਟੀ ਅੱਗੇ ਲਿਆਉਣੀ ਚਾਹੀਦੀ ਹੈ, ਜਿਹੜੀ ਚੰਗੀ ਰਾਜਨੀਤਿਕ ਸੋਚ ਰੱਖਦੀ ਹੋਵੇ, ਜੋ ਸੂਬੇ ਦੇ ਸਰੋਤਾਂ ਤੇ ਪੰਜਾਬ ਦਾ ਪਹਿਲਾ ਹੱਕ ਯਕੀਨੀ ਬਣਾਵੇ, ਅਤੇ ਕੇਂਦਰ-ਰਾਜ ਸਬੰਧਾਂ ਨੂੰ ਮਜ਼ਬੂਤ ਕਰੇ। ਇਸ ਦੇ ਨਾਲ ਹੀ ਸਿਹਤ, ਸਿੱਖਿਆ, ਉਦਯੋਗ ਅਤੇ ਖੇਤੀਬਾੜੀ ਦੇ ਖੇਤਰਾਂ ਵਿੱਚ ਨਵੀਂ ਨੀਤੀਗਤ ਦ੍ਰਿਸ਼ਟੀ ਲਿਆਉਣ ਲਈ ਪ੍ਰਤੀਬੱਧ ਹੋਵੇ, ਤਾਂ ਜੋ ਪੰਜਾਬ ਨੂੰ ਮੁੜ ਖੁਸ਼ਹਾਲੀ ਦੇ ਰਸਤੇ ਤੇ ਲਿਆਂਦਾ ਜਾ ਸਕੇ। ਤੇ ਅਜਿਹਾ ਕੁਝ ਕਾਂਗਰਸ ਪਾਰਟੀ ਹੀ ਕਰ ਸਕਦੀ ਹੈ। ਇਸ ਮੌਕੇ ਉਹਨਾਂ ਪੰਜਾਬ ਪ੍ਰਧਾਨ ਰਾਜਾ ਵੜਿੰਗ, ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਹਲਕਾ ਕੋਆਰਡੀਨੇਟਰ ਮਨਜੀਤ ਸਿੰਘ ਚੀਮਾ, ਹਲਕਾ ਇੰਚਾਰਜ ਮਨਦੀਪ ਸਿੰਘ ਰੰਗੜ ਨੰਗਲ ਸਮੇਤ ਸਮੁੱਚੀ ਹਾਈ ਕਮਾਂਡ ਦਾ ਤੇ ਸਾਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਪਾਰਟੀ ਆਗੂਆਂ ਨੇ ਜੋ ਜਿੰਮੇਵਾਰੀ ਮੈਨੂੰ ਸੌਂਪੀ ਹੈ ਮੈਂ ਉਸ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਦੀ ਕੋਸ਼ਿਸ਼ ਕਰਾਂਗਾ। ਉਹਨਾ ਹੋਰ ਕਿਹਾ ਕਿ ਮੈਂ ਸਿਰਫ ਤੇ ਸਿਰਫ ਪੰਜਾਬ ਬਾਰੇ ਸੋਚਦਾ ਹਾਂ ਕਿਉਂਕਿ ਜ਼ਿੰਦਗੀ ਦੇ ਇਸ ਪੜਾਓ ਤੱਕ ਪਹੁੰਚਦਿਆਂ ਦੇਖਿਆ ਹੈ ਕਿ ਪੰਥਕ ਕਹਾਉਣ ਵਾਲਿਆਂ ਨੇ ਵੀ ਨਿਰਾ ਸਿੱਖੀ ਦਾ ਹੀ ਨਹੀਂ ਸਗੋਂ ਸੱਤਾ 'ਚ ਰਹਿੰਦਿਆਂ ਹੋਇਆਂ ਪੰਜਾਬ ਦਾ ਵੀ ਬਹੁਤ ਵੱਡਾ ਨੁਕਸਾਨ ਕੀਤਾ ਹੈ। ਬਦਲਾਅ ਵਾਲੀ ਸਰਕਾਰ ਨੂੰ ਵੀ ਹੁਣ ਸਮੁੱਚੇ ਪੰਜਾਬ ਵਾਸੀ ਦੇਖ ਰਹੇ ਹਨ, ਕਿਉਂਕਿ ਉਹਨਾਂ ਦੀਆਂ ਸਾਰੀਆਂ ਆਸਾਂ ਉਮੀਦਾਂ ਉੱਪਰ ਪਾਣੀ ਫਿਰਦਾ ਨਜ਼ਰ ਆ ਰਿਹਾ ਹੈ ਅਤੇ ਉਹ ਆਪਣੇ ਆਪ ਨੂੰ ਠੱਗਿਆ ਠੱਗਿਆ ਮਹਿਸੂਸ ਕਰ ਰਹੇ ਹਨ। ਉਹਨਾਂ ਸਮੁੱਚੇ ਪੰਜਾਬੀਆਂ ਨੂੰ ਅਪੀਲ ਕਰਦਿਆਂ ਹੋਇਆ ਕਿਹਾ ਕਿ ਆਓ ਸਾਰੇ ਇੱਕਜੁੱਟਤਾ ਨਾਲ ਕਾਂਗਰਸ ਪਾਰਟੀ ਨੂੰ ਅੱਗੇ ਲਿਆਈਏ, ਉਸ ਪਾਰਟੀ ਨੂੰ ਅੱਗੇ ਲਿਆਈਏ, ਜਿਹੜੀ ਪੰਜਾਬ ਦੇ ਭਲੇ ਦੀ ਗੱਲ ਕਰਦੀ ਹੋਵੇ, ਪੰਜਾਬ ਦੇ ਹੱਕਾਂ ਹਿੱਤਾਂ ਦੀ ਗੱਲ ਕਰਦੀ ਹੋਵੇ, ਸਮੁੱਚੇ ਪੰਜਾਬੀਆਂ ਦੇ ਦੁੱਖ ਸੁੱਖ ਵਿੱਚ ਸ਼ਰੀਕ ਹੁੰਦੀ ਹੋਵੇ ਅਤੇ ਪੰਜਾਬ ਨੂੰ ਖੁਸ਼ਹਾਲ ਬਣਾਉਣ ਬਾਰੇ ਸੋਚਦੀ ਹੋਵੇ।



## ਬੇਅਦਬੀ ਵਿਰੋਧੀ ਬਿੱਲ ਪ੍ਰਤੀ ਸਰਕਾਰ ਦੇ ਦ੍ਰਿੜ੍ਹ ਕਦਮ ਦੀ 'ਆਪ' ਆਗੂਆਂ ਵੱਲੋਂ ਸ਼ਲਾਘਾ

ਸ੍ਰੀ ਹਰਗੋਬਿੰਦਪੁਰ ਸਾਹਿਬ/ਘੁਮਾਣ, 16 ਅਪ੍ਰੈਲ (ਡਾ ਨਰਿੰਦਰ ਸਿੰਘ ਘੁਮਾਣ/ ਜਗੀਰ ਸਿੰਘ ਮੰਡ): ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਪਾਸ ਕੀਤੇ ਗਏ ਬੇਅਦਬੀ ਵਿਰੋਧੀ ਬਿੱਲ ਨੂੰ ਲੈ ਕੇ ਪੰਜਾਬ ਵਿੱਚ ਵੱਡੀ ਚਰਚਾ ਹੋ ਰਹੀ ਹੈ।ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਡਾ. ਅਰਸ਼ਦੀਪ ਸਿੰਘ, ਨਸ਼ਾ ਮੁਕਤੀ ਮੋਰਚਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਕੋਆਰਡੀਨੇਟਰ ਰਾਜਵਿੰਦਰ ਸਿੰਘ ਬਬਲੂ ਟੀਵੀ ਐਸ ਘੁਮਾਣ,ਸੀਨੀਅਰ ਯੂਥ ਆਗੂ ਅਤੇ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸੋਸ਼ਲ ਮੀਡੀਆ ਵਾਈਸ ਚੇਅਰਮੈਨ ਸ੍ਰੀ ਹਰਗੋਬਿੰਦਪੁਰ ਸਾਹਿਬ ਅੰਮ੍ਰਿਤਪਾਲ ਸਿੰਘ ਸੋਹੀ ਅਤੇ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸੀਨੀਅਰ ਆਗੂ ਅਤੇ ਨਸ਼ਾ ਮੁਕਤੀ ਮੋਰਚਾ ਦੇ ਬਲਾਕ ਪ੍ਰਧਾਨ ਸੁਖਜਿੰਦਰ ਸਿੰਘ ਰਿਆੜ ਨੇ ਸਾਂਝੇ ਤੌਰ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਉਪਰਾਲੇ ਨੂੰ ਸ਼ਲਾਘਾਯੋਗ ਕਰਾਰ ਦਿੱਤਾ।ਉਨ੍ਹਾਂ ਕਿਹਾ ਕਿ ਬੇਅਦਬੀ ਦੇ ਮਾਮਲੇ ਪੰਜਾਬ ਦੀ ਧਾਰਮਿਕ ਅਤੇ ਸਮਾਜਿਕ ਭਾਵਨਾਵਾਂ ਨਾਲ ਗਹਿਰਾ ਸੰਬੰਧ ਰੱਖਦੇ ਹਨ ਅਤੇ ਇਨ੍ਹਾਂ ਮਾਮਲਿਆਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਦੀ ਲੰਬੇ ਸਮੇਂ ਤੋਂ ਲੋੜ ਮਹਿਸੂਸ ਕੀਤੀ ਜਾ ਰਹੀ ਸੀ।ਸਰਕਾਰ ਵੱਲੋਂ ਲਿਆਂਦਾ ਗਿਆ ਇਹ ਬਿੱਲ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਾ ਦਿਖਾਈ ਦੇ ਰਿਹਾ ਹੈ ਅਤੇ ਇਸ ਨਾਲ ਆਉਣ ਵਾਲੇ ਸਮੇਂ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ 'ਤੇ ਰੋਕ ਲੱਗਣ ਦੀ ਸੰਭਾਵਨਾ ਵਧੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਲੋਕਾਂ ਦੀ ਭਾਵਨਾਵਾਂ ਦਾ ਸਤਿਕਾਰ ਕਾਰ ਕਰਦੇ ਹੋਏ ਇੱਕ ਇਤਿਹਾਸਕ ਕਦਮ ਚੁੱਕਿਆ ਹੈ।ਉਨ੍ਹਾਂ ਦੱਸਿਆ ਕਿ ਇਸ ਬਿੱਲ ਵਿੱਚ ਬੇਅਦਬੀ ਕਰਨ ਵਾਲਿਆਂ ਲਈ ਸਖ਼ਤ ਸਜ਼ਾਵਾਂ ਦਾ ਪ੍ਰਾਵਧਾਨ ਕੀਤਾ ਗਿਆ ਹੈ, ਜਿਸ ਨਾਲ ਅਜਿਹੇ ਅਪਰਾਧ ਕਰਨ ਵਾਲਿਆਂ ਨੂੰ ਸਖ਼ਤ ਸੰਦੇਸ਼ ਜਾਵੇਗਾ। ਆਗੂਆਂ ਨੇ ਕਿਹਾ ਕਿ ਬੇਅਦਬੀ ਦੇ ਮਾਮਲਿਆਂ ਨੇ ਪਿਛਲੇ ਸਮੇਂ ਦੌਰਾਨ ਸਮਾਜ ਵਿੱਚ ਤਣਾਅ ਪੈਦਾ ਕੀਤਾ ਸੀ,ਜਿਸ ਕਾਰਨ ਲੋਕਾਂ ਵਿੱਚ ਗੁੱਸਾ ਵੀ ਦੇਖਣ ਨੂੰ ਮਿਲਿਆ।ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਕਦਮ ਸਮਾਜ ਵਿੱਚ ਸ਼ਾਂਤੀ ਅਤੇ ਭਰੋਸਾ ਕਾਇਮ ਕਰਨ ਵਿੱਚ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਹਰ ਵਿਅਕਤੀ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਧਾਰਮਿਕ ਗ੍ਰੰਥਾਂ ਅਤੇ ਥਾਵਾਂ ਦਾ ਸਤਿਕਾਰ ਕਰੇ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਵਿੱਚ ਆਪਣਾ ਯੋਗਦਾਨ ਪਾਏ।ਅੰਤ ਵਿੱਚ ਸਾਰੇ ਆਗੂਆਂ ਨੇ ਇਕਜੁੱਟ ਹੋ ਕੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਇਸ ਤਰ੍ਹਾਂ ਦੇ ਲੋਕਹਿਤੈਸ਼ੀ ਫ਼ੈਸਲੇ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਂਦੇ ਹਨ। ਉਨ੍ਹਾਂ ਉਮੀਦ ਜਤਾਈ ਕਿ ਸਰਕਾਰ ਅੱਗੇ ਵੀ ਇਸੇ ਤਰ੍ਹਾਂ ਲੋਕਾਂ ਦੇ ਹਿੱਤ ਵਿੱਚ ਫ਼ੈਸਲੇ ਲੈਂਦੀ ਰਹੇਗੀ।



## ਗੁਰਦਾਸਪੁਰ ਪਬਲਿਕ ਸਕੂਲ ਦਾ 10ਵੀਂ ਜਮਾਤ ਦਾ ਨਤੀਜਾ ਇਸ ਵਾਰ ਵੀ ਸ਼ਾਨਦਾਰ ਰਿਹਾ

ਗੁਰਦਾਸਪੁਰ, 16 ਅਪ੍ਰੈਲ (ਜਸਵਿੰਦਰ ਸਿੰਘ): ਗੁਰਦਾਸਪੁਰ ਪਬਲਿਕ ਸਕੂਲ ਦਾ 10ਵੀਂ ਜਮਾਤ ਦਾ ਨਤੀਜਾ ਇਸ ਵਾਰ ਵੀ ਬਹੁਤ ਹੀ ਸ਼ਾਨਦਾਰ ਰਿਹਾ ਜਿਸ ਵਿੱਚ ਵਿਦਿਆਰਥੀ ਸੰਯਮ ਮਹਾਜਨ ਪੁੱਤਰ ਵਿਨਯ ਕੁਮਾਰ 92 ਫੀਸਦੀ ਅੰਕ ਲੈ ਕੇ ਸਕੂਲ ਵਿੱਚੋਂ ਪਹਿਲੇ ਸਥਾਨ 'ਤੇ ਰਿਹਾ ਹਰਗੁਣਪ੍ਰੀਤ ਕੌਰ ਪੁੱਤਰੀ ਜਸਪਾਲ ਸਿੰਘ 90 ਫੀਸਦੀ ਅੰਕ ਲੈ ਕੇ ਦੂਜੇ ਸਥਾਨ ਤੇ ਰਹੀ। ਮਾਨਯਾ ਸ਼ਰਮਾ ਪੁੱਤਰੀ ਸੰਜੀਵ ਕੁਮਾਰ 89 ਫੀਸਦੀ ਅੰਕ ਲੈ ਕੇ ਤੀਜੇ ਸਥਾਨ 'ਤੇ ਰਹੀ। ਲਕਸ਼ ਅੱਤਰੀ ਪੁੱਤਰ ਸਲਵਿੰਦਰ ਕੁਮਾਰ ਨੇ 87 ਫੀਸਦੀ ਅੰਕ ਲੈ ਕੇ ਚੌਥੇ ਸਥਾਨ ਤੇ ਰਿਹਾ।

ਮਹਿਕਪ੍ਰੀਤ ਕੌਰ ਪੁੱਤਰੀ ਜਸਪਾਲ ਸਿੰਘ ਨੇ 84 ਫੀਸਦੀ ਅੰਕ ਲੈ ਕੇ ਪੰਜਵਾਂ ਸਥਾਨ ਹਾਸਿਲ ਕੀਤਾ ਤੇ ਲਵਿਸ਼ ਕੌਰ ਪੁੱਤਰੀ ਰਜਿੰਦਰ ਸਿੰਘ ਨੇ 83 ਫੀਸਦੀ ਅੰਕ ਲੈ ਕੇ ਛੇਵਾਂ ਸਥਾਨ ਹਾਸਿਲ ਕੀਤਾ ਬਾਕੀ ਵਿਦਿਆਰਥੀਆਂ ਨੇ ਵੀ ਸ਼ਾਨਦਾਰ ਅੰਕ ਹਾਸਿਲ ਕੀਤੇ ਹਨ ਇਸ ਮੌਕੇ ਸਕੂਲ ਡਾਇਰੈਕਟਰ ਅਰਚਨਾ, ਚੇਅਰਮੈਨ ਰਮਨ ਬਹਿਲ ਤੇ ਪ੍ਰਿੰਸੀਪਲ ਸੰਦੀਪ ਅਰੋੜਾ ਨੇ ਵਿਦਿਆਰਥੀਆਂ, ਅਧਿਆਪਕਾਂ ਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਲਗਨ ਸਦਕਾ ਹੀ ਸਕੂਲ ਸ਼ਾਨਦਾਰ ਨਤੀਜੇ ਦਿੰਦਾ ਹੈ ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੀ ਤੰਦਰੁਸਤੀ ਨੂੰ ਮੁੱਖ ਰੱਖਦਿਆਂ ਖੇਡਾਂ ਜਿਵੇਂ ਕਰਾਟੇ, ਬੈਡਮਿੰਟਨ, ਬਾਸਕਿਟ ਬਾਲ, ਵਾਲੀਬਾਲ ਆਦਿ ਕਰਵਾਈਆਂ ਜਾਂਦੀਆਂ ਹਨ ਤੇ ਸੱਭਿਆਚਾਰਕ ਗਤੀਵਿਧੀਆਂ ਵੀ ਕਰਵਾਈਆਂ ਜਾਂਦੀਆਂ ਹਨ ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਉਜਾਗਰ ਕੀਤਾ ਜਾਂਦਾ ਹੈ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਹਮੇਸ਼ਾ ਹੀ ਪੜ੍ਹਾਈ ਵਿੱਚ ਦਿਲਚਸਪੀ ਰੱਖਣ ਲਈ ਪ੍ਰੇਰਿਤ ਕੀਤਾ ਉਨ੍ਹਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਤਾਲਮੇਲ ਬਣਿਆ ਰਹੇਗਾ ਮਾਪੇ ਤੇ ਵਿਦਿਆਰਥੀ ਨਤੀਜੇ ਤੋਂ ਬਹੁਤ ਉਤਸ਼ਾਹਿਤ ਅਤੇ ਖੁਸ਼ ਸਨ ਵਿਦਿਆਰਥੀਆਂ ਨੇ ਕਿਹਾ ਕਿ ਸਾਡੇ ਕੋਲ ਸਭ ਤੋਂ ਵਧੀਆ ਅਧਿਆਪਕ ਸਨ ਜੋ ਸਾਨੂੰ ਅਕਾਦਮਿਕ ਤੇ ਕਰੀਅਰ ਕੌਂਸਲਿੰਗ ਦੋਵਾਂ ਪੱਖੋਂ ਪੜ੍ਹਾਉਂਦੇ ਸਨ ਤੇ ਮਾਰਗਦਰਸ਼ਨ ਕਰਦੇ ਸਨ, ਸਕੂਲ ਪ੍ਰਬੰਧਨ ਤੇ ਪ੍ਰਿੰਸੀਪਲ ਦੇ ਨਿਰੰਤਰ ਸਮਰਥਨ ਨਾਲ ਅਸੀਂ ਅੱਜ ਇਹ ਮੁਕਾਮ ਹਾਸਲ ਕੀਤਾ ਹੈ।

# ਪੱਕੇ ਤੌਰ 'ਤੇ ਖੋਲ੍ਹ ਦੇਵਾਂਗੇ ਹੋਰਮੁਜ਼ ਸਟਰੇਟ: ਟਰੰਪ

ਵਾਸ਼ਿੰਗਟਨ, 16 ਅਪ੍ਰੈਲ (ਚ.ਨ.ਸ.): ਅਮਰੀਕੀ ਰਾਸ਼ਟਰਪਤੀ ਟਰੰਪ ਨੇ ਇਕ ਇਤਿਹਾਸਕ ਫ਼ੈਸਲੇ ਦਾ ਐਲਾਨ ਕਰਦਿਆਂ ਕਿਹਾ ਹੈ ਕਿ ਉਹ ਹੋਰਮੁਜ਼ ਸਟਰੇਟ ਨੂੰ ਸਥਾਈ ਤੌਰ 'ਤੇ ਖੋਲ੍ਹ ਰਹੇ ਹਨ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਇਹ ਕਦਮ ਨਾ ਸਿਰਫ਼ ਚੀਨ ਲਈ ਸਗੋਂ ਪੂਰੀ ਦੁਨੀਆਂ ਦੇ ਹਿੱਤ ਵਿਚ ਚੁੱਕਿਆ ਜਾ ਰਿਹਾ ਹੈ ਅਤੇ ਭਵਿੱਖ ਵਿਚ ਅਜਿਹੀ ਸਥਿਤੀ ਦੁਬਾਰਾ ਕਦੇ ਪੈਦਾ ਨਹੀਂ ਹੋਣ ਦਿਤੀ ਜਾਵੇਗੀ ਸਰੋਤਾਂ ਅਨੁਸਾਰ ਇਸ ਕੂਟਨੀਤਕ ਸਫ਼ੇਤਾ ਤਹਿਤ ਚੀਨ ਨੇ ਇਰਾਨ ਨੂੰ ਹਥਿਆਰ ਨਾ ਭੇਜਣ 'ਤੇ ਸਹਿਮਤੀ ਪ੍ਰਗਟਾਈ ਹੈ। ਰਾਸ਼ਟਰਪਤੀ ਨੇ ਭਰੋਸਾ ਪ੍ਰਗਟਾਇਆ ਕਿ ਜਦੋਂ ਉਹ ਕੁੱਝ ਹਫ਼ਤਿਆਂ ਵਿਚ ਚੀਨ ਦਾ ਦੌਰਾ ਕਰਨਗੇ ਤਾਂ ਰਾਸ਼ਟਰਪਤੀ ਸ਼ੀ ਜਿਨਪਿੰਗ ਉਨ੍ਹਾਂ ਦਾ ਬਹੁਤ ਨਿੱਘਾ ਸਵਾਗਤ ਕਰਨਗੇ। ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ ਬਹੁਤ ਸਮਝਦਾਰੀ ਨਾਲ ਮਿਲ ਕੇ ਕੰਮ ਕਰ ਰਹੇ ਹਨ।



ਰਾਸ਼ਟਰਪਤੀ ਨੇ ਅਪਣੇ ਬਿਆਨ ਵਿਚ ਲੜਾਈ ਦੀ ਬਜਾਏ ਮਿਲ ਕੇ ਕੰਮ ਕਰਨ ਨੂੰ ਤਰਜੀਹ ਦਿਤੀ। ਹਾਲਾਂਕਿ ਉਨ੍ਹਾਂ ਨੇ ਸਖ਼ਤ ਸ਼ਬਦਾਂ ਵਿਚ ਚਿਤਾਵਨੀ ਵੀ ਦਿਤੀ ਕਿ ਜੇਕਰ ਕਦੇ ਲੜਨ ਦੀ ਨੌਬਤ ਆਈ ਤਾਂ ਅਮਰੀਕਾ ਕਿਸੇ ਵੀ ਹੋਰ ਦੇਸ਼ ਨਾਲੋਂ ਕਿਤੇ ਜ਼ਿਆਦਾ ਸ਼ਕਤੀਸ਼ਾਲੀ ਅਤੇ ਲੜਾਈ ਵਿਚ ਮਾਹਰ ਹੈ। ਟਰੰਪ ਨੇ ਇਰਾਨ ਨਾਲ ਚੱਲ ਰਹੇ ਟਕਰਾਅ ਨੂੰ ਲੈ ਕੇ ਅਹਿਮ ਬਿਆਨ ਦਿਤਾ ਹੈ। ਫ਼ੌਕਸ ਬਿਜ਼ਨਸ ਦੀ ਐਂਕਰ ਮਾਰੀਆ ਬਾਰਟੀਰੋਮੋ ਨੂੰ ਵ੍ਹਾਈਟ ਹਾਊਸ ਵਿਚ ਦਿਤੇ ਇੰਟਰਵਿਊ ਵਿਚ ਟਰੰਪ ਨੇ ਸੰਕੇਤ ਦਿਤਾ ਕਿ ਇਹ ਜੰਗ ਹੁਣ ਅਪਣੇ ਅੰਤ ਦੇ ਬਹੁਤ ਕਰੀਬ ਹੈ। ਰਾਸ਼ਟਰਪਤੀ ਟਰੰਪ ਨੇ ਦਾਅਵਾ ਕੀਤਾ ਹੈ ਕਿ ਈਰਾਨ ਨਾਲ ਚੱਲ ਰਹੀ ਜੰਗ ਹੁਣ ਅਪਣੇ ਅੰਤ ਦੇ ਬਹੁਤ ਨੇੜੇ ਹੈ। ਮੈਨੂੰ ਲਗਦਾ ਹੈ ਕਿ ਇਹ (ਜੰਗ) ਲਗਭਗ ਖ਼ਤਮ ਹੋਣ ਵਾਲੀ ਹੈ... ਮੇਰੇ ਨਜ਼ਰੀਏ ਤੋਂ ਇਹ ਬਹੁਤ ਜਲਦ ਖ਼ਤਮ ਹੋ ਜਾਵੇਗੀ। ਇੰਟਰਵਿਊ ਦੌਰਾਨ ਜਦੋਂ ਟਰੰਪ ਤੋਂ ਪੁੱਛਿਆ ਗਿਆ ਕਿ ਕੀ ਜੰਗ ਖ਼ਤਮ ਹੋ ਗਈ ਹੈ ਤਾਂ ਉਨ੍ਹਾਂ ਕਿਹਾ, 'ਮੈਨੂੰ ਲੱਗਦਾ ਹੈ ਕਿ ਇਹ ਖ਼ਤਮ ਹੋਣ ਦੇ ਕੰਢੇ ਹੈ। ਮੈਂ ਇਸ ਨੂੰ ਖ਼ਤਮ ਹੋਣ ਦੇ ਬਹੁਤ ਕਰੀਬ ਮੰਨਦਾ ਹਾਂ।' ਟਰੰਪ ਨੇ ਅੱਗੇ ਕਿਹਾ ਕਿ ਜੇਕਰ ਉਹ ਸਖ਼ਤ ਕਦਮ ਨਾ ਚੁੱਕਦੇ ਤਾਂ ਇਰਾਨ ਕੋਲ ਹੁਣ ਤਕ ਪ੍ਰਮਾਣੂ ਹਥਿਆਰ ਹੁੰਦੇ।

# ਸਰਕਾਰ ਬਣਨ 'ਤੇ ਆਸ਼ਾ ਵਰਕਰਜ਼ ਦੀਆਂ ਮੁਸ਼ਕਿਲਾਂ ਪਹਿਲ ਦੇ ਅਧਾਰ 'ਤੇ ਕਰਾਂਗੇ ਹੱਲ : ਰਛਪਾਲ ਸਿੰਘ ਸੋਸਣ

ਮੋਗਾ, 16 ਅਪ੍ਰੈਲ (ਨਿਸ਼ੀ ਮਨਚੰਦਾ): ਪੰਜਾਬ ਦੀਆਂ ਆਸ਼ਾ ਵਰਕਰਜ਼ ਵੱਲੋਂ ਪੰਜਾਬ ਸਰਕਾਰ ਖਿਲਾਫ਼ ਜ਼ੋਰਦਾਰ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ ਹਨ। ਇਸੇ ਕੜੀ ਤਹਿਤ ਮੋਗਾ ਦੇ ਸਿਵਲ ਹਸਪਤਾਲ ਵਿਖੇ ਆਸ਼ਾ ਵਰਕਰਜ਼ ਤੇ ਆਸ਼ਾ ਫੈਸਿਲੀਟੇਟਰ ਯੂਨੀਅਨ ਵੱਲੋਂ ਵਿਸ਼ਾਲ ਧਰਨਾ ਦਿੱਤਾ ਗਿਆ। ਇਸ ਮੌਕੇ ਆਸ਼ਾ ਵਰਕਰਜ਼ ਨੇ ਆਪਣੀਆਂ ਮੰਗਾਂ ਦੇ ਹੱਕ ਅਤੇ ਪੰਜਾਬ ਸਰਕਾਰ ਦੇ ਵਿਰੋਧ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਹਲਕਾ ਇੰਚਾਰਜ ਭਾਈ ਰਛਪਾਲ ਸਿੰਘ ਸੋਸਣ ਨੇ ਅੱਜ ਆਸ਼ਾ ਵਰਕਰਾਂ ਦੀ ਹਮਾਇਤ ਕਰਦੇ ਹੋਏ ਉਨਾਂ ਦੇ ਧਰਨੇ ਵਿੱਚ ਸ਼ਮੂਲੀਅਤ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਪੰਜਾਬ ਵਿੱਚ ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੀ ਸਰਕਾਰ ਆਉਣ 'ਤੇ ਆਸ਼ਾ ਵਰਕਰਜ਼ ਦੇ ਸਮੁੱਚੇ ਮਸਲੇ ਪਹਿਲ ਦੇ ਆਧਾਰ ਉੱਪਰ ਹੱਲ ਕੀਤੇ ਜਾਣਗੇ। ਉਨਾਂ ਕਿਹਾ ਕਿ ਇਸ ਵੇਲੇ ਪੰਜਾਬ ਸਰਕਾਰ ਵੱਲੋਂ ਆਸ਼ਾ ਵਰਕਰਜ ਨੂੰ 2500 ਪ੍ਰਤੀ ਮਹੀਨਾ ਮਾਣ-ਭੱਤਾ ਦਿੱਤਾ ਜਾ ਰਿਹਾ ਹੈ ਜਿਸ ਦੇ ਹਿਸਾਬ ਨਾਲ ਆਸ਼ਾ ਵਰਕਰ ਦੀ ਦਿਹਾੜੀ 100 ਰੁਪਏ ਵੀ ਨਹੀਂ ਬਣਦੀ, ਜਦੋਂ ਕਿ ਇੱਕ-ਇੱਕ ਆਸ਼ਾ ਵਰਕਰ ਸਿਹਤ ਵਿਭਾਗ ਦੇ ਨਾਲ ਜੁੜੇ ਸਮੁੱਚੇ ਕੰਮਾਂ ਨੂੰ ਪੂਰੀ ਮਿਹਨਤ ਅਤੇ ਤਨ ਦੇਹੀ ਨਾਲ ਕਰ ਰਿਹਾ ਹੈ। ਉਨਾਂ ਕਿਹਾ ਕਿ ਸਰਕਾਰ ਬਣਨ 'ਤੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਆਸ਼ਾ ਵਰਕਰਾਂ ਨੂੰ ਇੱਕ ਸਨਮਾਨਯੋਗ ਤਨਖਾਹ ਦੇਣ ਲਈ ਵਚਨਬੱਧ ਹੈ। ਭਾਈ ਰਛਪਾਲ ਸਿੰਘ ਸੋਸਣ ਨੇ ਕਿਹਾ ਕਿ ਉਹ ਸਿਹਤ ਵਿਭਾਗ ਵਿੱਚ ਕੰਮ ਕਰਦੇ ਰਹੇ ਹਨ, ਜਿਸ ਕਾਰਨ ਉਹ ਆਸ਼ਾ ਵਰਕਰਜ਼ ਦੀਆਂ ਮੁਸ਼ਕਿਲਾਂ ਅਤੇ ਉਨਾਂ ਦੀ ਮਿਹਨਤ ਨਾਲ ਕੰਮ ਕਰਨ ਦੀ ਰੁਚੀ ਨੂੰ ਚੰਗੀ ਤਰ੍ਹਾਂ ਨਾਲ ਜਾਣਦੇ ਹਨ। ਉਨਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਆਸ਼ਾ ਵਰਕਰਾਂ ਦੀਆਂ ਸਮੱਸਿਆਵਾਂ ਤੁਰੰਤ ਹੱਲ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਉਹ ਹਸਪਤਾਲਾਂ ਵਿੱਚ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਮੁਹਈਆ ਕਰਵਾਉਣ ਸਕਣ।



# ਕਾਨੂੰਨ 'ਚ ਸੋਧ ਤੋਂ ਬਾਅਦ ਵੀ ਸਮਾਣਾ 'ਚ ਧਰਨਾ ਰਿਹਾ ਜਾਰੀ

ਸਮਾਣਾ, 16 ਅਪ੍ਰੈਲ (ਚ.ਨ.ਸ.): ਪੰਜਾਬ ਸਰਕਾਰ ਵਲੋਂ ਬੇਅਦਬੀਆਂ ਸਬੰਧੀ ਸੋਧ ਕਾਨੂੰਨ ਮਤਾ ਪਾਸ ਕਰਨ ਤੋਂ ਬਾਅਦ ਵੀ ਸਮਾਣਾ ਵਿਖੇ ਕਰੀਬ ਇਕ ਮਹੀਨੇ ਤੋਂ ਚੱਲ ਰਿਹਾ ਧਰਨਾ ਜਾਰੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਹੋਰ ਗ੍ਰੰਥਾਂ ਦੀ ਬੇਅਦਬੀ ਦੀਆਂ ਘਟਨਾਵਾਂ ਰੋਕਣ ਲਈ ਸਖਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ18 ਮਹੀਨਿਆਂ ਤੋਂ ਗੁਰਜੀਤ ਸਿੰਘ ਫੌਜੀ 400 ਫੁੱਟ ਉਚੇ ਟਾਵਰ 'ਤੇ ਚੜ੍ਹੇ ਹੋਏ ਹਨ। ਇਸੇ ਮੰਗ ਨੂੰ ਲੈ ਕੇ ਪਿਛਲੇ 24 ਮਾਰਚ ਤੋਂ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿਖੇ ਧਰਮ ਯੁੱਧ ਮੋਰਚਾ ਲੱਗਿਆ ਹੋਇਆ ਹੈ। ਸੋਮਵਾਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੱਦੇ ਵਿਧਾਨ ਸਭਾ ਸੈਸ਼ਨ ਦੌਰਾਨ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ 2026 ਪਾਸ ਕੀਤਾ ਗਿਆ ਹੈ। ਬੀਤੇ ਕੱਲ ਵਿਧਾਨ ਸਭਾ ਦੇ ਸਪੀਕਰ ਕਰਤਾਰ ਸਿੰਘ ਸੰਧਵਾ ਨੇ ਪੰਜਾਬ ਸਰਕਾਰ ਵੱਲੋਂ ਕਾਨੂੰਨ ਵਿਚ ਸੋਧ ਕਰਕੇ ਉਸ ਦੀ ਕਾਪੀ ਧਰਮ ਯੁੱਧ ਮੋਰਚੇ ਦੇ ਆਗੂਆਂ ਨੂੰ ਵੀ ਸੌਂਪ ਦਿੱਤੀ ਹੈ। ਪ੍ਰੰਤੂ ਉਸ ਤੋਂ ਬਾਅਦ ਵੀ ਬਾਬਾ ਬੰਦਾ ਸਿੰਘ ਬਹਾਦਰ ਚੌਕ 'ਚ ਧਰਨਾ ਤੇ ਗੁਰਜੀਤ ਸਿੰਘ ਫੌਜੀ ਟਾਵਰ ਤੇ ਡਟੇ ਹੋਏ ਹਨ। ਧਰਮ ਯੁੱਧ ਮੋਰਚੇ ਦੇ ਆਗੂਆਂ ਕੋਆਰਡੀਨੇਟਰ ਗੁਰਪ੍ਰੀਤ ਸਿੰਘ, ਬਾਬਾ ਗੁਰਦੀਪ ਸਿੰਘ, ਅਮਿਤੇਜ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਨੇ ਇਹ ਮਤਾ ਪਾਸ ਕੀਤਾ ਹੈ ਪਰ ਇਹ ਧਰਨਾ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਇਸ 'ਤੇ ਰਾਜਪਾਲ ਦੇ ਦਸਤਖ਼ਤ ਹੋ ਕੇ ਨੋਟੀਫਕੇਸ਼ਨ ਲਾਗੂ ਨਹੀ ਹੋ ਜਾਂਦਾ।

# ਮੁੱਖ ਮੰਤਰੀ ਤੀਰਥ ਯਾਤਰਾ ਅਧੀਨ ਬਜ਼ੁਰਗਾਂ ਦਾ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਪਨਾ ਹੋ ਰਿਹੈ ਪੂਰਾ : ਵਿਧਾਇਕ ਰਾਏ



ਫ਼ਤਹਿਗੜ੍ਹ ਸਾਹਿਬ, 16 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਅੱਜ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਭੈਰੋਂਪੁਰ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਇਹ ਯੋਜਨਾ ਬਜ਼ੁਰਗਾਂ ਤੇ ਸ਼ਰਧਾਲੂਆਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋ ਰਹੀ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਇੱਕ ਅਜਿਹੀ ਲੋਕ ਪੱਖੀ ਯੋਜਨਾ ਹੈ ਜਿਸ ਨਾਲ ਬਜ਼ੁਰਗਾਂ ਦਾ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਪਨਾ ਪੂਰਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਬਜ਼ੁਰਗ ਕਈ ਘਰੇਲੂ ਕਾਰਨਾਂ ਕਰਕੇ ਤੀਰਥ ਸਥਾਨਾਂ ਦੇ ਦਰਸ਼ਨਾ ਨੂੰ ਨਹੀਂ ਜਾ ਸਕਦੇ ਸਨ ਪ੍ਰੰਤੂ ਹੁਣ ਉਨ੍ਹਾਂ ਨੂੰ ਮੁਫਤ ਵਿੱਚ ਤੀਰਥ ਯਾਤਰਾ 'ਤੇ ਜਾਣ ਦਾ ਮੌਕਾ ਮਿਲ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਿਰ, ਵਾਲਮਿਕ ਤੀਰਥ ਤੇ ਵਾਗ੍ਹਾ ਵਾਰਡਰ ਦੇ ਦਰਸ਼ਨ ਕਰਨਗੇ ਤੇ ਸਰਕਾਰ ਵੱਲੋਂ ਯਾਤਰੀਆਂ ਲਈ ਸਾਰੀਆਂ ਜ਼ਰੂਰੀ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਮੌਜੂਦ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਯੋਜਨਾ ਨਾਲ ਉਨ੍ਹਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਤੋਂ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਇਸ ਪਰਉਪਕਾਰੀ ਉਪਰਾਲੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਐਡਵੋਕੇਟ ਹਰਕਮਲ ਸਿੰਘ, ਗੁਰਬਚਨ ਕੌਰ, ਸੰਗਠਨ ਇੰਚਾਰਜ ਗੁਰਮੀਤ ਬਾਜਵਾ, ਬਹਾਦਰ ਜਲਾਲ, ਅਜੀਤ ਸਿੰਘ ਤਿੰਬਰਪੁਰ, ਗੁਰਬਖਸ਼ ਸਿੰਘ ਆਦਿ ਹਾਜਰ ਸਨ।

# ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ 135ਵਾਂ ਜਨਮ ਦਿਨ ਮਨਾਇਆ

ਫਾਜ਼ਿਲਕਾ, 16 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਬੀਤੇ ਦਿਨੀ ਸ੍ਰੀ ਗੁਰੂ ਰਵਿਦਾਸ ਸੇਵਾ ਸਮਿਤੀ (ਰਜਿ.) ਫਾਜ਼ਿਲਕਾ, ਨਵੀਂ ਅਬਾਦੀ ਚੰਦੋਰ ਮੁਹੱਲਾ, ਚੰਦੋਰ ਧਰਮਸ਼ਾਲਾ ਦੇ ਗੁਰੂਘਰ ਵਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ 135ਵਾਂ ਜਨਮ ਦਿਹਾੜਾ ਬੜੀ ਖੁਸ਼ੀ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਬਾਬਾ ਸਾਹਿਬ ਜੀ ਦੇ ਸਰੂਪ ਉੱਤੇ ਸਮੂਹ ਕਮੇਟੀ ਮੈਂਬਰਾਂ ਵਲੋਂ ਪੁਸ਼ਪਮਾਲਾ ਅਰਪਿਤ ਕੀਤੀ ਗਈ। ਇਸ ਤੋਂ ਬਾਅਦ ਬਾਬਾ ਸਾਹਿਬ ਜੀ ਦੇ ਜੀਵਨ ਅਤੇ ਵਿਚਾਰਾਂ ਉੱਤੇ ਪ੍ਰਕਾਸ਼ ਪਾਇਆ ਗਿਆ। ਸੰਗਤਾਂ ਵਿੱਚ ਲੱਡੂਆਂ ਦਾ ਪ੍ਰਸਾਦ ਵਰਤਾਇਆ ਗਿਆ। ਅਗਾਂਹ ਸਤਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਕੇ ਸੰਗਤਾਂ ਵਿੱਚ ਕੜਾਹ ਪ੍ਰਸਾਦ ਵੰਡਿਆ ਗਿਆ। ਬੱਚਿਆਂ ਵਲੋਂ ਬਾਬਾ ਸਾਹਿਬ ਜੀ ਦੇ ਜਨਮ ਦਿਹਾੜੇ ਮੌਕੇ ਕੇਕ ਕੱਟ ਕੇ ਜਨਮਦਿਨ ਮਨਾਇਆ ਗਿਆ।



ਇਸ ਪ੍ਰੋਗਰਾਮ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਗਵਾ ਕੇ ਬਾਬਾ ਸਾਹਿਬ ਜੀ ਨੂੰ ਨਮਨ ਕੀਤਾ ਅਤੇ ਉਨ੍ਹਾਂ ਦੇ ਦੱਸੇ ਹੋਏ ਮਾਰਗ 'ਤੇ ਚਲਣ ਦਾ ਪ੍ਰਣ ਕੀਤਾ। ਸ੍ਰੀ ਗੁਰੂ ਰਵਿਦਾਸ ਸੇਵਾ ਸਮਿਤੀ (ਰਜਿ.) ਫਾਜ਼ਿਲਕਾ, ਨਵੀਂ ਅਬਾਦੀ ਚੰਦੋਰ ਮੁਹੱਲਾ ਵਲੋਂ ਸ਼ਹਿਰ ਫਾਜ਼ਿਲਕਾ ਵਾਸੀਆਂ ਨੂੰ ਭਾਰਤ ਰਤਨ, ਸੰਵਿਧਾਨ ਨਿਰਮਾਤਾ ਅਤੇ ਨਾਰੀ ਮੁਕਤੀ ਦਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 135ਵੇਂ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਸੰਸਥਾ ਦੇ ਚੇਅਰਮੈਨ ਵਿਜੈ ਸਿਰੋਵਾ, ਵਾਇਸ ਚੇਅਰਮੈਨ ਰਵੀ ਕੁਮਾਰ, ਪ੍ਰਧਾਨ ਬੂਟਾ ਰਾਮ ਪਟਵਾਰੀ, ਵਾਇਸ ਪ੍ਰਧਾਨ ਦੇਸ ਰਾਜ, ਸਕੱਤਰ ਤੇਗ ਰਾਮ, ਸਹਾਇਕ ਸਕੱਤਰ ਭਾਰਤ ਭੂਸ਼ਨ, ਖਜਾਨਚੀ ਬਨਵਾਰੀ ਲਾਲ, ਸਲਾਹਕਾਰ ਜਗਦੀਸ਼ ਚੰਦਰ, ਪ੍ਰੈਸ ਸਕੱਤਰ ਲਖਵਿੰਦਰ (ਲੱਕੀ), ਪ੍ਰਚਾਰ ਸਕੱਤਰ ਸੁਨੀਲ ਅਰੋੜਾ, ਮੈਂਬਰ ਜਗਦੀਸ਼ ਸਿਰੋਵਾ, ਗੰਗਾ ਰਾਮ, ਸੂਰਜ ਪਾਲ, ਮਨੋਜ ਕੁਮਾਰ (ਮੋਨੂੰ), ਸੰਦੀਪ ਮਾਸਟਰ, ਜਸਵਿੰਦਰ ਮਾਸਟਰ, ਰਾਜ ਕੁਮਾਰ (ਰਾਜੂ), ਨਵਜੋਤ ਰਵਿਦਾਸੀਆ, ਅਜੈ ਸਿਰੋਵਾ, ਸਾਗਰ ਨਿਭੋਰੀਆ, ਸੰਦੀਪ ਨਿਭੋਰੀਆ, ਨਿਤਿਨ, ਸਾਜਨ ਆਦਿ ਮੌਜੂਦ ਰਹੇ। ਇਸ ਤੋਂ ਇਲਾਵਾ ਸ੍ਰੀ ਗੁਰੂ ਰਵਿਦਾਸ ਮਹਿਲਾ ਕੀਰਤਨ ਕਮੇਟੀ ਫਾਜ਼ਿਲਕਾ, ਨਵੀਂ ਅਬਾਦੀ ਚੰਦੋਰ ਮੁਹੱਲਾ ਵਲੋਂ ਵੀ ਆਪਣੀਆਂ ਸੇਵਾਵਾਂ ਨਿਭਾਈਆਂ ਗਈਆਂ।

# ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਵਿਖੇ ਇਲੈਕਟ੍ਰਾਨਿਕ ਕਮਿਊਨੀਕੇਸ਼ਨ ਤੇ ਇਲੈਕਟ੍ਰੀਕਲ ਇੰਜ. ਵੱਲੋਂ ਸੰਯੁਕਤ ਤਕਨੀਕੀ ਵਰਕਸ਼ਾਪ ਸਫਲਤਾਪੂਰਵਕ ਸੰਪੰਨ

ਫਿਰੋਜ਼ਪੁਰ, 16 ਅਪ੍ਰੈਲ (ਚ.ਨ.ਸ.): ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਦੇ ਇਲੈਕਟ੍ਰਾਨਿਕਸ ਐਂਡ ਕਮਿਊਨੀਕੇਸ਼ਨ ਇੰਜੀਨੀਅਰਿੰਗ ਤੇ ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗਾਂ ਵੱਲੋਂ ਸਾਂਝੇ ਤੌਰ 'ਤੇ "ਸਰਕਟ ਡਿਜ਼ਾਈਨ, ਸਿਮੂਲੇਸ਼ਨ ਤੇ ਟੈਸਟਿੰਗ ਯੂਜ਼ਿੰਗ ਫ੍ਰੀ ਸਿਮੂਲੇਸ਼ਨ ਸਾਫਟਵੇਅਰ" ਵਿਸ਼ੇ 'ਤੇ ਇੱਕ ਰੋਜ਼ਾ ਇੰਟਰਐਕਟਿਵ ਲਰਨਿੰਗ ਵਰਕਸ਼ਾਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਮਾਨਯੋਗ ਵਾਈਸ-ਚਾਂਸਲਰ ਡਾ. ਸੁਰੇਸ਼ ਕੁਮਾਰ ਸ਼ਰਮਾ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ ਇਹ ਪ੍ਰੋਗਰਾਮ ਅੰਤਰ-ਵਿਭਾਗੀ ਅਕਾਦਮਿਕ ਸਹਿਯੋਗ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਇਆ। ਪ੍ਰੋਗਰਾਮ ਦੀ ਸ਼ੁਰੂਆਤ ਕੋ-ਕੋਆਰਡੀਨੇਟਰ ਨਵਦੀਪ ਕੌਰ ਝੱਜ (ਸਹਾਇਕ ਪ੍ਰੋਫੈਸਰ) ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਵਰਕਸ਼ਾਪ ਦੇ ਉਦੇਸ਼ਾਂ ਬਾਰੇ ਜਾਣਕਾਰੀ ਦਿੱਤੀ ਤੇ ਮੁੱਖ ਬੁਲਾਰੇ ਡਾ. ਬਲਵਿੰਦਰ ਸਿੰਘ ਧਾਲੀਵਾਲ (ਨਿੱਤਰ, ਚੰਡੀਗੜ੍ਹ) ਦੀ ਜਾਣ-ਪਛਾਣ ਕਰਵਾਈ। ਰਜਿਸਟਰਾਰ ਡਾ. ਰਾਜੀਵ ਅਰੋੜਾ ਅਤੇ ਡਾ. ਵਿਕਰਮ ਮੁਤਨੇਜਾ (ਵਿਭਾਗ ਮੁਖੀ) ਨੇ ਮੁੱਖ ਬੁਲਾਰੇ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ। ਉਨ੍ਹਾਂ ਨੇ ਡਾ. ਧਾਲੀਵਾਲ ਦਾ ਕੈਂਪਸ ਪਹੁੰਚਣ ਤੇ ਵਿਦਿਆਰਥੀਆਂ ਤੇ ਫੈਕਲਟੀ ਨਾਲ ਆਪਣਾ ਵਿਸ਼ਾਲ ਤਜ਼ਰਬਾ ਸਾਂਝਾ ਕਰਨ ਲਈ ਧੰਨਵਾਦ ਕੀਤਾ।

ਉਦਘਾਟਨੀ ਸੈਸ਼ਨ ਦੌਰਾਨ ਰਜਿਸਟਰਾਰ ਡਾ. ਰਾਜੀਵ ਅਰੋੜਾ ਅਤੇ ਵਿਭਾਗੀ ਮੁਖੀ ਡਾ. ਵਿਕਰਮ ਮੁਤਨੇਜਾ ਵਿਦਿਆਰਥੀਆਂ ਦੇ ਰੂਬਰੂ ਹੋਏ। ਓਹਨਾ ਬਹੁ-ਪੱਖੀ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕੀ ਸਾਧਨਾਂ ਦੀ ਵਰਤੋਂ ਕਰਦਿਆਂ ਸਮੱਸਿਆਵਾਂ ਨੂੰ ਹੱਲ ਕਰਨ ਵਾਲੀ ਮਾਨਸਿਕਤਾ ਵਿਕਸਿਤ ਕਰਨ ਲਈ ਉਤਸ਼ਾਹਿਤ ਕੀਤਾ। ਇਸ ਵਰਕਸ਼ਾਪ ਦੌਰਾਨ ਡਾ. ਬਲਵਿੰਦਰ ਸਿੰਘ ਧਾਲੀਵਾਲ ਨੇ ਸਰਕਟ ਡਿਜ਼ਾਈਨ ਦੇ ਬੁਨਿਆਦੀ ਸਿਧਾਂਤ, ਮੁਫਤ ਸਿਮੂਲੇਸ਼ਨ ਸਾਫਟਵੇਅਰਾਂ ਦੀ ਜਾਣਕਾਰੀ, ਟੈਸਟਿੰਗ ਅਤੇ ਡੀਬਗਿੰਗ ਤਕਨੀਕਾਂ ਅਤੇ ਅਸਲ-ਦੁਨੀਆ ਵਿੱਚ ਇਨ੍ਹਾਂ ਦੀ ਵਰਤੋਂ ਵਰਗੇ ਵਿਸ਼ਿਆਂ 'ਤੇ ਚਰਚਾ ਕੀਤੀ। ਦਿਨ ਦਾ ਮੁੱਖ ਆਕਰਸ਼ਣ "ਹੈਂਡਜ਼-ਆਨ ਪ੍ਰੈਕਟੀਕਲ ਸੈਸ਼ਨ" ਰਿਹਾ, ਜਿੱਥੇ ਵਿਦਿਆਰਥੀਆਂ ਨੇ ਓਪਨ-ਸੋਰਸ ਪਲੇਟਫਾਰਮਾਂ 'ਤੇ ਖੁਦ ਸਰਕਟ ਡਿਜ਼ਾਈਨ ਕਰਨ ਤੇ ਟੈਸਟ ਕਰਨ ਦਾ ਤਜ਼ਰਬਾ ਹਾਸਲ ਕੀਤਾ। ਵਰਕਸ਼ਾਪ ਦੇ ਅੰਤ ਵਿੱਚ ਡਾ. ਬਲਵਿੰਦਰ ਸਿੰਘ ਧਾਲੀਵਾਲ ਨੂੰ ਯੂਨੀਵਰਸਿਟੀ ਵੱਲੋਂ ਇੱਕ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।



ਇਸ ਮੌਕੇ ਰਜਿਸਟਰਾਰ ਡਾ. ਰਾਜੀਵ ਅਰੋੜਾ, ਕਨਵੀਨਰ ਡਾ. ਵਿਕਰਮ ਮੁਤਨੇਜਾ, ਕੋਆਰਡੀਨੇਟਰ ਡਾ. ਜਸਵਿੰਦਰ ਕੌਰ, ਕੋ-ਕੋਆਰਡੀਨੇਟਰ ਨਵਦੀਪ ਕੌਰ ਝੱਜ, ਮਨਿੰਦਰ ਕੌਰ ਤੇ ਡਾ. ਰਜਨੀ, ਨਵਨੀਤ ਕੌਰ, ਇੰਦਰਜੀਤ ਸਿੰਘ ਗਿੱਲ, ਚਕਸ਼ੂ ਗੋਇਲ, ਰਵੀ ਕਾਂਤ ਗਰੋਵਰ ਤੇ ਇਲਾਵਾ ਭਾਰੀ ਗਿਣਤੀ ਵਿੱਚ ਵਿਦਿਆਰਥੀ ਫੈਕਲਟੀ ਤੇ ਸਟਾਫ ਮੈਂਬਰ ਵੀ ਹਾਜ਼ਰ ਰਹੇ।

ਕੈਂਪਸ ਪੀ ਆਰ ਓ ਯਸ਼ਪਾਲ ਨੇ ਦਸਿਆ ਕਿ ਮੰਚ ਸੰਚਾਲਨ ਨਵਦੀਪ ਕੌਰ ਝੱਜ ਵੱਲੋਂ ਬਾਖੂਬੀ ਕੀਤਾ ਗਿਆ। ਅੰਤ ਵਿੱਚ ਡਾ. ਵਿਕਰਮ ਮੁਤਨੇਜਾ ਨੇ ਧੰਨਵਾਦੀ ਮਤਾ ਪੇਸ਼ ਕੀਤਾ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਡਾ. ਧਾਲੀਵਾਲ ਦਾ ਆਪਣੇ ਰੁੱਝੇ ਹੋਏ ਸ਼ਡਿਊਲ ਵਿੱਚੋਂ ਸਮਾਂ ਕੱਢ ਕੇ ਵਿਦਿਆਰਥੀਆਂ ਨੂੰ ਤਕਨੀਕੀ ਸਿਖਲਾਈ ਦੇਣ ਲਈ ਸ਼ੁਕਰੀਆ ਅਦਾ ਕੀਤਾ। ਉਨ੍ਹਾਂ ਨੇ ਇਸ ਸਾਂਝੇ ਉਪਰਾਲੇ ਨੂੰ ਸਫਲ ਬਣਾਉਣ ਲਈ ਸਾਰੀਆਂ ਸ਼ਖ਼ਸੀਅਤਾਂ ਤੇ ਭਾਗੀਦਾਰਾਂ ਦਾ ਵੀ ਧੰਨਵਾਦ ਕੀਤਾ।

# ਬੀ.ਬੀ.ਐਮ.ਬੀ. ਸਬੰਧੀ ਕੇਂਦਰ ਵੱਲੋਂ ਲਏ ਫੈਸਲੇ ਦਾ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਵੱਲੋਂ ਵਿਰੋਧ

ਸ੍ਰੀ ਕੀਰਤਪੁਰ ਸਾਹਿਬ, 16 ਅਪ੍ਰੈਲ (ਬੀ ਐਸ ਰਾਣਾ): ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ ਵਲੋਂ ਪ੍ਰੈਸ ਨੋਟ ਜਾਰੀ ਕਰਕੇ ਬੀ.ਬੀ.ਐਮ.ਬੀ ਬੋਰਡ ਸਬੰਧੀ ਕੇਂਦਰ ਸਰਕਾਰ ਵਲੋਂ ਲਏ ਗਏ ਫੈਸਲੇ ਦਾ ਵਿਰੋਧ ਕਰਦੇ ਹੋਏ ਪੰਜਾਬ ਦੀਆਂ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ ਇਸ ਫੈਸਲੇ ਦਾ ਵਿਰੋਧ ਕਰਨ ਲਈ ਕਿਹਾ ਹੈ। ਸ਼ਮਸ਼ੇਰ ਸਿੰਘ ਸ਼ੇਰਾ ਨੇ ਦੱਸਿਆ ਕਿ ਕੇਂਦਰ ਦੀ ਸਰਕਾਰ ਵੱਲੋਂ ਬੀਬੀਐਮਬੀ ਸਬੰਧੀ ਇੱਕ ਫੈਸਲਾ ਕੀਤਾ ਗਿਆ ਹੈ ਜਿਸ ਵਿੱਚ ਪੰਜਾਬ ਅਤੇ ਹਰਿਆਣਾ ਦੇ ਮੈਂਬਰਾਂ ਦੀ ਹਿੱਸੇਦਾਰੀ ਖਤਮ ਕਰ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਕੇਂਦਰ ਦੀ ਇਹ ਅਤੀ ਨਿੰਦਣਯੋਗ ਕਾਰਵਾਈ ਹੈ। ਕਿਉਂਕਿ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਅਤੇ ਹਰਿਆਣੇ ਦੇ ਮੈਂਬਰ ਤਹਿ ਕਰਦੇ ਸਨ ਕਿ ਕਿਸ ਰਾਜ ਨੂੰ ਸਿੰਚਾਈ ਵਾਲਾ ਪਾਣੀ ਕਿੰਨਾ ਦੇਣਾ ਹੈ ਅਤੇ ਬੋਰਡ ਦਾ ਰੱਖ ਰਖਾਵ ਕਿਵੇਂ ਕਰਨਾ ਹੈ ,ਵਗੈਰਾ ਵਗੈਰਾ, ਪਰ ਹੁਣ ਕੇਂਦਰ ਸਰਕਾਰ ਵੱਲੋਂ ਪੰਜਾਬ ਅਤੇ ਹਰਿਆਣੇ ਦੀ ਹਿੱਸੇਦਾਰੀ ਖਤਮ ਕਰਕੇ ਕੇਂਦਰ ਵੱਲੋਂ ਮੈਂਬਰ ਨਿਯੁਕਤ ਕੀਤੇ ਜਾਣਗੇ ਜਿਸ ਨਾਲ ਪੰਜਾਬ ਅਤੇ ਹਰਿਆਣੇ ਦੇ ਲੋਕਾਂ ਨੂੰ ਮਿਲਣ ਵਾਲੇ ਰੁਜ਼ਗਾਰ ਦੀ ਹਿੱਸੇਦਾਰੀ ਖਤਮ ਕਰ ਦਿੱਤੀ ਜਾਵੇਗੀ ।ਭਾਖੜਾ ਬਿਆਸ ਮੈਨੇਜਮੈਂਟ ਬੋਰਡ ਉੱਤੇ ਪੂਰਨ ਤੌਰ ਤੇ ਕੇਂਦਰ ਦਾ ਹੱਕ ਹੋ ਜਾਵੇਗਾ।



ਸ਼ਮਸ਼ੇਰ ਸਿੰਘ ਸ਼ੇਰਾ ਨੇ ਕਿਹਾ ਕਿ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ੍ਰੀ ਅਨੰਦਪੁਰ ਸਾਹਿਬ ਪੰਜਾਬ ਸਰਕਾਰ ਨੂੰ ਅਪੀਲ ਕਰਦੀ ਹੈ ਕਿ ਇਸ ਸਬੰਧੀ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਭਾਜਪਾ ਨੂੰ ਛੱਡ ਕੇ ਪੰਜਾਬ ਦੀਆਂ ਸਾਰੀਆਂ ਰਾਜਨੀਤਿਕ ਧਿਰਾਂ ਕੇਂਦਰ ਸਰਕਾਰ ਖ਼ਿਲਾਫ਼ ਮੋਰਚਾ ਖੋਲਣ, ਪੰਜਾਬ ਦੇ ਕਿਸਾਨ ਉਨਾਂ ਦਾ ਸਾਥ ਦੇਣਗੇ । ਉਹਨਾਂ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਦੇ ਹੱਕਾਂ ਤੇ ਡਾਕਾ ਮਾਰ ਰਹੀ ਹੈ ਜਿਸ ਦੇ ਨਤੀਜੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਨੂੰ ਭੁਗਤਣੇ ਪੈਣਗੇ। ਇਸ ਮੌਕੇ ਉਹਨਾਂ ਦੇ ਨਾਲ

ਜਨਰਲ ਸਕੱਤਰ ਜੈਮਲ ਸਿੰਘ ਭੜੀ, ਮਾਸਟਰ ਹਰਦਿਆਲ ਸਿੰਘ ਅਨੰਦਪੁਰ ਸਾਹਿਬ, ਫੌਜੀ ਅਵਤਾਰ ਸਿੰਘ ਬੇਲਾ, ਮਾਸਟਰ ਪਰਮਿੰਦਰ ਸਿੰਘ ਬੇਲਾ, ਚਰਨਜੀਤ ਸਿੰਘ ਜੌੜਾ, ਸੰਤ ਸਿੰਘ ਹਜਾਰਾ ਆਦਿ ਹਾਜ਼ਰ ਸਨ।

## ਪੋਤਰੀ ਦੇ ਹੱਥ-ਪੈਰ ਗੇਟ ਨਾਲ ਬੰਨ੍ਹਣ ਵਾਲੀ ਥਾਣੇਦਾਰ ਮੁਅੱਤਲ

ਫ਼ਰੀਦਕੋਟ, 16 ਅਪ੍ਰੈਲ (ਚ.ਨ.ਸ.): ਫ਼ਰੀਦਕੋਟ ਸ਼ਹਿਰ ਦੀ ਡੋਗਰ ਬਸਤੀ ਵਿਖੇ ਸਥਿਤ ਇਕ ਬੱਚੀ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਪੁਲਿਸ ਨੇ ਬੱਚੀ ਦੀ ਦਾਦੀ ਮਹਿਲਾ ਥਾਣੇਦਾਰ ਨੂੰ ਮੁਅੱਤਲ ਕਰ ਦਿੱਤਾ ਹੈ। ਇਸ ਸਬੰਧੀ ਡੀ.ਐਸ.ਪੀ. ਤਰਲੋਚਨ ਸਿੰਘ ਨੇ ਦੱਸਿਆ ਕਿ ਸਥਾਨਕ ਡੋਗਰ ਬਸਤੀ ਵਿਖੇ ਰਹਿ ਰਹੀ ਥਾਣੇਦਾਰ ਸਰਬਜੀਤ ਕੌਰ ਨੇ ਆਪਣੀ ਨਾਬਾਲਗ ਪੋਤਰੀ ਦੇ ਹੱਥ-ਪੈਰ ਬੰਨ੍ਹ ਕੇ ਘਰ ਦੇ ਮੁੱਖ ਗੇਟ ਨਾਲ ਬੰਨ੍ਹਿਆ ਹੋਇਆ ਸੀ। ਇਸ ਵੀਡੀਓ ਦੇ ਧਿਆਨ 'ਚ ਆਉਂਦਿਆਂ ਹੀ ਆਮ ਆਦਮੀ ਪਾਰਟੀ ਦੀ ਮਹਿਲਾ ਵਿੰਗ ਦੀ ਆਗੂ ਐਡਵੋਕੇਟ ਸਰਬਜੀਤ ਕੈਂਥ ਨੇ ਇਹ ਮਾਮਲਾ ਤੁਰੰਤ ਪੁਲਿਸ ਦੇ ਧਿਆਨ 'ਚ ਲਿਆਂਦਾ, ਜਿਸ 'ਤੇ ਪੁਲਿਸ ਵਿਭਾਗ ਨੇ ਕਾਰਵਾਈ ਕਰਦਿਆਂ ਥਾਣੇਦਾਰ ਸਰਬਜੀਤ ਕੌਰ ਨੂੰ ਫ਼ੌਰਤ ਮੁਅੱਤਲ ਕਰ ਦਿੱਤਾ। ਇਹ ਵੀ ਜਾਣਕਾਰੀ ਮਿਲੀ ਹੈ ਕਿ ਉਕਤ ਬੱਚੀ ਦੇ ਮਾਤਾ ਪਿਤਾ ਪੁਰਤਗਾਲ ਗਏ ਹਨ, ਜਿਸ ਕਰਕੇ ਬੱਚੀ ਦੀ ਸਾਰੀ ਜ਼ਿੰਮੇਵਾਰੀ ਉਸ ਦੀ ਦਾਦੀ ਨੂੰ ਦਿੱਤੀ ਸੀ। ਦੂਜੇਤੀ ਪਾਸੇ ਸਪਸ਼ਟੀਕਰਨ ਦਿੰਦਿਆਂ ਥਾਣੇਦਾਰ ਸਰਬਜੀਤ ਕੌਰ ਨੇ ਦੱਸਿਆ ਕਿ ਉਸ ਨੂੰ ਡਿਊਟੀ/ਕਾਰਨ ਆਪਣੀ ਗੈਰਹਾਜ਼ਰੀ ਦੌਰਾਨ ਬੱਚੀ ਨੂੰ ਸੰਭਾਲਣ ਲਈ ਅਜਿਹਾ ਕਰਨਾਪ ਪਿਆ। ਡੀ.ਐਸ.ਪੀ. ਤਰਲੋਚਨ ਸਿੰਘ ਨੇ ਦੱਸਿਆ ਕਿ ਉਕਤ ਬੱਚੀ ਦਾ ਮਾਮਲਾ ਬਾਲ ਰੂ ਵਿਕਾਸ ਵਿਭਾਗ ਨੂੰ ਲਿਖਤੀ ਰੂਪ 'ਚ ਭੇਜ ਦਿੱਤਾ ਗਿਆ ਹੈ।

# ਏਡੀਸੀ ਵੱਲੋਂ ਪੰਜਵੀਂ ਤੇ ਛੇਵੀਂ ਜਮਾਤ ਦੀਆਂ ਟਾਪਰ ਵਿਦਿਆਰਥਣਾਂ ਦਾ ਸਨਮਾਨ

ਫਤਹਿਗੜ੍ਹ ਸਾਹਿਬ,16 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਪਿੰਡ ਅਤਾਪੁਰ ਦੀ ਇਕ ਹੋਣਹਾਰ ਬੱਚੀ ਜਸਪ੍ਰੀਤ ਕੌਰ ਨੇ ਬੀਤੇ ਸਾਲ ਪੰਜਵੀਂ ਕਲਾਸ ਦੇ ਨਤੀਜਿਆਂ ਵਿੱਚ ਪੂਰੇ ਬਲਾਕ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਸੀ ਅਤੇ ਹੁਣ ਇਸ ਬੱਚੀ ਨੇ ਮੌਜੂਦਾ ਸਾਲ ਛੇਵੀਂ ਕਲਾਸ ਵਿੱਚ ਵੀ ਟਾਪ ਕੀਤਾ ਹੈ। ਇਸ ਸ਼ਾਨਦਾਰ ਉਪਲਬਧੀ ਲਈ ਬੱਚੀ ਨੂੰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਧਾਲੀਵਾਲ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਵਧੀਕ ਡਿਪਟੀ ਕਮਿਸ਼ਨਰ ਨੇ ਬੱਚੀ ਦੀ ਮੇਹਨਤ, ਲਗਨ ਅਤੇ ਅਧਿਆਪਕਾਂ ਦੀ ਰਹਿਨੁਮਾਈ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਅਜਿਹੇ ਹੋਣਹਾਰ ਵਿ ਦਿ ਆ ਰ ਥੀ ਸਮਾਜ ਲਈ ਪ੍ਰੇਰਣਾ ਸਰੋਤ ਹੁੰਦੇ ਹਨ। ਉਨ੍ਹਾਂ ਨੇ ਹੋਰ ਬੱਚਿਆਂ ਨੂੰ ਵੀ ਪ੍ਰੇਰਿਤ ਕੀਤਾ ਕਿ ਉਹ ਵੀ ਮਨ ਲਾ ਕੇ ਪੜ੍ਹਾਈ ਕਰਨ ਅਤੇ ਆਪਣੇ ਮਾਪਿਆਂ ਅਤੇ ਪਿੰਡ ਦਾ ਨਾਮ ਉੱਚਾ ਕਰਨ।



# ਕਣਕ ਦੀ ਖਰੀਦ ਨਾ ਹੋਣ 'ਤੇ ਅੱਜ ਪੂਰੇ ਪੰਜਾਬ 'ਚ ਤਿੰਨ ਘੰਟੇ ਕਰਾਂਗੇ ਰੇਲਾਂ ਦੇ ਪਹੀਏ ਜਾਮ : ਬਹਿਰਾਮਕੇ, ਗਿੱਲ

ਜ਼ੀਰਾ, 16 ਅਪ੍ਰੈਲ (ਦੀਪਕ ਭਾਰਗੋ): ਕਿਸਾਨ-ਮਜ਼ਦੂਰ ਮੋਰਚੇ ਦੇ ਆਗੂ ਬਲਵੰਤ ਸਿੰਘ ਬਹਿਰਾਮਕੇ ਸੂਬਾ ਪ੍ਰਧਾਨ ਬੀਕੇਯੂ ਬਹਿਰਾਮਕੇ, ਸੂਬਾ ਮੀਤ ਪ੍ਰਧਾਨ ਚਮਕੌਰ ਸਿੰਘ ਉਸਮਾਨਵਾਲਾ, ਸੂਬਾ ਸਕੱਤਰ ਗੁਰਮੇਲ ਸਿੰਘ ਗਿੱਲ, ਰਣਜੀਤ ਸਿੰਘ ਭਿੰਡਰ ਕਲਾਂ, ਜੰਗੀਰ ਸਿੰਘ ਫੌਜੀ, ਜ਼ਿਲ੍ਹਾ ਇਹਨਾਂ ਆਗੂਆਂ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਣਕ ਦੀ ਫਸਲ ਦੀ ਆਮਦ ਪੰਜਾਬ ਦੀਆਂ ਦਾਣਾ ਮੰਡੀਆਂ ਚ ਹੋ ਚੁੱਕੀ ਹੈ। ਜੋ ਕਿ ਕਣਕ ਦੀ ਖਰੀਦ ਬਿਲਕੁਲ ਨਹੀ ਕੀਤੀ ਜਾ ਰਹੀ 5/5 ਦਿਨ ਤੋਂ ਕਿਸਾਨ ਮੰਡੀਆਂ ਚ ਬੇਠੇ ਉਡੀਕ ਰਹਘ ਹਨ। ਇਸ ਦੇ ਸਬੰਧ ਚ ਕਿਸਾਨ ਮਜ਼ਦੂਰ ਮੋਰਚੇ ਨੇ ਬੀਤੇ ਦਿਨੀਂ ਜੂਮ ਮੀਟਿੰਗ ਕਰਕੇ ਫੇਸਲਾ ਲਿਆ ਕਿ ਜੇਕਰ ਮੰਡੀਆਂ ਵਿਚ ਕਣਕ ਦੀ ਖਰੀਦ ਸੂਰੂ ਨਾ ਕੀਤੀ ਤਾ ਭਲਕੇ 17 ਅਪ੍ਰੈਲ ਨੂੰ ਪੰਜਾਬ ਦੀਆਂ ਸਮੂਹ ਰੇਲ ਪਟੜੀਆਂ ਦਾ ਤਿੰਨ ਘੰਟੇ ਵਾਸਤੇ ਚੱਕਾ ਜਾਮ ਕੀਤਾ ਜਾਏਗਾ। ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਨਾਲ ਮਿਲੀਭੁਗਤ ਕਰਕੇ ਕਿਸਾਨਾਂ ਦੀ ਸੋਨੇ ਵਰਗੀ ਕਣਕ ਦੀ ਲੁੱਟ ਕਰਵਾ ਰਹੀ ਹੈ ਜਦ ਕਿ ਅਰਬ ਤੇ ਫੋਰਨ ਦੇਸ਼ ਪੰਜਾਬ ਦੀ ਕਣਕ ਦੀ ਬੇਸਬਰੀ ਨਾਲ ਮੰਗ ਕਰ ਰਹੇ ਹਨ। ਕਿਸਾਨ ਭਰਾਵੋ ਕਿਤੇ ਪੰਜਾਬ ਦੇ ਕਿਸਾਨਾਂ ਨੂੰ ਯੂਪੀ, ਬਿਹਾਰ, ਐਮ ਪੀ ਆਦਿ ਰਾਜਾਂ ਵਾਂਗ ਮੰਡੀਆਂ ਪ੍ਰਾਈਵੇਟ ਕਰਕੇ ਪੰਜਾਬ ਦੇ ਕਿਸਾਨਾਂ ਦੀਆਂ ਫਸਲਾਂ ਦੀ ਅੰਨੀ ਲੁੱਟ ਕਰਵਾਉਣ ਦੀ ਤਾਕ ਵਿੱਚ ਹੇ ਇਸ ਪਾਰੋ ਆਉ ਅੱਜ ਆਪਸੀ ਮੱਤ ਭੇਦ ਛੱਡ ਕਿ 17 ਅਪ੍ਰੈਲ ਨੂੰ ਵੱਡੀ ਗਿਣਤੀ ਵਿਚ ਇਕੱਠੇ ਹੋ ਕੇ ਵੱਖ ਵੱਖ ਰੇਲ ਦੇ ਪਹੀਏ ਜਾਮ ਕਰਕੇ ਕਿਸਾਨਾਂ ਦੀ ਕਣਕ ਦੀ ਫ਼ਸਲ ਤੇ ਫੋਰੀ ਖਰੀਦ ਸ਼ੁਰੂ ਕਰਵਾਈਏ ਤਾ ਜੋ ਕਿਸਾਨ ਆਪਣੀ ਫਸਲ ਸਮੇ ਸਿਰ ਸਰਕਾਰੀ ਭਾਅ ਤੇ ਵੇਚ ਕੇ ਆਪਣਾ ਕਾਰੋਬਾਰ ਤੇ ਆਉਣ ਵਾਲੀ ਸਾਉਣੀ ਦੀ ਫਸਲ ਦੀ ਤਿਆਰੀ ਕਰ ਸਕੇ। ਇਸ ਮੌਕੇ, ਜਿਲਾ ਪ੍ਰਧਾਨ ਮੋਗਾ ਜਗਰੂਪ ਸਿੰਘ ਰੰਡਿਆਲਾ, ਜਿਲਾ ਪ੍ਰਧਾਨ ਦਿਲਬਾਗ ਸਿੰਘ ਫਿਰੋਜ਼ਪੁਰ, ਜਿਲਾ ਪ੍ਰਧਾਨ ਅਵਤਾਰ ਸਿੰਘ ਰੋਪੜ, ਜਿਲਾ ਪ੍ਰ ਧਾ ਨ ਅ ਮ ਰ ਜੀ ਤ ਸਿੰਘ ਜੰਗਪੁਰਾ ਮੋ ਹਾ ਲੀ , ਜਿਲਾ ਪ੍ਰਧਾਨ, ਜਿਲਾ ਪ੍ਰਧਾਨ ਜ ਸ ਵਿੰ ਦ ਰ ਸਿੰਘ ਨੇਪਰਾ ਪ ਟਿ ਆ ਲਾ , ਜਿਲਾ ਪ੍ਰਧਾਨ ਸੁ ਖ ਜਿੰ ਦ ਰ ਸਿੰਘ ਸੰਧੂ ਜਲੰਧਰ, ਜਸਵੰਤ ਸਿੰਘ ਕੈਸ਼ੀਅਰ ਰੰਡਿਆਲਾ, ਅਜੀਤ ਸਿੰਘ ਜਿਲਾ ਮੀਤ ਪ੍ਰਧਾਨ ਮੋਗਾ, ਜਸਵੀਰ ਸਿੰਘ, ਅਮਰੀਕ ਸਿੰਘ, ਨਿਰਮਲ ਸਿੰਘ ਅਮੀਵਾਲਾ,ਅਜੇਬ ਸਿੰਘ ਰਾਜੂ ਕਲੇਰ, ਬਲਵੀਰ ਸਿੰਘ ਨਿਹੰਗ ਸਿੰਘ, ਆਦਿ ਜਿਲ੍ਹਿਆਂ ਦੇ ਪ੍ਰਧਾਨ ਆਪਣੇ ਆਪਣੇ ਬਲਾਕਾਂ ਤੇ ਇਕਾਈਆਂ ਨਾਲ ਜਲਦ ਮੀਟਿੰਗਾਂ ਕਰਕੇ ਵੱਡਿਆ ਕਾਫਲਿਆ ਨਾਲ ਸਬੰਧਤ ਰੇਲ ਪਟੜੀਆਂ ਤੇ ਪਹੁੰਚਿਆ ਜਾਵੇ।



# ਸੇਵਾ ਭਾਰਤੀ ਸੈਂਟਰ 'ਚ ਲੜਕੀਆਂ ਨੇ ਗਿੱਧਾ ਪਾ ਕੇ ਮਨਾਈ ਵਿਸਾਖੀ



ਜ਼ੀਰਾ, 16 ਅਪ੍ਰੈਲ (ਦੀਪਕ ਭਾਰਗੋ): ਜੀਰਾ ਦੀ ਸਿਰਮੋਰ ਸੰਸਥਾ ਸੇਵਾ ਭਾਰਤੀ ਵੱਲੋਂ ਸਮੇਂ ਸਮੇਂ ਤੇ ਲੋਕ ਭਲਾਈ ਦੇ ਕੰਮ ਕੀਤੇ ਜਾਂਦੇ ਹਨ ਤੇ ਬੱਚਿਆਂ ਨੂੰ ਸਿੱਖਿਆ ਵੀ ਪ੍ਰਦਾਨ ਕੀਤੀ ਜਾਂਦੀ ਹੈ ਇਸੇ ਤਰ੍ਹਾਂ ਸੇਵਾ ਭਾਰਤੀ ਸੰਸਥਾ ਦੇ ਸਰਪ੍ਰਸਤ ਮਧੂ ਮਿੱਤਲ ਤੇ ਪ੍ਰਧਾਨ ਪ੍ਰੀਤਮ ਸਿੰਘ ਦੇ ਨਿਰਦੇਸ਼ਾਂ ਤੇ ਮੈਂਬਰ ਪੂਜਾ ਭਰਗੋ ਵੱਲੋਂ ਸੰਸਥਾ ਦੀ ਚਲਾਈ ਜਾ ਰਹੀ ਸਿਲਾਈ ਸੈਂਟਰ ਵਿੱਚ ਲੜਕੀਆਂ ਵੱਲੋਂ ਵਿਸਾਖੀ ਦਾ ਤਿਉਹਾਰ ਹਰਸ਼ੋਲਾਸ ਨਾਲ ਮਨਾਇਆ ਗਿਆ ਇਸ ਮੌਕੇ ਲੜਕੀਆਂ ਵੱਲੋਂ ਗਿੱਧਾ ਬੋਲੀਆਂ ਪਾਈਆਂ ਗਈਆਂ ਤੇ ਵਿਸਾਖੀ ਦਾ ਤਿਉਹਾਰ ਕਿਉਂ ਮਨਾਇਆ ਜਾਂਦਾ ਹੈ ਇਸ ਦੀ ਜਾਣਕਾਰੀ ਵੀ ਦਿੱਤੀ ਇਸ ਮੌਕੇ ਲੜਕੀਆਂ ਨੇ ਕਿਹਾ ਕਿ ਇਸ ਦਿਨ ਕਿਸਾਨ ਆਪਣੀ ਕਣਕ ਦੀ ਫਸਲ ਨੂੰ ਕੱਟ ਕੇ ਮੰਡੀਆਂ ਵਿੱਚ ਲੈ ਕੇ ਜਾਂਦੇ ਹਨ ਤੇ ਆਪਣੇ ਪਰਿਵਾਰ ਵਿੱਚ ਜੋ ਪ੍ਰੋਗਰਾਮ ਤੈ ਕੀਤੇ ਹੁੰਦੇ ਹਨ ਉਹਨਾਂ ਨੂੰ ਸਿਰੇ ਚਾੜਦੇ ਹਨ ਇਸ ਮੌਕੇ ਬੱਚਿਆਂ ਨੇ ਦੱਸਿਆ ਕਿ 13 ਅਪ੍ਰੈਲ 1919 ਨੂੰ ਵੀਰ ਹਕੀਕਤ ਵੀ ਸ਼ਹੀਦ ਹੋਏ ਸੀ 13 ਅਪ੍ਰੈਲ ਵਿਸਾਖੀ ਵਾਲੇ ਦਿਨ ਜਨਰਲ ਡਾਇਰ ਨੇ ਜਲਿਆਂ ਵਾਲੇ ਬਾਗ ਵਿੱਚ ਗੋਲੀਆਂ ਚਲਾ ਕੇ ਨਿਹਤੇ ਭਾਰਤੀਆਂ ਦੀ ਹੱਤਿਆ ਕੀਤੀ ਸੀ ਇਸ ਦਿਨ ਦਸਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਪੰਜ ਪਿਆਰਿਆਂ ਦੀ ਸਾਜਨਾ ਵੀ ਕੀਤੀ ਸੀ ਜੋ ਕਿ ਸਿੱਖੀ ਧਰਮ ਵਿੱਚ ਸਭ ਤੋਂ ਉੱਪਰ ਮੰਨਿਆ ਜਾਂਦਾ ਹੈ।

# ਡਾ. ਮੀਨਾਕਸ਼ੀ ਢੀਂਗਰਾ ਨੇ ਸਿਵਲ ਸਰਜਨ ਦਾ ਅਹੁਦਾ ਸੰਭਾਲਿਆ

ਫਿਰੋਜ਼ਪੁਰ 16 ਅਪ੍ਰੈਲ (ਤਿਵਾੜੀ): ਡਾ. ਮੀਨਾਕਸ਼ੀ ਢੀਂਗਰਾ ਵੱਲੋਂ ਸਿਵਲ ਸਰਜਨ ਫ਼ਿਰੋਜ਼ਪੁਰ ਦਾ ਅਹੁਦਾ ਸੰਭਾਲਿਆ ਗਿਆ। ਇਸ ਮੌਕੇ ਦਫ਼ਤਰ ਸਿਵਲ ਸਰਜਨ ਦੇ ਸਮੂਹ ਪ੍ਰੋਗਰਾਮ ਅਫ਼ਸਰ ਅਤੇ ਸਟਾਫ਼ ਵੱਲੋਂ ਡਾ. ਮੀਨਾਕਸ਼ੀ ਢੀਂਗਰਾ ਨੂੰ ਫੁੱਲਾਂ ਦਾ ਗੁੱਲਦਸਤਾ ਦੇ ਕੇ ਸਵਾਗਤ ਕੀਤਾ। ਡਾ. ਮੀਨਾਕਸ਼ੀ ਢੀਂਗਰਾ ਇਸ ਤੋਂ ਪਹਿਲਾਂ ਫ਼ਿਰੋਜ਼ਪੁਰ ਵਿਖੇ ਵੱਖ-ਵੱਖ ਅਹੁਦਿਆ ਤੇ ਰਹਿ ਕੇ ਆਮ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾ ਪ੍ਰਦਾਨ ਕੀਤੀਆਂ ਹਨ। ਉਹ ਜ਼ਿਲ੍ਹਾ ਟੀਕਾਕਰਨ ਅਫ਼ਸਰ ਦੇ ਅਹੁਦੇ 'ਤੇ ਤਾਇਨਾਤ ਰਹੇ ਅਤੇ ਹੁਣ ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਤਰੱਕੀ ਦੇ ਕੇ ਬਤੌਰ ਸਿਵਲ ਸਰਜਨ ਫ਼ਿਰੋਜ਼ਪੁਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਸਿਵਲ ਸਰਜਨ ਫ਼ਿਰੋਜ਼ਪੁਰ ਦਾ ਅਹੁਦਾ ਸੰਭਾਲਣ ਤੋਂ ਬਾਅਦ ਡਾਕਟਰ ਮੀਨਾਕਸ਼ੀ ਢੀਂਗਰਾ ਨੇ ਕਿਹਾ ਕਿ ਲੋਕ ਹਿੱਤ ਵਿੱਚ ਸਾਰੀਆਂ ਸਰਕਾਰੀ ਸਕੀਮਾਂ ਨੂੰ ਇੰਨ-ਬਿੰਨ ਲਾਗੂ ਕਰਨਾ ਅਤੇ ਆਮ ਆਦਮੀ ਕਲੀਨਿਕ ਅਤੇ ਸਰਕਾਰੀ ਹਸਪਤਾਲਾਂ ਵਿੱਚ ਆਮ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣਾ ਉਨ੍ਹਾਂ ਦਾ ਮੁੱਖ ਮਕਸਦ ਹੈ। ਉਨ੍ਹਾਂ ਸਖ਼ਤ ਸ਼ਬਦਾਂ ਵਿੱਚ ਮਿਲਾਵਟ ਖੋਰਾਂ ਨੂੰ ਚਿਤਾਵਨੀ ਦਿੱਤੀ ਕਿ ਖਾਧ ਪਦਾਰਥਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਮਿਲਾਵਟ ਨੂੰ ਬਰਦਾਸਤ ਨਹੀਂ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਖਾਣ ਪੀਣ ਵਾਲੀਆਂ ਵਸਤੂਆਂ ਸ਼ੁੱਧ ਅਤੇ ਸਾਫ਼ ਮਿਲਣ, ਇਸ ਲਈ ਹਰ ਸੰਭਵ ਉਪਰਾਲੇ ਕੀਤੇ ਜਾਣਗੇ।



ਉਨ੍ਹਾਂ ਕਿਹਾ ਨਸ਼ੇ ਦੇ ਮਾੜੇ ਪ੍ਰਭਾਵਾ ਬਾਰੇ ਸਿਹਤ ਵਿਭਾਗ ਵਲੋ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਤੇ ਨਸ਼ਾ ਛੁਡਾਊ ਕੇਂਦਰ ਵਿੱਚ ਮਰੀਜਾਂ ਨੂੰ ਸਹੀ ਇਲਾਜ ਮਿਲੇ ਇਸ ਬਾਰੇ ਹਰ ਸੰਭਵ ਕਦਮ ਚੁੱਕੇ ਜਾਣਗੇ। ਸਰਕਾਰੀ ਹਸਪਤਾਲਾਂ ਵਿੱਚ ਮਹਿਲਾ ਰੋਗੀਆਂ, ਬਜ਼ੁਰਗਾਂ ਅਤੇ ਬੱਚਿਆਂ ਨੂੰ ਇਲਾਜ ਲਈ ਪਹਿਲ ਦਿੱਤੀ ਜਾਵੇਗੀ। ਫ਼ਿਰੋਜ਼ਪੁਰ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਇਲਾਜ ਕਰਾਉਣ ਆਏ ਮਰੀਜ਼ਾਂ ਨੂੰ ਆਪਣੇ ਪੱਲਿਓਂ ਪੈਸੇ ਖਰਚ ਨਾ ਕਰਨੇ ਪੈਣ, ਇਸ ਲਈ ਉਚੇਚੇ ਪ੍ਰਬੰਧ ਕੀਤੇ ਜਾਣਗੇ।

# ਹਲਕਾ ਇੰਚਾਰਜ ਪਵਨ ਟੀਨੂ ਨੇ ਦਾਣਾ ਮੰਡੀ ਦਾ ਲਿਆ ਜਾਇਜ਼ਾ



ਭੋਗਪੁਰ, 16 ਅਪ੍ਰੈਲ (ਜੰਡੀਰ ਸੈਣੀ): ਦਾਣਾ ਮੰਡੀ ਭੋਗਪੁਰ ਵਿੱਚ ਹਲਕਾ ਇੰਚਾਰਜ ਸ੍ਰੀ ਪਵਨ ਕੁਮਾਰ ਟੀਨੂ ਜੀ ਪਹੁੰਚੇ ਦਾਣਾ ਮੰਡੀ ਦਾ ਜਾਇਜ਼ਾ ਲਿਆ ਗਿਆ। ਸਭ ਤੋਂ ਪਹਿਲਾਂ ਕਿਸਾਨਾਂ ਨੂੰ ਮਿਲੇ।ਕਿਸਾਨਾਂ ਨੂੰ ਪੁੱਛਿਆ ਗਿਆ ਕਿ ਕਿਸੇ ਨੂੰ ਕਿਸੇ ਤਰ੍ਹਾਂ ਦੀ ਕੋਈ ਪਰੇਸ਼ਾਨੀ ਤਾਂ ਨਹੀਂ ਆ ਰਹੀ। ਵੱਖ-ਵੱਖ ਕਿਸਾਨਾਂ ਨੇ ਜਵਾਬ ਦਿੰਦੇ ਹੋਏ ਕਿਹਾ ਕਿ ਸਰਕਾਰ ਵੱਲੋਂ ਪ੍ਰਸ਼ਾਸਨ ਵੱਲੋਂ ਬਹੁਤ ਹੀ ਸਚੂਜੇ ਢੰਗ ਨਾਲ ਮੰਡੀ ਵਿੱਚ ਹਰ ਤਰ੍ਹਾਂ ਦੇ ਪ੍ਰਬੰਧ ਕੀਤੇ ਗਏ ਹਨ। ਪਾਣੀ ਦੇ ਖਾਸ ਪ੍ਰਬੰਧ ਹਨ ਲਾਈਟਾਂ ਵਧੀਆ ਹਨ। ਕਿਸਾਨਾਂ ਦੀ ਸਹੂਲਤ ਵਾਸਤੇ ਹਰ ਤਰ੍ਹਾਂ ਦੇ ਪ੍ਰਬੰਧ ਕੀਤੇ ਗਏ ਹਨ। ਪਰ ਕਿਸਾਨਾਂ ਨੇ ਮੰਗ ਰੱਖਦੇ ਹੋਏ ਕਿਹਾ ਕਿ ਇਸ ਵਾਰ ਬਰਸਾਤਾਂ ਕਰਕੇ ਕਣਕਾਂ ਦਾ ਝਾੜ ਬਹੁਤ ਹੀ ਘੱਟ ਨਿਕਲ ਰਿਹਾ ਹੈ, ਕਿਸਾਨਾਂ ਨੂੰ ਬਹੁਤ ਘਾਟਾ ਪੈ ਰਿਹਾ। ਕਿਸਾਨਾਂ ਨੇ ਸਰਕਾਰ ਕੋਲੋਂ ਬੋਨਸ ਦੀ ਮੰਗ ਕੀਤੀ ਹੈ. ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਨੇ ਆੜਤੀਆਂ ਦੇ ਕਾਰੋਬਾਰ ਚੈੱਕ ਕੀਤੇ। ਮਸ਼ੀਨਾਂ ਚੱਕ ਕੀਤੀਆਂ ਕੰਡੇ ਚੈੱਕ ਕੀਤੇ. ਇਮਾਨਦਾਰੀ ਅਤੇ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਇਸ ਮੌਕੇ ਤੇ ਪਰਮਜੀਤ ਪੰਮਾ ਸੰਗਠਨ ਇੰਚਾਰਜ,ਰਾਜ ਕੁਮਾਰ ਰਾਜਾ ਪ੍ਰਧਾਨ ਨਗਰ ਕੌਂਸਲ, ਚੇਅਰਮੈਨ ਬਰਕਤ ਰਾਮ, ਜੱਸ ਦਿਆਲ ਜੱਸ ਸੀਨੀਅਰ ਆਗੂ ਆਪ, ਬਲਵਿੰਦਰ ਭੰਡਾਰੀ ਬਲਾਕ ਪ੍ਰਧਾਨ ਆਪ, ਡਾਕਟਰ ਸੁਖਦੇਵ ਐਮਸੀ, ਅਮਰਜੀਤ ਸਿੰਘ ਸੈਣੀ ਕੋਆਰਡੀਨੇਟਰ, ਬੂਟਾ ਸਿੰਘ ਟੀਟੂ ਬਲਾਕ ਪ੍ਰਧਾਨ ਆਦਿ ਹਾਜ਼ਰ ਸਨ।

# ਕਾਂਗਰਸ ਵੱਲੋਂ ਕੰਵਲ ਕਾਲੜਾ ਨੂੰ ਵੱਡੀ ਜ਼ਿੰਮੇਵਾਰੀ, ਪੰਜਾਬ ਪ੍ਰਦੇਸ਼ ਕਮੇਟੀ ਦੇ 'ਸਪੈਸ਼ਲ ਇਨਵਾਇਟੀ' ਨਿਯੁਕਤ

ਫਾਜ਼ਿਲਕਾ, 16 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਪਾਰਟੀ ਦੇ ਸੰਗਠਨਾਤਮਕ ਢਾਂਚੇ ਵਿੱਚ ਵਾਧਾ ਕਰਦਿਆਂ, ਪਿਛਲੇ ਲੰਮੇ ਸਮੇਂ ਤੋਂ ਪਾਰਟੀ ਲਈ ਤਨਦੇਹੀ ਨਾਲ ਕੰਮ ਕਰ ਰਹੇ ਸੀਨੀਅਰ ਆਗੂ ਅਤੇ ਮੌਜੂਦਾ ਚੇਅਰਮੈਨ ਕੰਵਲ ਕਾਲੜਾ ਨੂੰ ਇੱਕ ਹੋਰ ਵੱਡੀ ਅਤੇ ਅਹਿਮ ਜ਼ਿੰਮੇਵਾਰੀ ਨਾਲ ਨਿਵਾਜਿਆ ਗਿਆ ਹੈ। ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ ਦੀਆਂ ਪਿਛਲੇ ਦੋ ਦਹਾਕਿਆਂ ਦੀਆਂ ਨਿਰਸਵਾਰਥ ਸੇਵਾਵਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵਿੱਚ "ਸਪੈਸ਼ਲ ਇਨਵਾਇਟੀ" ਵਜੋਂ ਨਿਯੁਕਤ ਕੀਤਾ ਗਿਆ ਹੈ। ਕੰਵਲ ਕਾਲੜਾ ਕਿਸੇ ਜਾਣ-ਪਛਾਣ ਦੇ ਮੁਹਤਾਜ ਨਹੀਂ ਹਨ। ਉਹ ਇਲਾਕੇ ਦੇ ਪ੍ਰਸਿੱਧ ਸਮਾਜ ਸੇਵੀ ਅਤੇ ਸੀਨੀਅਰ ਕਾਂਗਰਸੀ ਆਗੂ ਡਾ. ਬੀ.ਡੀ. ਕਾਲੜਾ ਦੇ ਸਪੁੱਤਰ ਹਨ। ਡਾ. ਕਾਲੜਾ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਪਾਏ ਗਏ ਯੋਗਦਾਨ ਅਤੇ ਕਾਂਗਰਸ ਪਾਰਟੀ ਪ੍ਰਤੀ ਵਫ਼ਾਦਾਰੀ ਦੀ ਵਿਰਾਸਤ ਨੂੰ ਕੰਵਲ ਕਾਲੜਾ ਬਾਖੂਬੀ ਅੱਗੇ ਤੋਰ ਰਹੇ ਹਨ। ਪਿਛਲੇ 20 ਸਾਲਾਂ ਤੋਂ ਉਨ੍ਹਾਂ ਨੇ ਦਿਨ-ਰਾਤ ਇੱਕ ਕਰਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕੀਤਾ ਹੈ, ਜਿਸ ਕਾਰਨ ਅੱਜ ਉਹ ਪਾਰਟੀ ਦੇ ਅੰਦਰੂਨੀ ਹਲਕਿਆਂ ਵਿੱਚ ਇੱਕ ਭਰੋਸੇਮੰਦ ਚਿਹਰੇ ਵਜੋਂ ਜਾਣੇ ਜਾਂਦੇ ਹਨ।



ਕੰਵਲ ਕਾਲੜਾ ਨੇ ਆਪਣਾ ਸਿਆਸੀ ਸਫ਼ਰ ਯੂਥ ਕਾਂਗਰਸ ਤੋਂ ਸ਼ੁਰੂ ਕੀਤਾ ਸੀ। ਇਸ ਤੋਂ ਬਾਅਦ ਉਹ ਵੱਖ-ਵੱਖ ਅਹੁਦਿਆਂ 'ਤੇ ਰਹਿ ਕੇ ਪਾਰਟੀ ਦੀ ਸੇਵਾ ਕਰਦੇ ਰਹੇ ਹਨ। ਉਹ ਬਲਾਕ ਪ੍ਰਧਾਨ, ਜ਼ਿਲ੍ਹਾ ਜਨਰਲ ਸਕੱਤਰ ਅਤੇ ਪੰਜਾਬ ਸਕੱਤਰ ਵਰਗੀਆਂ ਜ਼ਿੰਮੇਵਾਰੀਆਂ ਨਿਭਾ ਚੁੱਕੇ ਹਨ। ਇਸ ਸਮੇਂ ਉਹ ਜ਼ਿਲ੍ਹਾ ਉਪ ਪ੍ਰਧਾਨ ਦੇ ਅਹੁਦੇ 'ਤੇ ਵੀ ਕੰਮ ਕਰ ਰਹੇ ਹਨ। ਇਸ ਦੇ ਨਾਲ ਨਾਲ ਉਹ ਲੈਂਡ ਮਾਰਕ ਬੈਂਕ ਦੇ ਚੇਅਰਮੈਨ ਵਜੋਂ ਵੀ ਆਪਣੀ ਭੂਮਿਕਾ ਨਿਭਾ ਰਹੇ ਹਨ। ਪਾਰਟੀ ਵੱਲੋਂ ਉਨ੍ਹਾਂ ਨੂੰ ਸਮੇਂ-ਸਮੇਂ 'ਤੇ ਵੱਡੀਆਂ ਜ਼ਿੰਮੇਵਾਰੀਆਂ ਦੇ ਕੇ ਨਿਵਾਜਿਆ ਗਿਆ ਹੈ, ਜੋ ਇਹ ਦਰਸਾਉਂਦਾ ਹੈ ਕਿ ਉਨ੍ਹਾਂ 'ਤੇ ਉੱਚ ਪੱਧਰ 'ਤੇ ਭਰੋਸਾ ਕੀਤਾ ਜਾਂਦਾ ਹੈ। ਹੁਣ ਸਪੈਸ਼ਲ ਇਨਵਾਇਟੀ ਵਜੋਂ ਨਿਯੁਕਤੀ ਉਨ੍ਹਾਂ ਦੇ ਸਿਆਸੀ ਜੀਵਨ ਵਿੱਚ ਇੱਕ ਹੋਰ ਮਹੱਤਵਪੂਰਨ ਪੜਾਅ ਹੈ।

ਆਪਣੀ ਨਿਯੁਕਤੀ ਤੋਂ ਬਾਅਦ ਚੇਅਰਮੈਨ ਕੰਵਲ ਕਾਲੜਾ ਨੇ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸੁਖਪਾਲ ਸਿੰਘ ਖਹਿਰਾ, ਸਾਬਕਾ ਸੰਸਦ ਮੈਂਬਰ ਸ਼ੇਰ ਸਿੰਘ ਘੁਬਾਇਆ ਦਾ ਧੰਨਵਾਦ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਰਮਿੰਦਰ ਸਿੰਘ ਆਵਲਾ, ਕੁਲਬੀਰ ਸਿੰਘ ਜ਼ੀਰਾ, ਹੈਪੀ ਖੇੜਾ, ਹਰਪ੍ਰੀਤ ਸਿੰਘ, ਦਵਿੰਦਰ ਘੁਬਾਇਆ, ਰਾਜ ਬਖਸ਼ ਕੰਬੋਜ, ਰੂਬੀ ਗਿੱਲ, ਲਖਵੀਰ ਸਿੰਘ ਸਰਪੰਚ, ਮਨਜਿੰਦਰ ਸ਼ੀਨਾ, ਹਰਕਮਲ ਮਨੇਸ, ਚਰਨਜੀਤ ਸਰਪੰਚ, ਭੋਲਾ ਮੁਰਦਵਾਲਾ, ਗੁਰਵਿੰਦਰ ਸਿੰਘ ਸ਼ੀਨਾ, ਅਤੇ ਗੁਰਵਿੰਦਰ ਪਕਾ ਸਮੇਤ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਹਮੇਸ਼ਾ ਉਨ੍ਹਾਂ ਦਾ ਸਾਥ ਦਿੱਤਾ। ਇਸ ਮੌਕੇ ਕੰਵਲ ਕਾਲੜਾ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਹਿਲਾਂ ਨਾਲੋਂ ਵੀ ਵੱਧ ਮਿਹਨਤ ਅਤੇ ਲਗਨ ਨਾਲ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਪਾਰਟੀ ਨੇ ਉਨ੍ਹਾਂ 'ਤੇ ਜੋ ਭਰੋਸਾ ਜਤਾਇਆ ਹੈ, ਉਹ ਉਸ 'ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਕਾਂਗਰਸ ਨੂੰ ਜੇਤੂ ਬਣਾਉਣ ਲਈ ਪਿੰਡ-ਪਿੰਡ ਜਾ ਕੇ ਵਰਕਰਾਂ ਨੂੰ ਲਾਮਬੰਦ ਕਰਨਗੇ। ਕੰਵਲ ਕਾਲੜਾ ਦੀ ਇਸ ਨਿਯੁਕਤੀ ਨਾਲ ਇਲਾਕੇ ਦੇ ਕਾਂਗਰਸੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ। ਵਰਕਰਾਂ ਦਾ ਮੰਨਣਾ ਹੈ ਕਿ ਪਾਰਟੀ ਵਿੱਚ ਮਿਹਨਤੀ ਅਤੇ ਟਕਸਾਲੀ ਪਰਿਵਾਰਾਂ ਨੂੰ ਅੱਗੇ ਲਿਆਉਣ ਨਾਲ ਸੰਗਠਨ ਨੂੰ ਨਵੀਂ ਤਾਕਤ ਮਿਲੇਗੀ।

# ਕਿਸਾਨਾਂ ਨੂੰ ਖੇਤੀ ਮਸ਼ੀਨਰੀ ਲਈ ਸਬਸਿਡੀ ਜਾਰੀ: ਡਾ.ਗੁਰਦੀਪ ਸਿੰਘ

ਲੁਧਿਆਣਾ, 16 ਅਪ੍ਰੈਲ (ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਵੱਲੋਂ ਕਿਸਾਨ ਭਲਾਈ ਲਈ ਕਈ ਤਰ੍ਹਾਂ ਦੀਆਂ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਪ੍ਰੋਤਸਾਹਨ ਰਾਸ਼ੀ ਦੇਣਾ ਅਤੇ ਖੇਤੀ ਮਸ਼ੀਨਰੀ ਖ੍ਰੀਦਣ 'ਤੇ ਸਬਸਿਡੀ ਦੇਣਾ ਆਦਿ ਸ਼ਾਮਲ ਹਨ। ਡਾ. ਗੁਰਦੀਪ ਸਿੰਘ ਦੱਸਿਆ ਕਿ ਹੁਣ ਤੱਕ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਕੁੱਲ 33 ਲੱਖ ਰੁਪਏ ਤੋਂ ਵੱਧ ਦੀ ਪ੍ਰੋਤਸਾਹਨ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਕਰੋਪ ਰੈਜ਼ੀਡਿਊ ਮੈਨੇਜਮੈਂਟ ਸਕੀਮ ਅਧੀਨ ਪਰਾਲੀ ਸੰਭਾਲਣ ਵਾਲੀ ਖੇਤੀ ਮਸ਼ੀਨਰੀ ਤੇ ਜ਼ਿਲ੍ਹੇ ਵਿੱਚ ਹੁਣ ਤੱਕ 861 ਮਸ਼ੀਨਾਂ ਖ੍ਰੀਦਣ 'ਤੇ ਕਿਸਾਨਾਂ ਨੂੰ 26.73 ਕਰੋੜ ਰੁਪਏ ਦੀ ਸਬਸਿਡੀ ਜਾਰੀ ਕੀਤੀ ਜਾ ਚੁੱਕੀ ਹੈ। ਇਸ ਸਕੀਮ ਅਧੀਨ ਦਿੱਤੀਆਂ ਗਈਆਂ ਮਸ਼ੀਨਾਂ ਵਿੱਚ ਸੁਪਰ ਸੀਡਰ, ਮਲਚਰ, ਐਮ.ਬੀ.ਪਲਾਓ, ਬੇਲਰ, ਰੇਕ ਆਦਿ ਮਸ਼ੀਨਾਂ ਸ਼ਾਮਲ ਹਨ। ਉਨ੍ਹਾਂ ਆਸ



ਜਤਾਈ ਕਿ ਇਨ੍ਹਾਂ ਮਸ਼ੀਨਾਂ ਨੂੰ ਵਰਤ ਕੇ ਕਿਸਾਨ ਅਗਲੇ ਸੀਜ਼ਨ ਦੌਰਾਨ ਝੋਨੇ ਦੀ ਪਰਾਲੀ ਨੂੰ ਬਿਨਾਂ ਅੱਗ ਲਗਾਏ ਵਧੀਆ ਤਰੀਕੇ ਨਾਲ ਸੰਭਾਲਣਗੇ।

ਮੁੱਖ ਖੇਤੀਬਾੜੀ ਅਫ਼ਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜੋ ਕਿਸਾਨ ਅਗਲੇ ਝੋਨੇ ਦੇ ਸੀਜ਼ਨ ਲਈ ਪਰਾਲੀ ਪ੍ਰਬੰਧਨ ਵਾਲੀ ਮਸ਼ੀਨਰੀ ਖ੍ਰੀਦਣਾ ਚਾਹੁੰਦੇ ਹਨ, ਉਹ ਪੰਜਾਬ ਸਰਕਾਰ ਦੇ agrimachinerypb.com ਪੋਰਟਲ 'ਤੇ ਅਪਲਾਈ ਕਰ ਸਕਦੇ ਹਨ। ਅਪਲਾਈ ਕਰਨ ਦੀ ਅੰਤਿਮ ਮਿਤੀ 24 ਅਪ੍ਰੈਲ 2026 ਹੈ ਸਹਾਇਕ ਖੇਤੀਬਾੜੀ ਇੰਜੀਨਿਅਰ ਲੁਧਿਆਣਾ ਇੰਜ. ਅਮਨਪ੍ਰੀਤ ਸਿੰਘ ਘੇਈ ਨੇ ਦੱਸਿਆ ਕਿ ਅਰਜ਼ੀ ਭਰਨ ਸਮੇਂ ਕਿਸਾਨਾਂ ਕੋਲ ਆਧਾਰ ਕਾਰਡ, ਪੈਨ ਕਾਰਡ, ਜ਼ਮੀਨ ਦੀ ਫਰਦ, ਪਾਸਪੋਰਟ ਸਾਈਜ਼ ਫੋਟੋ ਅਤੇ ਅਨੁਸੂਚਿਤ ਜਾਤੀ ਸਰਟੀਫਿਕੇਟ ਆਦਿ ਦੀਆਂ ਸਕੈਨਡ ਕਾਪੀਆਂ ਹੋਣਾ ਲਾਜ਼ਮੀ ਹੈ। ਇਹ ਕਿਸਾਨ ਕਸਟਮ ਹਾਇਰਿੰਗ ਸੈਂਟਰ ਜਾਂ ਪੈਡੀ ਸਟਰਾ ਸਪਲਾਈ ਚੇਨ ਸਕੀਮ ਲਈ ਵੀ ਅਪਲਾਈ ਕਰ ਸਕਦੇ ਹਨ।

# ਬੇਅਦਬੀ ਕਾਨੂੰਨ ਵਿਚ ਸਖ਼ਤੀ ਕਰਨਾ ਮਾਨ ਸਰਕਾਰ ਦਾ ਸ਼ਲਾਘਾਯੋਗ ਕਦਮ : ਪਰਮਵੀਰ

ਲੁਧਿਆਣਾ, 16 ਅਪ੍ਰੈਲ (ਵਿਸ਼ਾਲ ਸ਼ਰਮਾ): ਪੰਥਕ ਮਸਲਿਆਂ 'ਤੇ ਸੰਜ਼ੀਦਗੀ ਨਾਲ ਪਹਿਰਾ ਦਿੰਦਿਆਂ ਭਗਵੰਤ ਮਾਨ ਨੇ ਜੋ ਵਾਅਦਾ ਸੰਗਤ ਨਾਲ ਕੀਤਾ, ਉਸਨੂੰ ਨਿਭਾਅ ਕੇ ਪੰਥ ਪ੍ਰਸਤ ਹੋਣ ਦਾ ਸਬੂਤ ਦਿੱਤਾ ਹੈ। ਪੰਜਾਬ ਦੇ ਵਿੱਚ ਸਾਂਝੀਵਾਲਤਾ ਦੇ ਮਾਹੌਲ ਨੂੰ ਖ਼ਰਾਬ ਕਰਨ ਲਈ ਜੋ ਪੰਜਾਬ ਵਿਰੋਧੀ ਤਾਕਤਾਂ ਵੱਲੋਂ ਬੇਅਦਬੀ ਵਰਗੇ ਘਿਨਾਉਣੇ ਗੁਨਾਹ ਕੀਤੇ ਗਏ, ਉਹਨਾਂ ਦੇ ਗੁਨਾਹਗਾਰਾਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਸਰਕਾਰ ਵੱਲੋਂ ਵਿਸ਼ੇਸ਼ ਕਾਨੂੰਨ ਪਾਸ ਕਰਨਾ ਸੰਗਤ ਲਈ ਤਸੱਲੀ ਦਾ ਸਬੱਬ ਬਣਿਆ ਹੈ ਪਿਛਲੇ ਕੁੱਛ ਸਾਲਾਂ ਵਿੱਚ ਵੱਖ ਵੱਖ ਥਾਵਾਂ 'ਤੇ ਵੱਡੀ ਸਾਜਿਸ਼ ਅਧੀਨ ਧਾਰਮਿਕ ਗ੍ਰੰਥਾਂ ਨੂੰ ਨਿਸ਼ਾਨਾ ਬਣਾ ਕੇ ਸੰਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਣ ਦੀਆਂ ਕੋਝੀਆਂ ਚਾਲਾਂ ਸ਼ਰਾਰਤੀ ਅਨਸਰਾਂ ਵੱਲੋਂ ਕੀਤੀਆਂ ਗਈਆਂ, ਪਰ ਪੁਰਾਣੇ ਕਾਨੂੰਨ ਵਿੱਚ ਕੁਝ ਢਿੱਲ ਹੋਣ ਕਰਕੇ ਅਤੇ ਕਨੂੰਨੀ ਦਾਅ ਪੇਚ ਕਰਕੇ ਦੋਸ਼ੀ ਬਚਦੇ ਰਹੇ ਹਨ। ਮੁੱਖ ਮੰਤਰੀ ਨੇ ਪਹਿਲੇ ਦਿਨ ਤੋਂ ਹੀ ਇਹ ਅਹਿਦ ਲਿਆ ਹੋਇਆ ਸੀ ਕਿ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇਗੀ ਅਤੇ ਅਜਿਹਾ ਕਾਨੂੰਨ ਬਣਾਇਆ ਕਿ ਭਵਿੱਖ ਵਿੱਚ ਕੋਈ ਵੀ ਬੇਅਦਬੀ ਕਰਨ ਦੀ ਜ਼ੁਰਅਤ ਨਹੀਂ ਕਰੇਗਾ। ਉਸੇ ਜ਼ਿੰਮੇਵਾਰੀ ਨੂੰ ਨਿਭਾਉਂਦੇ ਹੋਏ ਮਾਨ ਸਰਕਾਰ ਨੇ ਇਤਿਹਾਸਿਕ ਬਿੱਲ ਪਾਸ ਕਰਕੇ ਪੰਜਾਬ ਦੇ ਸੱਚੇ ਸਪੂਤ ਹੋਣ ਦਾ ਸਬੂਤ ਦਿੱਤਾ ਹੈ। ਮਾਨ ਸਰਕਾਰ ਦੀ ਇਸ ਸਖ਼ਤ ਕਾਨੂੰਨ ਦੀ ਪਹਿਲ ਨਾਲ ਦੇਸ਼ ਵਿਦੇਸ਼ ਵਿਚ ਚਰਚਾ ਹੈ।



# ਬਲੌਸਮਜ਼ ਦੇ ਦਸਵੀਂ ਦੇ ਨਤੀਜਿਆਂ ਨੇ ਇੱਕ ਵਾਰ ਫੇਰ ਕਰਵਾਈ ਬੱਲੇ-ਬੱਲੇ 'ਤੇ ਰੁਤਬਾ ਰੱਖਿਆ ਕਾਇਮ



ਜਗਰਾਓਂ, 16 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ) : ਸੀ. ਬੀ. ਐਸ. ਈ. ਵੱਲੋਂ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿਚ ਹਰ ਸਾਲ ਦੀ ਤਰ੍ਹਾਂ ਬਲੌਸਮਜ਼ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਇਸ ਸਾਲ ਵੀ ਬਾਜ਼ੀ ਮਾਰਦੇ ਹੋਏ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। 98.2% ਅੰਕ ਲੈ ਕੇ ਹਰਗੁਨਅੰਜਨ ਕੌਰ ਨੇ ਪਹਿਲਾ, 97.6% ਲੈ ਕੇ ਜੰਨਤ ਚਾਵਲਾ ਨੇ ਦੂਸਰਾ ਅਤੇ 97.1% ਅੰਕ ਲੈ ਕੇ ਸਨਵੀ ਕੱਕੜ ਨੇ ਜਮਾਤ ਵਿਚੋਂ ਤੀਸਰਾ ਸਥਾਨ ਹਾਸਲ ਕੀਤਾ। ਦਸਵੀਂ ਦੀ ਪ੍ਰੀਖਿਆ ਲਈ ਕੁੱਲ 79 ਵਿਦਿਆਰਥੀਆਂ ਨੇ ਭਾਗ ਲਿਆ ਜਿਹਨਾਂ ਵਿਚੋਂ ਲੱਗਭੱਗ 15 ਵਿਦਿਆਰਥੀਆਂ ਨੇ 90 ਫੀਸਦੀ ਤੋਂ ਉੱਪਰ ਅਤੇ 25 ਵਿਦਿਆਰਥੀਆਂ ਨੇ 80 ਫੀਸਦੀ ਤੋਂ ਉੱਪਰ ਅੰਕ ਹਾਸਲ ਕੀਤੇ। ਸਾਰੇ ਹੀ ਵਿਦਿਆਰਥੀਆਂ ਦਾ ਨਤੀਜਾ 100 ਫੀਸਦੀ ਰਿਹਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ:ਨਵਨੀਤ ਕੌਰ ਨੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਨਤੀਜੇ ਸਾਡੀ ਸਾਰਿਆਂ ਦੀ ਅਣਥੱਕ ਮਿਹਨਤ ਦੇ ਸਦਕੇ ਹਨ। ਅਧਿਆਪਕਾਂ ਦੁਆਰਾ ਬੱਚਿਆਂ ਨੂੰ ਉਹਨਾਂ ਦੇ ਮਿੱਥੇ ਹੋਏ ਟੀਚਿਆਂ ਤੱਕ ਪਹੁੰਚਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ, ਤਾਂ ਜੋ ਬੱਚੇ ਮਿਹਨਤ ਅਤੇ ਲਗਨ ਨਾਲ ਆਪਣੇ ਮੁਕਾਮ 'ਤੇ ਪਹੁੰਚ ਸਕਣ ਅਤੇ ਜ਼ਿੰਦਗੀ ਦੀਆਂ ਮੁਸ਼ਕਲਾਂ ਨੂੰ ਆਸਾਨੀ ਨਾਲ ਨਜਿੱਠਣ ਦੇ ਕਾਬਿਲ ਬਣ ਸਕਣ। ਇਸ ਮੌਕੇ ਸਕੂਲ ਦੀ ਸਮੁੱਚੀ ਮੈਨੇਜਿੰਗ ਕਮੇਟੀ, ਚੇਅਰਮੈਨ ਸ: ਹਰਭਜਨ ਸਿੰਘ ਜੌਹਲ ਅਤੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਸਾਰੇ ਹੀ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ ਅਤੇ ਕਿਹਾ ਕਿ ਵਿਦਿਆਰਥੀਆਂ ਨੇ ਅੱਜ ਜਿੱਥੇ ਸਕੂਲ ਦਾ ਨਾਮ ਰੌਸ਼ਨ ਕੀਤਾ ਉੱਥੇ ਆਪਣੇ ਮਾਪਿਆਂ ਦਾ ਵੀ ਸਿਰ ਮਾਣ ਨਾਲ ਉੱਚਾ ਕੀਤਾ।

# ਕੌਮੀ ਇਨਸਾਫ਼ ਮੋਰਚੇ ਦੀਆਂ 2 ਮੰਗਾਂ ਪੂਰੀਆਂ ਹੋਣ 'ਤੇ ਲੀਡਰਸ਼ਿਪ ਵੱਲੋਂ ਸਵਾਗਤ



ਲੁਧਿਆਣਾ 16 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਕੌਮੀ ਇਨਸਾਫ ਮੋਰਚੇ ਦੀ ਅਹਿਮ ਮੀਟਿੰਗ ਹੋਈ ਜਿਸ ਵਿੱਚ ਮੋਰਚੇ ਦੀਆਂ ਮੰਗਾਂ ਪ੍ਰਤੀ ,ਅਤੇ ਮੋਰਚੇ ਨੂੰ ਵੱਡਾ ਕਰਨਾ ਮੋਰਚੇ ਦੀਆਂ ਪ੍ਰਾਪਤੀਆਂ , 7 ਮਈ ਨੂੰ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦਿੱਲੀ ਤੋਂ ਪਾਰਲੀਮੈਂਟ ਵੱਲ ਕੂਚ ਕਰਨ ਬਾਰੇ ਵਿਚਾਰਾਂ ਕੀਤੀਆਂ ਗਈਆਂ ਕੌਮੀ ਇਨਸਾਫ ਮੋਰਚਾ ਚੌਥੇ ਸਾਲ ਵਿੱਚ ਚੱਲ ਰਿਹਾ ਹੈ ਲੰਬੇ ਮੋਰਚੇ ਚੱਲਣੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਪਾਰ ਕਿਰਪਾ ਸਦਕਾ ਹੀ ਸੰਭਵ ਹੋ ਸਕਦੇ ਨੇ ਜੋ ਕਿ ਮੋਰਚਾ ਅੱਜ ਵੀ ਚੜ੍ਹਦੀ ਕਲਾ ਵਿੱਚ ਚੱਲ ਰਿਹਾ ਮੋਰਚੇ ਦੀਆਂ ਪ੍ਰਾਪਤੀਆਂ ਦੀ ਗੱਲ ਕੀਤੀ ਜਾਵੇ ਕਿਉਂਕਿ ਸਰਕਾਰਾਂ ਨੇ ਵੋਟ ਦੀ ਰਾਜਨੀਤੀ ਕਰਨੀ ਹੁੰਦੀ ਹੈ ਮੋਰਚੇ ਦੀ ਪਹਿਲੀ ਮੰਗ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਤੇ ਸਖਤ ਤੋਂ ਸਖਤ ਕਾਨੂੰਨ ਬਣਾਉਣ ਸਬੰਧੀ ਉਹ ਮੰਗ ਪੂਰੀ ਹੋ ਚੁੱਕੀ ਹੈ ਭਾਵੇਂ ਕਿਸੇ ਵੀ ਪਲੇਟਫਾਰਮ ਦੇ ਜਰੀਏ ਇਹ ਮੰਗ ਪੂਰੀ ਹੋ ਗਈ ਉਸ ਦਾ ਮੋਰਚੇ ਦੀ ਲੀਡਰਸ਼ਿਪ ਵੱਲੋਂ ਸੁਆਗਤ ਕੀਤਾ ਜਾਂਦਾ ਹੈ ਚੌਥੀ ਮੰਗ 328 ਸਰੂਪਾਂ ਨੂੰ ਗੁੰਮ ਕਰਨ ਤੇ ਕੇਸ ਦਰਜ ਕੀਤਾ ਜਾਵੇ ਮੋਰਚੇ ਦੀ ਉਹ ਮੰਗ ਵੀ ਪੂਰੀ ਹੋਈ ਭਾਵੇਂ ਕਿਸੇ ਪਲੇਟਫਾਰਮ ਮੋਰਚੇ ਜਰੀਏ ਰਾਹੀਂ ਕੀਤੀ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਗੁਰੂ ਨਾਨਕ ਲੇਵਾ ਸਿੱਖ ਸੰਗਤਾਂ ਦੀ ਵੱਡੀ ਜਿੱਤ ਹੋਈ ਉਸ ਦਾ ਵੀ ਮੋਰਚੇ ਦੀ ਲੀਡਰਸ਼ਿਪ ਵੱਲੋਂ ਨਿੱਘਾ ਸੁਆਗਤ ਕੀਤਾ ਜਾਂਦਾ ਹੈ ।

ਮੋਰਚੇ ਦੇ ਆਗੂ ਸਾਹਿਬਾਨਾਂ ਦਾ ਕਹਿਣਾ ਹੈ ਕਿ ਇਹਨਾਂ ਮੰਗਾਂ ਦੀ ਲੜਾਈ ਲੜਦਿਆਂ ਭਾਈ ਗੁਰਬਖਸ਼ ਸਿੰਘ ਖਾਲਸਾ ਸ਼ਹੀਦੀ ਪਾ ਗਏ ਹਨ ਅਤੇ ਬਾਪੂ ਸੂਰਤ ਸਿੰਘ ਵੱਲੋਂ ਵੀ ਇਸ ਮੰਗਾਂ ਨੂੰ ਲੈ ਕੇ ਸੰਘਰਸ਼ ਕੀਤਾ ਸੀ ਜੋ ਸਰਕਾਰਾਂ ਨੇ ਉਹਨਾਂ ਨਾਲ ਕੀਤਾ ਉਹ ਕਿਸੇ ਤੋਂ ਲੁਕੋਇਆ ਨਹੀਂ ਜਾ ਸਕਦਾ ਅਗਲੇ ਮਹੀਨੇ ਮਈ ਦੇ ਪਹਿਲੇ ਐਤਵਾਰ ਤੋਂ ਸ਼ੁਰੂ ਹੋ ਕੇ ਹਰ ਐਤਵਾਰ ਮੋਰਚੇ ਵਿੱਚ ਕੀਰਤਨ ਕਥਾ ਵਿਚਾਰਾਂ ਹੋਇਆ ਕਰਨਗੀਆਂ ਅਤੇ ਵੱਡੇ ਇਕੱਠ ਕੀਤੇ ਜਾਣਗੇ ਮੋਰਚੇ ਵੱਲੋਂ ਸਾਰੀ ਸੰਗਤ ਨੂੰ ਅਪੀਲ ਬੇਨਤੀ ਅਰਜ ਹੈ ਕਿ ਜਦੋਂ ਵੀ ਟਾਈਮ ਮਿਲਦਾ ਆਓ ਮੋਰਚੇ ਨੂੰ ਵੱਡਾ ਕਰਨ ਲਈ ਸਾਰੇ ਰਲ ਮਿਲ ਕੇ ਹੰਭਲਾ ਮਾਰੀਏ ਕੌਮੀ ਇਨਸਾਫ ਮੋਰਚੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਹਾਜ਼ਰੀ ਲਵਾਇਆ ਕਰੋ ਕਿਉਂਕਿ ਜਿਹੜੀਆਂ ਮੋਰਚੇ ਵੱਲੋਂ 2 ਮੰਗਾਂ ਰਹਿ ਗਈਆਂ ਜਿਵੇਂ ਕਿ ਬੰਦੀ ਸਿੰਘਾਂ ਦੀ ਰਿਹਾਈ ਅਤੇ ਬਰਗਾੜੀ ਬਹਿਬਲ ਗੋਲੀ ਕਾਂਡ ਦਾ ਚਲਾਨ ਪੇਸ਼ ਕਰਨ ਸਬੰਧੀ, ਇਸ ਸਮੇਂ ਹਾਜ਼ਰ ਮੋਰਚੇ ਦੇ ਬੁਲਾਰੇ ਗੁਰਦੀਪ ਸਿੰਘ ਬਠਿੰਡਾ, ਬਲਵਿੰਦਰ ਸਿੰਘ ਕਾਲਾ ਝਾੜ ਸਾਹਿਬ, ਗੁਰਿੰਦਰ ਸਿੰਘ ਭੰਗੂ ,ਪਾਲ ਸਿੰਘ ਘੜੂਆਂ, ਬਲਜੀਤ ਸਿੰਘ ਭਾਊ, ਰਸਪਾਲ ਸਿੰਘ ਚੰਡੀਗੜ੍ਹ, ਜੀਤ ਸਿੰਘ ਔਲਖ, ਮੱਖਣ ਸਿੰਘ ਮਾਨਸਾ , ਬਾਬਾ ਪਰਮਜੀਤ ਸਿੰਘ, ਜਗਵੀਰ ਸਿੰਘ ਧਨੌਆ, ਇੰਦਰਬੀਰ ਸਿੰਘ ਪਟਿਆਲਾ, ਅਮਰਜੀਤ ਸਿੰਘ ਦੇਸੂ ਮਾਜਰਾ, ਜਸਵੰਤ ਸਿੰਘ ਮਾਨਸਾ, ਕਰਮਜੀਤ ਸਿੰਘ ਚਿੱਲਾ, ਰੇਸ਼ਮ ਸਿੰਘ ਖਰੜ, ਬਹਾਦਰ ਸਿੰਘ ਕੰਡਿਆਲਾ , ਅਵਤਾਰ ਸਿੰਘ ਬੜੈਲ ਆਦਿ ਸੰਗਤਾਂ ਹਾਜ਼ਰ ਸਨ।

# ਪੀ ਟੈੱਟ ਦੇ ਪ੍ਰੀਖਿਆ ਕੇਂਦਰ ਚੰਡੀਗੜ੍ਹ 'ਚ ਬਣਾਉਣ ਦੀ ਸਪੈਟਾ ਵੱਲੋਂ ਨਿਖੇਧੀ



ਲੁਧਿਆਣਾ 16 ਅਪ੍ਰੈਲ (ਰਵਿੰਦਰ ਸਿੰਘ ਨਿੱਝਰ( ਪ੍ਰਾਇਮਰੀ ਅਧਿਆਪਕਾਂ ਦੀ ਜਥੇਬੰਦੀ ਸਰਕਾਰੀ ਪ੍ਰਾਇਮਰੀ ਐਲੀਮੈਂਟਰੀ ਟੀਚਰਜ਼ ਐਸੋਸੀਏਸ਼ਨ ਪੰਜਾਬ ( ਸਪੈਟਾ ) ਦੀ ਹੰਗਾਮੀ ਮੀਟਿੰਗ ਜਥੇਬੰਦੀ ਦੇ ਸਰਪ੍ਰਸਤ ਧੰਨਾ ਸਿੰਘ ਸਵੱਦੀ ਦੀ ਅਗਵਾਈ ਵਿੱਚ ਪੰਜਾਬੀ ਭਵਨ ਲੁਧਿਆਣਾ ਵਿਖੇ ਹੋਈ। ਮੀਟਿੰਗ ਵਿੱਚ ਧੰਨਾ ਸਿੰਘ ਸਵੱਦੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਸੇਵਾਵਾਂ ਨਿਭਾਅ ਰਹੇ ਸਮੁੱਚੇ ਅਧਿਆਪਕ ਵਰਗ ਦਾ 19 ਅਪ੍ਰੈਲ ਨੂੰ ਸਪੈਸ਼ਲ ਟੈੱਟ ਦਾ ਪੇਪਰ ਲੈ ਰਹੀ ਹੈ।ਸਰਕਾਰ ਵਲੋਂ ਪੰਜਾਬ ਦੇ ਸਾਰੇ ਅਧਿਆਪਕਾਂ ਦਾ ਪ੍ਰੀਖਿਆ ਕੇਂਦਰ ਚੰਡੀਗੜ੍ਹ ਵਿਖੇ ਬਣਾਏ ਗਏ ਹਨ। ਹੈਰਾਨੀ ਦੀ ਗੱਲ ਹੈ ਕਿ ਜਦੋਂ ਸਮੁੱਚੇ ਪੰਜਾਬ ਦੇ ਅਧਿਆਪਕਾਂ ਨੇ ਪੇਪਰ ਦੇਣਾ ਹੈ ਤਾਂ ਇਕੱਲੇ ਚੰਡੀਗੜ੍ਹ ਵਿਖੇ ਹੀ ਕਿਉਂ ਪ੍ਰੀਖਿਆ ਕੇਂਦਰ ਬਣਾਏ ਗਏ। ਇਹ ਪ੍ਰੀਖਿਆ ਜਿਲ੍ਹਾ ਪੱਧਰ ਤੇ ਵੀ ਵਧੀਆ ਢੰਗ ਨਾਲ ਕਰਵਾਈ ਜਾ ਸਕਦੀ ਸੀ। ਪੰਜਾਬ ਸਰਕਾਰ ਵਲੋਂ ਇਹ ਨਾਦਰਸ਼ਾਹੀ ਫੁਰਮਾਨ ਜਾਰੀ ਕਰਕੇ ਸਮੁੱਚੇ ਪੰਜਾਬ ਦੇ ਅਧਿਆਪਕਾਂ ਦਾ ਮਨੋ ਬਲ ਡੇਗਣ ਦਾ ਯਤਨ ਕੀਤਾ ਗਿਆ ਹੈ।ਬਾਰਡਰ ਏਰੀਏ ਦੇ ਅਧਿਆਪਕਾਂ ਨੂੰ ਇਹ ਪ੍ਰੀਖਿਆ ਦੇਣ ਲਈ 400-500 ਕਿਲੋਮੀਟਰ ਦਾ ਸਫ਼ਰ ਤੈਅ ਕਰਨਾ ਪਵੇਗਾ। ਸਪੈਟਾ ਜਥੇਬੰਦੀ ਵਲੋਂ ਪੰਜਾਬ ਸਰਕਾਰ ਨੂੰ ਪੁਰਜ਼ੋਰ ਅਪੀਲ ਹੈ ਕਿ ਅਧਿਆਪਕਾਂ ਦੇ ਮਨਾਂ ਵਿੱਚੋ ਦਹਿਸ਼ਤ ਦਾ ਛਾਇਆ ਖ਼ਤਮ ਕਰਨ ਲਈ ਪ੍ਰੀਖਿਆ ਕੇਂਦਰ ਜਿਲ੍ਹਾ ਪੱਧਰ ਤੇ ਬਣਾਏ ਜਾਣ। ਅੱਜ ਇਸ ਮੀਟਿੰਗ ਦੌਰਾਨ ਸ਼ੇਰ ਸਿੰਘ ਛਿੱਬਰ ਸੂਬਾ ਪ੍ਰਧਾਨ,ਸਰਬਜੀਤ ਸਿੰਘ ਚੌਂਕੀਮਾਨ,ਪ੍ਰਭਦਿਆਲ ਸਿੰਘ ਹਨੀ, ਕੁਲਦੀਪ ਸਿੰਘ ਮਾਹੌਲੀ, ਦਵਿੰਦਰ ਸਿੰਘ ਖਾਨਪੁਰ, ਸਤਵੰਤ ਸਿੰਘ ਲੁਹਾਰਾ,ਤੇਜਪਾਲ ਕਲੇਰ, ਕਮਲਜੀਤ ਸਿੰਘ ਲਾਇਲ,ਕੁਲਦੀਪ ਸਿੰਘ ਹਸਨਪੁਰ, ਜਸਵਿੰਦਰਪਾਲ ਕੰਗ, ਬਿੱਕਰ ਸਿੰਘ,ਸੰਦੀਪ ਕੁਮਾਰ ਆਦਿ ਅਧਿਆਪਕ ਆਗੂ ਹਾਜ਼ਰ ਹੋਏ।

# ਪੈਰਾਗੋਨ ਸਕੂਲ ਦੇ ਗੁਰਬਖ਼ਸ਼ ਸਿੰਘ ਨੇ 98.8 ਫ਼ੀਸਦੀ ਅੰਕ ਹਾਸਲ ਕੀਤੇ

ਡੇਹਲੋਂ/ਲੁਧਿਆਣਾ, 16 ਅਪ੍ਰੈਲ (ਸੰਜੀਵ ਲਹਿਲ) : ਪੈਰਾਗੋਨ ਇੰਟਰਨੈਸ਼ਨਲ ਸਕੂਲ, ਡੇਹਲੋਂ ਦੇ ਦਸਵੀਂ ਕਲਾਸ ਦੇ ਨਤੀਜੇ ਇਸ ਸਾਲ ਬੇਹੱਦ ਸ਼ਾਨਦਾਰ ਰਹੇ ਹਨ। ਸਕੂਲ ਦੇ ਵਿਦਿਆਰਥੀਆਂ ਨੇ ਉੱਚ ਅੰਕ ਪ੍ਰਾਪਤ ਕਰਕੇ ਇਲਾਕੇ ਵਿੱਚ ਆਪਣਾ ਦਬਦਬਾ ਕਾਇਮ ਕੀਤਾ ਹੈ।



ਗੁਰਬਖ਼ਸ਼ ਸਿੰਘ ਨੇ 98.8% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਜਿਆਨਪ੍ਰੀਤ ਕੌਰ ਗਿੱਲ ਨੇ 97.8% ਨਾਲ ਦੂਜਾ ਅਤੇ ਏਕਮਜੋਤ ਕੌਰ ਨੇ 95.2% ਨਾਲ ਤੀਜਾ ਸਥਾਨ ਹਾਸਲ ਕੀਤਾ।

ਸਕੂਲ ਮੈਨੇਜਮੈਂਟ ਵੱਲੋਂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਪਹਿਲਾ ਸਥਾਨ ਹਾਸਲ ਕਰਨ ਵਾਲੇ ਗੁਰਬਖ਼ਸ਼ ਨੂੰ ਦੁਬਈ ਦਾ ਟੂਰ ਸਪਾਂਸਰ ਕੀਤਾ ਗਿਆ ਹੈ, ਜੋ ਉਸ ਦੀ ਮਿਹਨਤ ਦਾ ਵੱਡਾ ਸਨਮਾਨ ਹੈ।

ਸਕੂਲ ਦੇ ਪ੍ਰਿੰਸੀਪਲ ਅਤੇ ਅਧਿਆਪਕਾਂ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਉਨ੍ਹਾਂ ਦੀ ਲਗਨ ਅਤੇ ਮਿਹਨਤ ਦਾ ਨਤੀਜਾ ਹਨ। ਮਾਤਾ-ਪਿਤਾ ਵੱਲੋਂ ਵੀ ਬੱਚਿਆਂ ਦੀ ਕਾਮਯਾਬੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।

ਇਸ ਮੌਕੇ 'ਤੇ ਸਕੂਲ ਵਿੱਚ ਸਮਾਰੋਹ ਦਾ ਆਯੋਜਨ ਕਰਕੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਰਹੀ ਹੈ ਅਤੇ ਹਰ ਪਾਸੇ ਵਿਦਿਆਰਥੀਆਂ ਦੀ ਕਾਮਯਾਬੀ ਦੀ ਚਰਚਾ ਹੋ ਰਹੀ ਹੈ।

# ਦਸਵੀਂ ਜਮਾਤ ਦੀ ਬੋਰਡ ਪ੍ਰੀਖਿਆ ਵਿੱਚ ਅੰਮ੍ਰਿਤ ਇੰਡੋ ਕੈਨੇਡੀਅਨ ਅਕੈਡਮੀ ਦਾ ਸ਼ਾਨਦਾਰ ਪ੍ਰਦਰਸ਼ਨ



ਲੁਧਿਆਣਾ, 16 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਅੰਮ੍ਰਿਤ ਇੰਡੋ ਕੈਨੇਡੀਅਨ ਅਕੈਡਮੀ, ਲਾਦੀਆਂ ਖੁਰਦ, ਸੀਬੀਐਸਈ ਦਸਵੀਂ ਜਮਾਤ ਦੀ ਬੋਰਡ ਪ੍ਰੀਖਿਆ 2026 ਵਿੱਚ ਵਿਦਿਆਰਥੀਆਂ ਨੇ ਖੂਬ ਮੱਲਾਂ ਮਾਰੀਆਂ। ਸਮੁੱਚਾ ਨਤੀਜਾ ਬਹੁਤ ਹੀ ਸ਼ਲਾਘਾਯੋਗ ਰਿਹਾ। ਸਕੂਲ ਦੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀ ਵਿੱਚੋਂ ਸਰਗੁਣ ਕੌਰ 98.8 ਫੀਸਦੀ, ਐਵਾਗੀਸ਼ਾ ਭਾਟੀਆ 98.8 ਫੀਸਦੀ, ਵਿਧੀ ਕੰਡਿਆਰੇ 98.4 ਫੀਸਦੀ, ਹਿਮਾਂਸ਼ਿਕਾ 98 ਫੀਸਦੀ, ਹਰਕੀਰਤ ਸਿੰਘ ਚੀਮਾ ਅਤੇ ਰੂਹਾਨੀ 97.8 ਫੀਸਦੀ ਅੰਕ ਲੈਣ ਵਾਲੇ ਵਿਦਿਆਰਥੀਆਂ ਨੂੰ ਜਿਨ੍ਹਾਂ ਨੇ ਕਿ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਬੁਲਾਰੇ ਨੇ ਦੱਸਿਆ ਕਿ ਪ੍ਰੀਖਿਆ ਦੇਣ ਵਾਲੇ ਕੁੱਲ 254 ਵਿਦਿਆਰਥੀਆਂ ਵਿੱਚੋਂ, 60 ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ, ਅਤੇ 139 ਵਿਦਿਆਰਥੀਆਂ ਨੇ 80 ਫੀਸਦੀ ਤੋਂ 90 ਫੀਸਦੀ ਦੇ ਵਿਚਕਾਰ ਅੰਕ ਪ੍ਰਾਪਤ ਕੀਤੇ।

ਸਕੂਲ ਪ੍ਰਬੰਧਨ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ। ਪ੍ਰਧਾਨ ਹਰਮਿੰਦਰ ਸਿੰਘ ਅਤੇ ਪ੍ਰਿੰਸੀਪਲ ਜਸਕਿਰਨ ਕੌਰ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਮਾਣ ਪ੍ਰਗਟ ਕੀਤਾ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਹਿਊਮਨ ਰਾਈਟ ਕੌਂਸਲ ਦੀ ਟੀਮ ਸਰਬਜੀਤ ਸਿੰਘ ਦੇ ਘਰ ਪਹੁੰਚੀ



ਲੁਧਿਆਣਾ, 16 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਹਿਊਮਨ ਰਾਈਟ ਕੌਂਸਲ ਦੀ ਟੀਮ ਅੱਜ ਸਤਵਿੰਦਰ ਸਿੰਘ ਮਠਾੜੂ ਕਾਰਜਕਾਰੀ ਪ੍ਰਧਾਨ ਪੰਜਾਬ ਦੀ ਅਗਵਾਈ ਵਿੱਚ ਸਰਬਜੀਤ ਸਿੰਘ ਬਿੰਦਰਾ ਦੀ ਦੁਗਰੀ ਸਥਿਤ ਰਿਹਾਇਸ਼ ਵਿਖੇ ਪਹੁੰਚੀ, ਜੋ ਕਿ ਤਿੰਨ ਅਪ੍ਰੈਲ ਦੀ ਰਾਤ ਨੂੰ ਪੰਜਾਬ ਪੁਲਿਸ ਥਾਣਾ ਡਿਵੀਜ਼ਨ ਨੰਬਰ ਛੇ ਦੇ ਐਸਐਚਓ ਵਿਜੇ ਕੁਮਾਰ ਦੇ ਜ਼ੁਲਮਾਂ ਦਾ ਸ਼ਿਕਾਰ ਹੋਏ ਸਨ। ਜਨਰਲ ਸਕੱਤਰ ਪੰਜਾਬ ਮਨਜੀਤ ਸਿੰਘ ਅਰੋੜਾ, ਕ੍ਰਿਪਾਲ ਸਿੰਘ ਸਹਾਰਾ, ਜਗਜੀਤ ਸਿੰਘ ਬਬਰਾ ਅਤੇ ਜ਼ਿਲ੍ਹਾ ਪ੍ਰਧਾਨ ਵਿਵੇਕ ਬਖਸ਼ੀ ਨੇ ਪੀੜਤ ਬਿੰਦਰਾ ਪਰਿਵਾਰ ਤੋਂ ਸਾਰੀ ਜਾਣਕਾਰੀ ਇਕੱਤਰ ਕੀਤੀ ਅਤੇ ਪਰਿਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਉਹਨਾਂ ਨੂੰ ਪੂਰਾ ਇਨਸਾਫ ਦਵਾਇਆ ਜਾਏਗਾ। ਹਿਊਮਨ ਰਾਈਟ ਕੌਂਸਲ ਨੇ ਮਿਤੀ 22 ਮਈ ਨੂੰ ਸਬੰਧਤ ਮੁਲਜ਼ਮਾਂ ਐਸਐਚਓ ਸਮੇਤ ਅਤੇ ਪੀੜਤ ਸਰਬਜੀਤ ਬਿੰਦਰਾ ਨੂੰ ਚੰਡੀਗੜ੍ਹ ਸਥਿਤ ਦਫਤਰ ਵਿਖੇ ਪਹੁੰਚਣ ਲਈ ਸੰਮਨ ਜਾਰੀ ਕੀਤੇ ਹਨ।

# ਗੁਰਿੰਦਰਪਾਲ ਸਿੰਘ ਪੱਪੂ ਦੀ ਯਾਦ ਵਿੱਚ ਲੱਗਾ ਮੁਫ਼ਤ ਡਾਕਟਰੀ ਜਾਂਚ ਕੈਂਪ ਲਗਾਇਆ



ਲੁਧਿਆਣਾ, 16 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਖਾਲਸੇ ਦੇ ਜਨਮ ਦਿਹਾੜੇ ਨੂੰ ਸਮਰਪਿਤ ਤੇ ਸਵ: ਜਥੇਦਾਰ ਗੁਰਿੰਦਰਪਾਲ ਸਿੰਘ ਪੱਪੂ ਯਾਦ ਵਿੱਚ ਗੁਰਦੁਆਰਾ ਭਗਤ ਚੇਤ ਰਾਮ ਫੀਲਡ ਗੰਜ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ, ਜਿਸਦਾ ਉਦਘਾਟਨ ਵਿਧਾਇਕ ਅਸ਼ੋਕ ਪਾਰਸ਼ਰ ਪੱਪੀ ਨੇ ਕੀਤਾ। ਇਸ ਮੌਕੇ ਉਹਨਾਂ ਦੇ ਨਾਲ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਪ੍ਰਧਾਨ ਦਵਿੰਦਰ ਸਿੰਘ ਕਾਲਾ, ਚੇਅਰਮੈਨ ਐਡਵੋਕੇਟ ਗਗਨਪ੍ਰੀਤ ਸਿੰਘ, ਪੰਜਾਬ ਵਿਕਾਸ ਮੰਚ ਦੇ ਪ੍ਰਧਾਨ ਜਸਬੀਰ ਸਿੰਘ ਦੂਆ ਅਤੇ ਐਡਵੋਕੇਟ ਚੰਨਪ੍ਰੀਤ ਸਿੰਘ ਵੀ ਹਾਜ਼ਰ ਸਨ।ਮੈਡੀਕਲ ਕੈਂਪ ਵਿੱਚ ਡਾ: ਵੰਦਨਾ ਸ਼ਰਮਾ, ਪੰਕਜ, ਮਨੋਜ ਕੁਮਾਰ, ਰਵੀ ਸਿਆਲ, ਪ੍ਰਵੀਨ ਅਤੇ ਹਰਜਿੰਦਰ ਸਿੰਘ ਨੇ ਮਰੀਜ਼ਾਂ ਦਾ ਚੈਕਅਪ ਕਰਕੇ ਦਵਾਈਆਂ ਮੁਫ਼ਤ ਦਿੱਤੀਆਂ ਅਤੇ ਲੋੜਵੰਦ ਮਰੀਜ਼ਾਂ ਦੇ ਟੈਸਟ ਵੀ ਕੀਤੇ।ਇਸ ਮੌਕੇ ਗੁਰਦੁਆਰਾ ਕਮੇਟੀ ਅਤੇ ਸਵ: ਜਥੇਦਾਰ ਗੁਰਿੰਦਰਪਾਲ ਸਿੰਘ ਪੱਪੂ ਟੀਮ ਵੱਲੋਂ ਵਿਧਾਇਕ ਨੂੰ ਸਿਰਪਾਓ ਭੇਟ ਕਰ ਸਨਮਾਨਿਤ ਕੀਤਾ ਗਿਆ ਜਦਕਿ ਡਾਕਟਰਾਂ ਦੀ ਟੀਮ ਨੂੰ ਵਿਧਾਇਕ ਪੱਪੀ ਨੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੀਪ ਸਿੰਘ ਗੋਲਾ, ਮਨਮੋਹਨ ਸਿੰਘ ਮੋਹਣੀ, ਰਜੇਸ਼ ਗੁਪਤਾ, ਸਤਨਾਮ ਸਿੰਘ, ਅਮਰਜੀਤ ਸਿੰਘ ਬਿੱਟੂ, ਦਲਜੀਤ ਸਿੰਘ ਚਹਿਲ ਅਤੇ ਇੰਦਰਪ੍ਰੀਤ ਸਿੰਘ ਟਿਵਾਣਾ ਆਦਿ ਵੀ ਹਾਜ਼ਰ ਸਨ।

# ਪਿੰਡ ਧਰੌੜ ਵਿੱਚ ਲਟਕਦੀਆਂ ਬਿਜਲੀ ਤਾਰਾਂ ਬਣੀਆਂ ਮੌਤ ਦਾ ਜਾਲ, ਸਕੂਲੀ ਵੈਨਾਂ ਖ਼ਤਰੇ 'ਚ




ਸਾਹਨੇਵਾਲ/ਕੁਹਾੜਾ, 16 ਅਪ੍ਰੈਲ (ਕੁਲਦੀਪ ਸਿੰਘ ਕੁਹਾੜਾ) : ਸਾਹਨੇਵਾਲ ਦੇ ਨਜ਼ਦੀਕੀ ਪਿੰਡ ਧਰੌੜ ਵਿੱਚ ਲਟਕਦੀਆਂ ਬਿਜਲੀ ਤਾਰਾਂ ਨੇ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਸ਼ੁਰੂ ਕਰ ਦਿੱਤਾ ਹੈ। ਹਾਲਤ ਇਹ ਹੈ ਕਿ ਹਰ ਰੋਜ਼ ਸਕੂਲੀ ਵੈਨਾਂ ਇਨ੍ਹਾਂ ਖਤਰਨਾਕ ਤਾਰਾਂ ਹੇਠੋਂ ਲੰਘਦੀਆਂ ਹਨ, ਜਿੱਥੇ ਕਿਸੇ ਵੀ ਵੇਲੇ ਵੱਡਾ ਹਾਦਸਾ ਵਾਪਰ ਸਕਦਾ ਹੈ।

ਸਥਾਨਕ ਵਸਨੀਕਾਂ ਮੁਤਾਬਕ ਕਈ ਥਾਵਾਂ 'ਤੇ ਬਿਜਲੀ ਦੀਆਂ ਤਾਰਾਂ ਇੰਨੀ ਹੇਠਾਂ ਆ ਗਈਆਂ ਹਨ ਕਿ ਉਹ ਸਿੱਧਾ ਵੈਨਾਂ ਨਾਲ ਟਕਰਾ ਰਹੀਆਂ ਹਨ। ਮਾਪਿਆਂ ਵਿੱਚ ਭਾਰੀ ਗੁੱਸਾ ਅਤੇ ਡਰ ਦਾ ਮਾਹੌਲ ਹੈ, ਕਿਉਂਕਿ ਇਹ ਲਾਪਰਵਾਹੀ ਬੱਚਿਆਂ ਦੀ ਜਾਨ ਲਈ ਸਿੱਧਾ ਖਤਰਾ ਬਣੀ ਹੋਈ ਹੈ।

ਲੋਕਾਂ ਨੇ ਦੋਸ਼ ਲਗਾਇਆ ਕਿ ਬਾਰ-ਬਾਰ ਸ਼ਿਕਾਇਤਾਂ ਦੇ ਬਾਵਜੂਦ ਵੀ ਪੰਜਾਬ ਸਟੇਟ ਬਿਜਲੀ ਬੋਰਡ ਦੇ ਅਧਿਕਾਰੀ ਕੋਈ ਕਾਰਵਾਈ ਨਹੀਂ ਕਰ ਰਹੇ। ਕੀ ਵਿਭਾਗ ਕਿਸੇ ਵੱਡੇ ਹਾਦਸੇ ਦੀ ਉਡੀਕ ਕਰ ਰਿਹਾ ਹੈ? — ਇਹ ਸਵਾਲ ਹੁਣ ਹਰ ਘਰ ਵਿੱਚ ਗੂੰਜ ਰਿਹਾ ਹੈ।

ਪਿੰਡ ਵਾਸੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇ ਤੁਰੰਤ ਤਾਰਾਂ ਠੀਕ ਨਾ ਕੀਤੀਆਂ ਗਈਆਂ ਤਾਂ ਉਹ ਸੜਕਾਂ 'ਤੇ ਉਤਰ ਕੇ ਤਿੱਖਾ ਪ੍ਰਦਰਸ਼ਨ ਕਰਨਗੇ ਅਤੇ ਸੰਬੰਧਿਤ ਅਧਿਕਾਰੀਆਂ ਦਾ ਘੇਰਾਓ ਵੀ ਕੀਤਾ ਜਾਵੇਗਾ।

# ਵਿਜੀਲੈਂਸ ਬਿਊਰੋ ਵੱਲੋਂ 6,000 ਰੁਪਏ ਰਿਸ਼ਵਤ ਲੈਂਦਾ ਪ੍ਰਿੰਸੀਪਲ ਰੰਗੇ ਹੱਥੀਂ ਕਾਬੂ

ਚੰਡੀਗੜ੍ਹ/ਲੁਧਿਆਣਾ, 16 ਅਪ੍ਰੈਲ (ਵਿਸ਼ਾਲ ਸ਼ਰਮਾ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਕੈਂਪ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਅਜੀਤਸਰ ਮੋਹੀ ਜ਼ਿਲ੍ਹਾ ਲੁਧਿਆਣਾ (ਸਰਕਾਰੀ ਸਹਾਇਤਾ ਪ੍ਰਾਪਤ) ਵਿਖੇ ਤਾਇਨਾਤ ਪ੍ਰਿੰਸੀਪਲ ਗੁਰਮੀਤ ਸਿੰਘ ਨੂੰ 6,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਮੋਹਿਤ ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਕੋਵਿਡ ਦੇ ਸਮੇਂ ਦੌਰਾਨ 10ਵੀਂ ਜਮਾਤ ਪਾਸ ਕੀਤੀ ਸੀ ਅਤੇ ਉਸਨੂੰ ਅਜੇ ਤੱਕ 10ਵੀਂ ਜਮਾਤ ਪਾਸਿੰਗ ਸਰਟੀਫਿਕੇਟ ਨਹੀਂ ਮਿਲਿਆ ਸੀ। ਉਸਨੇ ਡੁਪਲੀਕੇਟ ਸਰਟੀਫਿਕੇਟ ਲਈ ਵੀ ਔਨਲਾਈਨ ਅਰਜ਼ੀ ਦਿੱਤੀ ਸੀ ਪਰ ਉਸਨੂੰ ਉਹ ਵੀ ਨਹੀਂ ਮਿਲਿਆ। ਇਸ ਤੋਂ ਬਾਅਦ ਉਸਨੇ ਆਪਣਾ ਮੈਟ੍ਰਿਕ ਸਰਟੀਫਿਕੇਟ ਲੈਣ ਲਈ ਆਪਣੇ ਸਕੂਲ ਦੇ ਪ੍ਰਿੰਸੀਪਲ ਕੋਲ ਪਹੁੰਚ ਕੀਤੀ। ਇਸ ਸਬੰਧ ਵਿੱਚ ਉਕਤ ਮੁਲਜ਼ਮ ਪ੍ਰਿੰਸੀਪਲ ਨੇ ਉਸ ਤੋਂ 15800 ਰੁਪਏ ਰਿਸ਼ਵਤ ਮੰਗੀ ਅਤੇ ਮੌਕੇ 'ਤੇ ਹੀ ਉਸਤੋਂ 10,000 ਰੁਪਏ ਰਿਸ਼ਵਤ ਲੈ ਵੀ ਲਈ। ਦੱਸਣਯੋਗ ਹੈ ਕਿ ਡੁਪਲੀਕੇਟ ਸਰਟੀਫਿਕੇਟ ਪ੍ਰਾਪਤ ਕਰਨ ਲਈ ਸਰਕਾਰੀ ਫੀਸ 900 ਰੁਪਏ ਅਤੇ ਤਤਕਾਲ ਸਰਕਾਰੀ ਫੀਸ 2000 ਰੁਪਏ ਹੈ।




ਰਿਸ਼ਵਤ ਦੇਣ ਲਈ ਤਿਆਰ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਲੁਧਿਆਣਾ ਕੋਲ ਪਹੁੰਚ ਕੀਤੀ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਪ੍ਰਿੰਸੀਪਲ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 6,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਡੀ.ਏ.ਵੀ. ਸਕੂਲ ਜਗਰਾਓਂ ਦਾ ਦਸਵੀਂ ਦਾ ਨਤੀਜਾ 100 ਫ਼ੀਸਦੀ ਰਿਹਾ

ਜਗਰਾਓਂ, 16 ਅਪ੍ਰੈਲ (ਵਿਸ਼ਾਲ ਅੱਤਰੇ, ਆਰੀਅਨ ਅੱਤਰੇ) : ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ, ਜਗਰਾਓਂ ਨੇ ਸੈਸ਼ਨ 2025-26 ਲਈ ਸੀ.ਬੀ.ਐਸ.ਈ. ਦਸਵੀਂ ਜਮਾਤ ਦੀ ਪ੍ਰੀਖਿਆ ਵਿੱਚ 100% ਨਤੀਜਾ ਪ੍ਰਾਪਤ ਕਰਕੇ ਵਿੱਦਿਅਕ ਉਤਕ੍ਰਿਸ਼ਟਤਾ ਦੇ ਇਤਿਹਾਸ ਵਿੱਚ ਇੱਕ ਹੋਰ ਸ਼ਾਨਦਾਰ ਮੀਲ-ਪੱਥਰ ਦਰਜ ਕੀਤਾ ਹੈ। ਅਡੋਲ ਵਚਨਬੱਧਤਾ ਅਤੇ ਵਿਦਵਤਾਪੂਰਨ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ, ਪ੍ਰੀਖਿਆ ਵਿੱਚ ਸ਼ਾਮਲ ਹੋਏ ਸਾਰੇ 127 ਵਿਦਿਆਰਥੀ ਸਫ਼ਲ ਹੋਏ, ਜਿਸ ਨਾਲ ਸੰਸਥਾ ਦਾ ਮਾਣ ਬੇਹੱਦ ਵਧਿਆ ਹੈ।ਇਹ ਨਤੀਜਾ ਪ੍ਰਭਾਵਸ਼ਾਲੀ ਵਿੱਦਿਅਕ ਮਿਆਰ ਨੂੰ ਦਰਸਾਉਂਦਾ ਹੈ, ਜਿਸ ਵਿੱਚ 18 ਵਿਦਿਆਰਥੀਆਂ ਨੇ 95% ਅਤੇ ਇਸ ਤੋਂ ਵੱਧ ਅੰਕ ਪ੍ਰਾਪਤ ਕੀਤੇ, 23 ਵਿਦਿਆਰਥੀਆਂ ਨੇ 90%-95% ਦੇ ਵਿਚਕਾਰ ਅੰਕ ਹਾਸਲ ਕੀਤੇ, ਅਤੇ 40 ਵਿਦਿਆਰਥੀਆਂ ਨੇ 80%-90% ਅੰਕ ਪ੍ਰਾਪਤ ਕੀਤੇ। ਅਸਾਧਾਰਨ ਵਿਸ਼ੇਸ਼ਤਾ ਨਾਲ ਅਗਵਾਈ ਕਰਦਿਆਂ, ਪੂਰੂ ਸਿੰਗਲਾ 98.6% ਅੰਕਾਂ ਨਾਲ ਸਕੂਲ ਟਾਪਰ ਰਹੀ, ਉਸ ਤੋਂ ਬਾਅਦ ਯੋਜਿਤ ਵਰਮਾ (98%), ਸੁਹਾਨੀ ਸਿੰਗਲਾ (97.6%), ਅਤੇ ਸਹਿਜਪ੍ਰੀਤ ਸਿੰਘ (97.4%) ਅੰਕ, ਸੁਖਮਨੀ ਨੇ 97.2% ਅੰਕ ਪ੍ਰਾਪਤ ਕੀਤੇ। ਇਹਨਾਂ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਲਗਨ ਅਤੇ ਸਮਰਪਣ ਦੀ ਮਿਸਾਲ ਹਨ। ਪ੍ਰਿੰਸੀਪਲ ਡਾ. ਵੇਦ ਵ੍ਰਤ ਪਲਾਹ ਦੀ ਦੂਰਅੰਦੇਸ਼ੀ ਅਗਵਾਈ, ਅਧਿਆਪਕਾਂ ਦੇ ਨਿਰੰਤਰ ਯਤਨਾਂ ਅਤੇ ਮਾਪਿਆਂ ਦੇ ਅਟੁੱਟ ਸਮਰਥਨ ਨੇ ਇਸ ਵੱਡੀ ਸਫਲਤਾ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਸਕੂਲ ਪ੍ਰਬੰਧਕਾਂ ਨੇ ਸਾਰੇ ਉਪਲਬਧੀਆਂ ਪ੍ਰਾਪਤ ਕਰਨ ਵਾਲਿਆਂ ਨੂੰ ਦਿਲੋਂ ਵਧਾਈਆਂ ਦਿੱਤੀਆਂ।



# ਨਗਰ ਨਿਗਮ ਕੋਲ ਆਪਣੀਆਂ ਗੱਡੀਆਂ ਵਿੱਚ ਤੇਲ ਪੁਆਉਣ ਲਈ ਵੀ ਪੈਸੇ ਨਹੀਂ : ਕਲੇਰ



ਲੁਧਿਆਣਾ, 16 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਕਾਂਗਰਸ ਦੇ ਬਲਾਕ ਪ੍ਰਧਾਨ ਅਤੇ ਕੌਂਸਲਰ ਦੇ ਪਤੀ ਹਰਵਿੰਦਰ ਸਿੰਘ ਕਲੇਰ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਆਪਣੇ ਆਪ ਨੂੰ ਕੱਟੜ ਇਮਾਨਦਾਰ ਕਹਿਣ ਵਾਲੀ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਖਜ਼ਾਨੇ ਨੂੰ ਦੋਹਾਂ ਹੱਥਾਂ ਨਾਲ ਲੁੱਟ ਕੇ ਸਾਰੇ ਦੇਸ਼ ਵਿੱਚ ਆਪ ਦਾ ਪ੍ਰਚਾਰ ਕੀਤਾ ਹੈ ਅਤੇ ਪੰਜਾਬ ਦੇ ਮੁੱਖ ਮੰਤਰੀ . ਭਗਵੰਤ ਮਾਨ ਨੇ ਇਕ ਕੰਡਕਟਰ ਵਾਂਗ ਕੇਜਰੀਵਾਲ ਤੇ ਮਨੀਸ਼ ਸਿਸੋਦੀਆ ਨੂੰ ਪੰਜਾਬ ਦੇ ਜਹਾਜ ਤੇ ਅਤੇ ਪੰਜਾਬ ਦੇ ਖਰਚੇ ਤੇ ਸਾਰੇ ਦੇਸ਼ ਵਿੱਚ ਘੁਮਾਇਆ ਹੈ। ਜਿਸ ਦੇ ਸਿੱਟੇ ਵਜੋਂ ਪੰਜਾਬ ਸਿਰ ਲੱਗਭੱਗ ਸਵਾ ਚਾਰ ਲੱਖ ਕਰੋੜ ਰੁਪਏ ਦਾ ਕਰਜ਼ਾ ਚੜ੍ਹ ਗਿਆ। ਉਹਨਾਂ ਕਿਹਾ ਕਿ ਜਦ ਦਾ ਪੰਜਾਬ ਦੇ ਮੁੱਖ ਮੰਤਰੀ ਦਾ ਕਰਜੇ ਤੋਂ ਮੁਕਰਨ ਵਾਲਾ ਬਿਆਨ ਆਇਆ ਹੈ, ਉਦੋਂ ਤੋਂ ਨਗਰ ਨਿਗਮ ਲੁਧਿਆਣਾ ਨੂੰ ਪੈਟਰੋਲ ਪੰਪਾ ਦੇ ਮਾਲਕਾਂ ਨੇ ਉਧਾਰ ਤੇਲ ਦੇਣਾ ਬੰਦ ਕਰ ਦਿੱਤਾ ਹੈ ਅਤੇ ਪਿਛਲੇ ਪੈਸੇ ਦੀ ਮੰਗ ਸ਼ੁਰੂ ਕਰ ਦਿੱਤੀ ਹੈ। ਕਲੇਰ ਨੇ ਅੱਗੇ ਕਿਹਾ ਕਿ ਨਗਰ ਨਿਗਮ ਦੀਆਂ ਗੱਡੀਆਂ ਨੂੰ ਤੇਲ ਨਾਂ ਮਿਲਣ ਕਾਰਨ ਸ਼ਹਿਰ ਵਾਸੀ ਮੁਢਲੀਆਂ ਸਹੂਲਤਾਂ ਤੋਂ ਵੀ ਵਾਂਝੇ ਹੋ ਕੇ ਰਹਿ ਗਏ ਹਨ। ਜਿਸ ਦੇ ਤਹਿਤ ਨਾਂ ਤਾਂ ਸ਼ਹਿਰ ਦੀ ਸਫਾਈ ਹੋ ਰਹੀ ਹੈ ਅਤੇ ਨਾ ਹੀ ਲੋੜੀਂਦਾ ਸਮਾਂ ਇਕ ਥਾਂ ਤੋਂ ਦੂਜੀ ਥਾਂ 'ਤੇ ਪਹੁੰਚਾਇਆ ਜਾ ਰਿਹਾ ਹੈ। ਤੇਲ ਨਾ ਮਿਲਣ ਕਾਰਣ ਨਗਰ ਨਿਗਮ ਦੀ ਸਥਿਤੀ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ ਅਤੇ ਉਸ ਵਪਾਰੀ ਵਰਗੀ ਹੋ ਚੁੱਕੀ ਹੈ ਜਿਸ ਨੂੰ ਕੋਈ ਵੀ ਉਧਾਰ ਦੇ ਕੇ ਆਪਣੇ ਪੈਸੇ ਫਸਾਉਣਾ ਨਹੀਂ ਚਾਹੁੰਦਾ। ਉਨ੍ਹਾਂ ਨਗਰ ਨਿਗਮ ਅਧਿਕਾਰੀਆਂ ਅੱਗੇ ਪੁਰਜ਼ੋਰ ਸ਼ਬਦਾਂ ਰਾਹੀਂ ਮੰਗ ਕੀਤੀ ਕਿ ਪੰਪ ਮਾਲਕਾ ਦੇ ਪਿਛਲੇ ਉਧਾਰ ਵਾਲੇ ਪੈਸੇ ਜਲਦ ਤੋਂ ਜਲਦ ਦਿੱਤੇ ਜਾਣ ਤਾਂ ਜੋਂ ਨਗਰ ਨਿਗਮ ਲੁਧਿਆਣਾ ਵਾਸੀਆਂ ਨੂੰ ਘੱਟੋ ਘੱਟ ਮੁਢਲੀਆਂ ਸਹੂਲਤਾਂ ਦੇਣ ਦੇ ਕਾਬਲ ਹੋ ਸਕੇ। ਕਲੇਰ ਨੇ ਹੋਰ ਕਿਹਾ ਕਿ ਆਪ ਸਰਕਾਰ ਦੇ ਗਿਣਤੀ ਦੇ ਦਿਨ ਰਹਿ ਗਏ ਹਨ ਅਤੇ ਇਸ ਦੀ ਪੁੱਠੀ ਗਿਣਤੀ ਸ਼ੁਰੂ ਹੋ ਚੁੱਕੀ ਹੈ ਤੇ ਪੰਜਾਬ ਵਾਸੀ 2027 ਵਿੱਚ ਇਸ ਲੋਟੂ ਟੋਲੇ ਨੂੰ ਚਲਦਾ ਕਰਕੇ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਦਾ ਮਨ ਬਣਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਆਉਣ ਤੇ ਪੰਜਾਬ ਵਿਚ ਬਿਨਾਂ ਭੇਦ ਭਾਵ ਦੇ ਸਰਬਪੱਖੀ ਵਿਕਾਸ ਕਰਵਾਏ ਜਾਣਗੇ।

# ਯੂ.ਪੀ. ਅਤੇ ਹਰਿਆਣਾ 'ਚ ਮਜ਼ਦੂਰ ਸੰਘਰਸ਼ 'ਤੇ ਜਬਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ

ਲੁਧਿਆਣਾ, 16 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਲੁਧਿਆਣੇ ਦੀਆਂ ਜਨਤਕ ਜਮਹੂਰੀ ਜੱਥੇਬੰਦੀਆਂ ਜਿਹਨਾਂ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ , ਇਨਕਲਾਬੀ ਮਜ਼ਦੂਰ ਕੇਂਦਰ , ਤਰਕਸ਼ੀਲ ਸੁਸਾਇਟੀ ਪੰਜਾਬ, ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਲੁਧਿਆਣਾ ਸ਼ਾਮਲ ਹਨ , ਨੇ ਯੂ ਪੀ ਅਤੇ ਹਰਿਆਣਾ ਦੇ ਮਜ਼ਦੂਰਾਂ ਦੀ ਕੀਤੀ ਜਾਂਦੀ ਲੁੱਟ-ਖਸੁੱਟ ਅਤੇ ਪੁਲਿਸ ਜਬਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਜੱਥੇਬੰਦੀਆਂ ਦੇ ਆਗੂਆਂ ਜਸਵੰਤ ਜ਼ੀਰਖ, ਡਾ ਹਰਬੰਸ ਗਰੇਵਾਲ, ਅਜਮੇਰ ਦਾਖਾ, ਕਾ ਸੁਰਿੰਦਰ ਸਿੰਘ, ਬਲਵਿੰਦਰ ਸਿੰਘ, ਐਡਵੋਕੇਟ ਹਰਪ੍ਰੀਤ ਜ਼ੀਰਖ ਨੇ ਸਾਂਝੇ ਪ੍ਰੈਸ ਬਿਆਨ ਰਾਹੀਂ ਕਿਹਾ ਹੈ ਕਿ ਮਜ਼ਦੂਰਾਂ ਦੇ ਕੰਮ ਦੀਆਂ ਅਣ-ਮਨੁੱਖੀ ਕੰਮ ਹਾਲਤਾਂ ਅਤੇ ਘੱਟ ਤਨਖਾਹਾਂ ਵਿਰੁੱਧ ਮਜ਼ਦੂਰਾਂ ਅੰਦਰ ਲੰਮੇ ਸਮੇਂ ਤੋਂ ਪਨਪ ਰਹੀ ਬੇਚੈਨੀ ਸੰਘਰਸ਼ ਦੇ ਰੂਪ ਵਿਚ ਸਾਹਮਣੇ ਆਈ ਹੈ। ਉੱਤਰ ਪ੍ਰਦੇਸ਼ ਅਤੇ ਹਰਿਆਣਾ ਦੇ ਸ਼ਹਿਰਾਂ ਨੋਇਡਾ, ਮਾਨੇਸਰ, ਫਰੀਦਾਬਾਦ ਅਤੇ ਗੁੜਗਾਓਂ ਵਿਚ ਉਜਰਤਾਂ ਵਿਚ ਵਾਧੇ ਲਈ ਸੰਘਰਸ਼ ਕਰ ਰਹੇ ਮਜ਼ਦੂਰਾਂ ਦੀ ਹਾਲਤ ਸੁਧਾਰਨ ਦੀਆਂ ਮੰਗਾਂ ਮੰਨਣ ਦੀ ਥਾਂ ਸਰਕਾਰਾਂ ਵੱਲੋਂ ਜਬਰ ਦਾ ਰਾਹ ਫੜਿਆ ਗਿਆ। ਭਾਜਪਾ ਦੀ ਮੰਨੂਵਾਦੀ ਸਰਕਾਰ ਆਪਣੀ ਖ਼ਸਲਤ ਅਨੁਸਾਰ ਮਜ਼ਦੂਰਾਂ ਦੀਆਂ ਹੜਤਾਲਾਂ ਨੂੰ ਕੁਚਲਣ ਲਈ ਅੰਨ੍ਹੇ ਜਬਰ ਦੇ ਰਾਹ ਪੈ ਤੁਰੀ ਹੈ। ਇਹ ਹਮੇਸ਼ਾ ਹੀ ਮਜ਼ਦੂਰਾਂ ਉੱਪਰ ਜਬਰ ਢਾਹ ਕੇ ਪੂੰਜੀਪਤੀਆਂ ਦੀਆਂ ਤਿਜੋਰੀਆਂ ਮਾਲੋ ਮਾਲ ਕਰਨ ਨੂੰ ਤਰਜੀਹ ਦੇ ਰਹੀ ਹੈ । ਸਰਕਾਰ ਵੱਲੋਂ ਆਮ ਲੋਕਾਂ ਵਿਚ ਸੰਘਰਸ਼ ਪ੍ਰਤੀ ਸ਼ੰਕੇ ਖੜ੍ਹੇ ਕਰਨ ਲਈ ਇਹ ਜ਼ਹਿਰੀਲਾ ਬਿਰਤਾਂਤ ਸਿਰਜਿਆ ਗਿਆ ਹੈ ਕਿ ਇਨ੍ਹਾਂ ਹੜਤਾਲਾਂ ਪਿੱਛੇ ਨਕਸਲੀਆਂ ਅਤੇ ਪਾਕਿਸਤਾਨ ਦੀ ਆਈ ਐਸ ਆਈ ਦਾ ਹੱਥ ਹੈ। ਇਨ੍ਹਾਂ ਸ਼ਹਿਰਾਂ ਵਿਚ ਵੱਡੇ ਪੱਧਰ 'ਤੇ ਮਜ਼ਦੂਰਾਂ ਨੂੰ ਗ੍ਰਿਫਤਾਰ ਕਰਕੇ ਅਤੇ ਜੇਲ੍ਹਾਂ ਵਿਚ ਡੱਕ ਕੇ ਸੱਤਾ ਦਾ ਖ਼ੌਫ਼ ਪੈਦਾ ਕੀਤਾ ਜਾ ਰਿਹਾ ਹੈ। ਇਸੇ ਦੌਰਾਨ ਨੋਇਡਾ ਵਿਚ ਕਵੀ ਤਨੁਜ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਵਿਚ ਬੰਦ ਕਰ ਦਿੱਤਾ ਗਿਆ ਹੈ। ਇਸ ਹਕੂਮਤੀ ਦਹਿਸ਼ਤਵਾਦ ਵਿਰੁੱਧ ਸਾਰੀਆਂ ਹੀ ਜਮਹੂਰੀ, ਇਨਸਾਫ਼ਪਸੰਦ ਤਾਕਤਾਂ, ਲੇਖਕਾਂ-ਕਵੀਆਂ, ਕਲਾਕਾਰਾਂ, ਪੱਤਰਕਾਰਾਂ, ਵਕੀਲਾਂ ਆਦਿ ਨੂੰ ਡੱਟਕੇ ਆਵਾਜ਼ ਉਠਾਉਣ ਲਈ ਅੱਗੇ ਆਉਣਾ ਚਾਹੀਦਾ ਹੈ। ਆਗੂਆਂ ਨੇ ਮਜ਼ਦੂਰਾਂ ਦੇ ਸੰਘਰਸ਼ ਦੀ ਹਮਾਇਤ ਵਿਚ ਆਵਾਜ਼ ਉਠਾਉਂਦਿਆਂ ਨੋਇਡਾ, ਮਾਨੇਸਰ, ਫਰੀਦਾਬਾਦ ਅਤੇ ਗੁੜਗਾਓਂ ਵਿਚ ਗ੍ਰਿਫ਼ਤਾਰ ਕੀਤੇ ਕਾਰਕੁਨਾਂ ਤੇ ਮਜ਼ਦੂਰਾਂ ਨੂੰ ਤੁਰੰਤ ਬਿਨਾਂ ਸ਼ਰਤ ਰਿਹਾ ਕਰਨ , ਉਜ਼ਰਤਾਂ ਵਿਚ ਮਾਮੂਲੀ ਵਾਧਾ ਕਰਨ ਦਾ ਐਲਾਨ ਕਰਕੇ ਮਜ਼ਦੂਰਾਂ ਦੇ ਗੁੱਸੇ ਨੂੰ ਠੰਡਾ ਕਰਨ ਦੀਆਂ ਚਾਲਾਂ ਬੰਦ ਕਰਨ, ਮਜ਼ਦੂਰ ਸੰਘਰਸ਼ਾਂ ਉੱਪਰ ਜਬਰ ਬੰਦ ਕਰਨ ਅਤੇ ਉਨ੍ਹਾਂ ਦੇ ਕੰਮ ਦੀਆਂ ਸਖ਼ਤ ਹਾਲਤਾਂ ਅਨੁਸਾਰ ਉਜ਼ਰਤਾਂ ਵਿਚ ਵਾਧਾ ਕਰਨ ਅਤੇ ਮਨੁੱਖੀ ਨਿਯਮਾਂ ਅਨੁਸਾਰ ਹਾਲਾਤਾਂ ਸੁਧਾਰੇ ਜਾਣ ਲਈ ਆਵਾਜ਼ ਉਠਾ ਕੇ ਮਜ਼ਦੂਰਾਂ ਦੀਆਂ ਮੰਗਾਂ ਮਨਵਾਉਣ ਦੀ ਹਮਾਇਤ ਦਾ ਸੱਦਾ ਦਿੱਤਾ ਹੈ।

# ਸਪ੍ਰਿੰਗ ਡੇਲ ਸਕੂਲ ਦੇ ਵਿਦਿਆਰਥੀਆਂ ਵੱਲੋਂ ਦਸਵੀਂ ਵਿੱਚ ਸ਼ਾਨਦਾਰ ਪ੍ਰਾਪਤੀਆਂ




ਲੁਧਿਆਣਾ 16 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) ਸਪ੍ਰਿੰਗ ਡੇਲ ਪਬਲਿਕ ਸਕੂਲ, ਲੁਧਿਆਣਾ ਵਿੱਚ ਉਸ ਵੇਲੇ ਖੁਸ਼ੀ ਅਤੇ ਮਾਣ ਦਾ ਮਾਹੌਲ ਬਣ ਗਿਆ ਜਦੋਂ ਸਕੂਲ ਨੇ ਸੀਬੀਐਸਈ ਬੋਰਡ ਪਰੀਖਿਆ ਵਿੱਚ ਦਸਵੀਂ ਜਮਾਤ ਦੇ ਵਿਦਿਆਰਥੀਆਂ ਦੀ ਸ਼ਾਨਦਾਰ ਪ੍ਰਾਪਤੀ ਦਾ ਜਸ਼ਨ ਮਨਾਇਆ। ਇਸ ਕਾਬਿਲ-ਏ-ਤਾਰੀਫ਼ ਉਪਲਬਧੀ ਨੇ ਪੂਰੇ ਕੈਂਪਸ ਨੂੰ ਖੁਸ਼ੀਆਂ ਨਾਲ ਭਰ ਦਿੱਤਾ, ਜਿੱਥੇ ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਬੰਧਨ ਨੇ ਮਿਲ ਕੇ ਇਸ ਕਾਮਯਾਬੀ ਦੀ ਖੁਸ਼ੀ ਸਾਂਝੀ ਕੀਤੀ। ਇਸ ਮਾਣਯੋਗ ਮੌਕੇ ਨੂੰ ਯਾਦਗਾਰ ਬਣਾਉਣ ਲਈ ਪ੍ਰਾਪਤੀ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੇ ਸਨਮਾਨ ਵਿੱਚ ਵਿਸ਼ੇਸ਼ ਸਮਾਰੋਹ ਆਯੋਜਿਤ ਕੀਤਾ ਗਿਆ। ਸਮਾਰੋਹ ਦੌਰਾਨ ਖੁਸ਼ੀਆਂ, ਤਾਲੀਆਂ ਅਤੇ ਦਿਲੋਂ ਦਿੱਤੀਆਂ ਵਧਾਈਆਂ ਦਾ ਮਾਹੌਲ ਰਿਹਾ। ਪਰਮਾਤਮਾ ਦਾ ਸ਼ੁਕਰਾਨਾ ਅਦਾ ਕਰਨ ਲਈ ਡਿਵਿਨਿਟੀ ਹਾਲ ਵਿੱਚ ਵਿਸ਼ੇਸ਼ ਅਰਦਾਸ ਕਰਵਾਈ ਗਈ। ਚੇਅਰਪਰਸਨ ਸ਼੍ਰੀਮਤੀ ਅਵਿਨਾਸ਼ ਕੌਰ ਵਾਲੀਆ ਨੇ ਮੱਥਾ ਟੇਕ ਕੇ ਵਾਹਿਗੁਰੂ ਦਾ ਧੰਨਵਾਦ ਕੀਤਾ ਅਤੇ ਇਸ ਕਾਮਯਾਬੀ ਲਈ ਕ੍ਰਿਤਗ ?ਯਤਾ ਪ੍ਰਗਟ ਕੀਤੀ। ਚੇਅਰਪਰਸਨ ਸ਼੍ਰੀਮਤੀ ਅਵਿਨਾਸ਼ ਕੌਰ ਵਾਲੀਆ, ਡਾਇਰੈਕਟਰ ਸ਼੍ਰੀ ਮੰਦੀਪ ਵਾਲੀਆ ਅਤੇ ਸ਼੍ਰੀਮਤੀ ਕਮਲਪ੍ਰੀਤ, ਅਕਾਦਮਿਕ ਸਲਾਹਕਾਰ ਸ਼੍ਰੀਮਤੀ ਸੰਦੀਪ ਰੈਖੀ, ਡਿਪਟੀ ਡਾਇਰੈਕਟਰ ਸੋਨੀਆ ਵਰਮਾ ਅਤੇ ਪ੍ਰਿੰਸੀਪਲ ਅਨਿਲ ਸ਼ਰਮਾ ਨੇ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨੇ ਅਧਿਆਪਕਾਂ ਦੀ ਸਮਰਪਿਤ ਮਿਹਨਤ ਅਤੇ ਮਾਪਿਆਂ ਦੇ ਨਿਰੰਤਰ ਸਹਿਯੋਗ ਦੀ ਵੀ ਸਰਾਹਨਾ ਕੀਤੀ। ਇਸ ਮੌਕੇ ਨੂੰ ਯਾਦਗਾਰ ਬਣਾਉਂਦਾ ਹੋਇਆ ਸਪ੍ਰਿੰਗ ਡੇਲ ਪਬਲਿਕ ਸਕੂਲ, ਲੁਧਿਆਣਾ ਦੀ ਕਾਮਯਾਬੀਆਂ ਵਿੱਚ ਇੱਕ ਹੋਰ ਸੁਨਹਿਰਾ ਪੰਨਾ ਜੋੜ ਗਿਆ।

# ਬੂਟੇ ਲਗਾ ਕੇ ਬਜ਼ੁਰਗਾਂ ਦੀ ਯਾਦ ਮਨਾਉਣੀ ਵਧੀਆ ਉਪਰਾਲਾ : ਗੋਗਾ




ਲੁਧਿਆਣਾ 16 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਅੱਜ ਇੱਥੇ ਇੱਕ ਸਮਾਗਮ ਦੌਰਾਨ ਕੁਲਦੀਪ ਸਿੰਘ ਬਿੱਟੂ ਨੇ ਆਪਣੇ ਬਜ਼ੁਰਗਾਂ ਦੀ ਯਾਦ ਵਿੱਚ ਬੂਟੇ ਲਗਾਏ। ਇਸ ਮੌਕੇ ਸੀਨੀਅਰ ਆਪ ਨੇਤਾ, ਕੌਂਸਲਰ ਤੇ ਰਾਮਗੜੀਆ ਭਲਾਈ ਬੋਰਡ ਪੰਜਾਬ ਸਰਕਾਰ ਦੇ ਸਾਬਕਾ ਚੇਅਰਮੈਨ ਸੋਹਣ ਸਿੰਘ ਗੋਗਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ । ਇਸ ਮੌਕੇ ਸੰਬੋਧਨ ਕਰਦਿਆਂ ਸ ਗੋਗਾ ਨੇ ਆਖਿਆ ਕਿ ਬਹੁਤ ਮਨ ਨੂੰ ਸਕੂਨ ਮਿਲਿਆ ਅੱਜ ਦੇ ਸਮਾਗਮ ਵਿੱਚ ਆ ਕੇ ਜਿਥੇ ਇੱਕ ਲਾਇਕ ਪੁੱਤਰ ਕੁਲਵਿੰਦਰ ਸਿੰਘ ਬਿੱਟੂ ਨੇ 200 ਤੋਂ ਵੱਧ ਬੂਟੇ ਵੰਡੇ ਅਤੇ ਲਾਉਣ ਦਾ ਉਪਰਾਲਾ ਕੀਤਾ ਗਿਆ ਜਿਸ ਨਾਲ ਇੱਕ ਵਧੀਆ ਸੁਨੇਹਾ ਇਸ ਮਨੁੱਖਤਾ ਨੂੰ ਮਿਲਿਆ। ਬੂਟੇ ਲਾਉਣ ਨਾਲ ਵਾਤਾਵਰਨ ਤਾਂ ਸ਼ੁੱਧ ਹੁੰਦਾ ਹੀ ਹੈ ਠੰਡੀ ਛਾਂ ਅਤੇ ਆਕਸੀਜਨ ਵੀ ਮਿਲਦੀ ਹੈ। ਇਲਾਕੇ ਹਰੇ ਭਰੇ ਲੱਗਦੇ ਹਨ। ਸਾਨੂੰ ਵੀ ਇਸ ਸਮਾਗਮ ਤੋਂ ਸਿੱਖਣ ਦੀ ਲੋੜ ਹੈ ।ਉਹਨਾਂ ਦੇ ਨਾਲ ਅੰਮ੍ਰਿਤ ਸਿੰਘ, ਸੁਰਜੀਤ ਸਿੰਘ ਕਲਸੀ, ਬਲਵਿੰਦਰ ਸਿੰਘ, ਸਤਵੰਤ ਸਿੰਘ, ਮਨਜੀਤ ਸਿੰਘ, ਗੌਰੀ ਕਸ਼ਅਪ, ਕੁਲਦੀਪ ਸਿੰਘ, ਡਾ ਗਨੇਸ਼, ਹਰਦੀਪ ਸਿੰਘ, ਦਲਜੀਤ ਸਿੰਘ ਅਤੇ ਮਨਪ੍ਰੀਤ ਸਿੰਘ ਆਦਿ ਸਮੇਤ ਸੈਂਕੜੇ ਲੋਕ ਹਾਜ਼ਰ ਸਨ।




ਵਿਸਾਖੀ ਦੇ ਤਿਉਹਾਰ 'ਤੇ ਵਿਸ਼ਵ ਵਿਰਾਸਤੀ ਅਕਾਦਮੀ, ਵਿਸ਼ਵ ਪੰਜਾਬੀ ਸਭਾ ਕੈਨੇਡਾ ਤੇ ਅੰਤਰਰਾਸ਼ਟਰੀ ਸੱਭਿਆਚਾਰਕ ਮੰਚ ਵੱਲੋਂ ਲਗਾਏ

# ਕਵੀਆਂ ਦੇ ਮੇਲੇ ਵਿੱਚ ਰਾਸ਼ਟਰੀ ਤ੍ਰੈ-ਭਾਸ਼ਾਈ ਮੁਸ਼ਾਇਰਾਯਾਦਗਾਰੀ ਰਿਹਾ

## ਭਾਰਤ ਦੇ 100 ਤੋਂ ਵੱਧ ਕਵੀਆਂ ਨੇ ਲਿਆ ਭਾਗ, ਨਾਮੀ ਵਿਦਵਾਨ ਹਸਤੀਆਂ ਦੇਵਿੰਦਰ ਸੈਫ਼ੀ, ਡਾ. ਆਂਚਲ ਅਰੋੜਾ ਤੇ ਡਾਕਟਰ ਗੁਰਵੰਤ ਸਿੰਘ ਨੂੰ ਸਮਾਗਮ ਵਿੱਚ ਪੁਰਸਕਾਰਾਂ ਨਾਲ ਨਿਵਾਜਿਆ ਗਿਆ

ਅੰਮ੍ਰਿਤਸਰ/ਗੁਰਦਾਸਪੁਰ/ਪਟਿਆਲਾ, 16 ਅਪ੍ਰੈਲ (ਅਮਰਜੀਤ ਸਿੰਘ ) : ਵਿਸ਼ਵ ਵਿਰਾਸਤੀ ਅਕਾਦਮੀ (ਯੂ.ਐਸ.ਏ., ਕਨੇਡਾ, ਆਸਟਰੇਲੀਆ, ਭਾਰਤ, ਦੁਬਈ, ਜਰਮਨ, ਯੂ.ਕੇ.) ਦੇ ਚੇਅਰਮੈਨ ਡਾ. ਪਰਮਜੀਤ ਸਿੰਘ ਕਲਸੀ ਨੈਸ਼ਨਲ ਐਵਾਰਡੀ ਵੱਲੋਂ ਵਿਸ਼ਵ ਪੰਜਾਬੀ ਸਭਾ ਕਨੇਡਾ (ਰਜਿ.) ਦੀ ਭਾਰਤ ਇਕਾਈ ਦੇ ਪ੍ਰਧਾਨ ਸਤਬੀਰ ਸਿੰਘ ਸਮਾਜ ਸੇਵੀ ਅਤੇ ਅੰਤਰਰਾਸ਼ਟਰੀ ਸੱਭਿਆਚਾਰਕ ਮੰਚ ਦੇ ਕੌਮੀ ਪ੍ਰਧਾਨ ਬਲਵਿੰਦਰ ਕੌਰ ਪੰਡੋਰੀ ਦੇ ਸਹਿਯੋਗ ਨਾਲ ਅਮੀਰਾ ਫ਼ਾਰਮ, ਏਅਰਪੋਰਟ ਰੋਡ, ਅੰਮ੍ਰਿਤਸਰ ਵਿਖੇ ਵਿਸਾਖੀ ਦੇ ਤਿਉਹਾਰ 'ਤੇ ਰਾਸ਼ਟਰੀ ਪੱਧਰ ਦਾ ਤ੍ਰੈ-ਭਾਸ਼ਾਈ (ਪੰਜਾਬੀ, ਹਿੰਦੀ, ਉਰਦੂ) ਮੁਸ਼ਾਇਰਾ ਕਰਵਾ ਕੇ ਕਵੀਆਂ ਦਾ ਮੇਲਾ ਲਗਾਇਆ ਗਿਆ, ਜਿਸ ਵਿੱਚ ਪੂਰੇ ਭਾਰਤ ਵਿੱਚੋਂ ਸੌ ਤੋਂ ਵੱਧ ਕਵੀਆਂ ਨੇ ਭਾਗ ਲਿਆ। ਇਸ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਯੂਥ ਸੇਵਾਵਾਂ ਵਿਭਾਗ ਦੇ ਡਾਇਰੈਕਟਰ ਡਾ. ਅਮਨਦੀਪ ਸਿੰਘ ਤੇ ਸ਼੍ਰੋਮਣੀ ਪੰਜਾਬੀ ਕਵੀ ਡਾ. ਰਵਿੰਦਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦੋਂ ਕਿ ਡਾਕਟਰ ਕੁਲਬੀਰ ਸਿੰਘ ਸੂਰੀ, ਸਮਾਜ ਸੇਵੀ ਸਤਬੀਰ ਸਿੰਘ, ਮੈਨੇਜਰ ਅਤਰ ਸਿੰਘ ਗ਼ਜ਼ਲਗੋ, ਡਾ. ਸਰਵਣ ਸਿੰਘ ਵਿਦਵਾਨ ਆਲੋਚਕ, ਕਹਾਣੀਕਾਰ ਦੇਵਿੰਦਰ ਦੀਦਾਰ, ਫ਼ਿਲਮੀ ਅਦਾਕਾਰ ਅਰਵਿੰਦਰ ਭੱਟੀ, ਜ਼ਿਲ੍ਹਾ ਸਿੱਖਿਆ ਅਫ਼ਸਰ ਤੇ ਸ਼ਾਇਰ ਹਰਪਾਲ ਸਿੰਘ ਸੰਧਾਵਾਲੀਆ ਸਟੇਟ ਐਵਾਰਡੀ, ਸਮਾਜ ਸੇਵੀ ਰਜਿੰਦਰ ਸ਼ਰਮਾ ਤੇ ਮਹਿਕਪ੍ਰੀਤ ਸਿੰਘ ਜਨਰਲ ਸਕੱਤਰ ਅੰਤਰਰਾਸ਼ਟਰੀ ਸੱਭਿਆਚਾਰਕ ਮੰਚ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਜ਼ਿਲ੍ਹਾ ਭਾਸ਼ਾ ਅਫ਼ਸਰ (ਸਾ.) ਗੁਰਦਾਸਪੁਰ ਤੇ ਅੰਮ੍ਰਿਤਸਰ ਡਾ. ਪਰਮਜੀਤ ਸਿੰਘ ਕਲਸੀ ਨੈਸ਼ਨਲ ਐਵਾਰਡੀ ਨੇ ਇਸ ਰਾਸ਼ਟਰੀ ਮੁਸ਼ਾਇਰੇ ਦੀ ਪ੍ਰਧਾਨਗੀ ਅਤੇ ਸਰਪ੍ਰਸਤੀ ਕੀਤੀ। ਕੌਮੀ ਪ੍ਰਧਾਨ ਸਤਬੀਰ ਸਿੰਘ ਨੇ ਆਏ ਸ਼ਾਇਰਾਂ ਤੇ ਵਿਦਵਾਨ ਹਸਤੀਆਂ ਨੂੰ ਜੀ ਆਇਆਂ ਕਿਹਾ, ਜਦੋਂ ਕਿ ਡਾਕਟਰ ਕਲਸੀ ਨੇ ਸਮਾਰੋਹ ਰੂਪ-ਰੇਖਾ ਤੋਂ ਵਾਕਫ਼ ਕਰਵਾ ਕੇ ਸਮਾਰੋਹ ਦਾ



ਰਸਮੀ ਅਗ਼ਾਜ਼ ਕੀਤਾ। ਸ਼ੁਰੂਆਤ ਵਿੱਚ ਗੁਰਜੈਪਾਲ ਸਿੰਘ ਐੱਸ. ਡੀ. ਓ. ਦੀ ਸ਼ਾਇਰੀ ਦੀ ਪਲੇਠੀ ਪੁਸਤਕ ਗੀਤ ਦੀ ਮੌਤ ਅਤੇ ਡਾਕਟਰ ਗੁਰਚਰਨ ਗਾਂਧੀ ਦੀ ਪਤ੍ਰਿਕਾ ਸੂਹੀ ਸਵੇਰ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ ਤੇ ਪ੍ਰਧਾਨਗੀ ਮੰਡਲ ਵੱਲੋਂ ਲੋਕ-ਅਰਪਣ ਕੀਤੇ ਗਏ। ਉਪਰੰਤ ਆਧੁਨਿਕ ਪੰਜਾਬੀ ਕਵਿਤਾ ਦੇ ਖੇਤਰ ਵਿੱਚ ਵਡਮੁੱਲੀਆਂ ਉਪਲਬਧੀਆਂ ਕਾਰਨ ਨਾਮੀ ਸ਼ਾਇਰ ਦੇਵਿੰਦਰ ਸੈਫ਼ੀ ਨੂੰ ਪੰਜਾਬੀ ਕਵਿਤਾ ਰਤਨ ਪੁਰਸਕਾਰ ਸਨਮਾਨ ਸਹਿਤ ਪ੍ਰਦਾਨ ਕੀਤਾ ਗਿਆ, ਜਦੋਂ ਕਿ ਬਹੁਪੱਖੀ ਖੇਤਰ ਦੀਆਂ ਅੰਤਰਰਾਸ਼ਟਰੀ ਪੱਧਰ ਵਾਲੀਆਂ ਉਪਲਬਧੀਆਂ ਹਿੱਤ ਡਾਕਟਰ ਆਂਚਲ ਅਰੋੜਾ (ਸਹਾਇਕ ਪ੍ਰੋਫ਼ੈਸਰ, ਕਾਮਰਸ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ) ਨੂੰ ਰਤਨ-ਏ-ਪੰਜਾਬ (ਵਿਰਾਸਤੀ) ਪੁਰਸਕਾਰ ਅਤੇ ਉੱਘੇ ਵਿਦਵਾਨ ਆਲੋਚਕ ਡਾਕਟਰ ਗੁਰਵੰਤ ਸਿੰਘ ਨੂੰ ਪੰਜਾਬੀ ਆਲੋਚਨਾ ਰਤਨ ਪੁਰਸਕਾਰ ਪ੍ਰਦਾਨ ਕੀਤਾ ਗਿਆ। ਹਾਜ਼ਰ ਕਵੀਆਂ ਵਿੱਚੋਂ ਗ਼ਜ਼ਲਗੋ ਕਮਲਜੀਤ ਸਿੰਘ ਕਮਲ, ਪ੍ਰਿੰ. ਅਵਤਾਰ ਸਿੰਘ ਸਿੱਧੂ, ਡਾਕਟਰ ਗੁਰਚਰਨ ਗਾਂਧੀ, ਜਸਬੀਰ ਸਿੰਘ ਝਬਾਲ, ਗ਼ਜ਼ਲਗੋ ਮੈਨੇਜਰ ਅਤਰ ਸਿੰਘ, ਡਾਕਟਰ ਸਰਵਣ ਸਿੰਘ, ਕਰਨੈਲ ਸਿੰਘ ਅਸਪਾਲ (ਹਰਿਆਣਾ), ਡਾਕਟਰ ਰੂਬੀ ਆਰਾ (ਜੇ.ਕੇ.), ਰਾਮ ਸਿੰਘ (ਹਿਮਾਚਲ), ਦੇਵਿੰਦਰ ਸੈਫ਼ੀ (ਫਰੀਦਕੋਟ), ਡਾਕਟਰ ਗੁਰਕਿਰਪਾਲ ਸਿੰਘ ਕਾਹਲੋਂ, ਦੁੱਗਲ ਗੁਲਾਟੀ (ਦਿੱਲੀ), ਹਰਪਾਲ ਸਿੰਘ ਸੰਧਾਵਾਲੀਆ ਸਟੇਟ ਐਵਾਰਡੀ (ਤਰਨਤਾਰਨ), ਐੱਸ. ਪ੍ਰਸ਼ੋਤਮ ਸਿੰਘ (ਅੰਮ੍ਰਿਤਸਰ), ਦੁੱਖਭੰਜਨ (ਪੁਰਤਗਾਲ), ਹਰਜੀਤ ਕੌਰ ਬੰਮਰਾਹ (ਕਨੇਡਾ), ਰਮੇਸ਼ ਜਾਨੂੰ, ਡਾਕਟਰ ਜਸਵਿੰਦਰ ਕੌਰ, ਡਾਕਟਰ ਰਮਨਦੀਪ ਸਿੰਘ ਦੀਪ (ਗੁਰਦਾਸਪੁਰ), ਡਾਕਟਰ ਸੈਲੀ ਬਲਜੀਤ (ਪਠਾਨਕੋਟ), ਅਸ਼ੋਕ ਹਸਤੀਰ ਉਰਦੂ ਗ਼ਜ਼ਲਗੋ, ਰਾਜਬੀਰ ਕੌਰ ਗਰੇਵਾਲ, ਹਰਪ੍ਰੀਤ ਕੌਰ ਮੀਤ, ਧਰਮਿੰਦਰ ਔਲਖ, ਮੱਖਣ ਭੈਣੀਵਾਲਾ, ਅਸ਼ੋਕ ਭਗਤ, ਭੁਪਿੰਦਰ ਸਿੰਘ, ਸਤਿੰਦਰ ਸਿੰਘ ਓਠੀ, ਜਸਵੰਤ ਧਾਪ, ਪੰਥਕ ਕਵੀ ਕੁਲਦੀਪ ਸਿੰਘ ਦਰਾਜਕੇ, ਜੋਤੀ ਭਗਤ, ਵਿਜੇ ਅਗਨੀਹੋਤਰੀ, ਸੁੱਚਾ ਸਿੰਘ ਕਾਮਰੇਡ, ਡਾ. ਰੀਵਾ ਦਰਿਆ, ਡਾ. ਪ੍ਰਭਜੋਤ ਕੌਰ, ਭੁਪਿੰਦਰ ਸਿੰਘ ਸੰਧੂ, ਗੁਰਜੈਪਾਲ ਸਿੰਘ ਬਟਾਲਵੀ, ਡਾਕਟਰ ਜਸਵਿੰਦਰ ਕੌਰ, ਜਤਿੰਦਰ ਗਰੋਵਰ, ਡਾਕਟਰ ਆਤਮਾ ਸਿੰਘ ਗਿੱਲ, ਕੰਵਲਜੀਤ ਕੌਰ, ਗੁਰਜੀਤ ਕੌਰ ਅਜਨਾਲਾ, ਕੁਲਦੀਪ ਸਿੰਘ ਕਾਂਘੜਾ, ਬੂਟਾ ਰਾਮ ਆਜ਼ਾਦ, ਡਾ. ਪੂਰਨਿਮਾ ਰਾਏ, ਸੂਫ਼ੀ ਗਾਇਕਾ ਰਾਜ ਜੰਨਤ, ਪੰਜਾਬੀ ਗਾਇਕ ਔਜਲਾ ਬ੍ਰਦਰਜ਼, ਬਾਬਾ ਬੀਰਾ, ਪ੍ਰਿੰ. ਸੁਖਬੀਰ ਸਿੰਘ, ਬਖਸ਼ਿਸ਼ ਬੀਸਾ ਫ਼ਿਰੋਜ਼ਪੁਰ, ਬਲਜੀਤ ਕੌਰ, ਦਵਿੰਦਰ ਸਿੰਘ ਭੋਲਾ ਬਲਜੀਤ ਸਿੰਘ ਗਰੋਵਰ ਜੰਡਿਆਲਾ ਸੁਖਰਾਜ ਕੌਰ, ਅਮਨਦੀਪ ਕੌਰ, ਨਵਦੀਪ ਕੌਰ ਆਦਿ ਸੈਂਕੜੇ ਸ਼ਾਇਰਾਂ ਨੇ ਸ਼ਿੱਦਤ ਨਾਲ ਭਾਗ ਲਿਆ। ਮੌਕੇ 'ਤੇ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨਾਂ, ਵਿਸ਼ੇਸ਼ ਮਹਿਮਾਨਾਂ, ਪ੍ਰਧਾਨਗੀ ਮੰਡਲ, ਪ੍ਰਬੁੱਧ ਸ਼ਾਇਰਾਂ ਨੂੰ ਸਨਮਾਨ ਲੋਈ, ਸਨਮਾਨ-ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰਾਂ/ਭਾਗੀਦਾਰੀ ਪੱਤਰਾਂ ਨਾਲ ਸਨਮਾਨਿਤ ਕਰਕੇ ਉਹਨਾਂ ਨੂੰ ਹੋਰ ਉਸਾਰੂ ਸਾਹਿਤਕ ਕਾਰਜਾਂ ਲਈ ਪ੍ਰੇਰਿਤ ਕੀਤਾ।

## ਪੀੜਤਾ ਔਰਤਾਂ ਹੋਈਆਂ ਮਹਿਲਾ ਕਮਿਸ਼ਨ ਦੇ ਪੇਸ਼:

ਬਾਬਾ ਬਕਾਲਾ ਸਾਹਿਬ,16,ਅਪ੍ਰੈਲ (ਬਲਰਾਜ ਸਿੰਘ ਰਾਜਾ) ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਸੀਨੀਅਰ ਵਾਈਸ ਚੇਅਰਪਰਸਨ ਬੀਬਾ ਗੀਤਾ ਗਿੱਲ ਨੇ ਅੱਜ ਇਥੋਂ ਵੱਖ ਵੱਖ ਮਾਮਲਿਆਂ 'ਚ ਪੀੜਤ ਔਰਤਾਂ ਨਾਲ ਮੁਲਾਕਾਤ ਕੀਤੀ।ਚੇਤੇ ਰਹੇ ਕਿ ਗੀਤਾ ਗਿੱਲ ਅੱਜ ਇਥੇਂ ਸਾਦੇ ਪਰ ਪ੍ਰਭਾਵਸ਼ਾਲੀ ਪ੍ਰੋਗਰਾਮ 'ਚ ਸ਼ਾਮਲ ਹੋਣ ਲਈ ਪਹੁੰਚੇ ਸਨ।ਜਿਥੇ ਉਹਨਾ ਨੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਦੀ ਅਗਵਾਈ ਹੇਠ ਅੱਧਾ ਦਰਜਨ ਦੇ ਕਰੀਬ ਮਹਿਲਾਵਾਂ ਨੂੰ ਸੁਣਿਆ।ਪ੍ਰੈਸ ਨੂੰ ਖਬਰ ਨਸ਼ਰ ਕਰਦਿਆਂ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਸੀਨੀਅਰ ਵਾਈਸ ਚੇਅਰਪਰਸਨ ਬੀਬਾ ਗੀਤਾ ਗਿੱਲ ਨੇ ਦੱਸਿਆ ਕਿ ਇਥੇਂ ਮੈਨੂੰ ਮਿਲਣ ਵਾਲਿਆਂ ਮਹਿਲਾਵਾਂ ਚੋਂ ਬਹੁਤੇ ਅਜਿਹੇ ਕੇਸਾਂ ਤੋਂ ਪੀੜਤ ਹਨ।ਜਿੰਨ੍ਹਾ ਨੂੰ ਘਰੇਲੂ ਹਿੰਸਾਂ ਦੀ ਬਜਾਏ ਸਮਾਜਿ ਦੇ ਅਪਰਾਧਿਕ ਵਰਤਾਰੇ ਤੋਂ ਪੀੜਾ ਹੈ।ਉਹਨਾ ਨੇ ਦੱਸਿਆ ਨਬਾਲਿਗ ਬੱਚੀ ਨੂੰ ਅੱਧਖੜ ਵਿਅਕਤੀ ਵੱਲੋਂ ਪਰੇਸ਼ਾਨ ਕਰਨ,ਸਰੀਰਕ ਸੋਸ਼ਣ ਨਾ ਸਬੰਧਿਤ ਮਾਮਲਿਆਂ 'ਚ ਸ਼ਿਕਾਇਤਾਂ ਲੈਕੇ ਇੱਕ ਵਫਦ ਅੱਜ ਸਾਨੂੰ ਮਿਲਿਆ ਹੈ।ਪੀੜਤ ਔਰਤਾਂ ਨੂੰ ਭਰੋਸਾ ਦਿੰਦਿਆਂ ਗੀਤਾ ਗਿਲ ਨੇ ਕਿਹਾ ਕਿ ਜਾਬ ਰਾਜ ਮਹਿਲਾ ਕਮਿਸ਼ਨ ਦੀ ਵਾਈਸ ਚੇਅਰਪਰਸਨ ਸ਼੍ਰੀਮਤੀ ਰਾਜ ਲਾਲੀ ਗਿੱਲ ਦੇ ਨਾਲ ਵਿਚਾਰ ਕਰਕੇ ਕਨੂੰਨ ਅਨੁਸਾਰ ਸ਼ਿਕਾਇਤਾਂ ਦੇ ਹੱਲ ਕੀਤੇ ਜਾਣਗੇ।ਇਸ ਮੌਕੇ ਸਤਨਾਮ ਸਿੰਘ ਗਿੱਲ,ਬਾਬਾ ਰਾਜੇਸ਼ ਭਗਤ,ਅੰਮ੍ਰਿਤ ਭਗਤ,ਅਮਨ,ਸੁਸ਼ਮਾ ਰਾਣੀ,ਰਜਨੀ,ਸਖਸੀਅਤਾ,ਅੰਮ੍ਰਿਤਪਾਲ ਸਿੰਘ ਲੋਕ ਸੰਪਰਕ ਅਫਸਰ ਤੋਂ ਇਲਾਵਾ ਹੋਰ ਵੀ ਕਈ ਹਾਜਰ ਸਨ।

## ਖ਼ਾਲਸਾ ਸਾਜਨਾ ਦਿਵਸ ਮੌਕੇ ਬੰਡਾਲਾ ਵਿਖੇ ਗੁਰਮਤਿ ਸਮਾਗਮ ਤੇ ਦਸਤਾਰ ਮੁਕਾਬਲੇ ਕਰਵਾਏ




ਅੰਮ੍ਰਿਤਸਰ, 16 ਅਪ੍ਰੈਲ (ਬਬਲੂ ਮਹਾਜਨ): ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦੁਆਰਾ ਬਾਬੇ ਸ਼ਹੀਦਾਂ ਸਾਹਿਬ ਪਿੰਡ ਬੰਡਾਲਾ ਵਿਖੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਗੁਰਮਤਿ ਸੰਗੀਤ ਅਕੈਡਮੀ ਅਤੇ ਜੱਥੇਦਾਰ ਅਮਰਜੀਤ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਲਾਨਾ ਗੁਰਮਤਿ ਸਮਾਗਮ ਅਤੇ ਦਸਤਾਰ ਮੁਕਾਬਲਾ ਕਰਵਾਇਆ ਗਿਆ। ਜਿਸ ਵਿਚ ਵਖ ਵਖ ਸਕੂਲਾਂ ਕਾਲਜਾਂ ਅਤੇ ਇਲਾਕੇ ਦੇ ਬੱਚਿਆਂ ਨੇ ਹਿਸਾ ਲਿਆ । ਨਗਦ ਰਾਸ਼ੀ ਇਨਾਮ ਅਤੇ ਸਨਮਾਨ ਚਿੰਨ੍ਹ ਦੇ ਕੇ ਸਾਰੇ ਬੱਚਿਆਂ ਦਾ ਸਨਮਾਨ ਕੀਤਾ ਗਿਆ । ਜ਼ਿਕਰਯੋਗ ਹੈ ਕਿ ਮੈਂਬਰ ਬੰਡਾਲਾ ਵਲੋਂ ਜੰਡਿਆਲਾ ਗੁਰੂ ਹਲਕੇ ਵਿਚ 16 ਗੁਰਮਤਿ ਸੰਗੀਤ ਅਕੈਡਮੀਆਂ ਭੇਟਾ ਰਹਿਤ ਚਲਾਈਆਂ ਜਾ ਰਹੀਆਂ ਹਨ, ਜਿਸ 'ਚ 500 ਤੋਂ ਵੱਧ ਬੱਚੇ ਰੋਜ਼ਾਨਾ ਕੀਰਤਨ ਦੀ ਸਿਖਲਾਈ ਹਾਸਲ ਕਰਦੇ ਹਨ । ਜੱਥੇਦਾਰ ਅਲਵਿੰਦਰ ਸਿੰਘ ਪੱਖੋਕੇ ਮੈਂਬਰ ਅਤੇ ਸੰਦੀਪ ਸਿੰਘ ਏ ਆਰ ਨੇ ਵਿਸੇਸ਼ ਹਾਜ਼ਰੀ ਭਰੀ । ਜੱਥੇਦਾਰ ਬੰਡਾਲਾ ਨੇ ਆਏ ਮੁੱਖ ਮਹਿਮਾਨਾ ਅਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਬੱਚਿਆਂ ਨੇ ਗੁਰਬਾਣੀ ਕੀਰਤਨ ਕੀਤਾ। ਇਸ ਮੌਕੇ ਭੁਪਿੰਦਰ ਸਿੰਘ ਬੁੱਟਰ ਧਰਮ ਪ੍ਰਚਾਰ ਕਮੇਟੀ ਸ਼ਿਵਰਾਜ ਸਿੰਘ ਇੰਚ. ਧਰਮ ਪ੍ਰਚਾਰ ਕਮੇਟੀ, ਮੈਨੇਜਰ ਧਰਮਿੰਦਰ ਸਿੰਘ ਮੈਨੇਜਰ ਜੁਗਰਾਜ ਸਿੰਘ ਹਰਪ੍ਰੀਤ ਸਿੰਘ ਵਡਾਲਾ ਸੁਖਵਿੰਦਰ ਸਿੰਘ ਜੋਧਪੁਰ ਡਾਕਟਰ ਦਲਜੀਤ ਸਿੰਘ ਚੀਮਾ, ਸੁਖਮਨਜੀਤ ਸਿੰਘ ਕਥਾਵਾਚਕ ਜੱਜ ਸਾਹਿਬ ਸਿੰਘ ਰਾਜਵਿੰਦਰ ਸਿੰਘ ਰਣਬੀਰ ਸਿੰਘ ਸਤਨਾਮ ਸਿੰਘ ਤਰਨਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਨੇ ਹਾਜਰੀ ਭਰੀ ਅਤੇ ਪਿੰਡ ਦੇ ਸਰਪੰਚ ਅਤੇ ਮੋਹਤਬਰ ਹਾਜ਼ਰ ਸਨ।

## ਖ਼ਾਲਸਾ ਕਾਲਜ ਵਿਖੇ 'ਲਿਟ-ਫਿਏਸਟਾ-2026' ਕਰਵਾਇਆ




ਅੰਮ੍ਰਿਤਸਰ, 16 ਅਪ੍ਰੈਲ (ਬਬਲੂ ਮਹਾਜਨ):ਖਾਲਸਾ ਕਾਲਜ ਦੇ ਅੰਗਰੇਜ਼ੀ ਵਿਭਾਗ ਨੇ ਮੁਲਕ ਰਾਜ ਆਨੰਦ ਇੰਗਲਿਸ਼ ਲਿਟਰੇਰੀ ਸੁਸਾਇਟੀ ਦੇ ਸਹਿਯੋਗ ਨਾਲ ਸਾਹਿਤਕ ਮੇਲਾ ਲਿਟ-ਫਿਏਸਟਾ 2026 ਕਰਵਾਇਆ। ਜਿਸ 'ਚ ਅੰਗਰੇਜ਼ੀ ਭਾਸ਼ਾ ਕਵਿੱਜ਼, ਕਹਾਣੀ ਲੇਖਣ, ਪੋਸਟਰ ਮੇਕਿੰਗ, ਸਲੋਗਨ ਲੇਖਣ ਅਤੇ ਵੈਸਟਰਨ ਗੀਤ ਮੁਕਾਬਲੇ ਕਰਵਾਏ ਗਏ, ਜਿਨ੍ਹਾਂ 'ਚ ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਕਿਹਾ ਕਿ ਅਜਿਹੀਆਂ ਸਾਹਿਤਕ ਗਤੀਵਿਧੀਆਂ ਕਲਾਸ -ਰੂਮ ਸਿੱਖਿਆ ਦਾ ਵਿਆਵਹਾਰਿਕ ਰੂਪ ਹੁੰਦੀਆਂ ਹਨ ਅਤੇ ਵਿਦਿਆਰਥੀਆਂ 'ਚ ਜੀਵਨ ਕੌਸ਼ਲਾਂ ਨੂੰ ਵਿਕਸਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਕਾਲਜ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਅਜਿਹੇ ਪ੍ਰੋਗਰਾਮ ਕਰਵਾਉਂਦਾ ਹੈ। ਉਨ੍ਹਾਂ ਕਿਹਾ ਕਿ ਆਰਟੀਫੀਸ਼ਲ ਇੰਟੈਲੀਜੈਂਸ ਦੇ ਯੁੱਗ 'ਚ ਸਾਹਿਤ ਮਨੁੱਖ ਨੂੰ ਮਾਨਸਿਕ ਤਣਾਅ ਤੋਂ ਬਚਾਉਣ 'ਚ ਮਦਦਗਾਰ ਹੈ।ਇਸ ਤੋਂ ਪਹਿਲਾਂ ਵਿਭਾਗ ਮੁੱਖੀ ਪ੍ਰੋ. ਸੁਪਨਿੰਦਰਜੀਤ ਕੌਰ ਨੇ ਪ੍ਰਿੰ: ਡਾ. ਰੰਧਾਵਾ ਅਤੇ ਵਿਸ਼ੇਸ਼ ਮਹਿਮਾਨ ਰਜਿਸਟਰਾਰ ਡਾ. ਦਵਿੰਦਰ ਸਿੰਘ ਅਤੇ ਅਕਾਦਮਿਕ ਮਾਮਲੇ ਡੀਨ ਡਾ. ਤਮਿੰਦਰ ਸਿੰਘ ਨੂੰ ਪੌਦੇ ਭੇਟ ਕਰਕੇ ਸਵਾਗਤ ਕੀਤਾ। ਉਨ੍ਹਾਂ ਪ੍ਰਿੰ: ਡਾ. ਰੰਧਾਵਾ ਦਾ ਲਗਾਤਾਰ ਸਹਿਯੋਗ ਦੇਣ ਲਈ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਸਹਿ-ਪਾਠਕ੍ਰਮ ਗਤੀਵਿਧੀਆਂ 'ਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕਰਦਿਆਂ ਭਵਿੱਖ 'ਚ ਪੂਰੇ ਆਤਮ ਵਿਸ਼ਵਾਸ ਨਾਲ ਅਗਾਂਹ ਵੱਧਣ ਲਈ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਉਕਤ ਮੁਕਾਬਲਿਆਂ ਲਈ ਜੱਜਾਂ ਦੇ ਪੈਨਲ 'ਚ ਹਿਊਮੈਨਿਟੀਜ਼ ਡੀਨ ਪ੍ਰੋ. ਜਸਪ੍ਰੀਤ ਕੌਰ, ਡਿਪਟੀ ਰਜਿਸਟਰਾਰ ਡਾ. ਦੀਪਕ ਦੇਵਗਨ, ਹਿੰਦੀ ਵਿਭਾਗ ਮੁੱਖੀ ਡਾ. ਸੁਰਜੀਤ ਕੌਰ, ਜ਼ੂਆਲੋਜੀ ਵਿਭਾਗ ਤੋਂ ਡਾ. ਜੋਰਾਵਰ ਸਿੰਘ ਅਤੇ ਪ੍ਰੋ. ਰਣਦੀਪ ਸਿੰਘ, ਫਾਈਨ ਆਰਟਸ ਤੋਂ ਡਾ. ਹਰਮਨਪ੍ਰੀਤ ਕੌਰ ਅਤੇ ਜਗਦੀਪ ਕੌਰ, ਮਿਊਜ਼ਿਕ ਵਿਭਾਗ ਤੋਂ ਪ੍ਰੋ. ਨਵਜੋਤ ਕੌਰ ਸ਼ਾਮਿਲ ਸਨ। ਇਸ ਮੌਕੇ ਪ੍ਰੋ. ਸਵੰਤ ਸਿੰਘ ਮੰਟੋ ਵੱਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਵੱਲੋਂ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰੋ: ਮਲਕਿੰਦਰ ਸਿੰਘ, ਪ੍ਰੋ: ਦਲਜੀਤ ਸਿੰਘ, ਡਾ: ਮਮਤਾ ਮਹਿੰਦਰੂ, ਪ੍ਰੋ: ਵਿਜੇ ਬਰਨਾਰਡ, ਡਾ: ਜਸਵਿੰਦਰ ਕੌਰ ਔਲਖ, ਪ੍ਰੋ: ਪੂਜਾ ਕਾਲੀਆ, ਪ੍ਰੋ: ਗੁਰਪ੍ਰੀਤ ਸਿੰਘ, ਪ੍ਰੋ: ਸੋਰਵ ਮੇਘ, ਪ੍ਰੋ: ਹਰਸ਼ ਸਲਾਰੀਆ, ਪ੍ਰੋ: ਹਰਮਨਪ੍ਰੀਤ ਸਿੰਘ, ਪ੍ਰੋ: ਅਭਿਸ਼ੇਕ ਠਾਕੁਰ, ਡਾ. ਅਕਾਂਕਸ਼ਾ ਨੌਟਿਆਲ, ਪ੍ਰੋ: ਅਮਨਪ੍ਰੀਤ ਕੌਰ, ਪ੍ਰੋ: ਵਿਮਲਜੀਤ ਕੌਰ, ਪ੍ਰੋ: ਰਵਨੀਤ ਕੌਰ ਸਮੇਤ ਹੋਰ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਹਫਤਾਵਾਰੀ ਕੀਰਤਨ ਸਮਾਗਮ 20 ਤੋਂ

### ਭਾਈ ਗੁਰਇਕਬਾਲ ਸਿੰਘ ਜੀ ਸੰਗਤਾਂ ਨੂੰ ਸਮਾਗਮਾਂ ਵਿੱਚ ਸ਼ਮੂਲੀਅਤ ਲਈ ਅਪੀਲ,

ਅੰਮ੍ਰਿਤਸਰ, 16 ਅਪ੍ਰੈਲ (ਬਬਲੂ ਮਹਾਜਨ):ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਹਫਤਾਵਾਰੀ ਕੀਰਤਨ ਸਮਾਗਮ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਗਿਆ। ਇਸ ਸਮਾਗਮ ਦੀ ਅਗਵਾਈ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਵੱਲੋਂ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਗੁਰਬਾਣੀ ਕਥਾ ਅਤੇ ਕੀਰਤਨ ਰਾਹੀਂ ਹਾਜ਼ਰ ਸੰਗਤਾਂ ਨੂੰ ਰੂਹਾਨੀ ਰੰਗ ਵਿੱਚ ਰੰਗ ਦਿੱਤਾ।ਕੀਰਤਨ ਦੌਰਾਨ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਦੇ ਅੰਤ ਵਿੱਚ ਭਾਈ ਗੁਰਇਕਬਾਲ ਸਿੰਘ ਜੀ ਨੇ ਸੰਬੋਧਨ ਕਰਦਿਆਂ ਸੰਗਤਾਂ ਨੂੰ ਅਪੀਲ




ਕੀਤੀ ਕਿ ਬੀਬੀ ਕੌਲਾਂ ਜੀ ਚੈਰੀਟੇਬਲ ਹੋਸਪਿਟਲ ਵੱਲੋਂ 20 ਅਪ੍ਰੈਲ ਤੋਂ 24 ਅਪ੍ਰੈਲ ਤੱਕ ਅੰਮ੍ਰਿਤ ਵੇਲਾ ਸਮਾਗਮ ਕਰਵਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਹ ਸਮਾਗਮ ਹਰ ਰੋਜ਼ ਸਵੇਰੇ 4 ਵਜੇ ਤੋਂ 6 ਵਜੇ ਤੱਕ ਹੋਣਗੇ, ਜਿੱਥੇ ਗੁਰਬਾਣੀ ਕੀਰਤਨ, ਕਥਾ ਅਤੇ ਸਿਮਰਨ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਹਨਾਂ ਪਵਿੱਤਰ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਾਜ਼ਰੀ ਲਗਾਈ ਜਾਵੇ ਤਾਂ ਜੋ ਗੁਰੂ ਘਰ ਦੀਆਂ ਬਖ਼ਸ਼ਿਸ਼ਾਂ ਅਤੇ ਅਸੀਸਾਂ ਪ੍ਰਾਪਤ ਹੋ ਸਕਣ।

## ਚੀਫ਼ ਖ਼ਾਲਸਾ ਦੀਵਾਨ ਸਕੂਲ ਦੇ ਵਿਦਿਆਰਥੀ ਨੇ ਰਾਸ਼ਟਰੀ ਮੰਚ 'ਤੇ ਝੰਡੇ ਗੱਡੇ , ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਸਨਮਾਨ

ਅੰਮ੍ਰਿਤਸਰ, 16 ਅਪ੍ਰੈਲ (ਬਬਲੂ ਮਹਾਜਨ) : ਚੀਫ਼ ਖ਼ਾਲਸਾ ਦੀਵਾਨ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਚੌਂਕ ਪਰਾਗਦਾਸ ਦੇ 10ਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਦਿਵਜੋਤ ਸਿੰਘ ਨੇ ਆਪਣੀ ਵਿਲੱਖਣ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਰਾਸ਼ਟਰੀ ਮੰਚ 'ਤੇ ਸੰਸਥਾ, ਸਕੂਲ ਅਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਪਿਛਲੇ ਦਿਨੀਂ ਚੰਡੀਗੜ੍ਹ ਦੀ ਪੰਜਾਬ ਯੂਨੀਵਰਸਿਟੀ ਵਿਖੇ ਆਯੋਜਿਤ "ਮਾਈ ਭਾਰਤ ਬਜਟ ਕੁਐਸਟ ਇੰਡੀਆ—2026 ਦੇ ਚੁਣੌਤੀਪੂਰਨ ਰਾਊਂਡਜ਼ ਪਾਰ ਕਰਦਿਆਂ ਦਿਵਜੋਤ ਸਿੰਘ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਦੇ ਵਿਸ਼ੇਸ਼ ਵਰਚੂਅਲ ਸੰਬੋਧਨ ਵਿਚ ਹਿੱਸਾ ਲੈਣ ਦਾ ਮੌਕਾ ਮਿਲਿਆ। ਜਿੱਥੇ ਦੇਸ਼ ਦੇ ਚੋਣਵੇਂ ਨੌਜੁਆਨਾਂ ਵੱਲੋਂ ਦੇਸ਼ ਦੇ ਡਿਜੀਟਲ ਵਿਕਾਸ ਬਾਰੇ ਚਰਚਾ ਕੀਤੀ ਗਈ। ਪ੍ਰਧਾਨ ਮੰਤਰੀ ਦੇ ਵਰਚਿਊਲ ਸੰਬੋਧਨ ਦੌਰਾਨ ਦਿਵਜੋਤ ਸਿੰਘ ਨੇ ਡਿਜੀਟਲ ਸਿੱਖਿਆ ਪ੍ਰਣਾਲੀ ਵਿਚ ਸੁਧਾਰਾਂ ਬਾਰੇ ਆਪਣਾ ਪੱਖ ਰੱਖਦਿਆਂ ਭਾਰਤ ਦੇ ਪੇਂਡੂ ਅਤੇ ਪੱਛੜੇ ਇਲਾਕਿਆਂ ਵਿਚ ਡਿਜੀਟਲ ਗਿਆਨ ਪਹੁੰਚਾ ਕੇ ਨੌਜੁਆਨਾਂ ਨੂੰ ਤਕਨੀਕੀ ਪੱਖੋਂ ਮਾਹਿਰ ਬਣਾਉਣ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਤੋਂ ਪਹਿਲਾਂ ਵੀ ਦਿਵਜੋਤ ਸਿੰਘ ਨੇ ਦਿੱਲੀ ਵਿਖੇ "ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ ਵਿਚ ਵੀ 50 ਲੱਖ ਬਿਨੈਕਾਰਾਂ ਨੂੰ ਪਛਾੜ ਕੇ ਟਾਪ ਫਾਈਨਲਿਸਟਾਂ ਵਿਚ ਆਪਣੀ ਜਗ੍ਹਾਂ ਬਣਾਈ ਅਤੇ ਪ੍ਰਤੀਯੋਗਤਾ ਦੇ



ਸਭ ਤੋਂ ਘੱਟ ਉਮਰ ਦੇ ਨੈਸ਼ਨਲ ਫਾਈਨਲਿਸਟ ਬਨਣ ਦਾ ਮਾਣ ਹਾਸਿਲ ਕੀਤਾ। ਇਸ ਦੌਰਾਨ ਦਿਵਜੋਤ ਸਿੰਘ ਵੱਲੋਂ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨਾਲ ਵਿਸ਼ੇਸ਼ ਮੁਲਾਕਾਤ ਕਰਦਿਆਂ ਵਿਚਾਰ ਸਾਂਝੇ ਕਰਨ ਦਾ ਮੌਕਾ ਮਿਲਿਆ।ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਦੀਵਾਨ ਪ੍ਰਬੰਧਕਾਂ ਵੱਲੋਂ ਦਿਵਜੋਤ ਸਿੰਘ ਦਾ ਵਿਸ਼ੇਸ਼ ਸਨਮਾਨ ਕਰਦਿਆਂ ਉਸ ਦੀ ਮਾਣਮੱਤਿਆਂ ਪ੍ਰਾਪਤੀਆਂ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸ੍ਰ.ਸਵਿੰਦਰ ਸਿੰਘ ਕੱਥੂਨੰਗਲ ਨੇ ਦਿਵਜੋਤ ਸਿੰਘ ਦੀ ਸੋਚ, ਮਿਹਨਤ ਅਤੇ ਸਮਾਜ ਪ੍ਰਤੀ ਵਚਨਬੱਧਤਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਦਿਵਜੋਤ ਸਿੰਘ ਵਰਗੇ ਹੋਣਹਾਰ ਵਿਦਿਆਰਥੀ ਸਾਡੀ ਸੰਸਥਾ ਤੇ ਪੂਰੇ ਪੰਜਾਬ ਦਾ ਮਾਣ ਹਨ। ਉਹਨਾਂ ਨੇ ਕਿਹਾ ਕਿ ਉਸ ਦੀਆਂ ਇਹ ਉਪਲੱਬਧੀਆਂ ਨੌਜੁਆਨਾਂ ਲਈ ਪ੍ਰੇਰਣਾਦਾਇਕ ਮਿਸਾਲ ਹਨ। ਆਨਰੇਰੀ ਸਕੱਤਰ ਸ੍ਰ.ਰਮਣੀਕ ਸਿੰਘ ਅਤੇ ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਸ੍ਰ.ਹਰਵਿੰਦਰ ਪਾਲ ਸਿੰਘ ਚੁੱਘ ਅਤੇ ਹੋਰਨਾਂ ਦੀਵਾਨ ਪ੍ਰਬੰਧਕਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਦਿਵਜੋਤ ਸਿੰਘ, ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਨੂੰ ਵਧਾਈ ਦਿੰਦਿਆਂ ਦਿਲਜੋਤ ਸਿੰਘ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਸਥਾਨਕ ਪ੍ਰਧਾਨ ਸ੍ਰ.ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਸ੍ਰ.ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਸ੍ਰ.ਰਮਣੀਕ ਸਿੰਘ , ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਸ੍ਰ.ਹਰਵਿੰਦਰ ਪਾਲ ਸਿੰਘ ਚੁੱਘ ਐਡੀ.ਆਨਰੇਰੀ ਸਕੱਤਰ ਸ੍ਰ.ਜਸਪਾਲ ਸਿੰਘ ਢਿੱਲੋਂ, ਸਕੂਲ ਮੈਂਬਰ ਇੰਚਾਰਜ ਸ੍ਰ.ਕਮਲਜੀਤ ਸਿੰਘ ਕੋਹਲੀ, ਦੀਵਾਨ ਮੈਂਬਰਜ਼ ਸ੍ਰ.ਮਨਪ੍ਰੀਤ ਸਿੰਘ, ਡਾ.ਆਤਮਜੀਤ ਸਿੰਘ ਬਸਰਾ, ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਆਦਿ ਸ਼ਾਮਲ ਸਨ।

## ਸ਼੍ਰੋਮਣੀ ਅਕਾਲੀ ਦਲ ਦੇ ਬੀ.ਸੀ. ਵਿੰਗ ਵੱਲੋਂ ਮਿਹਨਤੀ ਵਰਕਰਾਂ ਨੂੰ ਜਿੰਮੇਵਾਰੀਆਂ ਸੌਂਪੀਆਂ,

### ਸੰਗਠਨ ਨੂੰ ਮਜ਼ਬੂਤ ਕਰਨ ਦਾ ਸੰਕਲਪ : ਪੰਡੋਰੀ

ਅੰਮ੍ਰਿਤਸਰ, 16 ਅਪ੍ਰੈਲ (ਬਬਲੂ ਮਹਾਜਨ): ਸ਼੍ਰੋਮਣੀ ਅਕਾਲੀ ਦਲ ਦੇ ਬੀ.ਸੀ. ਵਿੰਗ ਵੱਲੋਂ ਅੱਜ ਅੰਮ੍ਰਿਤਸਰ ਸ਼ਹਿਰ ਵਿੱਚ ਇੱਕ ਵਿਸ਼ਾਲ ਅਤੇ ਮਹੱਤਵਪੂਰਨ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸਦਾ ਮੁੱਖ ਉਦੇਸ਼ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਕਰਨਾ ਅਤੇ ਜ਼ਮੀਨੀ ਪੱਧਰ 'ਤੇ ਬੀ.ਸੀ. ਵਿੰਗ ਦੀ ਪਹੁੰਚ ਨੂੰ ਵਧਾਉਣਾ ਸੀ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਵਰਕਰਾਂ ਅਤੇ ਆਗੂਆਂ ਨੇ ਭਾਗ ਲਿਆ ਅਤੇ ਪਾਰਟੀ ਪ੍ਰਤੀ ਆਪਣੀ ਵਫ਼ਾਦਾਰੀ ਅਤੇ ਸਮਰਪਣ ਨੂੰ ਦੁਹਰਾਇਆ।ਇਸ ਮੌਕੇ 'ਤੇ ਜਿਲਾ ਪ੍ਰਧਾਨ ਸੁਰਜੀਤ ਸਿੰਘ ਪਹਿਲਵਾਨ, ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ ਇੰਦਰਜੀਤ ਸਿੰਘ ਪੰਡੋਰੀ ਅਤੇ ਹਲਕਾ ਦੱਖਣੀ ਪ੍ਰਧਾਨ ਕੁਲਦੀਪ ਸਿੰਘ ਦਾਸੂਵਾਲ ਦੀ ਅਗਵਾਈ ਹੇਠ ਵੱਖ-ਵੱਖ ਮਿਹਨਤੀ, ਇਮਾਨਦਾਰ ਅਤੇ ਸਮਰਪਿਤ ਵਰਕਰਾਂ ਨੂੰ ਅਹਿਮ ਜਿੰਮੇਵਾਰੀਆਂ ਸੌਂਪੀਆਂ ਗਈਆਂ। ਆਗੂਆਂ ਨੇ ਨਵੇਂ ਨਿਯੁਕਤ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਜ਼ਿੰਮੇਵਾਰੀਆਂ ਸਿਰਫ਼ ਅਹੁਦੇ ਨਹੀਂ, ਸਗੋਂ ਪਾਰਟੀ ਅਤੇ ਸਮਾਜ ਦੀ ਸੇਵਾ ਕਰਨ ਦਾ ਮੌਕਾ ਹਨ।ਮੀਟਿੰਗ ਦੌਰਾਨ ਬੋਲਦੇ ਹੋਏ ਇੰਦਰਜੀਤ ਸਿੰਘ ਪੰਡੋਰੀ ਨੇ ਕਿਹਾ ਕਿ ਬੀ.ਸੀ. ਵਿੰਗ ਪਾਰਟੀ



ਦਾ ਇਕ ਅਟੁੱਟ ਹਿੱਸਾ ਹੈ ਜੋ ਸਮਾਜ ਦੇ ਹਰ ਵਰਗ ਦੀ ਆਵਾਜ਼ ਨੂੰ ਉਭਾਰਦਾ ਹੈ। ਉਨ੍ਹਾਂ ਨੇ ਕਿਹਾ ਕਿ ਜੇਕਰ ਸੰਗਠਨ ਨੂੰ ਮਜ਼ਬੂਤ ਕਰਨਾ ਹੈ ਤਾਂ ਵਰਕਰਾਂ ਨੂੰ ਬੂਥ ਪੱਧਰ ਤੋਂ ਲੈ ਕੇ ਸ਼ਹਿਰਾਂ ਤੱਕ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣਾ ਪਵੇਗਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਾਰਟੀ ਪਲੇਟਫਾਰਮ 'ਤੇ ਲਿਆਉਣਾ ਪਵੇਗਾ।ਉਨ੍ਹਾਂ ਨੇ ਅੱਗੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਸੰਗਠਨ ਦੀ ਮਜ਼ਬੂਤੀ ਲਈ ਨਵੀਂ ਸੋਚ, ਟੀਮ ਵਰਕ ਅਤੇ ਨਿਸ਼ਠਾ ਬਹੁਤ ਜ਼ਰੂਰੀ ਹੈ। ਨਵੇਂ ਜਿੰਮੇਵਾਰ ਵਰਕਰਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਘਰ-ਘਰ ਤੱਕ ਪਾਰਟੀ ਦੀਆਂ ਨੀਤੀਆਂ ਨੂੰ ਪਹੁੰਚਾਉਣ, ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਅਤੇ ਸਮਾਜ ਵਿੱਚ ਪਾਰਟੀ ਦੀ ਪਹੁੰਚ ਨੂੰ ਹੋਰ ਵਿਸਥਾਰ ਦੇਣ।ਆਗੂਆਂ ਨੇ ਵਿਸ਼ਵਾਸ ਜਤਾਇਆ ਕਿ ਇਹ ਨਵੀਂ ਟੀਮ ਅੰਮ੍ਰਿਤਸਰ ਵਿੱਚ ਬੀ.ਸੀ. ਵਿੰਗ ਨੂੰ ਇੱਕ ਨਵੀਂ ਦਿਸ਼ਾ ਦੇਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਨੇ ਕਿਹਾ ਕਿ ਪਾਰਟੀ ਵਰਕਰਾਂ ਦੀ ਮਿਹਨਤ, ਲਗਨ ਅਤੇ ਇਮਾਨਦਾਰੀ ਹੀ ਸੰਗਠਨ ਦੀ ਅਸਲੀ ਤਾਕਤ ਹੈ।ਮੀਟਿੰਗ ਦੇ ਅੰਤ 'ਤੇ ਸਾਰੇ ਵਰਕਰਾਂ ਨੇ ਇਕਜੁੱਟ ਹੋ ਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ,ਦਾ ਅਹਿਦ ਲਿਆ।

## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਦਾ 10ਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



ਅਮ੍ਰਿਤਸਰ, 16 ਅਪ੍ਰਨ ( ਗੁਰਦਿਆਲ ਸਿੰਘ)ਚੀਫ਼ ਖ਼ਾਲਸਾ ਦੀਵਾਨ ਦੀ ਅਗਵਾਈ ਹੇਠ ਚੱਲ ਰਹੀ ਜਿਲ੍ਹੇ ਦੀ ਪ੍ਰਸਿੱਧ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਦਾ 10ਵੀਂ ਜਮਾਤ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 100 ਫ਼ੀਸਦੀ ਰਿਹਾ ।ਦਸਵੀਂ ਜਮਾਤ ਦੀ ਨਵਰੀਨ ਕੌਰ ਪੁੱਤ। ਚੀਫ਼ ਖ਼ਾਲਸਾ ਦੀਵਾਨ ਦੇ ਐਡੀਸ਼ਨਲ ਆਨਰੇਰੀ ਸਕੱਤਰ, ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਸ. ਹਰਜੀਤ ਸਿੰਘ ਜੀ, ਚੀਫ਼ ਖ਼ਾਲਸਾ ਦੀਵਾਨ ਲੋਕਲ ਕਮੇਟੀ ਦੇ ਮੀਤ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਸਰਦਾਰ ਗੁਰਿੰਦਰ ਸਿੰਘ ਜੀ, ਸਕੂਲ ਦੇ ਮੈਂਬਰ ਇੰਚਾਰਜ ਸਰਦਾਰ ਨਵਜੋਤ ਸਿੰਘ ਜੀ ,ਸਕੂਲ ਦੇ ਮੈਂਬਰ ਇੰਚਾਰਜ ਸਰਦਾਰ ਰਣਦੀਪ ਸਿੰਘ ਜੀ ਨੇ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ, ਉਹਨਾਂ ਦੇ ਮਾਤਾ ਪਿਤਾ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ ਅਤੇ ਉਹਨਾਂ ਨੂੰ ਭਵਿੱਖ ਵਿੱਚ ਵੀ ਹੋਰ ਮਿਹਨਤ ਕਰਨ ਲਈ ਪ੍ਰੇਰਿਆ। ਉੱਚੀਆਂ ਉਚਾਈਆਂ ਤੱਕ ਪਹੁੰਚਣ ਲਈ ਸਕੂਲ ਦੇ ਪ੍ਰਿੰਸੀਪਲ ਸ. ਸਤਵੰਤ ਸਿੰਘ ਬੈਂਸ ਨੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਸਾਲ ਭਰ ਦੀ ਮਿਹਨਤ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਮਿਹਨਤ ਕਰਕੇ ਹੀ ਚੰਗੇ ਨਤੀਜੇ ਆਏ ਹਨ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਬੱਚੇ ਜ਼ਿੰਦਗੀ ਵਿਚ ਕੁਝ ਚੰਗਾ ਕਰਨ ਦਾ ਇਰਾਦਾ ਰੱਖਦੇ ਹਨ ਤਾਂ ਉਹ ਜ਼ਰੂਰ ਕਾਮਯਾਬ ਹੋ ਸਕਦੇ ਹਨ।

## ਪੁਰਾਣੀ ਰੰਜਿਸ਼ ਨੂੰ ਲੈ ਕੇ ਨੌਜਵਾਨ ਦਾ ਗੋਲੀਆਂ ਮਾਰ ਕੇ ਕੀਤਾ ਕਤਲ

ਚੋਗਾਵਾਂ, 16 ਅਪ੍ਰੈਲ (ਸੁਬੇਗ ਸਿੰਘ ਸੋਨਾ) ਜ਼ਿਲ੍ਹਾ ਅੰਮ੍ਰਿਤਸਰ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਭੁੱਲਰ ਵਿਖੇ ਪੁਰਾਣੀ ਰੰਜਿਸ਼ ਨੂੰ ਲੈ ਕੇ ਗੋਲੀਆਂ ਮਾਰ ਕੇ ਇੱਕ ਨੌਜਵਾਨ ਦਾ ਕਤਲ ਕਰ ਦੇਣ ਦੀ ਖਬਰ ਹੈ। ਮੌਕੇ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਮਲਕੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਮਨਜੀਤ ਸਿੰਘ ਦੀ ਪਿੰਡ ਸੌੜੀਆਂ ਦੇ ਗੁਰਸਾਹਿਬ ਸਿੰਘ ਰਣਧੀਰ ਸਿੰਘ, ਜਗਬੀਰ ਸਿੰਘ, ਹਰਪਾਲ ਸਿੰਘ ਤੇ ਹੋਰਨਾਂ ਨਾਲ ਪੁਰਾਣੀ ਰੰਜਿਸ਼ ਚੱਲਦੀ ਆ ਰਹੀ ਸੀ। ਬੀਤੀ ਰਾਤ ਮਨਜੀਤ ਸਿੰਘ ਪਿੰਡ ਭੁੱਲਰ ਵਿਖੇ ਦੁਕਾਨ ਤੇ ਬਾਹਰ ਬੈਠਾ ਸੀ। ਇਸੇ ਦੌਰਾਨ ਉਕਤ ਵਿਅਕਤੀ ਮੋਟਰਸਾਈਕਲਾਂ ਤੇ ਆਏ। ਗੁਰਸਾਹਿਬ ਸਿੰਘ ਤੇ ਹਰਪਾਲ ਸਿੰਘ ਨੇ ਪਿਸਤੌਲ ਨਾਲ ਸਿੱਧੀਆਂ ਗੋਲੀਆਂ ਮਨਜੀਤ ਸਿੰਘ ਤੇ ਚਲਾ ਦਿੱਤੀਆਂ।



ਚਾਰ ਗੋਲੀਆਂ ਗੋਲੀਆਂ ਲੱਗਣ ਨਾਲ ਮਨਜੀਤ ਸਿੰਘ ਦੀ ਮੌਕੇ ਤੇ ਹੀ ਮੌਤ ਹੋ ਗਈ। ਘਟਨਾ ਸਥਾਨ ਤੇ ਥਾਣਾ ਲੋਪੋਕੇ ਦੀ ਪੁਲਿਸ ਪਹੁੰਚੀ। ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਅਜਨਾਲੇ ਭੇਜ ਦਿੱਤਾ ਗਿਆ। ਮ੍ਰਿਤਕ ਮਨਜੀਤ ਸਿੰਘ ਆਪਣੇ ਪਿੱਛੇ ਚਾਰ ਮਾਸੂਮ ਬੱਚੇ ਤੇ ਵਿਧਵਾ ਪਤਨੀ ਛੱਡ ਗਿਆ।

## ਖ਼ਾਲਸਾ ਕਾਲਜ ਅੰਮ੍ਰਿਤਸਰ ਗਲੋਬਲ ਐਲੂਮਨੀ ਐਸੋਸੀਏਸ਼ਨ ਦਾ ਕੀਤਾ ਐਲਾਨ

### ਕੈਨੇਡੀਅਨ ਐੱਮ ਪੀ. ਸੁੱਖ ਧਾਲੀਵਾਲ, ਮੁਖਵਿੰਦਰ ਛੀਨਾ, ਕਰਤਾਰ ਪਹਿਲਵਾਨ, ਬੀ. ਐੱਸ. ਢਿੱਲੋਂ ਬੋਰਡ 'ਚ ਸ਼ਾਮਿਲ

ਅੰਮ੍ਰਿਤਸਰ, 16 ਅਪ੍ਰੈਲ ( ਬਬਲੂ ਮਹਾਜਨ)—ਇਤਿਹਾਸਕ ਖਾਲਸਾ ਕਾਲਜ ਗਵਰਨਿੰਗ ਕੌਂਸਲ ਨੇ ਅੱਜ ਆਪਣੇ ਵਿਸ਼ਵਵਿਆਪੀ ਐਲੂਮਨੀ ਵਿਦਿਆਰਥੀਆਂ ਨੂੰ ਜੋੜਨ ਦੇ ਉਦੇਸ਼ ਤਹਿਤ ਖਾਲਸਾ ਕਾਲਜ ਅੰਮ੍ਰਿਤਸਰ ਗਲੋਬਲ ਐਲੂਮਨੀ ਐਸੋਸੀਏਸ਼ਨ ਦੇ ਪੁਨਰਗਠਨ ਦਾ ਐਲਾਨ ਕੀਤਾ। ਜਿਸ 'ਚ ਪੰਜ ਵਾਰ ਕੈਨੇਡੀਅਨ ਐੱਮ. ਪੀ. ਰਹੇ ਸੁੱਖ ਧਾਲੀਵਾਲ, ਸੇਵਾਮੁਕਤ ਆਈ. ਪੀ. ਐੱਸ. ਸ: ਮੁਖਵਿੰਦਰ ਸਿੰਘ ਛੀਨਾ, ਨਾਮਵਰ ਉਚ ਪੱਧਰ ਦੇ ਖਿਡਾਰੀ ਕਰਤਾਰ ਸਿੰਘ ਪਹਿਲਵਾਨ, ਪੀ. ਏ. ਯੂ. ਦੇ ਸੇਵਾਮੁਕਤ ਉੱਪ ਕੁਲਪਤੀ ਡਾ. ਬੀ.ਐੱਸ. ਢਿੱਲੋਂ ਸਮੇਤ ਕੁਝ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਨੂੰ ਅਹੁਦੇਦਾਰ ਵਜੋਂ ਐਲਾਨਿਆ ਗਿਆ।ਇਸ ਸਬੰਧੀ ਐਲੂਮਨੀ ਐਸੋਸੀਏਸ਼ਨ ਦੇ ਮੁੱਖ ਸਰਪ੍ਰਸਤ ਤੋਂ ਇਲਾਵਾ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਿਹਾ ਕਿ ਵੱਖ-ਵੱਖ ਕਮੇਟੀਆਂ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਕਾਰਜਕਾਲ ਦੋ ਸਾਲਾਂ ਲਈ ਹੋਰ



ਵਧਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਫੈਸਲੇ ਦਾ ਮਕਸਦ ਭਾਰਤ ਅਤੇ ਵਿਦੇਸ਼ਾਂ 'ਚ ਸਾਬਕਾ ਵਿਦਿਆਰਥੀਆਂ ਨਾਲ ਸੰਸਥਾਗਤ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ ਕਾਲਜ ਦੇ ਅਕਾਦਮਿਕ, ਸੱਭਿਆਚਾਰਕ ਅਤੇ ਵਿਕਾਸ ਪਹਿਲਕਦਮੀਆਂ 'ਚ ਉਨ੍ਹਾਂ ਦੀ ਹਿੱਸੇਦਾਰੀ ਨੂੰ ਵਧਾਉਣਾ ਹੈ।ਉਨ੍ਹਾਂ ਕਿਹਾ ਕਿ ਉਕਤ ਐਸੋਸੀਏਸ਼ਨ 'ਚ ਖਾਲਸਾ 'ਵਰਸਿਟੀ ਦੇ ਚਾਂਸਲਰ ਅਤੇ ਕੌਂਸਲ ਦੇ ਪ੍ਰਧਾਨ ਸ: ਸੱਤਿਆਜੀਤ ਸਿੰਘ ਮਜੀਠੀਆ, ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ, ਖਾਲਸਾ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਮੁੱਖ ਸਰਪ੍ਰਸਤ ਵਜੋਂ ਆਪਣੀਆਂ ਅਹਿਮ ਸੇਵਾਵਾਂ ਨਿਭਾਉਣਗੇ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਸਰਪ੍ਰਸਤਾਂ 'ਚ ਅਮਰੀਕਾ ਤੋਂ ਸ: ਬਖਸ਼ੀਸ਼ ਸਿੰਘ ਸੰਧੂ, ਕੈਨੇਡਾ ਤੋਂ ਸ: ਕੁਲਦੀਪ ਸਿੰਘ ਸੰਧੂ ਦੇ ਵੀ ਨਾਮ ਜ਼ਿਕਰਯੋਗ ਹਨ। ਜਦਕਿ ਨੀਦਰਲੈਂਡ ਤੋਂ ਸ: ਭੁਪਿੰਦਰ ਸਿੰਘ ਹਾਲੈਂਡ, ਨਿਊਯਾਰਕ ਤੋਂ ਸ: ਗੁਰਿੰਦਰਪਾਲ ਸਿੰਘ ਜੋਸਨ, ਵਾਸ਼ਿੰਗਟਨ ਤੋਂ ਸ: ਮਹਿਤਾਬ ਸਿੰਘ ਕਾਹਲੋਂ, ਡੱਲਾਸ ਤੋਂ ਸ: ਜੋਗਾ ਸਿੰਘ ਸੰਧੂ, ਬੈਂਸਲੇਮ ਤੋਂ ਸ: ਗੁਰਵਰਿੰਦਰ ਕੌਰ ਸੰਧੂ, ਬੀਸੀ ਤੋਂ ਪ੍ਰੋ. ਸ਼ਮੀਰ ਸਿੰਘ, ਕੈਲੀਫੋਰਨੀਆ ਤੋਂ ਦਲਜੀਤ ਸਿੰਘ ਸੰਧੂ, ਪਰਥ) ਸ: ਗੁਲਵੀਰ ਸਿੰਘ ਸੈਣੀ, ਅਲਬਰਟਾ ਤੋਂ ਸ੍ਰੀ ਪ੍ਰਭ ਗਿੱਲ, ਕੈਲਗਰੀ ਤੋਂ ਸ: ਜਤਿੰਦਰ ਸਿੰਘ ਚੀਮਾ, ਸਿਆਟਲ ਤੋਂ ਸ: ਗੁਰਚਰਨ ਸਿੰਘ ਢਿੱਲੋਂ ਵੱਖ-ਵੱਖ ਅੰਤਰਰਾਸ਼ਟਰੀ ਚੈਪਟਰਾਂ ਦੇ ਡਾਇਰੈਕਟਰ, ਕੋਆਰਡੀਨੇਟਰ ਵਜੋਂ ਸ਼ਾਮਿਲ ਕੀਤੇ ਗਏ ਹਨ।ਇਸ ਮੌਕੇ ਅੰਤਰਰਾਸ਼ਟਰੀ ਸੱਭਿਆਚਾਰਕ ਆਦਾਨ-ਪ੍ਰਦਾਨ ਪ੍ਰੋਗਰਾਮਾਂ ਦੇ ਬੁਲਾਰੇ ਡਾ. ਦਵਿੰਦਰ ਸਿੰਘ ਛੀਨਾ ਨੂੰ ਸੰਸਥਾ ਦੇ ਕਨਵੀਨਰ ਵਜੋਂ ਸ਼ਾਮਿਲ ਕੀਤਾ ਗਿਆ ਹੈ, ਨੇ ਕਿਹਾ ਕਿ ਮੈਨੇਜ਼ਮੈਂਟ ਨੇ ਐਸੋਸੀਏਸ਼ਨ ਦੀ ਅਗਵਾਈ ਕਰਨ ਲਈ ਉਨ੍ਹਾਂ 'ਤੇ ਜੋ ਵਿਸ਼ਵਾਸ ਪ੍ਰਗਟਾਇਆ ਹੈ ਉਸ 'ਤੇ ਖਰਾ ਉਤਰਣ ਲਈ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਅਤੇ ਲਗਨ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਇਹ ਫੋਰਮ ਸਾਬਕਾ ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ, ਗਿਆਨ ਦੇ ਆਦਾਨ-ਪ੍ਰਦਾਨ ਨੂੰ ਸੁਵਿਧਾਜਨਕ ਬਣਾਉਣ ਅਤੇ ਅੰਤਰਰਾਸ਼ਟਰੀ ਸਹਿਯੋਗ ਰਾਹੀਂ 1892 'ਚ ਬਣੇ ਖਾਲਸਾ ਕਾਲਜ ਦੇ ਵਿਸ਼ਵ ਪੱਧਰ 'ਤੇ ਯੋਗਦਾਨ ਪਾਉਣ 'ਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਵੱਲੋਂ ਸ: ਡੀ.ਐੱਸ. ਰਟੌਲ ਸਹਿ-ਕਨਵੀਨਰ ਹੋਣਗੇ, ਜਦਕਿ ਸ: ਹਰਪ੍ਰੀਤ ਸਿੰਘ ਭੱਟੀ ਅਤੇ ਸ: ਕੁਲਵਿੰਦਰ ਸਿੰਘ ਛੀਨਾ (ਕੈਨੇਡਾ) ਨੂੰ ਮੀਡੀਆ ਕੋਆਰਡੀਨੇਟਰ ਵਜੋਂ ਨਾਮਜ਼ਦ ਕੀਤਾ ਗਿਆ ਹੈ।

## ਬੱਚਿਆਂ ਦੀ ਤਕਰਾਰ ਨੂੰ ਲੈ ਕੇ ਘਰਾਂ ਦੇ ਸਮਾਨ ਦੀ ਬੁਰੀ ਤਰ੍ਹਾਂ ਭੰਨ ਤੋੜ ਕਰਨ ਦੇ ਲੱਗੇ ਦੋਸ਼



ਚੋਗਾਵਾਂ, 16 ਅਪ੍ਰੈਲ ( ਸੁਬੇਗ ਸਿੰਘ ਸੋਨਾ)- ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਮੰਝ ਵਿਖੇ ਮਾਮੂਲੀ ਤਕਰਾਰ ਨੂੰ ਲੈ ਕੇ ਘਰਾਂ ਦੀ ਭੰਨਤੋੜ ਕਰਕੇ ਇੱਕ ਔਰਤ ਸਮੇਤ 2 ਵਿਅਕਤੀਆਂ ਨੂੰ ਗੰਭੀਰ ਜ਼ਖਮੀ ਕਰਨ ਦੀ ਖਬਰ ਹੈ।ਇਸ ਮੌਕੇ ਦਸ਼ਮੇਸ਼ ਤਰਨਾ ਦਲ ਦੇ ਸੇਵਾਦਾਰ ਬਾਬਾ ਮਾਨ ਸਿੰਘ ਡੱਗਤੂਤ ਨੇ ਸਰਕਾਰੀ ਹਸਪਤਾਲ ਲੋਪੋਕੇ ਵਿਖੇ ਪਹੁੰਚ ਕੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਦੱਸਿਆ ਕਿ ਪਿੰਡ ਮੰਝ ਵਿਖੇ ਬੱਚਿਆਂ ਦੀ ਮਾਮੂਲੀ ਤਕਰਾਰ ਨੂੰ ਲੈ ਕੇ ਸਾਹਿਲ ਨੇ ਬਲਜੀਤ ਕੌਰ ਦੀ ਕੁੱਟਮਾਰ ਕੀਤੀ। ਇਸ ਸਬੰਧੀ ਪਿੰਡ ਦੇ ਮੋਹਤਬਰਾਂ ਨੇ ਕੱਲ ਰਾਜ਼ੀਨਾਵਾਂ ਰੱਖਿਆ ਗਿਆ ਸੀ। ਬੀਤੀ ਰਾਤ ਤਰਸੇਮ ਸਿੰਘ ਪੁੱਤਰ ਗੇਜਾ ਸਿੰਘ ਨਾਲ ਸਾਹਿਲ, ਹੈਪੀ, ਸੁਰਜੀਤ, ਪ੍ਰੇਮਾ, ਤਲਵਿੰਦਰ ਨਾਲ ਹੋਰਨਾਂ ਅਣਪਛਾਤੇ ਵਿਅਕਤੀਆਂ ਨੇ ਮਾਰੂ ਹਥਿਆਰਣਾ ਲੈਸ ਹੋ ਕੇ ਤਰਸੇਮ ਸਿੰਘ ਦੇ ਘਰ ਹਮਲਾ ਕਰਕੇ ਐਲ.ਈ.ਡੀ, ਵਾਸ਼ਿੰਗ ਮਸ਼ੀਨ, ਬੂਹੇ, ਬਾਰੀਆਂ ਤੇ ਹੋਰ ਕੀਮਤੀ ਸਮਾਨ ਦੀ ਬੁਰੀ ਤਰ੍ਹਾਂ ਭੰਨਤੋੜ ਕੀਤੀ। ਬਸ਼ੀਰ ਕੌਰ, ਬਾਊ ਸਿੰਘ ਅਤੇ ਪਲਵਿੰਦਰ ਸਿੰਘ ਨੂੰ ਸੱਟਾਂ ਲਗਾ ਦਿੱਤੀਆਂ। ਜਖਮੀ ਹਾਲਤ ਵਿੱਚ ਉਨ੍ਹਾਂ ਨੂੰ ਲੈ ਕੇ ਸਰਕਾਰੀ ਹਸਪਤਾਲ ਦਾਖਲ ਕਰਵਾਇਆ ਗਿਆ। ਇਸ ਸਬੰਧੀ ਪੁਲਿਸ ਚੌਂਕੀ ਕੱਕੜ ਵਿਖੇ ਲਿਖਤੀ ਦਰਖਾਸਤ ਵੀ ਦਿੱਤੀ ਗਈ ਹੈ। ਇਸ ਸਬੰਧੀ ਵਿਰੋਧੀ ਧਿਰ ਦੇ ਤਰਸੇਮ ਸਿੰਘ ਪੁੱਤਰ ਗੇਜਾ ਸਿੰਘ ਨੇ ਲੱਗੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਕਿ ਬੀਤੇ ਦਿਨੀਂ ਬੱਚਿਆਂ ਦੀ ਮਾਮੂਲੀ ਤਕਰਾਰ ਨੂੰ ਲੈ ਕੇ ਬਲਜੀਤ ਕੌਰ ਨੇ 8/10 ਵਿਅਕਤੀਆਂ ਨੂੰ ਨਾਲ ਲੈ ਕੇ ਸਾਡੇ ਘਰ ਇੱਟਾਂ ਰੋੜਿਆਂ ਨਾਲ ਹਮਲਾ ਕਰਕੇ ਫਰਿਜ਼, ਟੀ.ਵੀ. ਬੂਹੇ ਬਾਰੀਆਂ ਤੇ ਮੋਟਰਸਾਈਕਲ ਦੀ ਭੰਨਤੋੜ ਕੀਤੀ। ਅਸੀਂ ਲੁੱਕ ਕੇ ਆਪਣੀਆਂ ਜਾਨਾਂ ਬਚਾਈਆਂ। ਇਸ ਸਬੰਧੀ ਪੁਲਿਸ ਨੂੰ ਦਰਖਾਸਤ ਵੀ ਦਿੱਤੀ ਤੇ ਪੁਲਿਸ ਨੇ ਮੌਕਾ ਵੀ ਵੇਖਿਆ। ਪੁਲਿਸ ਚੌਂਕੀ ਕੱਕੜ ਨਾਲ ਸੰਪਰਕ ਕਰਨ ਤੇ ਉਨ੍ਹਾਂ ਕਿਹਾ ਕਿ ਦੋਵਾਂ ਧਿਰਾਂ ਦੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ। ਅਗਲੀ ਕਾਰਵਾਈ ਕੀਤੀ ਜਾਵੇਗੀ।



## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ



# ਸਿਰਫ਼ ਸਵਾਦ ਹੀ ਨਹੀਂ, ਬਿਮਾਰੀਆਂ ਦਾ ਇਲਾਜ ਹੈ ਇਮਲੀ!

ਜਦੋਂ ਵੀ ਇਮਲੀ ਦਾ ਨਾਮ ਲਿਆ ਜਾਂਦਾ ਹੈ, ਤਾਂ ਸਭ ਦੇ ਮੂੰਹ @ਚ ਪਾਣੀ ਆ ਜਾਂਦਾ ਹੈ ਪਰ ਕੀ ਤੁਸੀਂ ਜਾਣਦੇ ਹੋ ਕਿ ਇਹ ਖੱਟੀ-ਮਿੱਠੀ ਇਮਲੀ



ਸਿਰਫ਼ ਚਟਨੀ ਦਾ ਸਵਾਦ ਵਧਾਉਣ ਲਈ ਹੀ ਨਹੀਂ, ਸਗੋਂ ਸਰੀਰ ਨੂੰ ਕਈ ਗੰਭੀਰ ਬੀਮਾਰੀਆਂ ਤੋਂ ਬਚਾਉਣ ਲਈ ਵੀ ਵਰਦਾਨ ਹੈ?

**ਇਮਿਊਨਿਟੀ ਬੂਸਟਰ ;** - ਵਿਟਾਮਿਨ-3 ਅਤੇ ਐਂਟੀ-ਆਕਸੀਡੈਂਟਸ ਨਾਲ ਭਰਪੂਰ ਹੋਣ ਕਾਰਨ, ਇਮਲੀ ਸਰੀਰ ਨੂੰ ਇਨਫੈਕਸ਼ਨਾਂ ਨਾਲ ਲੜਨ ਦੀ ਤਾਕਤ ਦਿੰਦੀ ਹੈ ਅਤੇ ਚਮੜੀ 'ਚ ਨਿਖਾਰ ਲਿਆਉਂਦੀ ਹੈ।

**ਸ਼ੂਗਰ ਨੂੰ ਕਰੇ ਕੰਟਰੋਲ ;** - ਕਈ ਖੋਜਾਂ ਮੁਤਾਬਕ ਇਮਲੀ ਦੇ ਬੀਜਾਂ ਦਾ ਅਰਕ ਸਰੀਰ 'ਚ ਬਲੱਡ ਸ਼ੂਗਰ ਦੇ ਪੱਧਰ ਨੂੰ ਸਥਿਰ ਰੱਖਣ 'ਚ ਮਦਦ ਕਰਦਾ ਹੈ, ਜੋ ਸ਼ੂਗਰ ਦੇ ਮਰੀਜ਼ਾਂ ਲਈ ਫਾਇਦੇਮੰਦ ਹੋ ਸਕਦਾ ਹੈ।

**ਭਾਰ ਘਟਾਉਣ 'ਚ ਸਹਾਇਕ ;** - ਇਮਲੀ 'ਚ ਹਾਈਡ੍ਰੋਕਸਿਲ ਸਿਟਰਿਕ ਐਸਿਡ (831) ਹੁੰਦਾ ਹੈ, ਜੋ ਸਰੀਰ 'ਚ ਵਾਧੂ ਚਰਬੀ ਨੂੰ ਬਣਨ ਤੋਂ ਰੋਕਦਾ ਹੈ। ਇਹ ਤੁਹਾਡੇ ਮੈਟਾਬੋਲਿਜ਼ਮ ਨੂੰ ਤੇਜ਼ ਕਰਕੇ ਭਾਰ ਘਟਾਉਣ 'ਚ ਮਦਦ ਕਰਦੀ ਹੈ।

**ਪਾਚਨ ਸ਼ਕਤੀ ਨੂੰ ਬਣਾਵੇ ਮਜ਼ਬੂਤ ;** ਜੇਕਰ ਤੁਹਾਨੂੰ ਬਦਹਜ਼ਮੀ ਜਾਂ ਗੈਸ ਦੀ ਸਮੱਸਿਆ ਰਹਿੰਦੀ ਹੈ, ਤਾਂ ਇਮਲੀ ਤੁਹਾਡੇ ਲਈ ਰਾਮਬਾਣ ਹੈ। ਇਹ ਪਾਚਨ ਪ੍ਰਣਾਲੀ ਨੂੰ ਸੁਧਾਰਦੀ ਹੈ ਅਤੇ ਭੁੱਖ ਵਧਾਉਣ 'ਚ ਮਦਦਗਾਰ ਹੁੰਦੀ ਹੈ।

# ਉੱਘੇ ਸਿੱਖਿਆ ਸ਼ਾਸਤਰੀ ਤੇ ਚਿੰਤਕ ਪ੍ਰੋ. ਡਾ. ਕਮਲ ਸੈਣੀ ਨੂੰ ਮਿਲੇਗਾ ਰਾਸ਼ਟਰੀ ਵੇਦ ਰਾਮ ਠਾਕੁਰ ਭੁੱਟੀਕੋ ਲਾਈਫ ਅਚੀਵਮੈਂਟ ਐਵਾਰਡ-2026

ਕੁੱਲੂ, 16 ਅਪ੍ਰੈਲ (ਚ.ਨ.ਸ.) : ਸਿੱਖਿਆ, ਸਮਾਜ ਸੇਵਾ ਤੇ ਕੋਆਪਰੇਟਿਵ ਖੇਤਰ ਵਿੱਚ ਦਿੱਤੇ ਜਾਣ ਵਾਲੇ ਦੇਸ਼ ਦੇ ਪ੍ਰਤਿਸ਼ਠਿਤ ਪੁਰਸਕਾਰ ਵੇਦ ਰਾਮ ਠਾਕੁਰ ਰਾਸ਼ਟਰੀ ਭੁੱਟੀਕੋ ਪੁਰਸਕਾਰ ਇਸ ਸਾਲ ਦੇਸ਼ ਦੀ ਪ੍ਰਤਿਸ਼ਠਿਤ ਸਿੱਖਿਆਵਿਦ ਤੇ ਚਿੰਤਕ ਲੇਖਕ ਡਾ. ਕਮਲ ਸੈਣੀ ਨੂੰ ਉਨ੍ਹਾਂ ਦੇ ਜੀਵਨਭਰ ਸਿੱਖਿਆ ਖੇਤਰ ਵਿੱਚ ਤੇ ਸਮਗਰ ਗਾਂਧੀ ਦਰਸ਼ਨ ਦੇ ਚਿੰਤਨ ਰਾਹੀਂ ਸਿੱਖਿਆ ਵਿੱਚ ਨਵੀਨਤਾਵਾਂ ਲਿਆਉਣ ਵਾਲੇ ਕੰਮ ਨੂੰ ਦੇਖਦਿਆਂ ਇਸ ਪੁਰਸਕਾਰ ਨਾਲ ਸਨਮਾਨਿਤ ਕਰਨ ਦੀ ਘੋਸ਼ਣਾ ਕੀਤੀ ਗਈ ਹੈ। ਭੁੱਟੀਕੋ ਸੰਸਥਾ ਦੇ ਚੇਅਰਮੈਨ ਸਤਿਆ ਪ੍ਰਕਾਸ਼ ਠਾਕੁਰ ਅਨੁਸਾਰ ਵੇਦ ਰਾਮ ਠਾਕੁਰ ਰਾਸ਼ਟਰੀ ਪੁਰਸਕਾਰ ਹਿਮਾਚਲ ਦੇ ਭੁੱਟੀਕੋ ਵੱਲੋਂ ਅੰਤਰਰਾਸ਼ਟਰੀ ਤੇ ਰਾਸ਼ਟਰੀ ਪੱਧਰ 'ਤੇ ਪ੍ਰਸਿਧ ਉਨ੍ਹਾਂ ਵਿਦਵਾਨਾਂ ਤੇ ਉਨ੍ਹਾਂ ਲੋਕਾਂ ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਨੇ ਸਮਾਜ ਲਈ ਜੀਵਨਭਰ ਕੰਮ ਕੀਤਾ ਹੋਵੇ। ਇਸੇ ਤਹਿਤ ਡਾ. ਕਮਲ ਸੈਣੀ, ਜੋ ਦੇਸ਼ ਦੇ ਪ੍ਰਸਿੱਧ ਸਿੱਖਿਆਵਿਦ ਤੇ ਗਾਂਧੀਵਾਦੀ ਵਿਚਾਰਧਾਰਾ ਵਿੱਚ ਨਵੀਨਤਾ ਲਿਆਉਣ ਵਾਲੇ ਪ੍ਰਿੰਸੀਪਲ ਵਜੋਂ ਆਪਣੀ ਵੱਖਰੀ ਸਾਫ਼ ਛਵੀ ਛੱਡਣ ਵਾਲੇ ਅਧਿਆਪਕ ਤੇ ਲੇਖਕ ਰਹੇ ਹਨ, ਉਨ੍ਹਾਂ ਨੂੰ ਇਸ ਪੁਰਸਕਾਰ ਲਈ ਨਾਮਜ਼ਦ ਕੀਤਾ ਗਿਆ ਹੈ। ਇਹ ਵੱਕਾਰੀ ਪੁਰਸਕਾਰ ਉਨ੍ਹਾਂ ਨੂੰ ਇਸ ਮਹੀਨੇ ਵਿੱਚ ਹੀ ਹੋ ਰਹੇ ਇੱਕ ਰਾਸ਼ਟਰੀ ਭੁੱਟੀਕੋ ਸਮਾਰੋਹ ਵਿੱਚ ਦਿੱਤਾ ਜਾਵੇਗਾ, ਜਿਸ ਵਿੱਚ ਪੰਜਾਬ, ਹਰਿਆਣਾ ਤੇ ਹਿਮਾਚਲ ਪ੍ਰਦੇਸ਼ ਦੀਆਂ ਪ੍ਰਮੁੱਖ ਸ਼ਖਸੀਅਤਾਂ ਸ਼ਾਮਲ ਹੋਣਗੀਆਂ। ਇੱਥੇ



ਇਹ ਵੀ ਉਲੇਖਯੋਗ ਹੈ ਕਿ ਡਾ. ਕਮਲ ਸੈਣੀ ਨੂੰ ਇਸ ਤੋਂ ਪਹਿਲਾਂ ਉਨ੍ਹਾਂ ਦੇ ਜੀਵਨਭਰ ਹਿੰਦੀ ਸਾਹਿਤ ਤੇ ਗਾਂਧੀ ਚਿੰਤਨ ਲਈ ਮੱਧ ਪ੍ਰਦੇਸ਼ ਸਰਕਾਰ ਵੱਲੋਂ ਗਾਂਧੀ ਦਰਸ਼ਨ ਸਮ੍ਰਿਤੀ ਪੁਰਸਕਾਰ ਤੇ ਰਾਜਸਥਾਨ ਵੱਲੋਂ ਨਾਰੀ ਸ਼ਕਤੀ ਪੁਰਸਕਾਰ ਦਿੱਤਾ ਜਾ ਚੁੱਕਾ ਹੈ। ਸਾਹਿਤ ਅਕਾਦਮੀ ਤੇ ਨੈਸ਼ਨਲ ਬੁੱਕ ਟ੍ਰੱਸਟ ਵੱਲੋਂ ਉਨ੍ਹਾਂ ਦੀਆਂ ਕਿਤਾਬਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ ਜੋ ਦੇਸ਼ ਭਰ ਵਿੱਚ ਪੜ੍ਹੀਆਂ ਗਈਆਂ ਹਨ। ਡਾ. ਕਮਲ ਸੈਣੀ ਦੇਸ਼ ਦੇ ਸਿੱਖਿਆ ਵੇਦਾਂ ਵਿੱਚੋਂ ਇੱਕ ਹਨ ਜਿਨ੍ਹਾਂ ਨੇ ਜ਼ਮੀਨੀ ਪੱਧਰ 'ਤੇ ਉਤਰ ਕੇ ਆਦਿਵਾਸੀ ਬੱਚਿਆਂ ਲਈ ਵੀ ਸਮਾਜ ਭਲਾਈ ਦਾ ਕੰਮ ਕੀਤਾ ਹੈ। ਇਸ ਤੋਂ ਪਹਿਲਾਂ ਉਨ੍ਹਾਂ ਨੂੰ ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਵੱਲੋਂ ਭਾਰਤੇਂਦੂ ਹਰਿਸ਼ਚੰਦਰ ਪੁਰਸਕਾਰ ਦਿੱਤਾ ਜਾ ਚੁੱਕਾ ਹੈ। ਡਾ. ਕਮਲ ਸੈਣੀ ਪਿਛਲੇ 40 ਸਾਲਾਂ ਤੋਂ ਸਿੱਖਿਆ ਖੇਤਰ ਵਿੱਚ ਸਰਗਰਮ ਹਨ ਤੇ ਦੇਸ਼ ਦੇ ਪ੍ਰਤਿਸ਼ਠਿਤ ਵਿਦਵਾਨਾਂ ਤੇ ਸਿੱਖਿਆਵਿਦਾਂ ਵਿੱਚ ਉਨ੍ਹਾਂ ਦੀਆਂ ਕਿਤਾਬਾਂ ਤੇ ਉਨ੍ਹਾਂ ਦੇ ਵਿਚਾਰ ਵਿਮਰਸ਼ ਨੂੰ ਵੇਖਿਆ ਜਾਂਦਾ ਹੈ।

# ਸੀ.ਸੀ.ਏ. ਪੰਜਾਬ ਸਰਕਲ ਦੇ ਦਫ਼ਤਰ ਨੇ ਲਾਈਫ ਸਰਟੀਫਿਕੇਟ ਕੈਂਪ ਲਗਾਏ

ਲੁਧਿਆਣਾ, 16 ਅਪ੍ਰੈਲ (ਚ.ਨ.ਸ.) : ਕੰਟਰੋਲਰ ਆਫ ਕਮਿਊਨੀਕੇਸ਼ਨ ਅਕਾਊਂਟਸ (ਸੀਸੀਏ), ਪੰਜਾਬ ਸਰਕਲ ਦੇ ਦਫ਼ਤਰ ਵੱਲੋਂ ਬੀਐੱਸਐੱਨਐੱਲ ਜੀਐੱਮਟੀਡੀ ਦਫ਼ਤਰ, ਭਾਰਤ ਨਗਰ ਚੌਕ, ਲੁਧਿਆਣਾ ਵਿਖੇ ਲਾਈਫ ਸਰਟੀਫਿਕੇਟ (ਐੱਲਸੀ) ਕੈਂਪ ਦਾ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ, ਜਿਸ ਦਾ ਉਦੇਸ਼ ਪੈਨਸ਼ਨਰਾਂ ਦੀ ਸਹੂਲਤ ਅਤੇ ਉਨ੍ਹਾਂ ਦੀਆਂ ਪੈਨਸ਼ਨ ਸੰਬੰਧੀ ਸਮੱਸਿਆਵਾਂ ਦਾ ਹੱਲ ਕਰਨਾ ਸੀ। ਇਸ ਮੌਕੇ ਲਗਭਗ 60 ਪੈਨਸ਼ਨਰਾਂ ਨੇ ਇਸ ਕੈਂਪ ਵਿੱਚ ਭਾਗ ਲਿਆ। ਇਹ ਕੈਂਪ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉਣ ਦੀ ਸਹੂਲਤ ਪ੍ਰਦਾਨ ਕਰਨ ਅਤੇ ਪੈਨਸ਼ਨਰਾਂ, ਸੀਨੀਅਰ ਨਾਗਰਿਕਾਂ ਅਤੇ ਸੇਵਾਮੁਕਤ ਕਰਮਚਾਰੀਆਂ ਨੂੰ ਪੈਨਸ਼ਨ ਸਬੰਧੀ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ ਸੀ। ਕੈਂਪ ਦੌਰਾਨ ਅਧਿਕਾਰੀਆਂ ਵੱਲੋਂ ਮੌਕੇ 'ਤੇ ਹੀ ਸਹਾਇਤਾ ਪ੍ਰਦਾਨ ਕੀਤੀ ਗਈ ਅਤੇ ਪੈਨਸ਼ਨ ਸਬੰਧੀ ਮਾਮਲਿਆਂ, ਦਸਤਾਵੇਜ਼ੀ ਲੋੜਾਂ ਅਤੇ ਪੈਨਸ਼ਨ ਪ੍ਰਕਿਰਿਆਵਾਂ ਬਾਰੇ ਮਾਰਗ-ਦਰਸ਼ਨ ਕੀਤਾ ਗਿਆ। ਡਿਜ਼ੀਟਲ ਸੇਵਾਵਾਂ ਜਿਵੇਂ ਕਿ ਜੀਵਨ ਪ੍ਰਮਾਣ, ਆਨਲਾਈਨ ਪੈਨਸ਼ਨ ਸੇਵਾਵਾਂ ਅਤੇ ਡਿਜ਼ੀਟਲ ਇੰਡੀਆ ਹੇਠ ਹੋਰ ਨਾਗਰਿਕ-ਕੇਂਦਰਿਤ ਪਹਿਲਾਂ ਬਾਰੇ ਵੀ ਜਾਗਰੂਕ ਕੀਤਾ ਗਿਆ, ਜਿਸ ਨਾਲ ਪੈਨਸ਼ਨਰ ਘਰ ਬੈਠੇ ਹੀ ਸੇਵਾਵਾਂ ਦਾ ਲਾਭ ਲੈ ਸਕਣ।



ਇਸ ਤੋਂ ਇਲਾਵਾ, ਵੱਖ-ਵੱਖ ਸਰਕਾਰੀ ਯੋਜਨਾਵਾਂ ਅਤੇ ਉਪਲਬਧ ਸਹੂਲਤਾਂ ਬਾਰੇ ਜਾਣਕਾਰੀ ਵੀ ਭਾਗੀਦਾਰਾਂ ਨਾਲ ਸਾਂਝੀ ਕੀਤੀ ਗਈ। ਪੈਨਸ਼ਨਰਾਂ ਨੂੰ ਸਾਈਬਰ ਧੋਖਾਧੜੀ ਅਤੇ ਡਿਜ਼ੀਟਲ ਸੁਰੱਖਿਆ ਬਾਰੇ ਵੀ ਜਾਗਰੂਕ ਕੀਤਾ ਗਿਆ, ਜਿਸ ਵਿੱਚ ਠੱਗੀ ਵਾਲੀਆਂ ਕਾਲਾਂ/ਸੁਨੇਹਿਆਂ ਤੋਂ ਬਚਾਅ ਅਤੇ ਨਿੱਜੀ ਅਤੇ ਬੈਂਕਿੰਗ ਜਾਣਕਾਰੀ ਦੀ ਸੁਰੱਖਿਆ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ। ਪੈਨਸ਼ਨਰ ਐਸੋਸੀਏਸ਼ਨਾਂ ਨੇ ਸ਼੍ਰੀ ਵਿਜੇਂਦਰ ਐੱਨ. ਟੰਡਨ, ਸੀਸੀਏ ਪੰਜਾਬ ਦੇ ਕੰਮ ਅਤੇ ਅਗਵਾਈ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹਮੇਸ਼ਾ ਤੁਰੰਤ ਹੱਲ ਕੀਤਾ ਜਾਂਦਾ ਹੈ। ਭਾਗ ਲੈਣ ਵਾਲੇ ਪੈਨਸ਼ਨਰਾਂ ਨੇ ਇਸ ਪਹਿਲ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਕੈਂਪ ਦਫ਼ਤਰਾਂ ਦੇ ਵਾਰ-ਵਾਰ ਚੱਕਰ ਘਟਾਉਂਦੇ ਹਨ ਅਤੇ ਸੇਵਾਵਾਂ ਨੂੰ ਹੋਰ ਸੌਖਾ ਅਤੇ ਪਾਰਦਰਸ਼ੀ ਬਣਾਉਂਦੇ ਹਨ। ਸੀਸੀਏ ਪੰਜਾਬ ਦੀ ਟੀਮ ਭਵਿੱਖ ਵਿੱਚ ਵੀ ਵੱਖ-ਵੱਖ ਜ਼ਿਲ੍ਹਿਆਂ ਵਿੱਚ ਇਸ ਤਰ੍ਹਾਂ ਦੇ ਆਊਟਰੀਚ ਕੈਂਪ ਆਯੋਜਿਤ ਕਰਨ ਲਈ ਵਚਨਬੱਧ ਹੈ ਤਾਂ ਜੋ ਪੈਨਸ਼ਨਰਾਂ ਨੂੰ ਸਮੇਂ ਸਿਰ, ਕੁਸ਼ਲ ਅਤੇ ਸੁਰੱਖਿਅਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ।

# ਯੂਟੀ ਚੰਡੀਗੜ੍ਹ ਨੇ ਆਨਲਾਈਨ ਜਨਗਣਨਾ ਪੋਰਟਲ ਰਾਹੀਂ ਆਪਣੀ ਸਵੈ-ਗਣਨਾ ਸਫਲਤਾਪੂਰਵਕ ਪੂਰੀ ਕੀਤੀ

ਚੰਡੀਗੜ੍ਹ, 16 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਜਨਗਣਨਾ 2027 ਵਿੱਚ ਡਿਜੀਟਲ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ, ਸ਼੍ਰੀ ਐਚ. ਰਾਜੇਸ਼ ਪ੍ਰਸਾਦ, ਆਈਏਐਸ, ਨੇ ਅੱਜ ਔਨਲਾਈਨ ਜਨਗਣਨਾ ਪੋਰਟਲ ਰਾਹੀਂ ਆਪਣੀ ਸਵੈ-ਗਣਨਾ ਸਫਲਤਾਪੂਰਵਕ ਪੂਰੀ ਕੀਤੀ। ਇਸ ਪ੍ਰਕਿਰਿਆ ਨੂੰ ਡਾ. ਨਵਜੋਤ ਖੋਸਾ, ਆਈਏਐਸ, ਡਾਇਰੈਕਟਰ, ਜਨਗਣਨਾ ਸੰਚਾਲਨ ਡਾਇਰੈਕਟੋਰੇਟ, ਯੂਟੀ ਚੰਡੀਗੜ੍ਹ, ਅਤੇ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐਸ, ਡਿਪਟੀ ਕਮਿਸ਼ਨਰ-ਕਮ-ਮੁੱਖ ਜਨਗਣਨਾ ਅਧਿਕਾਰੀ, ਯੂਟੀ ਚੰਡੀਗੜ੍ਹ ਦੁਆਰਾ ਸਮਰਥਤ ਕੀਤਾ ਗਿਆ ਸੀ। ਇਹ ਪਹਿਲਕਦਮੀ ਤਕਨਾਲੋਜੀ ਦੀ ਵਰਤੋਂ ਰਾਹੀਂ ਇੱਕ ਪਾਰਦਰਸ਼ੀ, ਕੁਸ਼ਲ ਅਤੇ ਨਾਗਰਿਕ-ਅਨੁਕੂਲ ਜਨਗਣਨਾ ਨੂੰ ਯਕੀਨੀ ਬਣਾਉਣ ਲਈ ਯੂਟੀ ਪ੍ਰਸ਼ਾਸਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਮੁੱਖ ਸਕੱਤਰ ਦੀ ਸਵੈ-ਗਣਨਾ ਨੇ ਇੱਕ ਉਦਾਹਰਣ ਕਾਇਮ ਕੀਤੀ ਹੈ ਜੋ ਨਾਗਰਿਕਾਂ ਨੂੰ ਇਸ ਸਰਲ, ਸੁਰੱਖਿਅਤ ਅਤੇ ਸੁਵਿਧਾਜਨਕ ਡਿਜੀਟਲ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕਰੇਗੀ। ਸਵੈ-ਗਣਨਾ ਨਾਗਰਿਕਾਂ ਨੂੰ ਆਪਣੀ ਸਹੂਲਤ ਅਨੁਸਾਰ ਔਨਲਾਈਨ ਜਾਣਕਾਰੀ ਦਰਜ ਕਰਨ, ਸਮਾਂ ਬਚਾਉਣ ਅਤੇ ਡੇਟਾ ਸ਼ੁੱਧਤਾ ਨੂੰ ਯਕੀਨੀ ਬਣਾਉਣ ਦੀ ਆਗਿਆ ਦਿੰਦੀ ਹੈ।



ਇਸ ਮੌਕੇ, ਮੁੱਖ ਸਕੱਤਰ ਨੇ ਪ੍ਰਭਾਵਸ਼ਾਲੀ ਯੋਜਨਾਬੰਦੀ ਅਤੇ ਨੀਤੀਗਤ ਫੈਸਲਿਆਂ ਲਈ ਸਹੀ ਡੇਟਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਸਵੈ-ਗਣਨਾ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਜਨਗਣਨਾ ਪ੍ਰਕਿਰਿਆ ਵਿੱਚ ਪੂਰਾ ਸਹਿਯੋਗ ਦੇਣ। ਯੂਟੀ ਚੰਡੀਗੜ੍ਹ ਦੇ ਜਨਗਣਨਾ ਸੰਚਾਲਨ ਡਾਇਰੈਕਟੋਰੇਟ ਅਤੇ ਡਿਪਟੀ ਕਮਿਸ਼ਨਰ-ਕਮ-ਮੁੱਖ ਜਨਗਣਨਾ ਅਧਿਕਾਰੀ, ਯੂਟੀ ਚੰਡੀਗੜ੍ਹ ਨੇ ਸਵੈ-ਗਣਨਾ ਪ੍ਰਕਿਰਿਆ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕੀਤੇ ਹਨ। ਨਾਗਰਿਕਾਂ ਨੂੰ ਕਿਸੇ ਵੀ ਜਾਣਕਾਰੀ ਜਾਂ ਤਕਨੀਕੀ ਸਹਾਇਤਾ ਵਿੱਚ ਸਹਾਇਤਾ ਲਈ ਇੱਕ ਸਮਰਪਿਤ ਟੋਲ-ਫ੍ਰੀ ਹੈਲਪਲਾਈਨ (1855) ਵੀ ਸਥਾਪਤ ਕੀਤੀ ਗਈ ਹੈ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਰਾਏਪੁਰ, ਬਹਾਦਰਗੜ੍ਹ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸੌ ਫੀਸਦੀ

ਪਟਿਆਲਾ, 16 ਅਪ੍ਰੈਲ (ਚ.ਨ.ਸ.) : ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਰਾਏਪੁਰ ਬਹਾਦਰਗੜ੍ਹ ਨੇ ਸੀ.ਬੀ.ਐਸ.ਈ. ਵੱਲੋਂ ਐਲਾਨੇ ਗਏ ਸੈਸ਼ਨ (2025-26) ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 100% ਨਤੀਜਾ ਹਾਸਲ ਕੀਤਾ ਹੈ। ਸਾਰੇ ਵਿਦਿਆਰਥੀਆਂ ਨੇ ਇਮਤਿਹਾਨ ਵਿਚ ਕਾਮਯਾਬੀ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਦਸਵੀਂ ਜਮਾਤ ਦੀ ਹੁਸਨਪ੍ਰੀਤ ਕੌਰ ਨੇ 93.5% ਅੰਕਾਂ ਨਾਲ ਪਹਿਲਾ ਸਥਾਨ, ਜਪੁਜੀ ਨੇ 87% ਅੰਕਾਂ ਨਾਲ ਦੂਜਾ ਸਥਾਨ ਅਤੇ ਤੀਜਾ ਸਥਾਨ ਸਤਵੀਰ ਸਿੰਘ ਨੇ 74.5% ਅੰਕਾਂ ਨਾਲ ਪ੍ਰਾਪਤ ਕੀਤਾ। ਸਕੂਲ ਦੇ ਵਿਦਿਆਰਥੀਆਂ ਨੇ ਉਤਕ੍ਰਿਸ਼ਟ ਅੰਕ



ਪ੍ਰਾਪਤ ਕਰਦੇ ਹੋਏ ਆਪਣੀ ਮਿਹਨਤ ਅਤੇ ਅਧਿਆਪਕਾਂ ਦੀ ਮਿਹਨਤ ਨੂੰ ਸਫਲ ਬਣਾਇਆ। ਸਕੂਲ ਦੇ ਚੇਅਰਮੈਨ ਪਦਮ ਸ਼੍ਰੀ ਡਾ: ਜਗਜੀਤ ਸਿੰਘ ਦਰਦੀ ਜੀ ਅਤੇ ਡਾਇਰੈਕਟਰ ਸੇਵਾ ਰਤਨ ਡਾ: ਜਸਵਿੰਦਰ ਕੌਰ ਦਰਦੀ ਜੀ ਨੇ ਨਤੀਜੇ ਉੱਤੇ ਖੁਸ਼ੀ ਜਤਾਉਂਦੇ ਹੋਏ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ।

ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਵਾਲੀਆ ਜੀ ਨੇ ਵੀ ਨਤੀਜੇ ਉੱਤੇ ਖੁਸ਼ੀ ਪ੍ਰਗਟਾਈ ਅਤੇ ਵਿਦਿਆਰਥੀਆਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਨਤੀਜਾ ਸਕੂਲ ਦੇ ਉੱਚ ਮਿਆਰੀ ਵਿੱਦਿਆ ਦੇਣ ਵਾਲੇ ਮਾਪਦੰਡਾਂ ਅਤੇ ਵਿਦਿਆਰਥੀਆਂ ਦੀ ਲਗਨ ਦੀ ਗਵਾਹੀ ਦਿੰਦਾ ਹੈ।

# ਖ਼ਾਲਸਾ ਭਾਰਤ ਦੇ ਮਜ਼ਬੂਤ ਨਿਰਮਾਣ ਵਿਚ ਸਭ ਤੋਂ ਮੋਹਰੀ: ਤਰਲੋਚਨ ਸਿੰਘ

ਨਵੀਂ ਦਿੱਲੀ, 16 ਅਪ੍ਰੈਲ (ਚ.ਨ.ਸ.) : ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਅਤੇ ਸਾਬਕਾ ਰਾਜ ਸਭਾ ਮੈਂਬਰ ਤਰਲੋਚਨ ਸਿੰਘ ਨੇ ਕਿਹਾ ਹੈ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਜਿਸ ਖ਼ਾਲਸੇ ਦੀ ਸਾਜਣਾ ਕੀਤੀ ਉਹ ਭਾਰਤ ਦੇ ਹਰ ਖੇਤਰ ਵਿਚ ਮੋਹਰੀ ਹੋ ਕੇ ਤੁਰ ਰਿਹਾ ਹੈ। ਬੀਤੇ ਦਿਨੀਂ ਦਿੱਲੀ ਦੇ ਇੰਡੀਆ ਇੰਟਰਨੈਸ਼ਨਲ ਸੈਂਟਰ ਵਿਖੇ ਇੰਟਰਨੈਸ਼ਨਲ ਪੰਜਾਬੀ ਸੁਸਾਇਟੀ ਵੱਲੋਂ ਕਰਵਾਇਆ ਗਿਆ ਸੀ। ਇਸ ਸਮਾਗਮ ਵਿੱਚ ਦਿੱਲੀ ਦੇ ਨਵੇਂ ਨਿਯੁਕਤ ਉਪ ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸ. ਤਰਲੋਚਨ ਸਿੰਘ ਨੇ ਕਿਹਾ ਕਿ ਇਹ ਸਮੁੱਚੇ ਪੰਜਾਬੀ ਭਾਈਚਾਰੇ ਲਈ ਮਾਣ ਵਾਲੀ ਗੱਲ ਹੈ ਕਿ ਤਰਨਜੀਤ ਸਿੰਘ ਸੰਧੂ ਵਰਗੀ ਕਾਬਲ ਸ਼ਖ਼ਸੀਅਤ, ਜੋ ਅੰਤਰਰਾਸ਼ਟਰੀ ਪੱਧਰ @ਤੇ ਭਾਰਤ ਦਾ ਨਾਂ ਰੌਸ਼ਨ ਕਰ ਚੁੱਕੀ ਹੈ, ਹੁਣ ਦਿੱਲੀ ਦੇ ਉਪ ਰਾਜਪਾਲ ਹਨ। ਉਨ੍ਹਾਂ ਨੇ ਯਾਦ ਦਿਵਾਇਆ ਕਿ ਦਿੱਲੀ ਦੇ ਵਿਕਾਸ ਵਿੱਚ ਪੰਜਾਬੀਆਂ ਨੇ ਖ਼ੂਨ-ਪਸੀਨਾ ਵਹਾਇਆ ਹੈ। ਉਨ੍ਹਾਂ ਨੇ *7 ਨੂੰ ਅਪੀਲ ਕੀਤੀ ਕਿ ਉਹ ਦਿੱਲੀ ਵਿੱਚ ਪੰਜਾਬੀ ਸੱਭਿਆਚਾਰ, ਭਾਸ਼ਾ ਅਤੇ



ਵਿਰਸੇ ਨੂੰ ਹੋਰ ਉਤਸ਼ਾਹਿਤ ਕਰਨ ਵਿੱਚ ਮਦਦਗਾਰ ਸਾਬਤ ਹੋਣਗੇ।

ਤਰਲੋਚਨ ਸਿੰਘ ਨੇ ਸਮਾਗਮ ਵਿੱਚ ਮੌਜੂਦ ਹੋਰਨਾਂ ਪ੍ਰਮੁੱਖ ਪੰਜਾਬੀਆਂ ਦਾ ਵੀ ਜ਼ਿਕਰ ਕੀਤਾ, ਜਿਨ੍ਹਾਂ ਵਿੱਚ ਸਾਬਕਾ ਰਾਜਪਾਲ ਐੱਨ.ਐੱਨ. ਵੋਹਰਾ ਵਰਗੀਆਂ ਹਸਤੀਆਂ ਸ਼ਾਮਲ ਸਨ। ਉਪ ਰਾਜਪਾਲ ਸੰਧੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਹ ਦਿੱਲੀ ਦੇ ਵਿਕਾਸ ਲਈ ਵਚਨਬੱਧ ਹਨ ਅਤੇ ਉਨ੍ਹਾਂ ਦਾ ਮੰਨਣਾ ਹੈ ਕਿ ਪੰਜਾਬੀਆਂ ਦੀ @ਚੜ੍ਹਦੀ ਕਲਾ@ ਵਾਲੀ ਸੋਚ ਦਿੱਲੀ ਦੀਆਂ ਕਈ ਚੁਣੌਤੀਆਂ ਨੂੰ ਹੱਲ ਕਰਨ ਵਿੱਚ ਸਹਾਈ ਹੋ ਸਕਦੀ ਹੈ। ਉਨ੍ਹਾਂ ਨੇ ਵਿਸਾਖੀ ਦੀ ਵਧਾਈ ਦਿੰਦਿਆਂ ਪੰਜਾਬੀ ਭਾਈਚਾਰੇ ਨੂੰ ਦਿੱਲੀ ਦੇ ਪ੍ਰਸ਼ਾਸਨ ਵਿੱਚ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ। ਦਿੱਲੀ ਦੇ ਲੈਫਟੀਨੈਂਟ ਗਵਰਨਰ (ਐਲਜੀ) ਟੀ.ਐਸ. ਸੰਧੂ ਨੇ ਨੌਜਵਾਨਾਂ ਨੂੰ ਸਾਡੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ ਮਾਰਗਦਰਸ਼ਨ ਕਰਨ ਦਾ ਸੱਦਾ ਦਿੱਤਾ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਇੱਕ ਸੰਦੇਸ਼ ਵਿੱਚ, ਐਲਜੀ ਸੰਧੂ ਨੇ ਕਿਹਾ, ਮੈਨੂੰ ਅੱਜ ਇੰਡੀਆ ਇੰਟਰਨੈਸ਼ਨਲ ਸੈਂਟਰ ਵਿਖੇ ਇੰਟਰਨੈਸ਼ਨਲ ਪੰਜਾਬੀ ਸੋਸਾਇਟੀ ਦੁਆਰਾ ਆਯੋਜਿਤ ਸਾਲਾਨਾ ਵਿਸਾਖੀ ਦੇ ਜਸ਼ਨਾਂ ਵਿੱਚ ਹਿੱਸਾ ਲੈ ਕੇ ਖੁਸ਼ੀ ਹੋ ਰਹੀ ਹੈ।

ਉਨ੍ਹਾਂ ਕਿਹਾ, ਵਿਸਾਖੀ ਸਿਰਫ਼ ਇੱਕ ਵਾਢੀ ਦਾ ਤਿਉਹਾਰ ਨਹੀਂ ਹੈ - ਇਹ ਲਚਕੀਲੇਪਨ, ਦ੍ਰਿੜਤਾ ਅਤੇ ਅਦੁੱਤੀ ਪੰਜਾਬੀ ਭਾਵਨਾ ਦਾ ਇੱਕ ਜੀਵੰਤ ਜਸ਼ਨ ਹੈ ਜੋ ਪੰਜਾਬੀਆਂ ਦੇ ਜਿੱਥੇ ਵੀ ਜਾਣ, ਭਾਈਚਾਰਿਆਂ ਦਾ ਨਿਰਮਾਣ ਕਰਦਾ ਹੈ। ਐਲਜੀ ਨੇ ਕਿਹਾ, ਦਿੱਲੀ ਦੇ ਇਤਿਹਾਸਕ ਤਾਣੇ-ਬਾਣੇ ਨੂੰ ਆਕਾਰ ਦੇਣ ਤੋਂ ਲੈ ਕੇ ਇਸਦੇ ਆਧੁਨਿਕ ਵਿਕਾਸ ਨੂੰ ਤੇਜ਼ ਕਰਨ ਤੱਕ, ਵਪਾਰ, ਉਦਯੋਗ ਅਤੇ ਨਿਰਸਵਾਰਥ ਸੇਵਾ ਦੀ ਭਾਵਨਾ ਵਿੱਚ ਪੰਜਾਬੀ ਭਾਈਚਾਰੇ ਦੇ ਯੋਗਦਾਨ ਸਾਡੀ ਰਾਸ਼ਟਰੀ ਰਾਜਧਾਨੀ ਦੀ ਪਛਾਣ ਦੀ ਨੀਂਹ ਰਹੇ ਹਨ। ਉਨ੍ਹਾਂ ਅੱਗੇ ਕਿਹਾ, ਜਿਵੇਂ ਕਿ ਅਸੀਂ ਆਪਣੀ ਸਾਂਝੀ ਵਿਰਾਸਤ ਦਾ ਜਸ਼ਨ ਮਨਾਉਂਦੇ ਹਾਂ, ਆਓ ਅਸੀਂ ਆਪਣੀ ਵਿਅਕਤੀਗਤ ਸਫਲਤਾ ਨੂੰ ਸਮੂਹਿਕ ਤਾਕਤ ਵਿੱਚ ਬਦਲਣ ਦੇ ਆਪਣੇ ਸੰਕਲਪ ਨੂੰ ਨਵਿਆਈਏ - ਅਜਿਹਾ ਕਰਨ ਲਈ, ਸਾਨੂੰ ਆਪਣੇ ਨੌਜਵਾਨਾਂ ਨੂੰ ਸਲਾਹ ਦੇਣੀ ਚਾਹੀਦੀ ਹੈ, ਉੱਭਰ ਰਹੇ ਉੱਦਮੀਆਂ ਦਾ ਸਮਰਥਨ ਕਰਨਾ ਚਾਹੀਦਾ ਹੈ, ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਣਾ ਚਾਹੀਦਾ ਹੈ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਇਹ ਗਲਿਆਰਾ ਪ੍ਰਗਤੀ ਦੀ ਜੀਵਨ ਰੇਖਾ ਵਜੋਂ ਕੰਮ ਕਰੇਗਾ, ਜਿਸ ਨਾਲ ਲੱਖਾਂ ਰਾਸ਼ਟਰੀ ਰਾਜਧਾਨੀ ਖੇਤਰ (NCR) ਨਿਵਾਸੀਆਂ ਦੀ ਜ਼ਿੰਦਗੀ ਆਸਾਨ ਹੋਵੇਗੀ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਦਿੱਲੀ-ਦੇਹਰਾਦੂਨ ਆਰਥਿਕ ਗਲਿਆਰੇ ਦਾ ਉਦਘਾਟਨ ਭਾਰਤ ਦੀ ਬੁਨਿਆਦੀ ਢਾਂਚੇ ਦੀ ਯਾਤਰਾ ਵਿੱਚ ਇੱਕ ਹੋਰ ਇਤਿਹਾਸਕ ਮੀਲ ਪੱਥਰ ਹੈ। 11,868 ਕਰੋੜ ਰੁਪਏ ਦਾ ਇਹ ਵਿਸ਼ਾਲ ਪ੍ਰੋਜੈਕਟ ਪ੍ਰਧਾਨ ਮੰਤਰੀ ਦੇ ਪਰਿਵਰਤਨਸ਼ੀਲ ਦ੍ਰਿਸ਼ਟੀਕੋਣ ਦਾ ਇੱਕ ਸ਼ਕਤੀਸ਼ਾਲੀ ਪ੍ਰਮਾਣ ਹੈ, ਜੋ ਕੇਂਦਰੀ ਮੰਤਰੀ ਨਿਤਿਨ ਗਡਕਰੀ ਦੀ ਗਤੀਸ਼ੀਲ ਅਗਵਾਈ ਹੇਠ ਲਾਗੂ ਕੀਤਾ ਗਿਆ ਹੈ, ਅਤੇ ਨਾਗਰਿਕਾਂ ਨੂੰ ਵਿਸ਼ਵ ਪੱਧਰੀ ਸੰਪਰਕ ਦੇ ਨੇੜੇ ਲਿਆਉਂਦਾ ਹੈ, ਉਨ੍ਹਾਂ X 'ਤੇ ਇੱਕ ਸੰਦੇਸ਼ ਵਿੱਚ ਕਿਹਾ।

# ਪੰਜਾਬ ਐਂਡ ਸਿੰਧ ਬੈਂਕ ਨੇ 40 ਲੱਖ ਦੇ ਡੈਥ ਕਲੇਮ ਦਾ ਕੀਤਾ ਨਿਪਟਾਰਾ

ਲੁਧਿਆਣਾ/ਚੰਡੀਗੜ੍ਹ, 16 ਅਪ੍ਰੈਲ (ਚ.ਨ.ਸ.) : ਗਾਹਕ ਭਲਾਈ ਵੱਲ ਇੱਕ ਸ਼ਲਾਘਾਯੋਗ ਕਦਮ ਚੁੱਕਦੇ ਹੋਏ, ਪੰਜਾਬ ਐਂਡ ਸਿੰਧ ਬੈਂਕ ਨੇ ਪੰਜਾਬ ਰੋਡਵੇਜ਼ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੇ ਕੰਡਕਟਰ ਸਵਰਗੀ ਰਮਨਦੀਪ ਸਿੰਘ ਦੇ ਨਾਮਜ਼ਦ ਵਿਅਕਤੀ ਨੂੰ 40 ਲੱਖ ਦਾ ਡੈਥ




ਕਲੇਮ ਚੈੱਕ ਸੌਂਪਿਆ। ਉਕਤ ਚੈੱਕ ਫੀਲਡ ਜਨਰਲ ਮੈਨੇਜਰ ਸ੍ਰੀ ਚਮਨ ਲਾਲ ਸ਼ਿਨਮਾਰ ਦੁਆਰਾ ਨਾਮਜ਼ਦ ਵਿਅਕਤੀ ਨੂੰ ਪੰਜਾਬ ਦੇ ਵਿੱਤ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ, ਪੀ.ਆਰ.ਟੀ.ਸੀ. ਦੇ ਚੇਅਰਮੈਨ ਸ੍ਰੀ ਹਰਪਾਲ ਜੁਨੇਜਾ, ਸ੍ਰੀ ਬਿਕਰਮਜੀਤ ਸਿੰਘ ਸ਼ੇਰਗਿੱਲ (ਆਈ.ਏ.ਐਸ.) ਐਮ.ਡੀ. ਪੀ.ਆਰ.ਟੀ.ਸੀ., ਡਿਪਟੀ ਜਨਰਲ ਮੈਨੇਜਰ ਸ੍ਰੀ ਕਰਮਜੀਤ ਸਿੰਘ ਅਤੇ ਜ਼ੋਨਲ ਮੈਨੇਜਰ ਸ੍ਰੀ ਕੁਲਦੀਪ ਸਿੰਘ ਦੀ ਮੌਜੂਦਗੀ ਵਿੱਚ ਭੇਟ ਕੀਤਾ ਗਿਆ। ਇਹ ਤੇਜ਼ ਨਿਪਟਾਰਾ ਬੈਂਕ ਦੀ ਗਾਹਕ ਸੁਰੱਖਿਆ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕਰਦਾ ਹੈ ਅਤੇ ਪੰਜਾਬ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਨਾਲ ਇਸਦੇ ਸਫਲ ਤਨਖਾਹ ਖਾਤੇ ਦੇ ਸਬੰਧ ਨੂੰ ਹੋਰ ਮਜ਼ਬੂਤ ਕਰਦਾ ਹੈ, ਜਿਸ ਦੇ ਤਹਿਤ ਕਰਮਚਾਰੀਆਂ ਨੂੰ ਭਰੋਸੇਯੋਗ ਬੈਂਕਿੰਗ ਸੇਵਾਵਾਂ ਅਤੇ ਵਿੱਤੀ ਸੁਰੱਖਿਆ ਪ੍ਰਦਾਨ ਕੀਤੀ ਜਾਂਦੀ ਹੈ।

# ਮੁੱਖ ਮੰਤਰੀ ਸਮਰਾਟ ਚੌਧਰੀ ਨੇ ਤਖ਼ਤ ਪਟਨਾ ਸਾਹਿਬ ਵਿਖੇ ਮੱਥਾ ਟੇਕਿਆ, ਗੁਰੂ ਮਹਾਰਾਜ ਦਾ ਕੀਤਾ ਧੰਨਵਾਦ

ਪਟਨਾ ਸਾਹਿਬ 16 ਅਪ੍ਰੈਲ (ਮਨਪ੍ਰੀਤ ਸਿੰਘ) : ਬਿਹਾਰ ਦੇ ਨਵ-ਨਿਯੁਕਤ ਮੁੱਖ ਮੰਤਰੀ ਸਮਰਾਟ ਚੌਧਰੀ ਨੇ ਅਹੁਦੇ ਦੀ ਸਹੁੰ ਚੁੱਕਣ ਤੋਂ ਬਾਅਦ ਅੱਜ ਪਵਿੱਤਰ ਧਰਤੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਗੁਰੂ ਮਹਾਰਾਜ ਦਾ ਧੰਨਵਾਦ ਕੀਤਾ। ਇਸ ਦੌਰਾਨ ਉਨ੍ਹਾਂ ਨੇ ਸੰਗਤ ਦੀ ਚੜ੍ਹਦੀ ਕਲਾ ਅਤੇ ਸੂਬੇ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਵੱਲੋਂ ਮੁੱਖ ਮੰਤਰੀ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਤਖ਼ਤ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ ਅਤੇ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਵੱਲੋਂ ਉਨ੍ਹਾਂ ਨੂੰ ਕਿਰਪਾਨ, ਯਾਦਗਾਰੀ ਚਿੰਨ੍ਹ ਅਤੇ ਸਿੱਖ ਇਤਿਹਾਸ ਨਾਲ ਸੰਬੰਧਿਤ ਪੁਸਤਕ ਭੇਟ ਕੀਤੀ ਗਈ। ਪ੍ਰਬੰਧਕ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਸਮਰਾਟ ਚੌਧਰੀ ਪਹਿਲਾਂ ਵੀ ਕਈ ਵਾਰ ਤਖ਼ਤ ਸਾਹਿਬ ਵਿਖੇ ਨਤਮਸਤਕ ਹੋ ਚੁੱਕੇ ਹਨ, ਪਰ ਮੁੱਖ ਮੰਤਰੀ ਬਣਨ ਤੋਂ ਬਾਅਦ ਇਹ ਉਨ੍ਹਾਂ ਦਾ ਪਹਿਲਾ ਦਰਸ਼ਨ ਸੀ। ਇਸ ਦੌਰਾਨ ਉਨ੍ਹਾਂ ਨੇ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਜੋੜਾ ਸਾਹਿਬ ਦੇ ਨਾਲ ਮਾਤਾ ਗੁਜਰੀ ਜੀ ਦੇ ਪਵਿੱਤਰ ਖੂਹ ਦੇ ਵੀ ਦਰਸ਼ਨ ਕੀਤੇ। ਕਮੇਟੀ ਪ੍ਰਧਾਨ ਜਗਜੋਤ ਸਿੰਘ ਸੋਹੀ ਅਤੇ ਜਨਰਲ ਸਕੱਤਰ ਇੰਦਰਜੀਤ ਸਿੰਘ ਨੇ ਕਿਹਾ ਕਿ ਪਹਿਲਾਂ ਮੁੱਖ ਮੰਤਰੀ ਰਹੇ ਨਿਤੀਸ਼ ਕੁਮਾਰ ਦੇ ਕਾਰਜਕਾਲ ਦੌਰਾਨ ਤਖ਼ਤ ਸਾਹਿਬ ਨੂੰ ਸਰਕਾਰ ਵੱਲੋਂ ਪੂਰਾ ਸਮਰਥਨ ਮਿਲਦਾ ਰਿਹਾ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਇਹ ਪਰੰਪਰਾ ਹੁਣ ਵੀ ਜਾਰੀ ਰਹੇਗੀ। ਇਸ ਮੌਕੇ ਮੁੱਖ ਮੰਤਰੀ ਨੇ ਪ੍ਰਬੰਧਕ ਕਮੇਟੀ ਨੂੰ ਭਰੋਸਾ ਦਿਵਾਇਆ ਕਿ ਸੰਗਤ ਦੀ ਸਹੂਲਤ ਲਈ ਚੱਲ ਰਹੇ ਸਾਰੇ ਵਿਕਾਸੀ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਨਾਲ ਹੀ, ਭਵਿੱਖ ਵਿੱਚ ਤਖ਼ਤ ਸਾਹਿਬ



ਦੇ ਹੋਰ ਵਿਕਾਸ ਲਈ ਨਵੇਂ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾਣਗੇ ਤਾਂ ਜੋ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਦੌਰੇ ਨਾਲ ਸੰਗਤ ਵਿੱਚ ਖ਼ੁਸ਼ੀ ਦੀ ਲਹਿਰ ਦਿਖਾਈ ਦਿੱਤੀ ਅਤੇ ਲੋਕਾਂ ਨੇ ਉਮੀਦ ਜਤਾਈ ਕਿ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਦੇ ਵਿਕਾਸ 'ਤੇ ਹੋਰ ਧਿਆਨ ਦਿੱਤਾ ਜਾਵੇਗਾ।

# ਸਾਈਬਰ ਧੋਖਾਧੜੀ ਰੋਕਥਾਮ 'ਤੇ ਹਿੱਸੇਦਾਰ ਵਰਕਸ਼ਾਪ ਅਤੇ ਜਨਤਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ

ਸਿਰਸਾ, 16 ਅਪ੍ਰੈਲ (ਚ.ਨ.ਸ.) : ਦੂਰਸੰਚਾਰ ਵਿਭਾਗ ਹਰਿਆਣਾ LSA ਨੇ ਸਿਰਸਾ ਪੁਲਿਸ ਦੇ ਸਹਿਯੋਗ ਨਾਲ, ਟੈਗੋਰ ਆਡੀਟੋਰੀਅਮ, ਚੌਧਰੀ ਦੇਵੀ ਲਾਲ ਯੂਨੀਵਰਸਿਟੀ, ਸਿਰਸਾ ਵਿਖੇ ਇੱਕ ਪ੍ਰਭਾਵਸ਼ਾਲੀ ਇੰਟਰਐਕਟਿਵ ਪ੍ਰੋਗਰਾਮ ਦਾ ਸਫਲਤਾਪੂਰਵਕ ਆਯੋਜਨ ਕੀਤਾ। ਮੀਟਿੰਗ ਦੀ ਪ੍ਰਧਾਨਗੀ ਸ਼੍ਰੀ ਰਾਧਾਚਰਨ ਸ਼ਾਕਿਆ, ਵਧੀਕ ਡਾਇਰੈਕਟਰ ਜਨਰਲ ਆਫ ਟੈਲੀਕਮਿਊਨੀਕੇਸ਼ਨ, ਹਰਿਆਣਾ LSA ਅਤੇ ਸ਼੍ਰੀ ਦੀਪਕ ਸਹਾਰਨ, ਸੁਪਰਡੈਂਟ ਆਫ ਪੁਲਿਸ ਸਿਰਸਾ ਨੇ ਸਾਂਝੇ ਤੌਰ 'ਤੇ ਕੀਤੀ। ਜ਼ਿਲ੍ਹੇ ਭਰ ਦੇ ਸੀਨੀਅਰ ਪੁਲਿਸ ਅਧਿਕਾਰੀਆਂ, ਟੈਲੀਕਾਮ ਸੇਵਾ ਪ੍ਰਦਾਤਾ ਅਧਿਕਾਰੀਆਂ ਅਤੇ ਪੁਆਇੰਟਸ ਆਫ ਸੇਲ ਕਰਮਚਾਰੀਆਂ ਸਮੇਤ 100 ਤੋਂ ਵੱਧ ਭਾਗੀਦਾਰਾਂ ਨੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ। ਇਸ ਪ੍ਰੋਗਰਾਮ ਨੇ ਸੁਰੱਖਿਅਤ ਦੂਰਸੰਚਾਰ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਅਤੇ ਸਾਈਬਰ ਧੋਖਾਧੜੀ ਵਿਰੁੱਧ ਸਮੂਹਿਕ ਯਤਨਾਂ ਪ੍ਰਤੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ। ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ, ਹਰਿਆਣਾ LSA ਦੇ ਵਧੀਕ ਡਾਇਰੈਕਟਰ ਜਨਰਲ ਨੇ ਰਾਸ਼ਟਰ ਨਿਰਮਾਣ ਅਤੇ ਮਾਨਯੋਗ ਪ੍ਰਧਾਨ ਮੰਤਰੀ ਦੇ ਡਿਜੀਟਲ ਇੰਡੀਆ ਵਿਜ਼ਨ ਨੂੰ ਅੱਗੇ ਵਧਾਉਣ ਵਿੱਚ ਸੁਰੱਖਿਅਤ ਸੰਚਾਰ ਦੀ ਮਹੱਤਵਪੂਰਨ ਭੂਮਿਕਾ @ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਦੂਰਸੰਚਾਰ ਸੇਵਾਵਾਂ ਦੀ ਦੁਰਵਰਤੋਂ ਰਾਹੀਂ ਸਾਈਬਰ ਧੋਖਾਧੜੀ ਅਤੇ ਧੋਖੇਬਾਜ਼ੀ ਦੀ ਵੱਧ ਰਹੀ ਗਿਣਤੀ 'ਤੇ ਚਿੰਤਾ ਪ੍ਰਗਟ ਕੀਤੀ ਅਤੇ ਸਾਰੇ ਹਿੱਸੇਦਾਰਾਂ ਦੁਆਰਾ ਚੌਕਸੀ ਅਤੇ ਸਰਗਰਮ ਉਪਾਅ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਾਈਬਰ ਧੋਖਾਧੜੀ ਦਾ ਮੁਕਾਬਲਾ ਕਰਨ ਲਈ ਦੂਰਸੰਚਾਰ ਵਿਭਾਗ ਦੁਆਰਾ ਅਪਣਾਏ ਗਏ ਵੱਖ-ਵੱਖ ਵਿਧੀਆਂ ਦਾ ਵੇਰਵਾ ਦਿੱਤਾ, ਜਿਸ ਵਿੱਚ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਮੋਬਾਈਲ ਨੰਬਰਾਂ ਦੀ ਪਛਾਣ ਅਤੇ ਟਰੈਕ ਕਰਨ ਲਈ ਕੇਂਦਰੀ ਉਪਕਰਣ ਪਛਾਣ ਰਜਿਸਟਰ (ਅਤੇ ਸੰਚਾਰ ਸਾਥੀ ਪੋਰਟਲ ਦੀ ਵਰਤੋਂ ਸ਼ਾਮਲ ਹੈ।

# ਪੰਜਾਬੀ ਮਾਨਸਿਕਤਾ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਹਨ ਸਾਡੀਆਂ ਲੋਕ ਖੇਡਾਂ : ਉਪ-ਕੁਲਪਤੀ

ਪਟਿਆਲਾ, 16 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਸਾਡੀਆਂ ਲੋਕ ਖੇਡਾਂ ਸਿਰਫ਼ ਸਰੀਰਕ ਗਤੀਵਿਧੀਆਂ ਨਹੀਂ ਹਨ। ਇਹ ਸਾਡੇ ਇਤਿਹਾਸ ਦਾ ਜਿਉਂਦਾ-ਜਾਗਦਾ ਸਰਮਾਇਆ ਹੈ। ਇਹ ਖੇਡਾਂ ਪੰਜਾਬੀ ਮਾਨਸਿਕਤਾ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਹਨ। ਇਨ੍ਹਾਂ ਨੂੰ ਸੰਭਾਲਣਾ ਤੇ ਪ੍ਰਫੁੱਲਿਤ ਕਰਨਾ ਸਾਡੀ ਜ਼ਰੂਰਤ ਹੈ। ਇਹ ਪ੍ਰਗਟਾਵਾ ਦ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. ਪੁਸ਼ਪਿੰਦਰ ਸਿੰਘ ਗਿੱਲ ਨੇ ਪੰਜਾਬ ਦੀਆਂ ਲੋਕ ਖੇਡਾਂ ਬਾਰੇ ਕਰਵਾਏ ਰਾਸ਼ਟਰੀ ਸੈਮੀਨਾਰ ਦੀ ਪ੍ਰਧਾਨਗੀ ਕਰਦਿਆਂ ਕੀਤਾ। ਬਾਰਾਂਦਰੀ ਸਥਿਤ ਪ੍ਰਭਾਤ ਪਰਵਾਨਾ ਮੈਮੋਰੀਅਲ ਟਰੇਡ ਯੂਨੀਅਨ ਸੈਂਟਰ ਵਿਖੇ ਕਰਵਾਏ ਇਸ ਸੈਮੀਨਾਰ ਦੌਰਾਨ ਵੀ.ਸੀ. ਪ੍ਰੋ. ਗਿੱਲ ਨੇ ਕਿਹਾ ਕਿ ਭਾਵੇਂ ਕੌਮਾਂਤਰੀ ਪੱਧਰ ਉਤੇ ਪ੍ਰਵਾਨਿਤ ਆਧੁਨਿਕ ਖੇਡਾਂ ਵਿਸ਼ਵ ਪੱਧਰ 'ਤੇ ਪਛਾਣ ਲਈ ਜ਼ਰੂਰੀ ਹਨ, ਪਰ ਸਾਡੀਆਂ ਸਥਾਨਕ ਲੋਕ ਖੇਡਾਂ ਉਹ ਬੁਨਿਆਦੀ ਤਾਕਤ ਅਤੇ ਭਾਈਚਾਰਕ ਸਾਂਝ ਪ੍ਰਦਾਨ ਕਰਦੀਆਂ ਹਨ ਜਿਸ ਦੀ ਬਰਾਬਰੀ ਕੋਈ ਵੀ ਆਧੁਨਿਕ ਖੇਡ ਨਹੀਂ ਕਰ ਸਕਦੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਿਲਾ ਰਾਏਪੁਰ ਵਿਖੇ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ



ਕਰਵਾਉਣਾ ਬਹੁਤ ਹੀ ਸ਼ਲਾਘਾਯੋਗ ਤੇ ਵਿਰਾਸਤੀ ਖੇਡਾਂ ਨੂੰ ਪ੍ਰਫੁੱਲਤ ਕਰਨ ਵਾਲਾ ਕਦਮ ਹੈ।

ਵਾਈਸ ਚਾਂਸਲਰ ਨੇ ਕਿਹਾ ਕਿ ਅਸੀਂ ਇਹਨਾਂ ਖੇਡਾਂ ਨੂੰ ਅਕਾਦਮਿਕ ਪਾਠਕ੍ਰਮ ਦਾ ਰਸਮੀ ਹਿੱਸਾ ਬਣਾਉਣ ਲਈ ਵੀ ਕੰਮ ਕਰਾਂਗੇ, ਤਾਂ ਜੋ ਪੰਜਾਬ ਦੇ ਕਿਸੇ ਵੀ ਪਿੰਡ ਦਾ ਬੱਚਾ ਗੱਤਕਾ ਸਿੱਖਣ ਵਿੱਚ ਵੀ ਓਨਾ ਹੀ ਮਾਣ ਮਹਿਸੂਸ ਕਰੇ ਜਿੰਨਾ ਉਹ ਕਿਸੇ ਓਲੰਪਿਕ ਖੇਡ ਵਿੱਚ ਕਰਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਖੇਡਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਸਾਨੂੰ ਬਹੁਤ ਸਾਰੇ ਸੰਸਥਾਗਤ ਕਦਮ ਚੁੱਕਣ ਦੀ ਲੋੜ ਹੈ। ਦਿਲ ਦੇ ਰੋਗਾਂ ਦੇ ਮਾਹਿਰ ਡਾ. ਮਨਮੋਹਨ ਸਿੰਘ ਨੇ ਮੁੱਖ ਮਹਿਮਾਨ ਵਜੋਂ ਬੋਲਦਿਆਂ ਕਿਹਾ ਕਿ ਲੋਕ ਖੇਡਾਂ ਸਾਨੂੰ ਆਪਣੀ ਮਿੱਟੀ ਨਾਲ ਜੋੜਦੀਆਂ ਹਨ। ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਜਿੱਤਣ ਲਈ ਨਹੀਂ ਹੁੰਦੀਆਂ ਬਲਕਿ ਸਿੱਖਣ ਲਈ ਹੁੰਦੀਆਂ ਹਨ। ਲੋਕ ਖੇਡਾਂ ਦੇ ਹਵਾਲੇ ਨਾਲ ਉਹਨਾਂ ਕਿਹਾ ਕਿ ਹੁਣ ਜਦੋਂ ਆਧੁਨਿਕ ਸੰਗਠਿਤ ਖੇਡਾਂ ਬਹੁਤ ਗੁੰਝਲਦਾਰ ਅਤੇ ਮਹਿੰਗੀਆਂ ਹੋ ਗਈਆਂ ਹਨ ਤਾਂ ਦੂਜੇ ਪਾਸੇ ਸਾਡੀਆਂ ਲੋਕ ਖੇਡਾਂ ਹਾਲੇ ਵੀ ਸਰਲ, ਸਸਤੀਆਂ ਅਤੇ ਪ੍ਰਭਾਵਸ਼ਾਲੀ ਹਨ। ਡਾ. ਗੁਰਭਜਨ ਗਿੱਲ ਨੇ ਸੈਮੀਨਾਰ ਦੀ ਸਨਮਾਨਿਤ ਸ਼ਖ਼ਸੀਅਤ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਅੱਜ ਜਦੋਂ ਏ.ਆਈ. ਦਾ ਬੋਲਬਾਲਾ ਹੋ ਰਿਹਾ ਹੈ ਅਤੇ ਵਿਸ਼ਵੀਕਰਨ ਨੇ ਮਨੁੱਖ 'ਤੇ ਬਹੁਤ ਜ਼ਿਆਦਾ ਮਾਰੂ ਪ੍ਰਭਾਵ ਪਾਏ ਹਨ ਤਾਂ ਸਾਨੂੰ ਲੋਕ ਖੇਡਾਂ ਸਮੇਤ ਆਪਣੇ ਸਮੁੱਚੇ ਵਿਰਸੇ ਨੂੰ ਤਰਜੀਹੀ ਅਧਾਰ 'ਤੇ ਬਚਾਉਣਾ ਪਵੇਗਾ।

ਗਿੱਲ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਇੱਥੇ ਚੰਗਾ ਖੇਡ ਸੱਭਿਆਚਾਰ ਵਿਕਸਿਤ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਇਸ ਗੱਲ 'ਤੇ ਚਿੰਤਾ ਪ੍ਰਗਟਾਈ ਕੇ ਅੱਜ ਸਰਮਾਏ ਦੀ ਅਮਰਵੇਲ ਨੇ ਸਾਡੇ ਤੋਂ ਸਾਡੀਆਂ ਸੋਹਣੀਆਂ ਲੋਕ ਖੇਡਾਂ ਖੋਹ ਲਈਆਂ ਹਨ। ਇਸ ਪੱਖੋਂ ਗੰਭੀਰਤਾ ਨਾਲ ਸੋਚਣ ਦੀ ਲੋੜ ਹੈ।ਗੁਰਭਜਨ ਗਿੱਲ ਨੇ ਕਿਹਾ ਕਿ ਪੰਜਾਬ ਦੀ ਹਰ ਮਰਿਆਦਾ ਨੂੰ ਸੰਭਾਲਣ ਲਈ ਇੱਕਜੁਟਤਾ ਨਾਲ ਹੰਭਲੇ ਮਾਰਨ ਦੀ ਲੋੜ ਹੈ। ਉੱਘੇ ਲੋਕਧਾਰਾ ਸ਼ਾਸਤਰੀ ਡਾ. ਗੁਰਮੀਤ ਸਿੰਘ ਨੇ ਆਪਣਾ ਮੁੱਖ-ਸੁਰ ਭਾਸ਼ਣ ਦਿੰਦਿਆਂ ਕਿਹਾ ਕਿ ਲੋਕ ਖੇਡਾਂ ਸਾਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰੱਖਣ ਵਿੱਚ ਵੱਡਾ ਯੋਗਦਾਨ ਪਾਉਂਦੀਆਂ ਹਨ। ਉਹਨਾਂ ਵਿਸਥਾਰ ਵਿੱਚ ਸਮਝਾਇਆ ਕਿ ਲੋਕ ਖੇਡਾਂ ਵਿੱਚ ਪ੍ਰਚੱਲਿਤ ਗਤੀਵਿਧੀਆਂ, ਇਸ਼ਾਰੇ, ਅਦਾਵਾਂ, ਸ਼ਬਦਾਵਲੀ ਆਦਿ ਦੇ ਬਹੁਤ ਗਹਿਰੇ ਅਰਥ ਹੁੰਦੇ ਹਨ ਜੋ ਮਨੁੱਖ ਦੇ ਅਵਚੇਤਨ ਨਾਲ ਜੁੜੇ ਭਾਵਾਂ ਦਾ ਪ੍ਰਗਟਾਅ ਬਣਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਦੀਆਂ ਆਧੁਨਿਕ ਖੇਡਾਂ ਦਾ ਮੂਲ ਵੀ ਸਾਡੇ ਪਿੰਡ ਪੱਧਰ 'ਤੇ ਖੇਡੀਆਂ ਜਾਂਦੀਆਂ ਬਹੁਤ ਸਾਰੀਆਂ ਲੋਕ ਖੇਡਾਂ ਵਿੱਚ ਪਿਆ ਹੈ। ਉਦਘਾਟਨੀ ਸੈਸ਼ਨ ਉਪਰੰਤ ਹੋਈ ਪੈਨਲ ਚਰਚਾ ਦੌਰਾਨ ਪ੍ਰੋ. ਸੁਰਜੀਤ ਸਿੰਘ ਭੱਟੀ, ਡਾ.ਹਰਜੀਤ ਕੌਰ ਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਡਿਪਟੀ ਡਾਇਰੈਕਟਰ ਤੇ ਖੇਡ ਲੇਖਕ ਨਵਦੀਪ ਸਿੰਘ ਗਿੱਲ ਨੇ ਆਪਣੇ ਅਹਿਮ ਵਿਚਾਰ ਪ੍ਰਗਟਾਏ।ਨਵਦੀਪ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਵਿੱਚ ਖੇਡਾਂ ਤੇ ਖਿਡਾਰੀਆਂ ਨੂੰ ਪ੍ਰਫੁੱਲਤ ਕਰਨ ਲਈ ਪੁਰਾਤਨ ਖੇਡਾਂ ਨੂੰ ਨਾਲ ਲੈਕੇ ਚੱਲਦੇ ਹੋਏ ਹੀ ਮੌਜੂਦਾ ਮੁਕਾਬਲੇ ਦੇ ਯੁੱਗ ਵਿੱਚ ਸਾਡੇ ਖਿਡਾਰੀ ਕਾਮਯਾਬ ਹੋ ਸਕਦੇ ਹਨ। ਨਵਦੀਪ ਗਿੱਲ ਨੇ ਸਿੱਖ ਇਤਿਹਾਸ ਦਾ ਜਿਕਰ ਕਰਦਿਆਂ ਕਿਹਾ ਕਿ ਖੇਡਾਂ ਵਿੱਚ ਮੱਲਾਂ ਮਾਰਨ ਦਾ ਜ਼ਜਬਾ ਪੰਜਾਬੀਆਂ ਦੇ ਖ਼ੂਨ ਵਿੱਚ ਹੈ। ਇਸ ਸੈਸ਼ਨ ਦਾ ਸੰਚਾਲਨ ਡਾ. ਅਮਰੀਕ ਸਿੰਘ ਨੇ ਕੀਤਾ। ਸੈਮੀਨਾਰ ਦੌਰਾਨ ਹੋਰਨਾਂ ਤੋਂ ਇਲਾਵਾ ਡਾ. ਸੁਰਜੀਤ ਸਿੰਘ, ਡਾ. ਗੁਰਮੁਖ ਸਿੰਘ, ਡਾ. ਸਤੀਸ਼ ਕੁਮਾਰ ਵਰਮਾ, ਡਾ. ਰਜਿੰਦਰਪਾਲ ਸਿੰਘ ਬਰਾੜ, ਡਾ. ਮਾਨ ਸਿੰਘ ਢੀਂਡਸਾ, ਡਾ. ਪਰਮਵੀਰ ਸਿੰਘ, ਡਾ. ਅਮਰਜੀਤ ਸਿੰਘ, ਡਾ. ਕਿਰਨਜੀਤ ਕੌਰ ਆਦਿ ਮੌਜੂਦ ਰਹੇ।

## ਸਰਕਾਰ ਤੇਜ਼ੀ ਨਾਲ ਫ਼ਸਲ ਦੀ ਖਰੀਦ ਕਰੇ ਨਹੀਂ ਕਰਾਂਗੇ ਵੱਡਾ ਸੰਘਰਸ਼ : ਕਪਿਆਲ,ਮਾਝਾ



ਭਵਾਨੀਗੜ੍ਹ 16 ਅਪ੍ਰੈਲ (ਅਮਨਦੀਪ ਸਿੰਘ ਮਾਝਾ) ਜਿੱਥੇ ਹਾੜੀ ਦੇ ਸੀਜ਼ਨ ਦੀ ਸ਼ੁਰੂਆਤ ਮੌਕੇ ਪੰਜਾਬ ਸਰਕਾਰ ਨੇ 1 ਅਪ੍ਰੈਲ ਤੋਂ ਪੰਜਾਬ ਦੇ ਵਿੱਚ ਕਣਕ ਦੀ ਖਰੀਦ ਸ਼ੁਰੂ ਕਰਵਾਉਣ ਦੇ ਦਾਅਵੇ ਕੀਤੇ ਉੱਥੇ ਹੀ ਅੱਜ ਅਪ੍ਰੈਲ ਦਾ ਅੱਧਾ ਮਹੀਨਾ ਬੀਤ ਜਾਣ ਤੋਂ ਬਾਅਦ ਵੀ ਕਿਸਾਨ ਪੰਜਾਬ ਸਰਕਾਰ ਦੀ ਖਰੀਦ ਰਫਤਾਰ ਤੋਂ ਨਰਾਜ਼ ਚੱਲ ਰਹੇ ਹਨ। ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਅਤੇ ਭਵਾਨੀਗੜ੍ਹ ਬਲਾਕ ਦੇ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ ਨੇ ਖਰੀਦ ਪ੍ਰਬੰਧਾਂ ਤੇ ਨਰਾਜ਼ਗੀ ਜਿਤਾਉਂਦੇ ਹੋਏ ਕਿਹਾ ਕਿ ਜੇਕਰ ਸਰਕਾਰ ਕਿਸਾਨਾਂ ਨੂੰ ਇਸ ਤਰ੍ਹਾਂ ਹੀ ਮੰਡੀ ਵਿੱਚ ਰੁਲਾਏਗੀ ਤਾਂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਨੂੰ ਮਜਬੂਰ ਹੋ ਕੇ ਵੱਡਾ ਪ੍ਰਦਰਸ਼ਨ ਕਰਨਾ ਪਵੇਗਾ। ਉਹਨਾਂ ਕਿਹਾ ਕਿ ਅੱਜ ਅਪ੍ਰੈਲ ਮਹੀਨੇ ਦੇ 16 ਦਿਨ ਬੀਤ ਜਾਣ ਤੋਂ ਬਾਅਦ ਵੀ ਕਿਸਾਨਾਂ ਦੀ ਖੱਜਲ ਖੁਆਰੀ ਮੰਡੀਆਂ ਦੇ ਵਿੱਚ ਵੱਡੀ ਪੱਧਰ ਤੇ ਹੋ ਰਹੀ ਹੈ। ਉਹਨਾਂ ਕਿਹਾ ਕਿ ਮੰਡੀਆਂ ਕਣਕ ਨਾਲ ਪੂਰੀ ਤਰ੍ਹਾਂ ਭਰ ਚੁੱਕੀਆਂ ਹਨਅਤੇ ਕਣਕ ਦੀ ਖਰੀਦ ਬਹੁਤ ਹੀ ਸੁਸਤ ਚੱਲ ਰਹੀ ਹੈ। ਉਹਨਾਂ ਕਿਹਾ ਕਿ ਜੇਕਰ 24 ਘੰਟੇ ਵਿੱਚ ਕਣਕ ਦੀ ਖਰੀਦ ਵਿੱਚ ਤੇਜ਼ੀ ਅਤੇ ਮੰਡੀਆਂ ਵਿੱਚ ਲੋਡਿੰਗ ਦਾ ਕੰਮ ਨਾ ਸ਼ੁਰੂ ਕੀਤਾ ਤਾਂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਉਹ ਵੱਡਾ ਪ੍ਰਦਰਸ਼ਨ ਕਰੇਗੀ।ਉਹਨਾਂ ਕਿਹਾ ਕਿ ਮੰਡੀਆਂ ਕਣਕ ਨਾਲ ਪੂਰੀ ਤਰ੍ਹਾਂ ਭਰ ਚੁੱਕੀਆਂ ਹਨਅਤੇ ਕਣਕ ਦੀ ਖਰੀਦ ਬਹੁਤ ਹੀ ਸੁਸਤ ਚੱਲ ਰਹੀ ਹੈ। ਉਹਨਾਂ ਕਿਹਾ ਕਿ ਜੇਕਰ 24 ਘੰਟੇ ਵਿੱਚ ਕਣਕ ਦੀ ਖਰੀਦ ਵਿੱਚ ਤੇਜ਼ੀ ਅਤੇ ਮੰਡੀਆਂ ਵਿੱਚ ਲੋਡਿੰਗ ਦਾ ਕੰਮ ਨਾ ਸ਼ੁਰੂ ਕੀਤਾ ਤਾਂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਉਹ ਵੱਡਾ ਪ੍ਰਦਰਸ਼ਨ ਕਰੇਗੀ।

## ਖ਼ਾਲਸਾ ਸਾਜਨਾ ਦਿਵਸ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਮੁੱਢਲੀ ਸਹਾਇਤਾ ਅਤੇ ਸਿੱਖਿਆ ਜਾਗਰੂਕਤਾ ਕੈਂਪ ਲਗਾਇਆ




ਤਲਵੰਡੀ ਸਾਬੋ, 16, ਅਪ੍ਰੈਲ, (ਰਾਮ ਜਿੰਦਲ ਜੱਗਾ): ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਤਖ਼ਤ ਸ਼੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਆਈਆਂ ਸੰਗਤਾਂ ਦੀ ਸੇਵਾ ਲਈ 9 ਰੋਜ਼ਾ ਵਿਸ਼ੇਸ਼ ਸਿੱਖਿਆ ਜਾਗਰੂਕਤਾ ਅਤੇ ਮੁਢਲੀ ਸਹਾਇਤਾ ਕੈਂਪ 8 ਅਪ੍ਰੈਲ ਤੋਂ 16 ਅਪ੍ਰੈਲ ਤੱਕ ਆਯੋਜਿਤ ਕੀਤਾ ਗਿਆ। ਜਿਸ ਦਾ ਸ਼ੁੱਭ ਆਰੰਭ ਹੈੱਡ ਗ੍ਰੰਥੀ ਤਖ਼ਤ ਸ਼੍ਰੀ ਦਮਦਮਾ ਸਾਹਿਬ ਭਾਈ ਜਗਤਾਰ ਸਿੰਘ ਵੱਲੋਂ ਸਭਨਾਂ ਦੀ ਚੜ੍ਹਦੀ ਕਲਾ ਵਿੱਚ ਰਹਿਣ ਦੀ ਅਰਦਾਸ ਨਾਲ ਕੀਤਾ ਗਿਆ। ਕੈਂਪ ਵਿੱਚ ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ, ਡਾਇਰੈਕਟਰ ਕੈਂਪਸ (ਡਾ.) ਹਰਜਸਪਾਲ ਸਿੰਘ ਸਿੱਧੂ, ਡਾਇਰੈਕਟਰ ਦਾਖ਼ਲੇ (ਡਾ.) ਗੁਰਪ੍ਰੀਤ ਸਿੰਘ , ਕੈਂਪ ਕੁਆਰਡੀਨੇਟਰ (ਡਾ.) ਗੁਰਜੀਤ ਸਿੰਘ ਖ਼ਾਲਸਾ, ਡਾ. ਦੀਪਕ, ਡਾ. ਅਮਨ, ਸੰਤ ਬਾਬਾ ਲਾਲ ਦਾਸ, ਫੈਕਲਟੀ ਮੈਂਬਰਾਂ, ਅਧਿਕਾਰੀਆਂ ਵੱਲੋਂ ਆਪਣੀਆਂ ਸੇਵਾਵਾਂ ਦਿੱਤੀਆਂ ਗਈਆਂ ਅਤੇ ਗੁਰੂ ਚਰਨਾਂ ਵਿੱਚ ਮੱਥਾ ਟੇਕਿਆ।ਵਾਈਸ ਚਾਂਸਲਰ (ਡਾ.) ਧੀਮਾਨ ਨੇ ਕਿਹਾ ਕਿ ਵਿੱਦਿਆ ਦਾ ਚਾਨਣ ਸਾਡੇ ਅੰਦਰ ਦੀ ਆਗਿਆਨਤਾ ਦੇ ਹਨੇਰੇ ਨੂੰ ਦੂਰ ਕਰਦਾ ਹੈ ਤੇ ਸਾਨੂੰ ਕਰਮ-ਕਾਂਡਾਂ ਅਤਿ ਵਹਿਮਾਂ-ਭਰਮਾਂ ਤੋਂ ਬਚਾਉਂਦਾ ਹੈ। ਉਹਨਾਂ ਸ਼ਰਧਾਲੂਆਂ ਦੀ ਨਿਸ਼ਕਾਮ ਸੇਵਾ ਲਈ ਲਗਾਏ ਗਏ ਕੈਂਪ ਵਾਸਤੇ ਵਰਸਿਟੀ ਪ੍ਰਬੰਧਕਾਂ ਅਤੇ ਵਰਸਿਟੀ ਅਧਿਕਾਰੀਆਂ ਵੱਲੋਂ ਕੀਤੀ ਗਈ ਸੇਵਾ ਨੂੰ ਮਨੁੱਖਤਾ ਦੀ ਸੇਵਾ ਕਿਹਾ।ਡਾਇਰੈਕਟਰ ਕੈਂਪਸ (ਡਾ.) ਸਿੱਧੂ ਨੇ ਦੱਸਿਆ ਕਿ ਵਰਸਿਟੀ ਦੇ ਵਲੰਟੀਅਰਾਂ ਵੱਲੋਂ ਲੋੜ ਪੈਣ 'ਤੇ ਸਾਲ ਵਿੱਚ ਤਿੰਨ-ਚਾਰ ਸਵੈ-ਇੱਛੁਕ ਖ਼ੂਨ-ਦਾਨ ਕੈਂਪ ਵੀ ਆਯੋਜਿਤ ਕੀਤੇ ਜਾਂਦੇ ਹਨ। ਜਿਸ ਕਾਰਨ ਕਈ ਵੱਡ-ਮੁਲੀਆਂ ਜਾਨਾਂ ਬਚ ਜਾਂਦੀਆਂ ਹਨ ਤੇ ਉਹਨਾਂ ਵੱਲੋਂ ਦਿੱਤਾ ਗਿਆ ਖ਼ੂਨ ਮਰੀਜਾਂ ਦੇ ਮੁੜ ਤੰਦਰੁਸਤ ਹੋਣ ਵਿੱਚ ਸਹਾਈ ਹੁੰਦਾ ਹੈ। ਡਾਇਰੈਕਟਰ ਦਾਖ਼ਲੇ (ਡਾ.) ਸਿੰਘ ਨੇ ਦੱਸਿਆ ਕਿ ਕੈਂਪ ਵਿੱਚ ਸ਼ਰਧਾਲੂਆਂ ਨੂੰ ਜੀ.ਕੇ.ਯੂ.ਵਿਖੇ ਚਲਾਏ ਜਾ ਰਹੇ 100 ਤੋਂ ਵੱਧ ਕੋਰਸਾਂ ਸੰਬੰਧੀ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਦਾ ਉਚੇਰੀ ਅਤੇ ਮਿਆਰੀ ਸਿੱਖਿਆ ਲਈ ਮਾਰਗ ਦਰਸ਼ਨ ਕੀਤਾ ਗਿਆ। ਉਹਨਾਂ ਦੱਸਿਆ ਕਿ ਵਰਸਿਟੀ ਵੱਲੋਂ ਦਸ਼ਮ ਗੁਰੂ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 52 ਹੁਕਮਨਾਮਿਆਂ ਨੂੰ ਦਰਸਾਉਂਦੇ 20000 ਕੈਲੰਡਰ ਵੀ ਸ਼ਰਧਾਲੂਆਂ ਨੂੰ ਵੰਡੇ ਗਏ। ਉਹਨਾਂ ਵਿਸਾਖੀ ਮੌਕੇ ਦਾਖ਼ਲੇ ਦੇ ਚਾਹਵਾਨਾਂ ਲਈ ਯੂਨੀਵਰਸਿਟੀ ਵੱਲੋਂ ਵਿਸ਼ੇਸ਼ ਰਿਆਇਤਾਂ ਦਾ ਵੀ ਜ਼ਿਕਰ ਕੀਤਾ। ਕੈਂਪ ਕੁਆਰਡੀਨੇਟਰ (ਡਾ.) ਖ਼ਾਲਸਾ ਨੇ ਦੱਸਿਆ ਕਿ ਕੈਂਪ ਵਿੱਚ 5000 ਤੋਂ ਜ਼ਿਆਦਾ ਸ਼ਰਧਾਲੂਆਂ ਨੂੰ ਮੁੱਢਲੀ ਸਹਾਇਤਾ ਦਿੱਤੀ ਗਈ ਅਤੇ ਉਹਨਾਂ ਦੇ ਬੀ.ਪੀ. ਚੈੱਕਅਪ ਦੇ ਨਾਲ-ਨਾਲ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਵੱਖ-ਵੱਖ ਦਿਨਾਂ ਵਿੱਚ ਮੈਨੇਜਰ ਤਖ਼ਤ ਸਾਹਿਬ ਸ. ਨਰਿੰਦਰ ਸਿੰਘ, ਮੈਂਬਰ ਸ਼੍ਰੋਮਣੀ ਕਮੇਟੀ ਮੋਹਨ ਸਿੰਘ ਬੰਗੀ, ਭੋਲਾ ਸਿੰਘ ਖ਼ਾਲਸਾ ਤੋਂ ਇਲਾਵਾ ਇਲਾਕਿਆਂ ਦੀਆਂ ਨਾਮਵਾਰ ਸ਼ਖਸੀਅਤਾਂ ਨੇ ਕੈਂਪ ਦਾ ਦੌਰਾ ਕੀਤਾ ਜਿਨ੍ਹਾਂ ਨੂੰ ਆਯੋਜਕਾਂ ਵੱਲੋਂ ਸਨਮਾਨਿਤ ਕੀਤਾ ਗਿਆ।

## ਈ-ਰਿਕਸ਼ਾ ਚਾਲਕ ਮਹਿਲਾ ਨੇ ਦਿਵਿਆਂਗ ਬਜ਼ੁਰਗ ਨੂੰ ਕੁੱਟ ਕੇ ਲੁੱਟਿਆ

ਬਠਿੰਡਾ, 16 ਅਪ੍ਰੈਲ (ਦੀਪਕ ਸ਼ਰਮਾ)ਬਠਿੰਡਾ ਦੇ ਸੰਤਪੁਰਾ ਰੋਡ ਤੇ ਇੱਕ ਅਜਿਹੀ ਘਟਨਾ ਸਾਹਮਣੇ ਆਈ ਹੈ, ਜਿਸ ਨੇ ਇਨਸਾਨੀ ਰਿਸ਼ਤਿਆਂ ਅਤੇ ਭਰੋਸੇ ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਇੱਕ ਮਹਿਲਾ ਈ-ਰਿਕਸ਼ਾ ਚਾਲਕ ਵੱਲੋਂ ਸਹਾਇਤਾ ਦੇ ਨਾਂ ਤੇ ਇੱਕ ਦਿਵਿਆਂਗ ਬਜ਼ੁਰਗ ਨੂੰ ਆਪਣਾ ਸ਼ਿਕਾਰ ਬਣਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਲੁੱਟ ਦੇ ਵਿਰੋਧ ਦੌਰਾਨ ਈ-ਰਿਕਸ਼ਾ ਪਲਟਣ ਕਾਰਨ ਦੋਵੇਂ ਜ਼ਖ਼ਮੀ ਹੋ ਗਏ, ਜਿਸ ਤੋਂ ਬਾਅਦ ਲੋਕਾਂ ਨੇ ਮੁਸਤੈਦੀ ਦਿਖਾਉਂਦੇ ਹੋਏ ਕਥਿਤ ਦੋਸ਼ੀ ਮਹਿਲਾ ਨੂੰ ਮੌਕੇ ਤੇ ਹੀ ਕਾਬੂ ਕਰ ਲਿਆ।ਜਾਣਕਾਰੀ ਅਨੁਸਾਰ ਭਗਤਾ ਦੇ ਰਹਿਣ ਵਾਲੇ ਪਰਮਜੀਤ ਸਿੰਘ ਪੁੱਤਰ ਸੁਖਦੇਵ ਸਿੰਘ, ਜੋ ਕਿ ਸਰੀਰਕ ਤੌਰ ਤੇ ਦਿਵਿਆਂਗ ਹਨ ਅਤੇ ਬੈਸਾਖੀ ਦੇ ਸਹਾਰੇ ਚੱਲਦੇ ਹਨ, ਸਟੇਟ ਬੈਂਕ ਆਫ਼ ਇੰਡੀਆ ਵਿੱਚ ਲੋਨ ਦੇ ਸਬੰਧ ਵਿੱਚ ਆਏ ਸਨ। ਜਦੋਂ ਉਹ ਬੈਂਕ ਤੋਂ ਬਾਹਰ ਨਿਕਲੇ ਤਾਂ ਇੱਕ ਮਹਿਲਾ ਈ-ਰਿਕਸ਼ਾ ਚਾਲਕ ਨੇ ਉਨ੍ਹਾਂ ਨੂੰ ਆਪਣੀ ਗੱਲਾਂ ਵਿੱਚ ਉਲਝਾ ਲਿਆ। ਮਹਿਲਾ ਨੇ ਬਜ਼ੁਰਗ ਨੂੰ ਲੋਨ ਦਿਵਾਉਣ ਦਾ ਝਾਂਸਾ ਦਿੱਤਾ ਅਤੇ ਉਨ੍ਹਾਂ ਨੂੰ ਆਪਣੇ ਨਾਲ ਰਿਕਸ਼ੇ ਵਿੱਚ ਬਿਠਾ ਲਿਆ।ਪੀੜਤ ਅਨੁਸਾਰ ਮਹਿਲਾ ਉਨ੍ਹਾਂ ਨੂੰ ਹਾਜੀ ਰਤਨ ਰੋਡ ਤੋਂ ਹੁੰਦੇ ਹੋਏ ਨਹਿਰ ਦੇ ਕੋਲ ਇੱਕ ਸੁਨਸਾਨ ਜਗ੍ਹਾ 'ਤੇ ਲੈ ਗਈ, ਜਿੱਥੇ ਉਸ ਨੇ ਬਜ਼ੁਰਗ ਨਾਲ ਮਾਰਕੁੱਟ ਸ਼ੁਰੂ ਕਰ ਦਿੱਤੀ ਅਤੇ ਉਨ੍ਹਾਂ ਕੋਲੋਂ 7000 ਰੁਪਏ ਖੋਹ ਲਏ, ਜਦੋਂ ਪਰਮਜੀਤ ਸਿੰਘ ਨੇ ਹਿੰਮਤ ਦਿਖਾਉਂਦੇ ਹੋਏ ਰਿਕਸ਼ੇ ਦਾ ਹੈਂਡਲ ਫੜ ਲਿਆ ਤਾਂ ਵਾਹਨ ਬੇਕਾਬੂ ਹੋ ਕੇ ਪਲਟ ਗਿਆ। ਬਜ਼ੁਰਗ ਦਾ ਰੌਲਾ ਸੁਣ ਕੇ ਆਸ-ਪਾਸ ਦੇ ਲੋਕ ਇਕੱਠੇ ਹੋ ਗਏ, ਜਿਨ੍ਹਾਂ ਨੇ ਮਹਿਲਾ ਨੂੰ ਫੜ ਲਿਆ ਅਤੇ ਥਾਣਾ ਕੋਤਵਾਲੀ ਪੁਲਿਸ ਦੇ ਹਵਾਲੇ ਕਰ ਦਿੱਤਾ।ਸਹਾਰਾ ਜਨ ਸੇਵਾ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਜ਼ਖ਼ਮੀ ਬਜ਼ੁਰਗ ਨੂੰ ਸਿਵਲ ਹਸਪਤਾਲ ਦਾਖਲ ਕਰਵਾਇਆ। ਪੁਲਿਸ ਨੇ ਕਥਿਤ ਦੋਸ਼ੀ ਮਹਿਲਾ ਦੀ ਪਛਾਣ ਪੂਜਾ ਸ਼ਰਮਾ ਵਜੋਂ ਕੀਤੀ ਹੈ ਅਤੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਪੀੜਤ ਬਜ਼ੁਰਗ ਨੇ ਰੋਂਦਿਆਂ ਦੱਸਿਆ ਕਿ ਲੁੱਟ ਤੋਂ ਬਾਅਦ ਹੁਣ ਉਸ ਦੇ ਪੱਲੇ ਸਿਰਫ਼ 700 ਰੁਪਏ ਹੀ ਬਚੇ ਹਨ। ਪੁਲਿਸ ਵੱਲੋਂ ਮਾਮਲੇ ਦੀ ਅਗਲੀ ਕਾਰਵਾਈ ਜਾਰੀ ਹੈ।

## ਆਕਸਫੋਰਡ ਸਕੂਲ ਦੇ ਵਿਦਿਆਰਥੀਆਂ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

ਭਗਤਾ ਭਾਈ ਕਾ 16 ਅਪਰੈਲ (ਸਵਰਨ ਸਿੰਘ ਭਗਤਾ)'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਭਗਤਾ ਭਾਈ ਕਾ ਇਲਾਕੇ ਦੀ ਇੱਕ ਅਜਿਹੀ ਨਾਮਵਰ ਵਿੱਦਿਅਕ ਸੰਸਥਾ ਹੈ, ਜਿਸ ਦੇ ਵਿਦਿਆਰਥੀ ਆਏ ਦਿਨ ਬੁਲੰਦੀਆਂ ਨੂੰ ਛੂਹਣ ਵਾਲੀਆਂ ਪ੍ਰਾਪਤੀਆਂ ਕਰਦੇ ਹਨ। ਇਸ ਸੰਸਥਾ ਦੇ ਵਿਦਿਆਰਥੀਆਂ ਨੇ ਇਸ ਵਾਰ ਵੀ ਦਸਵੀਂ ਜਮਾਤ ਦੇ ਨਤੀਜੇ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਦੇ ਹੋਏ ਪਿਛਲੇ ਸਾਲਾਂ ਦੇ ਰਿਕਾਰਡ ਨੂੰ ਮਾਤ ਪਾ ਦਿੱਤੀ ਹੈ।ਸਕੂਲ ਅਨੁਸਾਰ ਇਸ ਸਾਲ ਦਸਵੀਂ ਜਮਾਤ ਦੇ154 ਵਿਦਿਆਰਥੀਆਂ ਨੇ 100% ਨਤੀਜਾ ਦਿੱਤਾ ਹੈ। ।ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਦੀ ਰਿਕਾਰਡ ਤੋੜ ਸਫ਼ਲਤਾ ਪ੍ਰਾਪਤ ਕਰਨ ਤੇ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਬਾਕੀ ਵਿਦਿਆਰਥੀਆਂ ਨੂੰ ਵੀ ਇਸੇ ਤਰਾਂ ਸਖਤ ਮਿਹਨਤ ਕਰਨ ਦੇ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਬਾਂਸਲ ਨੇ ਅਧਿਆਪਕ ਸਾਹਿਬਾਨਾਂ ਨੂੰ ਉਨ੍ਹਾਂ ਦੀ ਅਣਥੱਕ ਮਿਹਨਤ ਦੀ ਵਡਿਆਈ ਕਰਦੇ ਹੋਏ ਇਸ ਸ਼ਾਨਦਾਰ ਨਤੀਜੇ ਦੀ ਵਧਾਈ ਦਿੱਤੀ ਅਤੇ ਇਸ ਖੁਸ਼ੀ ਵਿੱਚ ਸ਼ਨੀਵਾਰ ਦੀ ਛੁੱਟੀ ਦਾ ਐਲਾਨ ਕੀਤਾ।ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ),ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ'(ਵਾਈਸ ਚੇਅਰਮੈਨ),ਰਾਜਵਿੰਦਰ ਸਿੰਘ ਸੋਢੀ (ਜਨਰਲ ਸਕੱਤਰ),ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਪ੍ਰਿੰਸੀਪਲ,ਕੋਆਰਡੀਨੇਟਰਜ਼ ਅਤੇ ਸਮੂਹ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ।

## ਦਿੱਲੀ ਵਿੱਚ ਸੰਘਰਸ਼ ਕਰ ਰਹੇ ਮਜ਼ਦੂਰਾਂ 'ਤੇ ਕੀਤੇ ਤਸ਼ੱਦਦ ਦੀ ਲੋਕ ਮੋਰਚਾ ਪੰਜਾਬ ਨੇ ਕੀਤੀ ਨਿਖੇਧੀ

ਬਠਿੰਡਾ, 16 ਅਪ੍ਰੈਲ (ਦੀਪਕ ਸ਼ਰਮਾ) :ਜਦੋਂ ਪਸੀਨੇ ਦੀ ਕੀਮਤ ਮੰਗਣ ਵਾਲੇ ਹੱਥਾਂ ਨੂੰ ਹੱਥਕੜੀਆਂ ਦਾ ਡਰ ਦਿਖਾਇਆ ਜਾਵੇ, ਤਾਂ ਸਮਝੋ ਕਿ ਨਿਜ਼ਾਮ ਲੋਕਤੰਤਰ ਦੀ ਬਜਾਏ ਕਾਰਪੋਰੇਟਾਂ ਦੀ ਬੋਲੀ ਬੋਲ ਰਿਹਾ ਹੈ। ਰਾਜਧਾਨੀ ਦਿੱਲੀ ਅਤੇ ਆਸ-ਪਾਸ ਦੇ ਸਨਅਤੀ ਇਲਾਕਿਆਂ ਵਿੱਚ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਉੱਤਰੇ ਹਜ਼ਾਰਾਂ ਮਜ਼ਦੂਰਾਂ 'ਤੇ ਹੋ ਰਹੇ ਪੁਲਿਸ ਜਬਰ ਖ਼ਿਲਾਫ਼ ਹੁਣ ਪੰਜਾਬ ਵਿੱਚੋਂ ਵੀ ਬਗ਼ਾਵਤੀ ਸੁਰ ਉੱਠਣ ਲੱਗੇ ਹਨ। ਲੋਕ ਮੋਰਚਾ ਪੰਜਾਬ ਨੇ ਮਜ਼ਦੂਰਾਂ ਦੇ ਇਸ ਸੰਘਰਸ਼ ਨੂੰ ਸਹੀ ਠਹਿਰਾਉਂਦਿਆਂ ਸਰਕਾਰ ਦੇ ਕੂੜ ਪ੍ਰਚਾਰ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਸਕੱਤਰ ਜਗਮੇਲ ਸਿੰਘ ਅਤੇ ਸੂਬਾ ਕਮੇਟੀ ਮੈਂਬਰ ਸ਼ੀਰੀਂ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਦਿੱਲੀ ਦੀਆਂ ਸੜਕਾਂ ਤੇ ਦਿਖਾਈ ਦੇ ਰਿਹਾ ਮਜ਼ਦੂਰਾਂ ਦਾ ਗੁੱਸਾ ਕੋਈ ਅਚਾਨਕ ਵਾਪਰੀ ਘਟਨਾ ਨਹੀਂ, ਸਗੋਂ ਵੱਡੀਆਂ ਸਨਅਤਾਂ ਅੰਦਰ ਹੋ ਰਹੀ ਬੇਕਿਰਕ ਲੁੱਟ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਕਾਰਪੋਰੇਟਾਂ ਦੇ ਮੁਨਾਫ਼ਿਆਂ ਨੂੰ ਸੁਰੱਖਿਅਤ ਕਰਨ ਲਈ ਸਰਕਾਰ ਨੇ ਨਵੇਂ ਕਿਰਤ ਕੋਡ ਲਾਗੂ ਕਰਕੇ ਮਜ਼ਦੂਰਾਂ ਨੂੰ ਗੁਲਾਮੀ ਵਾਲੀਆਂ ਹਾਲਤਾਂ ਵਿੱਚ ਧੱਕ ਦਿੱਤਾ ਹੈ। ਅੱਜ ਮਜ਼ਦੂਰ ਸਿਰਫ਼ ਤਨਖਾਹਾਂ ਵਿੱਚ ਵਾਧਾ, ਕੰਮ ਦੇ ਘੰਟੇ ਨਿਸ਼ਚਿਤ ਕਰਨ ਅਤੇ ਓਵਰ ਟਾਈਮ ਦੇ ਕਾਨੂੰਨੀ ਭੁਗਤਾਨ ਵਰਗੀਆਂ ਬੁਨਿਆਦੀ ਸਹੂਲਤਾਂ ਦੀ ਮੰਗ ਕਰ ਰਹੇ ਹਨ, ਪਰ ਬਦਲੇ ਵਿੱਚ ਉਨ੍ਹਾਂ ਨੂੰ ਲਾਠੀਆਂ ਅਤੇ ਜੇਲ੍ਹਾਂ ਮਿਲ ਰਹੀਆਂ ਹਨ।ਆਗੂਆਂ ਨੇ ਦੱਸਿਆ ਕਿ ਇਸ ਵੇਲੇ 40 ਹਜ਼ਾਰ ਤੋਂ ਵੱਧ ਮਜ਼ਦੂਰ 80 ਵੱਖ-ਵੱਖ ਥਾਵਾਂ 'ਤੇ ਪ੍ਰਦਰਸ਼ਨ ਕਰ ਰਹੇ ਹਨ। ਇੰਨੀ ਵੱਡੀ ਪੱਧਰ 'ਤੇ ਉੱਠੀ ਆਵਾਜ਼ ਨੂੰ ਦਬਾਉਣ ਲਈ ਪੁਲਿਸ ਨੇ ਲਾਠੀਚਾਰਜ ਕੀਤਾ ਅਤੇ 100 ਤੋਂ ਵੱਧ ਕੇਸ ਦਰਜ ਕਰ ਦਿੱਤੇ। ਸਭ ਤੋਂ ਮੰਦਭਾਗੀ ਗੱਲ ਇਹ ਹੈ ਕਿ ਮਜ਼ਦੂਰਾਂ ਦੇ ਇਸ ਹੱਕੀ ਸੰਘਰਸ਼ ਨੂੰ ਲੋਕਾਂ ਦੀਆਂ ਨਜ਼ਰਾਂ ਵਿੱਚ ਡੇਗਣ ਲਈ ਇਸ ਨੂੰ ਪਾਕਿਸਤਾਨੀ ਸ਼ਹਿ ਪ੍ਰਾਪਤ ਜਾਂ ਨਕਸਲੀ ਹਿੰਸਾ ਨਾਲ ਜੋੜ ਕੇ ਪ੍ਰਚਾਰਿਆ ਜਾ ਰਿਹਾ ਹੈ।ਲੋਕ ਮੋਰਚਾ ਪੰਜਾਬ ਨੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਾਰਪੋਰੇਟਾਂ ਵਿਰੁੱਧ ਲੜ ਰਹੇ ਇਨ੍ਹਾਂ ਮਜ਼ਦੂਰਾਂ ਦਾ ਸਾਥ ਦੇਣ। ਉਨ੍ਹਾਂ ਮੰਗ ਕੀਤੀ ਕਿ ਮਜ਼ਦੂਰਾਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ, ਦਰਜ ਕੀਤੇ ਝੂਠੇ ਕੇਸ ਵਾਪਸ ਲਏ ਜਾਣ ਅਤੇ ਕਿਰਤ ਕੋਡ ਰੱਦ ਕਰਕੇ ਮਜ਼ਦੂਰ ਪੱਖੀ ਕਾਨੂੰਨ ਬਣਾਏ ਜਾਣ। ਪੰਜਾਬ ਦੇ ਕਿਸਾਨਾਂ ਅਤੇ ਮੁਲਾਜ਼ਮ ਤਬਕਿਆਂ ਨੂੰ ਵੀ ਇਸ ਸੰਘਰਸ਼ ਦੀ ਹਿਮਾਇਤ ਵਿੱਚ ਡਟਣ ਦਾ ਸੱਦਾ ਦਿੱਤਾ ਗਿਆ ਹੈ।

## ਬਰਿੰਦਰ ਕੁਮਾਰ ਗੋਇਲ ਨੇ ਘੱਗਰ ਦੇ ਕਿਨਾਰਿਆਂ ਦੀ ਮਜ਼ਬੂਤੀ ਦਾ ਕੰਮ ਸ਼ੁਰੂ ਕਰਵਾਇਆ



ਖਨੌਰੀ, 16 ਅਪ੍ਰੈਲ (ਓਮਪ੍ਰਕਾਸ ਮੁਆਲ) :ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਹੜ੍ਹਾਂ ਤੋਂ ਬਚਾਅ ਅਤੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ। ਇਸ ਤਹਿਤ ਘੱਗਰ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕਰਨ ਲਈ ਕਰੀਬ 12.42 ਕਰੋੜ ਰੁਪਏ ਦੀ ਲਾਗਤ ਨਾਲ ਵਿਸ਼ੇਸ਼ ਪ੍ਰੋਜੈਕਟ ਲਾਗੂ ਕੀਤਾ ਗਿਆ ਹੈ। ਇਸੇ ਤਹਿਤ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇਖਨੌਰੀ ਤੋਂ ਮਕਰੌੜ ਸਾਹਿਬ ਤੱਕ 04.13 ਕਰੋੜ ਰੁਪਏ ਦੀ ਲਾਗਤ ਨਾਲ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਦਾ ਕੰਮ ਸ਼ੁਰੂ ਕਰਵਾਇਆ।ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਪ੍ਰੋਜੈਕਟ ਅਧੀਨ ਪਿੰਡ ਅੰਦਾਨਾ ਵਿਖੇ 01.83 ਕਰੋੜ ਰੁਪਏ ਦੀ ਲਾਗਤ ਨਾਲ ਪੁਲ ਦੇ ਨੇੜੇ ਪੱਥਰਾਂ ਦੇ ਨਾਲ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਮਕਰੌੜ ਸਾਹਿਬ ਤੋਂ ਕੜੈਲ ਤੱਕ 06.46 ਕਰੋੜ ਰੁਪਏ ਦੀ ਲਾਗਤ ਨਾਲ ਕਿਨਾਰਿਆਂ ਨੂੰ ਮਜ਼ਬੂਤਕੀਤਾ ਜਾ ਰਿਹਾ ਹੈ। ਇਨ੍ਹਾਂ ਸਾਰਿਆਂ ਪ੍ਰੋਜੈਕਟਾਂ ਤਹਿਤ ਕੁੱਲ ਕਰੀਬ 42 ਕਿਲੋਮੀਟਰ ਲੰਬੇ ਹਿੱਸੇ ਵਿੱਚ ਦਰਿਆ ਦੇ ਕਿਨਾਰਿਆਂ ਨੂੰ ਹੋਰ ਮਜ਼ਬੂਤ ਅਤੇ ਉੱਚਾ ਕੀਤਾ ਜਾਵੇਗਾ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਹਿਲਾਂ ਵੀ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਲਈ ਕਰੀਬ 04 ਕਰੋੜ ਰੁਪਏ ਖਰਚੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਯਤਨਾਂ ਦਾ ਹੀ ਨਤੀਜਾ ਸੀ ਕਿ ਸਾਲ 2025 ਦੌਰਾਨ ਆਏ ਭਾਰੀ ਹੜ੍ਹਾਂ ਸਮੇਂ, ਜਦੋਂ ਘੱਗਰ ਦਰਿਆ ਲਗਾਤਾਰ ਕਰੀਬ 10 ਦਿਨ ਤਕ ਖਤਰੇ ਦੇ ਨਿਸ਼ਾਨ ਤੋਂ ਉੱਪਰ ਵਗਦਾ ਰਿਹਾ, ਤਦ ਵੀ ਇਲਾਕੇ ਦੇ ਵਸਨੀਕਾਂ ਨੂੰ ਵੱਡੇ ਨੁਕਸਾਨ ਤੋਂ ਬਚਾਇਆ ਜਾ ਸਕਿਆ।ਸ਼੍ਰੀ ਗੋਇਲ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਕੁਦਰਤੀ ਆਫ਼ਤਾਂ ਤੋਂ ਸੁਰੱਖਿਅਤ ਰੱਖਣਾ ਅਤੇ ਕਿਸਾਨਾਂ ਦੀ ਫ਼ਸਲਾਂ ਦੀ ਰੱਖਿਆ ਕਰਨੀ ਹੈ। ਉਨ੍ਹਾਂ ਕਿਹਾ ਕਿ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਨਾਲ ਨਾ ਸਿਰਫ਼ ਹੜ੍ਹਾਂ ਦੇ ਖਤਰੇ ਨੂੰ ਘਟਾਇਆ ਜਾਵੇਗਾ, ਸਗੋਂ ਇਲਾਕੇ ਵਿੱਚ ਖੇਤੀਬਾੜੀ ਨੂੰ ਵੀ ਮਜ਼ਬੂਤੀ ਮਿਲੇਗੀ।ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਵਿਕਾਸ ਕਾਰਜਾਂ ਨੂੰ ਤਰਜੀਹ ਦੇਵੇਗੀ ਅਤੇ ਲੋਕਾਂ ਦੀ ਸੁਰੱਖਿਆ ਅਤੇ ਭਲਾਈ ਲਈ ਵਚਨਬੱਧ ਰਹੇਗੀ।ਇਸ ਮੌਕੇ ਐੱਸ.ਡੀ.ਐਮ. ਰਾਕੇਸ਼ ਪ੍ਰਕਾਸ਼, ਸਮੇਤ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

## ਸਮਾਜ ਸੇਵੀ ਪ੍ਰੀਤੀ ਮਹੰਤ ਨੇ ਜਨਮ ਦਿਨ ਮੌਕੇ ਵਿਦਿਆਰਥੀਆਂ ਨੂੰ ਵੰਡਿਆ ਸਟੇਸ਼ਨਰੀ ਦਾ ਸਮਾਨ



ਸੰਗਰੂਰ, 16 ਅਪ੍ਰੈਲ (ਹਰਕੰਵਲ ਸਿੰਘ ਹੈਪੀ) : ਲੋੜਵੰਦਾਂ ਦੀ ਮੱਦਦ ਲਈ ਹਮੇਸ਼ਾਂ ਤਿਆਰ ਬਰ ਤਿਆਰ ਰਹਿਣ ਵਾਲੀ ਸੰਗਰੂਰ ਦੀ ਨਾਮਵਰ ਸ਼ਖ਼ਸੀਅਤ ਪ੍ਰੀਤੀ ਮਹੰਤ ਜੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਆਪਣੇ ਜਨਮਦਿਨ ਮੌਕੇ ਸਰਕਾਰੀ ਮਿਡਲ ਸਕੂਲ ਪਿੰਡ ਭੰਮਾਬੱਦੀ ਵਿਖੇ ਪੜ੍ਹਦੇ ਵਿਦਿਆਰਥੀਆਂ ਨੂੰ ਕਾਪੀਆਂ, ਕਿਤਾਬਾਂ ਅਤੇ ਸਟੇਸ਼ਨਰੀ ਦਾ ਸਾਰਾ ਸਮਾਨ ਵੰਡਿਆਂ ਗਿਆ। ਇਸ ਮੌਕੇ ਸਕੂਲ ਪਹੁੰਚਣ 'ਤੇ ਇੰਚਾਰਜ ਸੋਨੀ ਕੌਰ ਅਤੇ ਉਨ੍ਹਾਂ ਦੇ ਸਟਾਫ਼ ਵੱਲੋਂ ਮਹੰਤ ਜੀ ਨੂੰ ਜੀ ਆਇਆ ਕਿਹਾ ਤੇ ਜਨਮਦਿਨ ਦੀ ਮੁਬਾਰਕਬਾਦ ਦਿੰਦੇ ਹੋਏ ਪ੍ਰੀਤੀ ਮਹੰਤ ਦਾ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਪ੍ਰੀਤੀ ਮਹੰਤ ਜੀ ਨੇ ਵਿਦਿਆਰਥੀਆਂ ਨਾਲ ਰੂਬਰੂ ਹੁੰਦਿਆਂ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਦੇ ਤਿਉਹਾਰ ਦੀ ਮੁਬਾਰਕਬਾਦ ਦਿੰਦਿਆਂ ਉਹਨਾਂ ਨੂੰ ਮੰਨ ਲਗਾ ਕੇ ਪੜਾਈ ਕਰਨ, ਜਿੰਦਗੀ ਵਿੱਚ ਕਦੇ ਵੀ ਨਸ਼ੇ ਨਾ ਕਰਨ, ਅਧਿਆਪਕਾਂ ਅਤੇ ਮਾਤਾ ਪਿਤਾ ਦਾ ਆਗਿਆਕਾਰੀ ਬਨਣ ਅਤੇ ਇੱਕ ਚੰਗੀ ਸ਼ਖ਼ਸੀਅਤ ਬਣਕੇ ਲੋੜਵੰਦਾਂ ਦੀ ਮੱਦਦ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਵਿੱਚ ਹਾਜ਼ਰ ਸਾਰੇ ਵਿਦਿਆਰਥੀਆਂ ਨੇ ਤਾੜੀਆਂ ਦੇ ਨਾਲ ਪ੍ਰੀਤੀ ਮਹੰਤ ਜੀ ਦਾ ਜ਼ੋਰਦਾਰ ਸਵਾਗਤ ਕੀਤਾ ਤੇ ਉਹਨਾਂ ਨੂੰ ਜਨਮਦਿਨ ਦੀ ਵਧਾਈ ਦਿੱਤੀ।ਇਸ ਦੌਰਾਨ ਪ੍ਰੀਤੀ ਮਹੰਤ ਜੀ ਨੇ ਸਕੂਲ ਦੇ ਸਾਰੇ ਵਿਦਿਆਰਥੀਆਂ ਨੂੰ ਆਪਣੇ ਹੱਥੀਂ ਕਾਪੀਆਂ, ਪੈਨ, ਪੈਂਸਲਾ ਅਤੇ ਸਟੇਸ਼ਨਰੀ ਦਾ ਹੋਰ ਸਮਾਨ ਵੰਡਦੇ ਹੋਏ ਉਹਨਾਂ ਦੀ ਲੰਬੀ ਉਮਰ ਦੀ ਕਾਮਨਾ ਕੀਤੀ। ਇਸ ਮੌਕੇ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੀਤੀ ਮਹੰਤ ਜੀ ਨੇ ਦੱਸਿਆ ਕਿ ਉਹ ਪਿੱਛਲੇ ਕਈ ਸਾਲਾਂ ਤੋਂ ਆਪਣੇ ਜਨਮਦਿਨ ਮੌਕੇ ਇਸ ਸਕੂਲ ਦੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਦਾ ਸਮਾਨ ਭੇਂਟ ਕਰਨ ਲਈ ਇੱਥੇ ਆਉਂਦੇ ਹਨ ਤਾਂਕਿ ਨਵੇਂ ਸੈਸ਼ਨ ਦੇ ਚੱਲਦਿਆਂ ਇਹਨਾਂ ਲੋੜਵੰਦ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਕੋਈ ਵਿਘਣ ਨਾ ਪਵੇ ਤੇ ਮਾਪਿਆਂ ਨੂੰ ਵੀ ਆਪਣੇ ਬੱਚਿਆਂ ਨੂੰ ਪੜ੍ਹਾਉਣ ਵਿੱਚ ਕੁੱਝ ਮੱਦਦ ਮਿਲ ਸਕੇ। ਇਸ ਲਈ ਜਦੋਂ ਵੀ ਕਿਸੇ ਲੋੜਵੰਦ ਦੀ ਮੱਦਦ ਕਰਨ ਦਾ ਮੌਕਾ ਮਿਲਦਾ ਹੈ ਤਾਂ ਉਹ ਕਦੇ ਵੀ ਪਿੱਛੇ ਨਹੀਂ ਹੱਟਦੇ।ਇਸ ਦੌਰਾਨ ਉਹਨਾਂ ਦੇ ਨਾਲ ਤੱਬੂ ਮਹੰਤ, ਬਾਵਾ ਮਹੰਤ, ਚੇਲਾ ਚੰਦਰਮੁਖੀ ਮਹੰਤ, ਵਿਸ਼ਵਨੂਰ ਮਹੰਤ, ਪੋਤਾ ਚੇਲਾ ਮਸਤਾਨੀ ਮਹੰਤ ਤੋਂ ਇਲਾਵਾ ਸਕੂਲ ਸਟਾਫ਼ ਵਿੱਚੋਂ ਅਧਿਆਪਕ ਮੰਜੂਸ਼ਾ ਅਰੋੜਾ, ਵੀਰਪਾਲ ਕੌਰ ਅਤੇ ਜਸਵੀਰ ਕੌਰ ਮੌਕੇ 'ਤੇ ਮੌਜੂਦ ਸਨ।

## ਆਰ.ਐਸ.ਪੀ ਪਾਰਟੀ ਦੇ ਸਟੇਟ ਕੋਰ ਕਮੇਟੀ ਮੈਂਬਰ ਹਰਦੀਪ ਸਿੰਘ ਰਾਮਪੁਰਾ ਬਸਪਾ 'ਚ ਸ਼ਾਮਿਲ




ਖਨੌਰੀ, 16 ਅਪ੍ਰੈਲ (ਓਮਪ੍ਰਕਾਸ ਮੁਆਲ) : ਬਾਬਾ ਸਾਹਿਬ ਜੀ ਦੇ ਜਨਮ ਦਿਨ 'ਤੇ ਹੋਈ ਬਸਪਾ ਲੋਕ ਸਭਾ ਸੰਗਰੂਰ ਦੀ ਧੂਰੀ ਰੈਲੀ ਵਿੱਚ ਉਸ ਸਮੇਂ ਬਸਪਾ ਵਿਧਾਨ ਸਭਾ ਹਲਕਾਂ ਲਹਿਰਾ ਨੂੰ ਮਜ਼ਬੂਤੀ ਮਿਲੀ ਜਦੋਂ 2022 ਵਿਧਾਨ ਸਭਾ ਚੋਣਾਂ ਆਰ . ਐਸ . ਪੀ ਵੱਲੋਂ ਲੜੇ ਉਮੀਦਵਾਰ ਤੇ ਸਟੇਟ ਕੋਰ ਕਮੇਟੀ ਦੇ ਮੈਂਬਰ ਹਰਦੀਪ ਸਿੰਘ ਰਾਮਪੁਰਾ ਨੂੰ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਨੇ ਬਸਪਾ ਵਿੱਚ ਸ਼ਾਮਿਲ ਕਰਵਾਇਆ ।ਜਿਕਰਯੋਗ ਹੈ ਕਿ ਲੋਕ ਸਭਾ ਸੰਗਰੂਰ ਦੇ ਇੰਚਾਰਜ ਇੰਜੀ. ਅਮਨ ਬੋਧ ਅਤੇ ਉਹਨਾਂ ਦੀ ਟੀਮ ਦੀ ਬਸਪਾ ਦੇ ਕਾਡਰ ਅਤੇ ਸੰਗਠਨ ਨੂੰ ਮਜ਼ਬੂਤ ਕਰਨ ਦੀਆਂ ਕੋਸ਼ਿਸ਼ਾਂ ਸਦਕਾ ਹਰਦੀਪ ਜੀ ਪਾਰਟੀ ਨਿਤੀਆਂ ਤੋਂ ਪ੍ਰਭਾਵਿਤ ਹੋ ਕੇ ਬਸਪਾ ਵਿੱਚ ਸ਼ਾਮਿਲ ਹੋਏ । ਹਰਦੀਪ ਜੀ ਨੇ ਦੱਸਿਆ ਕਿ ਉਹ ਬਸਪਾ ਪੰਜਾਬ ਦੁਆਰਾ ਚਲਾਈ ਜਾ ਰਹੀ ਪੰਜਾਬ ਸੰਭਾਲੋ ਮੁਹਿੰਮ ਅਤੇ ਸੂਬਾ ਪ੍ਰਧਾਨ ਸਰਦਾਰ ਅਵਤਾਰ ਸਿੰਘ ਕਰੀਮਪੁਰੀ ਜੀ ਦੀ ਪੰਜਾਬ ਪੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਬਸਪਾ ਨਾਲ ਜੁੜੇ ਹਨ ।ਓਨਾਂ ਦਸਿਆ ਕੇ ਅੱਜ ਉਹਨਾਂ ਨਾਲ ਸੈਕੜੇ ਆਰ ਐਸ ਪੀ ਦੇ ਵਰਕਰ ਪਾਰਟੀ ਛੱਡ ਬਸਪਾ ਨਾਲ ਜੁੜੇ ਹਨ।ਇਸ ਸੰਬੰਧੀ ਜਿਆਦਾ ਜਾਣਕਾਰੀ ਦਿੰਦਿਆਂ ਲੋਕ ਸਭਾ ਇੰਚਾਰਜ ਇੰਜੀ.ਅਮਨ ਬੋਧ ਨੇ ਦੱਸਿਆ ਕੇ ਜਿੱਥੇ ਹਰਦੀਪ ਜੀ ਦੇ ਪਾਰਟੀ ਜੁਆਇਨ ਕਰਨ ਨਾਲ ਪਾਰਟੀ ਲਹਿਰੇ ਹਲਕੇ ਅੰਦਰ ਮਜ਼ਬੂਤ ਹੋਈ ਹੈ ਉਥੇ ਹੀ ਨੌਜਵਾਨ ਵੀ ਵੱਡੀ ਗਿਣਤੀ ਵਿੱਚ ਪਾਰਟੀ ਵਿੱਚ ਨਿੰਰਤਰ ਜੁੜ ਰਹੇ ਹਨ।ਇਸ ਦਾ ਨਤੀਜਾ ਇਹ ਵੇਖਣ ਨੂੰ ਮਿਲਿਆ ਕੇ ਬਿੱਤੇ ਦਿੰਨੀ ਧੂਰੀ ਵਿਖੇ ਹੋਈ ਸੱਤਾ ਪ੍ਰਾਪਤ ਕਰੋ ਰੈਲੀ ਵਿੱਚ ਹਜ਼ਾਰਾਂ ਵਰਕਰਾਂ ਨੇ ਲਹਿਰੇ ਹਲਕੇ ਤੋਂ ਹਾਜ਼ਰੀ ਭਰੀ। ਓਨਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕੇ ਸਮੂਹ ਲੋਕ ਸਭਾ ਸੰਗਰੂਰ ਦੀ ਟੀਮ ਬੜੀ ਮਿਹਨਤ ਨਾਲ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮ ਕਰੀਮਪੁਰੀ ਦੀ ਅਗਵਾਈ ਵਿੱਚ ਲੋਕ ਸਭਾ ਦੇ ਦੱਸ ਦੇ ਦੱਸ ਹਲਕਿਆਂ ਅੰਦਰ ਪੰਜਾਬ ਸੰਭਾਲੋ ਮੁਹਿਮ ਨਾਲ ਪੰਜਾਬੀਆਂ ਨੂੰ ਜੋੜ ਰਹੀ ਹੈ।ਹਲਕਾ ਦੇ ਪ੍ਰਧਾਨ ਡਾਕਟਰ ਰਾਜਕੁਮਾਰ ਜੀ ਨੇ ਰੈਲੀ ਵਿੱਚ ਜਾਣ ਵਾਲੇ ਸਾਰੇ ਵਰਕਰਾਂ ਦਾ ਧੰਨਵਾਦ ਕੀਤਾ । ਇਸ ਦੌਰਾਨ ਹਲਕੇ ਜਨਰਲ ਸਕੱਤਰ ਸੰਭੂ ਰੰਗਾ, ਵਿਕਰਮ ਗੁਲਾੜੀ , ਸਕੱਤਰ ਹਰਵਿਲਾਸ ਅਜਾਦ , ਸੀਨੀਅਰ ਆਗੂ ਭੂਰਾ ਲਹਿਲ , ਸਕੱਤਰ ਅਮਰੀਕ ਮੰਡਵੀ ,ਖਨੌਰੀ ਸ਼ਹਿਰੀ ਪ੍ਰਧਾਨ ਗੁਲਾਬ ਛਾਡੀਆ, ਸੀਨੀਅਰ ਆਗੂ ਜੇਠੂ ਰਾਮ ਮੰਡਵੀ, ਪੂਰਨ ਸਰਪੰਚ,ਦਿਹਾਤੀ ਪ੍ਰਧਾਨ ਰਾਜਵੀਰ ਸਿੰਘ, ਬੀਵੀਐਫ ਪ੍ਰਧਾਨ ਤਰਸੇਮ ਚੱਠਾ, ਮੀਤ ਪ੍ਰਧਾਨ ਸੋਨੂੰ ਰਾਣਾ, ਗੁਰਪ੍ਰੀਤ ਕੰਬੋਜ,ਸੈਕਟਰ ਪ੍ਰਧਾਨ ਰਾਜੇਸ਼ ਗੋਠਵਾਲ , ਜੋਨ ਇੰਚਾਰਜ ਜਸਵੰਤ ਚੋਹਾਨ , ਜਸਵੀਰ ਨਵਾਂਗਾਓ,ਸਾਹਿਬ ਖਨੌਰੀ , ਸੀਨੀਅਰ ਆਗੂ ਓਮ ਪ੍ਰਕਾਸ਼, ਸ਼ਰਨਜੀਤ ਨੰਬਰਦਾਰ, ਕਰਮਚੰਦ ਫੌਜੀ, ਰਾਮਰੂਪ ਠਸਕਾ , ਡਾਕਟਰ ਸੋਹਨ , ਕ੍ਰਿਸ਼ਨ ਗੁਲਾੜੀ , ਸੋਹਨ ਰਾਮਪੁਰਾ, ਡਾਕਟਰ ਦੇਸਰਾਜ , ਸੁਰਿੰਦਰ ਮਾਥੁਰ ,ਸ਼ੇਖਰ , ਅਰਸ਼, ਕੁਲਦੀਪ,ਜੱਸੀ ਚੱਠਾ, ਗੁਰਮੇਲ ਲਹਿਲ , ਆਦਿ ਪਾਰਟੀ ਵਰਕਰ ਹਾਜ਼ਰ ਸਨ।

## ਤਲਵੰਡੀ ਸਾਬੋ ਪਾਵਰ ਲਿਮਿਟਡ ਵੱਲੋਂ ਦੋ-ਦਿਨਾਂ ਸੁਰੱਖਿਆ ਪ੍ਰੀਖਣ ਪ੍ਰੋਗਰਾਮ



ਸਰਦੂਲਗੜ੍ਹ, 16 ਅਪ੍ਰੈਲ (ਲਛਮਣ ਸਿੱਧੂ ) :ਤਲਵੰਡੀ ਸਾਬੋ ਪਾਵਰ ਲਿਮਿਟਡ (ਟੀਐਸਪੀਐਲ), ਪਿੰਡ ਬਣਾਵਾਲਾ, ਜ਼ਿਲ੍ਹਾ ਮਾਨਸਾ ਨੇ 15 ਅਤੇ 16 ਅਪਰੈਲ 2026 ਨੂੰ ਦੋ-ਦਿਨਾਂ ਸੁਰੱਖਿਆ ਪ੍ਰਸ਼ਿਕਸ਼ਣ ਕਾਰਜਕ੍ਰਮ ਸਫਲਤਾਪੂਰਵਕ ਆਯੋਜਤ ਕੀਤਾ, ਜੋਕਿ ਕਰਮਚਾਰੀਆਂ ਅਤੇ ਹਿੱਸੇਦਾਰਾਂ ਵਿੱਚ ਸੁਰੱਖਿਆ ਸੂਝ ਬੂਝ ਅਤੇ ਐਮਰਜੈਂਸੀ ਤਿਆਰੀ ਨੂੰ ਮਜ਼ਬੂਤ ਕਰਨ ਲਈ ਲੱਖਿਆ ਭਰੇਗਾ। ਇਹ ਕਾਰਜਕ੍ਰਮ 15 ਅਪਰੈਲ 2026 ਨੂੰ ਸ਼੍ਰੀ ਪੰਕਜ ਸ਼ਰਮਾ, ਸੀਈਓ, ਟੀਐਸਪੀਐਲ ਪਾਵਰ ਪਲਾਂਟ, ਅਤੇ ਸ਼੍ਰੀ ਵਿਸ਼ਾਲ ਸਿੰਗਲਾ, ਡਿਪਟੀ ਡਾਇਰੈਕਟਰ ਆਫ ਫੈਕਟਰੀਜ਼, ਬਠਿੰਡਾ ਵੱਲੋਂ ਉਦਘਾਟਨ ਕੀਤਾ ਗਿਆ। ਉਨ੍ਹਾਂ ਦੀ ਹਾਜ਼ਰੀ ਨੇ ਸੰਗਠਨ ਦੀ ਸਭ ਤੋਂ ਉੱਚੇ ਸੁਰੱਖਿਆ ਮਿਆਰਾਂ ਨੂੰ ਬਰਕਰਾਰ ਰੱਖਣ ਪ੍ਰਤੀ ਦੀ ਮਜ਼ਬੂਤ ਕਮਿਟਮੈਂਟ ਨੂੰ ਉਜਾਗਰ ਕੀਤਾ।ਪਹਿਲੇ ਦਿਨ ਵਿੱਚ ਪ੍ਰਮੁੱਖ ਮਾਹਿਰਾਂ ਦੁਆਰਾ ਲੈਕਚਰਾਂ ਦੀ ਇੱਕ ਲੜੀ ਪ੍ਰਸਤੁਤ ਕੀਤੀ ਗਈ। ਬਠਿੰਡਾ ਤੋਂ ਉਲਟਾ ਟੈਕ ਸੁਰੱਖਿਆ ਮੁਖੀ ਸ਼੍ਰੀ ਦੇਵੇਂਦਰ ਸਿੰਘ ਨੇ ਉਦਯੋਗਾਂ ਵੱਲੋਂ ਲਗਾਏ ਗਏ ਵਿਦਯੁਤ ਸੁਰੱਖਿਆ ਉਪਾਇਆ ਅਤੇ ਮਿਆਰੀ ਸੁਰੱਖਿਆ ਅਭਿਆਸਾਂ ਦੇ ਮਹੱਤਵ ਬਾਰੇ ਵਿਦਯੁਤ ਸੁਰੱਖਿਆ ਸਿਖਲਾਈ ਦਿੱਤੀ। ਗੁਰੂ ਗੋਬਿੰਦ ਸਿੰਘ ਰਿਫਾਇਨਰੀ ਤੋਂ ਸੀਨੀਅਰ ਮੈਡਿਕਲ ਅਧਿਕਾਰੀ ਡਾ. ਪਰਵੀਨ ਮੁਦਗਲ ਨੇ ਰੋਜ਼ਗਾਰਕ ਸਿਹਤ ਅਤੇ ਐਮਰਜੈਂਸੀ ਮੈਡੀਕਲ ਜਵਾਬ ਦੇਣ ਦੇ ਮਹੱਤਵ ਨੂੰ ਉਜਾਗਰ ਕੀਤਾ। ਸਿਵਲ ਡਿਫੈਂਸ ਭਠਿੰਡਾ ਦੇ ਡਿਪਟੀ ਚੀਫ ਵਾਰਡਨ ਡਾ. ਨਰਿੰਦਰ ਕੁਮਾਰ ਬੱਸੀ ਨੇ ਆਫ਼ਤਾਂ ਲਈ ਤਿਆਰੀ ਬਾਰੇ ਜਾਣਕਾਰੀਪੂਰਕ ਸੈਸ਼ਨ ਦਿੱਤਾ, ਜਦਕਿ ਰੈੱਡ ਕ੍ਰਾਸ ਭਠਿੰਡਾ ਤੋਂ ਸ਼੍ਰੀ ਨਰੇਸ਼ ਪਠਾਨੀਆ ਨੇ ਐਮਰਜੈਂਸੀ ਦੌਰਾਨ ਪ੍ਰਥਮ ਸਹਾਇਤਾ ਅਤੇ ਮਨੁੱਖਤਾ ਸੇਵਾ ਬਾਰੇ ਗੱਲ ਕੀਤੀ।16 ਅਪ੍ਰੈਲ 2026 ਨੂੰ, ਪ੍ਰੋਗ੍ਰਾਮ ਵਿੱਚ ਕਰਮਚਾਰੀਆਂ ਵੱਲੋਂ ਇੱਕ ਵਿਆਵਹਾਰਿਕ ਪ੍ਰਦਰਸ਼ਨੀ ਸ਼ਾਮਲ ਸੀ, ਜਿਸ ਵਿੱਚ ਤਾਲੀਮੀ ਮੈਂਬਰਾਂ ਅਤੇ ਅਧਿਕਾਰੀਆਂ ਨੇ ਭਾਗ ਲਿਆ। ਇਸ ਪ੍ਰਦਰਸ਼ਨੀ ਵਿੱਚ ਉੱਚਾਈ ਅਤੇ ਨੀਵੀਂ ਸਤਹ ਤੇ ਬਚਾਅ ਕਾਰਵਾਈਆਂ ਸ਼ਾਮਲ ਸਨ, ਜਿਸ ਨੇ ਭਾਗੀਦਾਰਾਂ ਨੂੰ ਹਕੀਕਤੀ ਐਮਰਜੈਂਸੀ ਪ੍ਰਤੀਕਾਰ ਤਕਨੀਕਾਂ ਦਾ ਪ੍ਰਯੋਗਾਤਮਕ ਅਨੁਭਵ ਦਿੱਤਾ।ਕਾਰਜਕ੍ਰਮ ਦਾ ਸਮਾਪਨ ਇੱਕ ਵਿਦਾਇਕੀ ਸੈਸ਼ਨ ਨਾਲ ਹੋਇਆ, ਜਿਸ ਦੀ ਅਗਵਾਈ ਸ਼੍ਰੀ ਪੰਕਜ ਸ਼ਰਮਾ ਅਤੇ ਵਿਸ਼ਾਲ ਸਿੰਗਲਾ ਨੇ ਕੀਤੀ, ਜਿਨ੍ਹਾਂ ਸਰਗਰਮ ਭਾਗੀਦਾਰੀ ਦੀ ਸਿੱਫਾਰਿਸ਼ ਕੀਤੀ ਅਤੇ ਲਗਾਤਾਰ ਸੁਰੱਖਿਆ ਸਿਖਲਾਈ ਦੇ ਮਹੱਤਵ ਨੂੰ ਜ਼ੋਰ ਦਿੱਤਾ।

## ਬੇਅਦਬੀ ਕਾਨੂੰਨ ਲਿਆ ਕੇ ਮਾਨ ਸਰਕਾਰ ਨੇ ਲੋਕਾਂ ਦੇ ਦਿਲਾਂ ਨੂੰ ਦਿੱਤਾ ਸਕੂਨ : ਕੌਂਸਲਰ ਮਾਨ



ਰਾਮਪੁਰਾ ਫੂਲ,16 ਅਪ੍ਰੈਲ(ਮਨਪ੍ਰੀਤ ਮਿੰਟੂ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਬੇਅਦਬੀ ਦੇ ਮਾਮਲਿਆਂ ਵਿੱਚ ਸਖ਼ਤ ਕਾਨੂੰਨ ਲਿਆਉਣ ਦਾ ਫੈਸਲਾ ਬਹੁਤ ਹੀ ਸਲਾਹਣਯੋਗ ਅਤੇ ਲੋਕ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਇਸ ਸੰਬੰਧੀ ਕੌਂਸਲਰ ਕਰਨੈਲ ਸਿੰਘ ਮਾਨ ਨੇ ਕਿਹਾ ਕਿ ਇਹ ਕਦਮ ਪੰਜਾਬ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦੀ ਰੱਖਿਆ ਲਈ ਬਹੁਤ ਜ਼ਰੂਰੀ ਸੀ।ਉਨ੍ਹਾਂ ਕਿਹਾ ਕਿ ਬੇਅਦਬੀ ਵਰਗੇ ਗੰਭੀਰ ਮਾਮਲੇ ਸਿਰਫ ਕਾਨੂੰਨੀ ਹੀ ਨਹੀਂ, ਸਗੋਂ ਸਮਾਜਕ ਤੌਰ 'ਤੇ ਵੀ ਸੰਵੇਦਨਸ਼ੀਲ ਹੁੰਦੇ ਹਨ, ਇਸ ਲਈ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਲਾਜ਼ਮੀ ਹੈ। ਇਸ ਨਵੇਂ ਕਾਨੂੰਨ ਨਾਲ ਅਜਿਹੀਆਂ ਘਟਨਾਵਾਂ ਤੇ ਰੋਕ ਲੱਗੇਗੀ ਅਤੇ ਲੋਕਾਂ ਵਿੱਚ ਨਿਆਂ ਪ੍ਰਤੀ ਭਰੋਸਾ ਵਧੇਗਾ।ਕਰਨੈਲ ਸਿੰਘ ਮਾਨ ਨੇ ਹੋਰ ਕਿਹਾ ਕਿ ਭਗਵੰਤ ਮਾਨ ਸਰਕਾਰ ਦਾ ਇਹ ਫੈਸਲਾ ਲੋਕਾਂ ਦੇ ਦਿਲਾਂ ਨੂੰ ਸਕੂਨ ਦੇਣ ਵਾਲਾ ਹੈ ਅਤੇ ਇਹ ਸਾਬਤ ਕਰਦਾ ਹੈ ਕਿ ਸਰਕਾਰ ਲੋਕਾਂ ਦੀਆਂ ਭਾਵਨਾਵਾਂ ਦਾ ਪੂਰਾ ਆਦਰ ਕਰਦੀ ਹੈ।

## ਹੈਂਡਬਾਲ ਕੋਚ ਤੇਜਿੰਦਰ ਸਿੰਘ ਨੇ ਭਾਰਤੀ ਟੀਮ ਦੀ ਉਪ ਕਪਤਾਨੀ ਕਰਦੇ ਜਿੱਤਿਆ ਕਾਂਸੀ ਦਾ ਤਮ਼ਗਾ



ਭਗਤਾ ਭਾਈ ਕਾ, 16 ਅਪਰੈਲ (ਸਵਰਨ ਸਿੰਘ ਭਗਤਾ) :ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈ ਇੱਕ ਅਜਿਹੀ ਨਾਮਵਰ ਵਿੱਦਿਅਕ ਸੰਸਥਾ ਹੈ, ਜੋ ਆਪਣੀ ਸੰਸਥਾ ਦੇ ਨਾਲ ਜੁੜੇ ਹਰ ਇੱਕ ਮੈਂਬਰ ਚਾਹੇ ਉਹ ਵਿਦਿਆਰਥੀ ਹੋਣ ਜਾਂ ਫਿਰ ਅਧਿਆਪਕ ਦੀ ਸ਼ਖ਼ਸੀਅਤ ਉਸਾਰੀ ਲਈ ਹਰ ਸਮੇਂ ਤਤਪਰ ਰਹਿੰਦੀ ਹੈ। ਸੰਸਥਾ ਦੇ ਇਨ੍ਹਾਂ ਯਤਨਾਂ ਦਾ ਹੀ ਸਿੱਟਾ ਹੈ ਕਿ ਇਸ ਸੰਸਥਾ ਦੇ ਵਿਦਿਆਰਥੀ ਅਤੇ ਅਧਿਆਪਕ ਦੇਸ਼ਾਂ-ਵਿਦੇਸ਼ਾਂ ਵਿੱਚ ਆਪਣੀ ਜਿੱਤ ਦਾ ਲੋਹਾ ਮੰਨਵਾ ਰਹੇ ਹਨ। ਬੀਤੇ ਦਿਨੀਂ ਉਜ਼ਬੇਕਿਸਤਾਨ ਵਿਖੇ ਮੱਧ ਏਸ਼ੀਆਈ ਦੇਸ਼ਾਂ ਦੀ ਓਪਨ ਹੈਂਡਬਾਲ ਚੈਂਪੀਅਨਸ਼ਿਪ ਕਰਵਾਈ ਗਈ। ਇਸ ਚੈਂਪੀਅਨਸ਼ਿਪ ਵਿੱਚ 12 ਦੇਸ਼ਾਂ ਦੀਆਂ ਟੀਮਾਂ ਨੇ ਭਾਗ ਲਿਆ। ਜ਼ਿਕਰਯੋਗ ਹੈ ਕਿ ਭਾਰਤੀ ਟੀਮ ਵਿੱਚ ਜਿਹੜੇ ਖਿਡਾਰੀਆਂ ਦੀ ਇਸ ਚੈਂਪੀਅਨਸ਼ਿਪ ਲਈ ਚੋਣ ਹੋਈ ਸੀ, ਉਸ ਵਿੱਚ ਆਕਸਫੋਰਡ ਦੇ ਡੀ.ਪੀ.ਤੇਜਿੰਦਰ ਸਿੰਘ ਵੀ ਸਨ। ਸਕੂਲ ਲਈ ਮਾਣ ਦੀ ਗੱਲ ਇਹ ਹੈ ਕਿ ਤੇਜਿੰਦਰ ਸਿੰਘ ਨੇ ਉਪਕਪਤਾਨ ਵਜੋਂ ਪੂਰੀ ਟੀਮ ਦੀ ਰਹਿਨੁਮਾਈ ਕੀਤੀ ਤੇ ਇਸ ਸੈਂਟਰ ਏਸ਼ੀਅਨ ਹੈਂਡਬਾਲ ਚੈਂਪੀਅਨਸ਼ਿਪ ਵਿੱਚ ਤੀਜਾ ਸਥਾਨ ਹਾਸਲ ਕਰਕੇ ਬਰੋਨਜ਼ ਮੈਡਲ ਆਪਣੀ ਭਾਰਤੀ ਟੀਮ ਦੀ ਝੋਲੀ ਪੁਆਇਆ। ਸਕੂਲ ਪਹੁੰਚਣ 'ਤੇ ਡੀ.ਪੀ ਤੇਜਿੰਦਰ ਸਿੰਘ ਦਾ ਸਮੂਹ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਸਕੂਲ ਦੇ ਪ੍ਰਿੰਸੀਪਲ ਸਾਹਿਬ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਵਿੱਚ ਸੰਬੋਧਨ ਹੁੰਦੇ ਹੋਏ ਕਿਹਾ ਕਿ ਇਹ ਸਾਡੇ ਲਈ ਬਹੁਤ ਮਾਣ ਵਾਲੀ ਗੱਲ ਹੈ।ਉਹਨਾਂ ਵਿਦਿਆਰਥੀਆਂ ਨੂੰ ਵੀ ਪੂਰੀ ਮਿਹਨਤ ਤੇ ਲਗਨ ਨਾਲ ਅੱਗੇ ਵਧਣ ਲਈ ਕਿਹਾ ਅਤੇ ਡੀ.ਪੀ. ਤੇਜਿੰਦਰ ਸਿੰਘ ਦੀ ਹੌਂਸਲਾ ਅਫ਼ਜਾਈ ਕੀਤੀ।ਇਸ ਮੌਕੇ ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ ਭਾਈ ਕਾ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) , ਕੋਆਰਡੀਨੇਟਰਜ਼ ਅਤੇ ਅਧਿਆਪਕ ਵੀ ਮੌਜੂਦ ਸਨ।

## ਰਾਜਨ ਸਿੰਗਲਾ ਦਾ ਸਾਲ 2027-28 ਲਈ ਰੋਟਰੀ ਕਲੱਬ ਸੁਨਾਮ ਦੇ ਪ੍ਰਧਾਨ ਚੁਣੇ ਜਾਣ 'ਤੇ ਕੀਤਾ ਰਸਮੀ ਐਲਾਨ




ਸੁਨਾਮ ਊਧਮ ਸਿੰਘ ਵਾਲਾ, 16 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) :ਰਾਜਨ ਸਿੰਗਲਾ ਨੂੰ ਸਰਬਸੰਮਤੀ ਨਾਲ 2027-28 ਸੈਸ਼ਨ ਲਈ ਰੋਟਰੀ ਕਲੱਬ ਸੁਨਾਮ ਦਾ ਪ੍ਰਧਾਨ ਚੁਣਿਆ ਗਿਆ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਮੈਂਬਰ ਉਨ੍ਹਾਂ ਨੂੰ ਵਧਾਈ ਦੇਣ ਲਈ ਇਕੱਠੇ ਹੋਏ, ਜਿਸ ਨਾਲ ਕਲੱਬ ਮੈਂਬਰਾਂ ਵਿੱਚ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਪੈਦਾ ਹੋ ਗਈ।ਰਾਜਨ ਸਿੰਗਲਾ ਨੇ ਸਾਰੇ ਮੈਂਬਰਾਂ ਦਾ ਉਨ੍ਹਾਂ ਦੇ ਵਿਸ਼ਵਾਸ ਅਤੇ ਸਮਰਥਨ ਲਈ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਭਰੋਸਾ ਦਿੱਤਾ ਕਿ ਆਪਣੇ ਕਾਰਜਕਾਲ ਦੌਰਾਨ ਉਹ ਰੋਟਰੀ ਦੇ ਸੱਤ ਫੋਕਸ ਖੇਤਰਾਂ, ਜਿਨ੍ਹਾਂ ਵਿੱਚ ਸਿਹਤ, ਸਿੱਖਿਆ, ਸੈਨੀਟੇਸ਼ਨ, ਅੰਗ ਦਾਨ, ਖੂਨਦਾਨ, ਮੈਡੀਕਲ ਕੈਂਪ ਅਤੇ ਲੋੜਵੰਦ ਵਿਦਿਆਰਥੀਆਂ ਦੀ ਸਿੱਖਿਆ ਲਈ ਸਹਾਇਤਾ ਦੇ ਨਾਲ-ਨਾਲ ਵੱਖ-ਵੱਖ ਹੋਰ ਸਮਾਜ ਸੇਵਾ ਪਹਿਲਕਦਮੀਆਂ ਸ਼ਾਮਲ ਹਨ, ਤੇ ਸਰਗਰਮੀ ਨਾਲ ਕੰਮ ਕਰਨਗੇ।ਮਾਰਕੀਟ ਕਮੇਟੀ ਦੇ ਚੇਅਰਮੈਨ ਸ੍ਰੀ ਮੁਕੇਸ਼ ਜੁਨੇਜਾ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਆਪਣੇ ਸੰਬੋਧਨ ਵਿੱਚ, ਉਨ੍ਹਾਂ ਨੇ ਰੋਟਰੀ ਕਲੱਬ ਦੁਆਰਾ ਕੀਤੇ ਜਾ ਰਹੇ ਸ਼ਾਨਦਾਰ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਰਾਜਨ ਸਿੰਗਲਾ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਰਾਜਨ ਨੇ ਹਮੇਸ਼ਾ ਸਮਾਜ ਸੇਵਾ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ ਅਤੇ ਭਵਿੱਖ ਵਿੱਚ ਵੀ ਸਮਰਪਣ ਭਾਵਨਾ ਨਾਲ ਸਮਾਜ ਦੀ ਸੇਵਾ ਕਰਦੇ ਰਹਿਣਗੇ।ਸਾਬਕਾ ਰੋਟਰੀ ਗਵਰਨਰ ਨੇ ਵੀ ਵਧਾਈ ਦਿੱਤੀ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਰਾਜਨ ਸਿੰਗਲਾ ਆਪਣੇ ਕਾਰਜਕਾਲ ਦੌਰਾਨ ਰੋਟਰੀ ਨੂੰ ਹੋਰ ਉਚਾਈਆਂ ਤੇ ਲਿਜਾਣ ਲਈ ਵਚਨਬੱਧ ਹਨ।ਇਸ ਸਮਾਗਮ ਵਿੱਚ ਰੋਟਰੀ ਕਲੱਬ ਸਿਟੀ ਦੇ 2026-27 ਦੇ ਪ੍ਰਧਾਨ ਪ੍ਰੇਮ ਗੁਪਤਾ ਵੀ ਵਿਸ਼ੇਸ਼ ਤੌਰ 'ਤੇ ਪੁੱਜੇ ਉਨ੍ਹਾਂ ਨੇ ਵੀ ਸਰਬਸੰਮਤੀ ਨਾਲ ਹੋਈ ਚੋਣ ਦੀ ਵਧਾਈ ਦਿੱਤੀ ਅਤੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਦੋਵੇਂ ਕਲੱਬ ਮੋਢੇ ਨਾਲ ਮੋਢਾ ਜੋੜਕੇ ਸਮਾਜ ਸੇਵਾ ਦੇ ਕੰਮਾਂ ਵਿੱਚ ਇੱਕ ਦੂਜੇ ਦਾ ਸਾਥ ਦੇਣਗੇਰੋਟਰੀ ਕਲੱਬ ਦੇ ਪ੍ਰਧਾਨ ਜਗਦੀਪ ਭਾਰਦਵਾਜ ਨੇ ਦੱਸਿਆ ਕਿ ਵੋਟਿੰਗ ਲਈ ਇੱਕ ਮੀਟਿੰਗ ਤਹਿ ਕੀਤੀ ਗਈ ਸੀ; ਹਾਲਾਂਕਿ, ਕਿਸੇ ਹੋਰ ਮੈਂਬਰ ਨੇ ਨਾਮਜ਼ਦਗੀ ਪੱਤਰ ਦਾਖਲ ਨਾ ਕਰਨ ਕਾਰਨ, ਰਾਜਨ ਸਿੰਗਲਾ ਨੂੰ ਬਿਨਾਂ ਵਿਰੋਧ ਚੁਣੇ ਜਾਣ ਦਾ ਐਲਾਨ ਕੀਤਾ ਗਿਆ। ਉਨ੍ਹਾਂ ਨੇ ਇਸ ਸਰਬਸੰਮਤੀ ਵਾਲੇ ਫੈਸਲੇ ਤੇ ਸਾਰੇ ਮੈਂਬਰਾਂ ਨੂੰ ਵਧਾਈ ਦਿੱਤੀ।ਆਪਣੇ ਕਾਰਜਕਾਲ 2027-28 ਲਈ, ਰਾਜਨ ਸਿੰਗਲਾ ਨੇ ਦਵਿੰਦਰ ਪਾਲ ਸਿੰਘ ਨੂੰ ਰੋਟਰੀ ਕਲੱਬ ਸੁਨਾਮ ਦਾ ਜਨਰਲ ਸਕੱਤਰ ਨਿਯੁਕਤ ਕੀਤਾ।ਇਸ ਮੌਕੇ 'ਤੇ, ਕਲੱਬ ਦੇ ਲਗਭਗ ਸਾਰੇ ਸਾਬਕਾ ਪ੍ਰਧਾਨਾਂ ਨੇ ਨਵੇਂ ਚੁਣੇ ਗਏ ਪ੍ਰਧਾਨ ਰਾਜਨ ਸਿੰਗਲਾ ਨੂੰ ਸ਼ਾਨਦਾਰ ਹਾਰ ਪਾ ਕੇ ਸਨਮਾਨਿਤ ਕੀਤਾ। ਇਸ ਸਮਾਗਮ ਵਿੱਚ ਖੁਸ਼ੀ ਅਤੇ ਮਨੋਰੰਜਨ ਦੇ ਪਲ ਵੀ ਦੇਖੇ ਗਏ, ਅਤੇ ਨਵੀਆਂ ਨਿਯੁਕਤੀਆਂ ਨੇ ਸਾਰੇ ਮੈਂਬਰਾਂ ਵਿੱਚ ਬਹੁਤ ਉਤਸ਼ਾਹ ਲਿਆ।ਮੰਚ ਸੰਚਾਲਨ ਪ੍ਰੋ.ਵਿਜੇ ਮੋਹਨ ਸਿੰਗਲਾ ਵੱਲੋਂ ਬਾਖੂਬੀ ਨਿਭਾਇਆ। ਇਸ ਮੌਕੇ ਤੇ ਸੁਰਜੀਤ ਸਿੰਘ ਗਹੀਰ,ਸੁਖਵਿੰਦਰ ਸਿੰਘ ਕੱਤਰੀ,ਹਰੀਸ਼ ਗੱਖੜ,ਅਨਿਲ ਜੁਨੇਜਾ,ਮਨੋਹਰ ਲਾਲ ਅਰੋੜਾ,ਰਾਕੇਸ ਕੁਮਾਰ ਜਿੰਦਲ,ਰਾਜਨ ਹੋਡਲਾ,ਪ੍ਰਮੋਦ ਹੋਡਲਾ,ਅਨਿਲ ਜੁਨੇਜਾ,ਯਸ਼ਪਾਲ ਮੰਗਲਾ,ਬਹਾਲ ਸਿੰਘ,ਗੁਰਪ੍ਰੀਤ ਸਿੰਘ,ਦਰਸ਼ਨ ਸਿੰਘ, ਸਮੇਤ ਵੱਡੀ ਗਿਣਤੀ ਵਿੱਚ ਰੋਟਰੀ ਕਲੱਬ ਦੇ ਮੈਂਬਰ ਹਾਜ਼ਰ ਸਨ।

## ਸੀ.ਐਮ.ਐਸ.ਗੁਰੂ ਕਾਂਸ਼ੀ ਪਬਲਿਕ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ




ਭਗਤਾ ਭਾਈ ਕਾ, 16 ਅਪ੍ਰੈਲ (ਸਵਰਨ ਸਿੰਘ ਭਗਤਾ) :ਸੀ.ਐਮ.ਐਸ ਗੁਰੂ ਕਾਸ਼ੀ ਪਬਲਿਕ ਸਕੂਲ ਭਗਤਾ ਭਾਈਕਾ ਦੇ ਵਿਦਿਆਰਥੀਆਂ ਨੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ (ਸੀਬੀਐਸਈ)ਨਵੀਂ ਦਿੱਲੀ ਵੱਲੋਂ ਐਲਾਨੇ ਗਏ ਦਸਵੀਂ ਕਲਾਸ ਦੇ ਨਤੀਜਿਆਂ ਵਿੱਚੋਂ ਸ਼ਾਨਦਾਰ ਪ੍ਰਾਪਤੀਆਂ ਕਰਕੇ ਆਪਣਾ ਅਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ ਇਨ੍ਹਾਂ ਨਤੀਜਿਆਂ ਵਿੱਚੋਂ ਸਕੂਲ ਦੀ ਹੋਣਹਾਰ ਵਿਦਿਆਰਥਨ ਜਸਮੀਨ ਕੌਰ ਸਿੱਧੂ ਨੇ 97.40 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਦਮਨਜੀਤ ਸਿੰਘ ਨੇ 97 ਪ੍ਰਤੀਸ਼ਤ, ਹਿਮਾਂਸ਼ੀ ਅਗਰਵਾਲ ਨੇ 97 ਪ੍ਰਤੀਸ਼ਤ ਅਤੇ ਅਨੁਰੀਤ ਕੌਰ ਨੇ ਵੀ 97 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ ਹੈ।ਇਸੇ ਤਰ੍ਹਾਂ ਸਾਹਿਬਦੀਪ ਸਿੰਘ ਨੇ 96.20 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਸਕੂਲ ਦੇ ਪ੍ਰਿੰਸੀਪਲ ਰਮਨ ਕੁਮਾਰ ਨੇ ਦੱਸਿਆ ਕਿ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਹੈ ਇਥੇ ਇਹ ਵੀ ਜ਼ਿਕਰਯੋਗ ਹੈ ਕਿ 23 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਕੇ ਨਾਮਣਾ ਖੱਟਿਆ ਹੈ।ਉਨ੍ਹਾਂ ਦੱਸਿਆ ਕਿ ਸਾਰੇ ਹੀ ਵਿਦਿਆਰਥੀ ਚੰਗੇ ਅੰਕ ਪ੍ਰਾਪਤ ਕਰਕੇ ਪਾਸ ਹੋਏ ਹਨ।ਸਕੂਲ ਦਾ ਵਧੀਆ ਨਤੀਜਾ ਆਉਣ ਤੇ ਸਕੂਲ ਦੇ ਚੇਅਰਮੈਨ ਖੁਸ਼ਵੰਤ ਸਿੰਘ ਨੇ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਅਤੇ ਨਾਲ ਹੀ ਮੈਨੇਜਿੰਗ ਡਾਇਰੈਕਟਰ ਜੈ ਸਿੰਘ ਨੇ ਪ੍ਰਿੰਸੀਪਲ ਰਮਨ ਕੁਮਾਰ ਅਤੇ ਸਮੁੱਚੇ ਸਟਾਫ ਦੀ ਹੌਂਸਲਾ ਅਫਜ਼ਾਈ ਕੀਤੀ ਉਹਨਾਂ ਆਖਿਆ ਕਿ ਇਹ ਕਾਮਯਾਬੀ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਕੀਤੀ ਗਈ ਸਖਤ ਮਿਹਨਤ ਸਦਕਾ ਹਾਸਲ ਹੋਈ ਹੈ ਉਨ੍ਹਾਂ ਬੱਚਿਆਂ ਨੂੰ ਅੱਗੇ ਤੋਂ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਤ ਕੀਤਾ ਅਤੇ ਜ਼ਿੰਦਗੀ ਦੇ ਹਰ ਖੇਤਰ ਵਿੱਚ ਕਾਮਯਾਬ ਹੋਣ ਲਈ ਦੁਆ ਦਿੱਤੀ ਇਸ ਮੌਕੇ ਸਕੂਲ ਕਮੇਟੀ ਦੇ ਖਜਾਨਚੀ ਰਾਜਵੰਤ ਸਿੰਘ ਸੁਖਵਿੰਦਰ ਸਿੰਘ ਗਗਨ ਜਸਪ੍ਰੀਤ ਸਿੰਘ,ਜਗਮੋਹਨ ਸਿੰਘ,ਲਵਪ੍ਰੀਤ ਸਿੰਘ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।



# ਪਟਿਆਲਾ-ਆਸ/ਪਾਸ



## ਪੰਜਾਬੀ ਮਾਨਸਿਕਤਾ ਦੀ 'ਚੜ੍ਹਦੀਕਲਾ' ਦਾ ਪ੍ਰਤੀਕ ਹਨ ਸਾਡੀਆਂ ਲੋਕ ਖੇਡਾਂ : ਪ੍ਰੋ. ਪੁਸ਼ਪਿੰਦਰ ਸਿੰਘ ਗਿੱਲ

### ➢ਖੇਡ ਯੂਨੀਵਰਸਿਟੀ ਵੱਲੋਂ ਪੰਜਾਬ ਦੀਆਂ ਲੋਕ ਖੇਡਾਂ ਬਾਰੇ ਰਾਸ਼ਟਰੀ ਸੈਮੀਨਾਰ



ਪਟਿਆਲਾ, 16 ਅਪ੍ਰੈਲ (ਰੁਪਾਣਾ) : ਸਾਡੀਆਂ ਲੋਕ ਖੇਡਾਂ ਸਿਰਫ਼ ਸਰੀਰਕ ਗਤੀਵਿਧੀਆਂ ਨਹੀਂ ਹਨ। ਇਹ ਸਾਡੇ ਇਤਿਹਾਸ ਦਾ ਜਿਉਂਦਾ-ਜਾਗਦਾ ਸਰਮਾਇਆ ਹੈ। ਇਹ ਖੇਡਾਂ ਪੰਜਾਬੀ ਮਾਨਸਿਕਤਾ ਦੀ 'ਚੜ੍ਹਦੀਕਲਾ' ਦਾ ਪ੍ਰਤੀਕ ਹਨ। ਇਨ੍ਹਾਂ ਨੂੰ ਸੰਭਾਲਣਾ ਤੇ ਪ੍ਰਫੁੱਲਿਤ ਕਰਨਾ ਸਾਡੀ ਜ਼ਰੂਰਤ ਹੈ। ਇਹ ਪ੍ਰਗਟਾਵਾ ਦ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. ਪੁਸ਼ਪਿੰਦਰ ਸਿੰਘ ਗਿੱਲ ਨੇ ਪੰਜਾਬ ਦੀਆਂ ਲੋਕ ਖੇਡਾਂ ਬਾਰੇ ਕਰਵਾਏ ਰਾਸ਼ਟਰੀ ਸੈਮੀਨਾਰ ਦੀ ਪ੍ਰਧਾਨਗੀ ਕਰਦਿਆਂ ਕੀਤਾ। ਬਾਰਾਂਦਰੀ ਸਥਿਤ ਪ੍ਰਭਾਤ ਪਰਵਾਨਾ ਮੈਮੋਰੀਅਲ ਟਰੇਡ ਯੂਨੀਅਨ ਸੈਂਟਰ ਵਿਖੇ ਕਰਵਾਏ ਇਸ ਸੈਮੀਨਾਰ ਦੌਰਾਨ ਵੀ.ਸੀ. ਪ੍ਰੋ. ਗਿੱਲ ਨੇ ਕਿਹਾ ਕਿ ਭਾਵੇਂ ਕੌਮਾਂਤਰੀ ਪੱਧਰ ਉਤੇ ਪ੍ਰਵਾਨਿਤ ਆਧੁਨਿਕ ਖੇਡਾਂ ਵਿਸ਼ਵ ਪੱਧਰ 'ਤੇ ਪਛਾਣ ਲਈ ਜ਼ਰੂਰੀ ਹਨ, ਪਰ ਸਾਡੀਆਂ ਸਥਾਨਕ ਲੋਕ ਖੇਡਾਂ ਉਹ ਬੁਨਿਆਦੀ ਤਾਕਤ ਅਤੇ ਭਾਈਚਾਰਕ ਸਾਂਝ ਪ੍ਰਦਾਨ ਕਰਦੀਆਂ ਹਨ, ਜਿਸ ਦੀ ਬਰਾਬਰੀ ਕੋਈ ਵੀ ਆਧੁਨਿਕ ਖੇਡ ਨਹੀਂ ਕਰ ਸਕਦੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਿਲਾ ਰਾਏਪੁਰ ਵਿਖੇ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ ਕਰਵਾਉਣਾ ਬਹੁਤ ਹੀ ਸ਼ਲਾਘਾਯੋਗ ਤੇ ਵਿਰਾਸਤੀ ਖੇਡਾਂ ਨੂੰ ਪ੍ਰਫੁੱਲਤ ਕਰਨ ਵਾਲਾ ਕਦਮ ਹੈ। ਦਿਲ ਦੇ ਰੋਗਾਂ ਦੇ ਮਾਹਿਰ ਡਾ. ਮਨਮੋਹਨ ਸਿੰਘ ਨੇ ਮੁੱਖ ਮਹਿਮਾਨ ਵਜੋਂ ਬੋਲਦਿਆਂ ਕਿਹਾ ਕਿ ਲੋਕ ਖੇਡਾਂ ਸਾਨੂੰ ਆਪਣੀ ਮਿੱਟੀ ਨਾਲ ਜੋੜਦੀਆਂ ਹਨ। ਡਾ. ਗੁਰਭਜਨ ਗਿੱਲ ਨੇ ਸੈਮੀਨਾਰ ਦੀ ਸਨਮਾਨਿਤ ਸ਼ਖ਼ਸੀਅਤ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਅੱਜ ਜਦੋਂ ਏ.ਆਈ. ਦਾ ਬੋਲਬਾਲਾ ਹੋ ਰਿਹਾ ਹੈ ਅਤੇ ਵਿਸ਼ਵੀਕਰਨ ਨੇ ਮਨੁੱਖ 'ਤੇ ਬਹੁਤ ਜ਼ਿਆਦਾ ਮਾਰੂ ਪ੍ਰਭਾਵ ਪਾਏ ਹਨ ਤਾਂ ਸਾਨੂੰ ਲੋਕ ਖੇਡਾਂ ਸਮੇਤ ਆਪਣੇ ਸਮੁੱਚੇ ਵਿਰਸੇ ਨੂੰ ਤਰਜੀਹੀ ਅਧਾਰ 'ਤੇ ਬਚਾਉਣਾ ਪਵੇਗਾ। ਉੱਘੇ ਲੋਕਧਾਰਾ ਸ਼ਾਸਤਰੀ ਡਾ. ਗੁਰਮੀਤ ਸਿੰਘ ਨੇ ਆਪਣਾ ਮੁੱਖ-ਸੁਰ ਭਾਸ਼ਣ ਦਿੰਦਿਆਂ ਕਿਹਾ ਕਿ ਲੋਕ ਖੇਡਾਂ ਸਾਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰੱਖਣ ਵਿੱਚ ਵੱਡਾ ਯੋਗਦਾਨ ਪਾਉਂਦੀਆਂ ਹਨ। । ਉਦਘਾਟਨੀ ਸੈਸ਼ਨ ਦਾ ਸੰਚਾਲਨ ਕਰਦੇ ਸੈਮੀਨਾਰ ਦੀ ਕਨਵੀਨਰ ਡਾ. ਮਨਪ੍ਰੀਤ ਕੌਰ ਨੇ ਵਿਸ਼ੇ ਬਾਰੇ ਅਹਿਮ ਟਿੱਪਣੀਆਂ ਕੀਤੀਆਂ ਅਤੇ ਯੂਨੀਵਰਸਿਟੀ ਦੇ ਰਜਿਸਟਰਾਰ ਕਰਨਲ ਪਰਮਿੰਦਰ ਸਿੰਘ ਗਿੱਲ ਨੇ ਧੰਨਵਾਦ ਕੀਤਾ। ਉਦਘਾਟਨੀ ਸੈਸ਼ਨ ਉਪਰੰਤ ਹੋਈ ਪੈਨਲ ਚਰਚਾ ਦੌਰਾਨ ਪ੍ਰੋ. ਸੁਰਜੀਤ ਸਿੰਘ ਭੱਟੀ, ਡਾ.ਹਰਜੀਤ ਕੌਰ ਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਡਿਪਟੀ ਡਾਇਰੈਕਟਰ ਤੇ ਖੇਡ ਲੇਖਕ ਨਵਦੀਪ ਸਿੰਘ ਗਿੱਲ ਨੇ ਆਪਣੇ ਅਹਿਮ ਵਿਚਾਰ ਪ੍ਰਗਟਾਏ। ਨਵਦੀਪ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਵਿੱਚ ਖੇਡਾਂ ਤੇ ਖਿਡਾਰੀਆਂ ਨੂੰ ਪ੍ਰਫੁੱਲਤ ਕਰਨ ਲਈ ਪੁਰਾਤਨ ਖੇਡਾਂ ਨੂੰ ਨਾਲ ਲੈਕੇ ਚੱਲਦੇ ਹੋਏ ਹੀ ਮੌਜੂਦਾ ਮੁਕਾਬਲੇ ਦੇ ਯੁੱਗ ਵਿੱਚ ਸਾਡੇ ਖਿਡਾਰੀ ਕਾਮਯਾਬ ਹੋ ਸਕਦੇ ਹਨ। ਇਸ ਸੈਸ਼ਨ ਦਾ ਸੰਚਾਲਨ ਡਾ. ਅਮਰੀਕ ਸਿੰਘ ਨੇ ਕੀਤਾ। ਅੰਤ ਵਿੱਚ ਸਮਾਪਤੀ ਸੈਸ਼ਨ ਦਾ ਸੰਚਾਲਨ ਡਾ. ਸਨਮਾਨ ਕੌਰ ਵੱਲੋਂ ਕੀਤਾ ਗਿਆ। ਸੈਮੀਨਾਰ ਦੌਰਾਨ ਹੋਰਨਾਂ ਤੋਂ ਇਲਾਵਾ ਡਾ. ਸੁਰਜੀਤ ਸਿੰਘ, ਡਾ. ਗੁਰਮੁਖ ਸਿੰਘ, ਡਾ. ਸਤੀਸ਼ ਕੁਮਾਰ ਵਰਮਾ, ਡਾ. ਰਜਿੰਦਰਪਾਲ ਸਿੰਘ ਬਰਾੜ, ਡਾ. ਮਾਨ ਸਿੰਘ ਢੀਂਡਸਾ, ਡਾ. ਪਰਮਵੀਰ ਸਿੰਘ, ਡਾ. ਅਮਰਜੀਤ ਸਿੰਘ, ਡਾ. ਕਿਰਨਜੀਤ ਕੌਰ ਆਦਿ ਮੌਜੂਦ ਰਹੇ।

## ਘੇਰ ਕੇ ਕੀਤੀ ਕੁੱਟਮਾਰ

ਪਟਿਆਲਾ, 16 ਅਪ੍ਰੈਲ (ਵਿਨੋਦ ਸ਼ਰਮਾ) : ਘੇਰ ਕੇ ਕੁੱਟਮਾਰ ਕਰਨ ਸਬੰਧੀ ਥਾਣਾ ਸਦਰ ਪਟਿਆਲਾ ਪੁਲਿਸ ਕੋਲ ਜਸਨਦੀਪ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਗਲੀ ਨੰ. 5 ਰਾਮ ਨਗਰ ਨੇੜੇ ਐਸ.ਐਸ.ਟੀ ਨਗਰ ਪਟਿਆਲਾ ਨੇ ਕਥਿਤ ਦੋਸ਼ੀਆਂ ਸ਼ਹਿਨਾਜ ਪੁੱਤਰੀ ਅਬਦੁਲ ਅਲੀ, ਅਬਦੁਲ ਅਲੀ, ਸਲੀਮ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਘਰ ਤੋਂ ਆਪਣੀ ਗੱਡੀ 'ਤੇ ਸਵਾਰ ਹੋ ਕੇ ਪਿੰਡ ਚੋਰਾ ਘਨੌਰ ਰੋਡ ਨੇੜੇ ਪਿੰਡ ਨੂਰਖੇੜੀਆ ਵਾਲੀ ਲਿੰਕ ਰੋਡ ਪਰ ਜਾ ਰਿਹਾ ਸੀ ਤਾਂ ਕਥਿਤ ਦੋਸ਼ੀਆਂ ਪਿੱਛੋਂ ਇੱਕ ਸਕਾਰਪਿਉ ਗੱਡੀ ਵਿੱਚ ਸਵਾਰ ਹੋ ਕੇ ਆਏ ਅਤੇ ਮੁਦਈ ਦੀ ਗੱਡੀ ਨੂੰ ਟੱਕਰ ਮਾਰ ਦਿੱਤੀ। ਜਦੋਂ ਉਹ ਗੱਡੀ ਤੋਂ ਹੇਠਾਂ ਉੱਤਰ ਕੇ ਦੇਖਣ ਲੱਗਾ ਤਾਂ ਕਥਿਤ ਦੋਸ਼ੀਆਂ ਨੇ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 126(2), 118(1), 115(2), 3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਨਗਰ ਨਿਗਮ ਨਾਲ ਸਬੰਧਤ ਸ਼ਿਕਾਇਤਾਂ ਦੇ ਨਿਪਟਾਰੇ ਲਈ ਟਰੇਡਰਜ਼ ਕਮਿਸ਼ਨ ਦੀ ਬੈਠਕ

### ➢ਵਪਾਰੀਆਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ : ਗੁਪਤਾ, ਸਿੰਗਲਾ, ਗੁਰਪ੍ਰੀਤ ਧਮੋਲੀ



ਪਟਿਆਲਾ, 16 ਅਪ੍ਰੈਲ (ਰੁਪਾਣਾ) : ਪੰਜਾਬ ਟਰੇਡਰਜ਼ ਕਮਿਸ਼ਨ ਦੇ ਮੈਂਬਰਾਂ ਵੱਲੋਂ ਪਟਿਆਲਾ ਦੇ ਵਪਾਰੀਆਂ ਦੀਆਂ ਨਗਰ ਨਿਗਮ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਲਈ ਇੱਥੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ ਦੇ ਨਾਲ ਇੱਕ ਅਹਿਮ ਬੈਠਕ ਕੀਤੀ ਗਈ। ਇਸ ਮੌਕੇ ਪੰਜਾਬ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ ਸੰਜੀਵ ਗੁਪਤਾ, ਪਟਿਆਲਾ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਚੇਅਰਮੈਨ ਵਿਨੋਦ ਸਿੰਗਲਾ ਅਤੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਸਮੇਤ ਪਟਿਆਲਾ ਸ਼ਹਿਰੀ ਤੇ ਦਿਹਾਤੀ ਕਮਿਸ਼ਨ ਦੇ ਚੇਅਰਮੈਨ ਪੁਨੀਤ ਬੁੱਧੀਰਾਜਾ ਤੇ ਚਰਨਜੀਤ ਸਿੰਘ ਐਸ.ਕੇ. ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਸਮਾਂਬੱਧ ਨਿਪਟਾਰੇ 'ਤੇ ਜ਼ੋਰ ਦਿੱਤਾ। ਬੈਠਕ ਮੌਕੇ ਪਟਿਆਲਾ ਸ਼ਹਿਰ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਨਗਰ ਨਿਗਮ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ। ਸੰਜੀਵ ਗੁਪਤਾ, ਵਿਨੋਦ ਸਿੰਗਲਾ ਅਤੇ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇਸ ਗੱਲੋਂ ਵਚਨਬੱਧ ਹੈ ਕਿ ਵਪਾਰੀਆਂ ਨੂੰ ਕੋਈ ਸਮੱਸਿਆ ਨਾ ਆਉਣ ਦਿੱਤੀ ਜਾਵੇ। ਗੁਰਪ੍ਰੀਤ ਸਿੰਘ ਧਮੋਲੀ ਨੇ ਦੱਸਿਆ ਕਿ ਮੁੱਖ ਮੰਤਰੀ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਸਾਰੇ ਹਲਕਿਆਂ ਵਿੱਚ ਵਪਾਰੀਆਂ ਤੇ ਅਧਿਕਾਰੀਆਂ ਦਰਮਿਆਨ ਇੱਕ ਪੁਲ ਦਾ ਕੰਮ ਕਰਦੇ ਹੋਏ ਪੰਜਾਬ ਟ੍ਰੇਡਰਜ਼ ਕਮਿਸ਼ਨ ਵੱਲੋਂ ਬੈਠਕਾਂ ਕੀਤੀਆਂ ਜਾ ਰਹੀਆਂ ਅਤੇ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਮੌਕੇ 'ਤੇ ਹੀ ਕਰਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਸੰਯੁਕਤ ਕਮਿਸ਼ਨਰ ਮਨਰੀਤ ਰਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ 'ਤੇ ਮੇਅਰ ਕੁੰਦਨ ਗੋਗੀਆ ਦੀ ਅਗਵਾਈ ਹੇਠ ਨਗਰ ਨਿਗਮ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਬੈਠਕ ਮੌਕੇ ਨਗਰ ਨਿਗਮ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਖੰਭੇ ਨਾਲ ਮੋਟਰਸਾਈਕਲ ਟਕਰਾਉਣ ਕਾਰਨ ਨੌਜਵਾਨ ਦੀ ਮੌਤ, ਭਰਾ ਗੰਭੀਰ ਜ਼ਖ਼ਮੀ

ਸਮਾਣਾ, 16 ਅਪ੍ਰੈਲ (ਵਿਜੇ ਕੁਮਾਰ) : ਬੀਤੀ ਰਾਤ ਸੜਕ ਕਿਨਾਰੇ ਲੱਗੇ ਬਿਜਲੀ ਦੇ ਖੰਭੇ ਨਾਲ ਮੋਟਰਸਾਈਕਲ ਟਕਰਾਉਣ ਕਾਰਨ ਇੱਕ ਨੌਜਵਾਨ ਦੀ ਮੌਤ ਹੋ ਗਈ, ਜਦੋਂਕਿ ਉਸ ਦੇ ਨਾਲ ਸਵਾਰ ਉਸ ਦਾ ਭਰਾ ਗੰਭੀਰ ਜ਼ਖ਼ਮੀ ਹੋ ਗਿਆ। ਜ਼ਖ਼ਮੀ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਪਟਿਆਲਾ ਰੈਫਰ ਕਰ ਦਿੱਤਾ ਗਿਆ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਬ-ਇੰਸਪੈਕਟਰ ਪੂਰਨ ਸਿੰਘ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਵੀਰ ਸਿੰਘ ਉਰਫ਼ ਰਿੰਕੂ (25) ਦੀ ਮਾਤਾ ਕ੍ਰਿਸ਼ਨਾ ਦੇਵੀ ਵੱਲੋਂ ਦਰਜ ਕਰਵਾਏ ਬਿਆਨਾਂ ਅਨੁਸਾਰ ਬੀਤੀ ਰਾਤ ਦੋਵੇਂ ਭਰਾ ਮੋਟਰਸਾਈਕਲ 'ਤੇ ਸਵਾਰ ਹੋ ਕੇ ਘਰੋਂ ਸਬਜ਼ੀ ਲੈਣ ਗਏ ਸਨ। ਰੋਜ਼ ਗਾਰਡਨ ਕਲੋਨੀ ਨੇੜੇ ਉਨ੍ਹਾਂ ਦੇ ਮੋਟਰਸਾਈਕਲ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਸੜਕ ਕਿਨਾਰੇ ਲੱਗੇ ਇੱਕ ਬਿਜਲੀ ਦੇ ਖੰਭੇ ਨਾਲ ਜਾ ਟਕਰਾਇਆ। ਇਸ ਹਾਦਸੇ ਵਿੱਚ ਦੋਵੇਂ ਭਰਾ ਮੋਟਰਸਾਈਕਲ ਸਮੇਤ ਸੜਕ 'ਤੇ ਡਿੱਗ ਕੇ ਗੰਭੀਰ ਜ਼ਖ਼ਮੀ ਹੋ ਗਏ। ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਸਮਾਣਾ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਵੀਰ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ ਅਤੇ ਗੰਭੀਰ ਜ਼ਖ਼ਮੀ ਰਘੁਵੀਰ ਸਿੰਘ ਦੀ ਹਾਲਤ ਨੂੰ ਦੇਖਦੇ ਹੋਏ ਮੁੱਢਲੀ ਸਹਾਇਤਾ ਤੋਂ ਬਾਅਦ ਪਟਿਆਲਾ ਰੈਫਰ ਕਰ ਦਿੱਤਾ। ਅਧਿਕਾਰੀ ਅਨੁਸਾਰ ਮ੍ਰਿਤਕ ਦੀ ਮਾਤਾ ਵੱਲੋਂ ਦਰਜ ਕਰਵਾਏ ਬਿਆਨਾਂ ਦੇ ਆਧਾਰ 'ਤੇ ਪੁਲਿਸ ਨੇ ਭਾਰਤੀ ਨਿਆ ਸੰਹਿਤਾ ਦੀ ਧਾਰਾ 194 ਤਹਿਤ ਕਾਰਵਾਈ ਕਰਦੇ ਹੋਏ ਪੋਸਟਮਾਰਟਮ ਤੋਂ ਬਾਅਦ ਮ੍ਰਿਤਕ ਦੀ ਦੇਹ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

## ਨਸ਼ੇ ਦਾ ਸੇਵਨ ਕਰਦਾ ਨੌਜਵਾਨ ਕਾਬੂ

ਸਮਾਣਾ, 16 ਅਪ੍ਰੈਲ (ਵਿਜੇ ਕੁਮਾਰ): ਸਿਟੀ ਪੁਲਿਸ ਨੇ ਨਸ਼ੇ ਦਾ ਸੇਵਨ ਕਰਦੇ ਇੱਕ ਨੌਜਵਾਨ ਨੂੰ ਲਾਈਟਰ, ਫੋਇਲ ਪੇਪਰ ਅਤੇ ਪੰਨੀ ਸਮੇਤ ਕਾਬੂ ਕਰਕੇ ਉਸ ਖਿਲਾਫ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਰਵੀ ਕੁਮਾਰ ਵਾਸੀ ਮੱਛੀ ਹੱਟਾ, ਸਮਾਣਾ ਵਜੋਂ ਹੋਈ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੇ ਏ.ਐਸ.ਆਈ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਅਗਰਸੈਨ ਚੌਂਕ ਕੋਲ ਮੌਜੂਦਗੀ ਵੇਲੇ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਨਸ਼ਾ ਕਰਨ ਦਾ ਆਦੀ ਇੱਕ ਨੌਜਵਾਨ ਹੁਣ ਵੀ ਨਸ਼ੇ ਦਾ ਸੇਵਨ ਕਰ ਰਿਹਾ ਹੈ। ਅਧਿਕਾਰੀ ਅਨੁਸਾਰ ਮਾਨਯੋਗ ਅਦਾਲਤ ਦੇ ਹੁਕਮਾਂ 'ਤੇ ਮੁਲਜ਼ਮ ਨੂੰ ਨਸ਼ਾ ਛੁਡਾਊ ਕੇਂਦਰ ਭੇਜ ਦਿੱਤਾ ਗਿਆ ਹੈ।

## ਪੰਜਾਬ ਸਰਕਾਰ ਨੇ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਚੁੱਕੇ ਕ੍ਰਾਂਤੀਕਾਰੀ ਕਦਮ : ਦੇਵ ਮਾਨ



ਪਟਿਆਲਾ, 16 ਅਪ੍ਰੈਲ (ਚੌਧਰੀਮਾਜਰਾ/ਮਾਨ) : ਸਰਕਾਰੀ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਸਰਕਾਰ ਵੱਲੋਂ ਉਦਘਾਟਨ ਕੀਤੇ ਜਾ ਰਹੇ ਹਨ, ਜਿਸ ਤਹਿਤ ਸਰਕਾਰੀ ਐਲੀਮੈਂਟਰੀ ਸਕੂਲ ਜਾਤੀਵਾਲ ਬਲਾਕ ਭਾਦਸੋਂ-2 ਵਿਖੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਉਦਘਾਟਨ ਕੀਤਾ ਗਿਆ। ਇਸ ਸਮੇਂ ਉਹਨਾਂ ਨੇ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਕੀਤੇ ਕ੍ਰਾਂਤੀਕਾਰੀ ਕੰਮਾਂ ਬਾਰੇ ਦੱਸਿਆ ਗਿਆ ।ਉਹਨਾਂ ਆਖਿਆ ਕਿ ਜਿਹੜੀਆਂ ਗਰੰਟੀਆਂ ਦਿੱਤੀਆਂ ਸੀ, ਉਹਨਾਂ ਨੂੰ ਪੂਰੀਆ ਕਰਨ ਉਪਰੰਤ ਹੋਰ ਵੀ ਅਨੇਕਾਂ ਕੰਮ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਹਨ। ਇਸ ਸਮੇਂ ਬੀਪੀਈਓ ਜਗਜੀਤ ਸਿੰਘ ਨੌਹਰਾ ਨੇ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਵਿੱਚ ਕੀਤੇ ਕਾਰਜਾਂ ਬਾਰੇ ਦੱਸਿਆ ।ਸਟੇਜ ਸਕੱਤਰ ਦੀ ਭੂਮਿਕਾ ਸੰਦੀਪ ਕੁਮਾਰ ਡਕੌਂਦਾ ਵੱਲੋਂ ਨਿਭਾਈ ਗਈ। ਅਖੀਰ ਵਿੱਚ ਸੀਐਚਟੀ ਸਤਨਾਮ ਸਿੰਘ ਵੱਲੋਂ ਪਹੁੰਚੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ ਅਤੇ ਉਹਨਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਸਮੇਂ ਸੂਬਾ ਉਪ ਪ੍ਰਧਾਨ ਤੇਜਿੰਦਰ ਸਿੰਘ ਖਹਿਰਾ, ਬਲਾਕ ਸੰਮਤੀ ਨਾਭਾ ਦੇ ਵਾਈਸ ਪ੍ਰਧਾਨ ਭੁਪਿੰਦਰ ਸਿੰਘ ਕੱਲਰਮਾਜਰੀ ,ਮਾਸਟਰ ਅਮਰੀਕ ਸਿੰਘ, ਸੀਐਚਟੀ ਗੁਰਪ੍ਰੀਤ ਸਿੰਘ ਪੰਧੇਰ, ਜਸਪਾਲ ਸਿੰਘ ਚਹਿਲ ,ਜਸਪ੍ਰੀਤ ਸਿੰਘ ਗੋਬਿੰਦਪੁਰਾ, ਹਰਦੀਪ ਸਿੰਘ ਬੀਐਸਓ, ਜੀਵਨ ਚੰਦ, ਹਰਿੰਦਰ ਸਿੰਘ ਸੋਹੀ, ਅਵਤਾਰ ਸਿੰਘ, ਜਸਵਿੰਦਰ ਸਿੰਘ ,ਕੁਲਵੰਤ ਸਿੰਘ, ਮਹਿੰਦਰਪਾਲ ਗੋਇਲ ,ਮਲਕੀਤ ਸਿੰਘ, ਅਮਰੀਕ ਸਿੰਘ, ਅੰਮ੍ਰਿਤਪਾਲ ਸਿੰਘ ,ਹਰਜੀਤ ਸਿੰਘ, ਜਸਪਾਲ ਸਿੰਘ, ਰਣਜੀਤ ਸਿੰਘ, ਸੁਖਚੈਨ ਸਿੰਘ, ਕਾਕਾ ਸਿੰਘ, ਪਿਆਰਾ ਸਿੰਘ, ਲਖਵਿੰਦਰ ਸਿੰਘ, ਰਾਜੀਵ ਸ਼ਰਮਾ, ਭੁਪਿੰਦਰ ਕੌਰ, ਜਗਵਿੰਦਰ ਸਿੰਘ , ਗੁਰਪ੍ਰਕਾਸ਼ ਸਿੰਘ ਪਿੰਡ ਦੇ ਪਤਵੰਤੇ ਸੱਜਣ, ਮਾਪੇ ਅਤੇ ਨਗਰ ਨਿਵਾਸੀ ਹਾਜ਼ਰ ਸਨ।

## ਮੈਡੀਕਲ ਸੁਪਰਡੈਂਟ ਬਣਨ 'ਤੇ ਡਾ. ਵਿਕਾਸ ਗੋਇਲ ਨੂੰ ਦਿੱਤੀ ਵਧਾਈ



ਪਟਿਆਲਾ, 16 ਅਪ੍ਰੈਲ (ਚ.ਨ.ਸ.) : ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਸਮਾਜ ਦੀ ਭਲਾਈ ਲਈ ਕਾਰਜ ਕਰ ਰਹੀ ਹੈ। ਮੈਡੀਕਲ ਕੈਂਪ, ਅੱਖਾਂ ਦੇ ਉਪਰੇਸ਼ਨ ਕੈਂਪ, ਖੂਨਦਾਨ ਕੈਂਪ, ਸਮੇਂ-ਸਮੇਂ 'ਤੇ ਲਗਾਏ ਜਾਂਦੇ ਹਨ। ਅੱਜ ਡਾ. ਵਿਕਾਸ ਗੋਇਲ ਦੇ ਮੈਡੀਕਲ ਸੁਪਰਡੈਂਟ ਮਾਤਾ ਕੁਸ਼ੱਲਿਆ ਬਣਨ 'ਤੇ ਵਧਾਈ ਦਿੱਤੀ ਅਤੇ ਬੁੱਕੇ ਦੇ ਕੇ ਸਨਮਾਨਿਤ ਕੀਤਾ ਗਿਆ। ਡਾ. ਵਿਕਾਸ ਗੋਇਲ ਹਮੇਸ਼ਾ ਹੀ ਲੋਕ ਭਲਾਈ ਨੂੰ ਪਹਿਲ ਦਿੰਦੇ ਹਨ ਅਤੇ ਮਿਹਨਤ ਕਰਨ ਦੇ ਨਾਲ ਸਾਰਿਆਂ ਨੂੰ ਪਹਿਲ ਦੇ ਆਧਾਰ 'ਤੇ ਮਿਲਦੇ ਹਨ। ਸ਼ੁਰੂ ਤੋਂ ਲੋਕ ਭਲਾਈ ਦੇ ਕੰਮ ਕਰ ਰਹੇ ਹਨ ਸਰਕਾਰ ਵੱਲੋਂ ਇਨ੍ਹਾਂ ਦੀ ਮੈਡੀਕਲ ਸੁਪਰਡੈਂਟ ਵਜੋਂ ਨਿਯੁਕਤੀ ਸ਼ਲਾਘਾਯੋਗ ਕਦਮ ਹੈ। ਡਾ. ਕਿਰਨਜੋਤ ਕੌਰ ਸੀਨੀਅਰ ਮੈਡੀਕਲ ਅਫਸਰ, ਸੁਨੰਦਾ ਨਰੂਲਾ, ਰਾਜੇਸ਼ ਵਰਮਾ ਰਿਟਾਇਰਡ ਪ੍ਰਿੰਸੀਪਲ ਅਤੇ ਅਮਿਤ ਕੁਮਾਰ ਗੋਇਲ ਹਾਜ਼ਰ ਸਨ।

## ਰਣਧੀਰ ਕੰਵਲ ਨੇ ਗਜ਼ਲ ਗਾਇਕੀ ਨਾਲ ਪਾਈਆਂ ਧੂੰਮਾਂ, ਨਟਾਸ ਵੱਲੋਂ ਗਜ਼ਲ ਗੌਰਵ ਐਵਾਰਡ ਪ੍ਰਦਾਨ




ਪਟਿਆਲਾ, 16 ਅਪ੍ਰੈਲ (ਚ.ਨ.ਸ.) : ਲੁਧਿਆਣਾ ਦੀ ਪ੍ਰਸਿੱਧ ਸੰਗੀਤ ਸੰਸਥਾ ਆਰ.ਕੇ. ਗਜ਼ਲ ਟਾਇਮ ਵੱਲੋਂ ਅਕਸਰ ਸ਼ਬ-ਏ ਤਨਹਾਈ ਮੇਂ ਗ਼ਜ਼ਲਾਂ-ਨਜ਼ਮਾਂ ਦਾ ਸੰਗੀਤਮਈ ਪ੍ਰੋਗਰਾਮ ਭਾਸ਼ਾ ਭਵਨ ਲੈਕਚਰ ਹਾਲ ਵਿੱਚ ਆਯੋਜਿਤ ਕੀਤਾ ਗਿਆ, ਜਿਸ ਵਿੱਚ ਨਾਮਵਰ ਗਜ਼ਲ ਗਾਇਕ ਸ਼੍ਰੀ ਰਣਧੀਰ ਕੰਵਲ ਨੇ ਆਪਣੀ ਮਿੱਠੀ ਅਵਾਜ਼ ਦੁਆਰਾ ਗਜ਼ਲ ਗਾਇਕੀ ਦਾ ਜਾਦੂ ਬਿਖੇਰਿਆ। ਪ੍ਰੋਗਰਾਮ ਦੀ ਸਦਾਰਤ ਮਸ਼ਹੂਰ ਥੀਏਟਰ ਕਲਾਕਾਰ ਅਤੇ ਭਾਰਤ ਸਰਕਾਰ ਤੋਂ ਪਦਮਸ਼੍ਰੀ ਪੁਰਸਕਾਰ ਨਾਲ ਨਿਵਾਜ਼ੇ ਗਏ ਜਨਾਬ ਪ੍ਰਾਣ ਸੱਭਰਵਾਲ ਨੇ ਕੀਤੀ। ਗਾਇਕ ਰਣਧੀਰ ਕੰਵਲ ਨੇ ਉਰਦੂ ਦੀਆਂ ਖੂਬਸੂਰਤ ਗਜ਼ਲਾਂ ਪੇਸ਼ ਕੀਤੀਆਂ। ਪ੍ਰੋਗਰਾਮ ਦਾ ਆਗਾਜ਼ ਮਖ਼ਮੂਰ ਦੇਹਲਵੀ ਦੀ ਗਜ਼ਲ ਕਿਸੀ ਸੇ ਮੇਰੀ ਮੰਜ਼ਿਲ ਕਾ ਪਤਾ ਪਾਇਆ ਨਹੀਂ ਜਾਤਾ ਨਾਲ ਹੋਇਆ, ਜਿਸ ਤੋਂ ਬਾਅਦ ਜੋ ਹਮ ਪੇ ਗੁਜ਼ਰੇ ਦੇ ਰੰਜ ਸਾਰੇ ਗਾਈ ਗਈ ਜਿਸ ਦੇ ਸ਼ਾਇਰ ਸਨ ਅਹਿਮਦ ਸੁਲਤਾਨ। ਸੱਭਰਵਾਲ ਨੇ ਕਿਹਾ ਕਿ ਰਣਧੀਰ ਕੰਵਲ ਦੀ ਪਹਿਲਕਦਮੀ ਨਾਲ ਲੁਧਿਆਣਾ-ਪਟਿਆਲਾ ਦੀ ਗਜ਼ਲ ਗਾਇਕੀ ਅਤੇ ਸੱਭਿਆਚਾਰਕ ਸਾਂਝ ਦਾ ਨਾ ਸਿਰਫ ਵਿਕਾਸ ਹੋਵੇਗਾ, ਬਲਕਿ ਉਰਦੂ ਅਤੇ ਪੰਜਾਬੀ ਭਾਸ਼ਾ ਨੂੰ ਵੀ ਬਲ ਮਿਲੇਗਾ। ਇਸ ਅਵਸਰ 'ਤੇ ਪ੍ਰਾਨ ਸੱਭਰਵਾਲ ਨੇ ਨਟਾਸ ਪ੍ਰਧਾਨ ਜੀ.ਐਸ. ਕੱਕੜ, ਮੈਂਬਰਾਂ, ਕਲਾਕਾਰਾਂ ਅਤੇ ਪ੍ਰਸ਼ੰਸਕਾਂ ਵੱਲੋਂ ਰਣਧੀਰ ਕੰਵਲ ਨੂੰ ਸਨਮਾਨਿਤ ਕੀਤਾ। ਇਸ ਮਹਿਫਿਲ ਵਿੱਚ ਪਦਮਸ਼੍ਰੀ ਅਵਾਰਡੀ ਪ੍ਰਾਨ ਸਭਰਵਾਲ ਸਾਹਿਬ ਤੋਂ ਇਲਾਵਾ ਪ੍ਰੋਫੈਸਰ ਸਵਰਾਜ, ਪ੍ਰੋਫੈਸਰ ਨਿਰਮਲ ਸਿੰਘ, ਰਾਕੇਸ਼ ਸ਼ਰਮਾ, ਡਾ. ਹਰਪ੍ਰੀਤ ਸਿੰਘ, ਰਾਜੇਸ਼ ਮਿੱਤਲ ਅਤੇ ਚਰਨਪਾਲ ਸਿੰਘ ਸ਼ਾਮਲ ਹੋਏ।

## ਮਾਨਵ ਸੇਵਾ ਉੱਤਮ ਸੇਵਾ ਸੰਸਥਾ ਵੱਲੋਂ ਮੁਫ਼ਤ ਮੈਡੀਕਲ ਕੈਂਪ 19 ਨੂੰ

ਨਾਭਾ, 16 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਮਾਨਵ ਸੇਵਾ ਉੱਤਮ ਸੇਵਾ ਸਟੇਟ ਅਵਾਰਡੀ ਐਨ.ਜੀ.ਓ ਨਾਭਾ ਵੱਲੋਂ ਸ਼ਿਵ ਮੰਦਿਰ ਸੁਧਾਰ ਕਮੇਟੀ (ਰਜਿ.) ਦੇ ਸਹਿਯੋਗ ਨਾਲ 7ਵਾਂ ਫ਼ਰੀ ਮੈਡੀਕਲ ਚੈੱਕਅਪ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਅਤੇ ਸੁਨੀਲ ਗੁਪਤਾ ਨੇ ਕਿਹਾ ਕਿ ਇਹ ਕੈਂਪ 19 ਅਪ੍ਰੈਲ ਦਿਨ ਐਤਵਾਰ ਸਵੇਰੇ 10 ਤੋਂ 2 ਵਜੇ ਤੱਕ ਸ੍ਰੀ ਕਾਲੀ ਮਾਤਾ ਮੰਦਿਰ, ਦੁਲੱਦੀ ਗੇਟ, ਨਾਭਾ ਵਿਖੇ ਲਗਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੈਂਪ ਵਿੱਚ ਲੀਵਰ ਦੀ ਜਾਂਚ ਲਈ ਫਾਈਬਰੋ ਸਕੈਨ ਦਾ ਟੈਸਟ ਕੀਤਾ ਜਾਵੇਗਾ ਅਤੇ ਕੈਂਪ ਵਿੱਚ ਫਾਈਬਰੋ ਸਕੈਨ ਵਾਲਾ 6000 ਦਾ ਟੈਸਟ ਸਿਰਫ਼ 300 ਰੁਪਏ ਵਿਚ ਕੀਤਾ ਜਾਵੇਗਾ। ਇਸ ਮੌਕੇ ਮੋਹਨ ਲਾਲ ਮਿੱਤਲ, ਗਿਰਧਾਰੀ ਲਾਲ ਬਾਂਸਲ, ਪ੍ਰਮੋਦ ਜਿੰਦਲ, ਸ਼ਿਵ ਜਿੰਦਲ, ਅਸ਼ੋਕ ਸਿੰਗਲਾ, ਮਹੇਸ਼ਇੰਦਰ ਸ਼ਰਮਾ, ਸੁਨੀਲ ਗੁਪਤਾ, ਅੰਕੁਰ ਸਿੰਗਲਾ, ਰਵਿੰਦਰ ਸਿੰਘ, ਨਰਿੰਦਰ ਮੋਹਣ ਸ਼ਰਮਾ, ਵਰੁਣ ਸਿੰਗਲਾ, ਦੀਪਕ ਕੁਮਾਰ, ਕਰਨ ਸਿੰਗਲਾ, ਸਾਹਿਲ ਗੁਪਤਾ ਆਦਿ ਹਾਜ਼ਰ ਸਨ।

## ਫ਼ਸਲ ਸੜਨ ਨਾਲ ਕਿਸਾਨ ਨੂੰ ਵੱਡਾ ਨੁਕਸਾਨ, ਸੁਰਜੀਤ ਸਿੰਘ ਰੱਖੜਾ ਵੱਲੋਂ 50 ਹਜ਼ਾਰ ਦੀ ਵਿੱਤੀ ਮਦਦ



ਸਮਾਣਾ, 16 ਅਪ੍ਰੈਲ (ਜਵੰਦਾ/ਵਿਜੇ ਕੁਮਾਰ) : ਵਿਧਾਨ ਸਭਾ ਹਲਕਾ ਸਮਾਣਾ ਦੇ ਪਿੰਡ ਫਤਿਹ ਮਾਜਰੀ ਤੋਂ ਕਿਸਾਨ ਕਸ਼ਮੀਰ ਸਿੰਘ ਪੁੱਤਰ ਹਰਦੇਵ ਸਿੰਘ ਦੀ 5 ਏਕੜ ਕਣਕ ਦੀ ਪੱਕੀ ਫ਼ਸਲ ਬਿਜਲੀ ਦੀਆਂ ਤਾਰਾਂ ਦੀ ਸਪਾਰਕਿੰਗ ਕਾਰਨ ਲੱਗੀ ਅੱਗ ਦੀ ਲਪੇਟ 'ਚ ਸੜ ਕੇ ਸੁਆਹ ਹੋ ਗਈ। ਇਸ ਦੁਖਦਾਈ ਘਟਨਾ ਦੀ ਖ਼ਬਰ ਸੁਣਦਿਆਂ ਹੀ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਕੋਰ ਕਮੇਟੀ ਮੈਂਬਰ ਸੁਰਜੀਤ ਸਿੰਘ ਰੱਖੜਾ ਪੀੜਤ ਪਰਿਵਾਰ ਦੇ ਘਰ ਪਹੁੰਚੇ ਅਤੇ ਉਨ੍ਹਾਂ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ। ਇਸ ਮੌਕੇ ਉਨ੍ਹਾਂ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਦੇ ਦੁੱਖ ਨੂੰ ਆਪਣਾ ਦੁੱਖ ਸਮਝਦਿਆਂ 50,000 ਰੁਪਏ ਦੀ ਰਕਮ ਵਿੱਤੀ ਇਮਦਾਦ ਵਜੋਂ ਸੌਂਪੀ। ਉਨ੍ਹਾਂ ਇਸ ਅਣਸੁਖਾਵੀਂ ਘਟਨਾ 'ਤੇ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਬਿਜਲੀ ਦੀਆਂ ਤਾਰਾਂ ਨਾਲ ਅੱਗ ਲੱਗਣਾ ਮਨੁੱਖੀ ਅਣਗਹਿਲੀ ਦਾ ਨਤੀਜਾ ਹੈ ਅਤੇ ਸਰਕਾਰ ਨੂੰ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਕੇ ਸੰਬੰਧਿਤ ਅਧਿਕਾਰੀਆਂ 'ਤੇ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਜਿਨ੍ਹਾਂ ਕਿਸਾਨਾਂ ਦੀਆਂ ਫ਼ਸਲਾਂ ਬਿਜਲੀ ਦੀਆਂ ਤਾਰਾਂ ਜਾਂ ਸਰਕਾਰੀ ਲਾਪਰਵਾਹੀ ਕਾਰਨ ਅੱਗ ਦੀ ਲਪੇਟ 'ਚ ਆਈਆਂ ਹਨ, ਉਨ੍ਹਾਂ ਨੂੰ ਹੋਏ ਨੁਕਸਾਨ ਦੀ ਪੂਰੀ ਭਰਪਾਈ ਕੀਤੀ ਜਾਵੇ।

## ਮਿਲੇਨੀਅਮ ਵਰਲਡ ਸਕੂਲ ਦਾ 10ਵੀਂ ਕਲਾਸ ਦਾ ਨਤੀਜਾ ਰਿਹਾ 100 ਫੀਸਦੀ



ਸਮਾਣਾ, 16 ਅਪ੍ਰੈਲ (ਵਿਜੇ ਕੁਮਾਰ) : ਮਿਲੇਨੀਅਮ ਵਰਲਡ ਸਕੂਲ, ਸਮਾਣਾ ਨੇ 10ਵੀਂ ਕਲਾਸ ਦੇ ਬੋਰਡ ਇਮਤਿਹਾਨਾਂ ਵਿੱਚ 100% ਨਤੀਜਾ ਹਾਸਲ ਕਰਕੇ ਇੱਕ ਵੱਡੀ ਕਾਮਯਾਬੀ ਪ੍ਰਾਪਤ ਕੀਤੀ ਹੈ। ਸ਼ਗਨਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ 'ਤੇ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਿਆ ਫੁੱਲਾਂ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ 'ਤੇ ਚੇਅਰਮੈਨ ਡਾ. ਕੇ. ਕੇ. ਜੌਹਰੀ ਨੇ ਕਿਹਾ ਕਿ ਇਹ ਸ਼ਾਨਦਾਰ ਨਤੀਜਾ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਪ੍ਰਿੰਸੀਪਲ ਮਿਸਜ਼ ਸ਼ਾਲਿਨੀ ਕਾਜਲਾ ਨੇ ਕਿਹਾ ਕਿ ਸਾਨੂੰ ਆਪਣੇ ਵਿਦਿਆਰਥੀਆਂ 'ਤੇ ਮਾਣ ਹੈ। ਉਹਨਾਂ ਦੀ ਮਿਹਨਤ ਅਤੇ ਅਨੁਸ਼ਾਸਨ ਨਾਲ ਸਕੂਲ ਦਾ ਨਾਮ ਰੌਸ਼ਨ ਹੋਇਆ ਹੈ। ਉਨ੍ਹਾਂ ਸਾਰੇ ਵਿਦਿਆਰਥੀਆਂ, ਮਾਪਿਆਂ ਅਤੇ ਸਟਾਫ਼ ਨੂੰ ਵਧਾਈ ਦਿੱਤੀ।

## ਸਕਾਲਰ ਫੀਲਡਜ਼ ਸਕੂਲ ਦਾ ਦਸਵੀਂ ਦਾ ਨਤੀਜਾ ਸੌ ਫੀਸਦੀ ਰਿਹਾ



ਪਟਿਆਲਾ, 16 ਅਪ੍ਰੈਲ (ਰੁਪਾਣਾ) : ਸਕਾਲਰ ਫੀਲਡਜ਼ ਪਬਲਿਕ ਸਕੂਲ, ਪਟਿਆਲਾ ਦਾ ਦਸਵੀਂ ਜਮਾਤ ਦਾ ਨਤੀਜਾ 100% ਰਿਹਾ, ਜਿਸ ਨੇ ਸੰਸਥਾ ਦੀ ਮਿਹਨਤ ਅਤੇ ਵਿਦਿਆਰਥੀਆਂ ਦੇ ਸਮਰਪਣ ਦੀ ਇੱਕ ਨਵੀਂ ਇਬਾਰਤ ਲਿਖੀ ਹੈ। ਅੱਜ ਐਲਾਨੇ ਗਏ ਨਤੀਜਿਆਂ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਜਿੱਥੇ ਅਧਿਆਪਨ ਸਿਰਫ਼ ਇੱਕ ਕਿੱਤਾ ਨਹੀਂ ਸਗੋਂ ਇੱਕ ਇਬਾਦਤ ਹੋਵੇ, ਉੱਥੇ ਸਫਲਤਾ ਖ਼ੁਦ ਕਦਮ ਚੁੰਮਦੀ ਹੈ। ਸਕੂਲ ਦੇ ਹੋਣਹਾਰ ਵਿਦਿਆਰਥੀ ਖ਼ੁਸ਼ਪ੍ਰੀਤ ਕੌਰ 96.6% ਨੇ ਪਹਿਲਾ ਸਥਾਨ, ਅਭਿਰੂਪ ਸਿੰਘ ਅਤੇ ਧਰੁਵ ਕੁਮਾਰ 96% ਨੇ ਦੂਜਾ ਅਤੇ ਚੇਸ਼ਾ 95.2% ਤੀਜਾ ਸਥਾਨ ਹਾਸਲ ਕਰਕੇ ਆਪਣੀ ਬੌਧਿਕ ਪ੍ਰਚੰਡਤਾ ਦਾ ਸਬੂਤ ਦਿੱਤਾ ਹੈ। ਕਾਰਤਿਕ ਗਰਗ ਨੇ, ਮੈਥ ਵਿੱਚੋਂ 100 ਵਿੱਚੋਂ 100 ਅਤੇ ਅਭਿਰੂਪ ਸਿੰਘ ਨੇ ਆਈ. ਟੀ ਵਿੱਚੋਂ 100 ਵਿੱਚੋਂ 100 ਅੰਕ ਹਾਸਲ ਕੀਤੇ । ਇਸਦੇ ਨਾਲ ਹੀ ਇਸ਼ਪ੍ਰੀਤ, ਮੰਨਤਪ੍ਰੀਤ ਕੌਰ, ਕਾਰਤਿਕ ਗਰਗ ,ਪਵਨਪ੍ਰੀਤ ਕੌਰ, ਅਵਚਲ, ਸਿਮਰਪ੍ਰੀਤ ਕੌਰ, ਸ਼ਮਨ ਅਤੇ ਗੁਰਇਕਮਨ ਸਿੰਘ ਵਰਗੇ ਕਈ ਸਿਤਾਰਿਆਂ ਨੇ 90 ਫੀਸਦੀ ਤੋਂ ਵਧੇਰੇ ਅੰਕ ਪ੍ਰਾਪਤ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਇਸ ਮੁਬਾਰਕ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਚੰਦਨਦੀਪ ਕੌਰ ਨੇ ਜੇਤੂ ਵਿਦਿਆਰਥੀਆਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ।

## ਪਬਲਿਕ ਕਾਲਜ ਆਫ਼ ਐਜੂਕੇਸ਼ਨ ਦੇ ਬੀ.ਐਡ. ਦੇ ਨਤੀਜੇ ਸ਼ਾਨਦਾਰ ਰਹੇ



ਸਮਾਣਾ, 16 ਅਪ੍ਰੈਲ (ਵਿਜੇ ਕੁਮਾਰ) : ਪਬਲਿਕ ਕਾਲਜ ਆਫ ਐਜੂਕੇਸ਼ਨ ਸਮਾਣਾ ਦੇ ਵਿਦਿਆਰਥੀਆਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਬੀ.ਐਡ. ਭਾਗ ਦੂਜਾ ਸਮੈਸਟਰ ਤੀਜਾ ਪ੍ਰੀਖਿਆਵਾਂ ਦਸੰਬਰ 2025 ਦੇ ਐਲਾਨੇ ਗਏ ਨਤੀਜਿਆਂ ਵਿੱਚੋਂ ਸ਼ਾਨਦਾਰ ਪੁਜ਼ੀਸ਼ਨਾਂ ਪ੍ਰਾਪਤ ਕਰਕੇ ਇਸ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ। ਕਾਲਜ ਵਿਦਿਆਰਥਣਾਂ ਗਗਨਦੀਪ ਕੌਰ ਅਤੇ ਪਰਵੀਨ ਕੌਰ ਨੇ 94.3 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਹਰਪ੍ਰੀਤ ਕੌਰ ਅਤੇ ਪ੍ਰਨੀਤ ਕੌਰ ਨੇ 94 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਸੰਦੀਪ ਕੌਰ ਨੇ 93.67 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਤੇ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਨੇ ਮਾਣ ਮਹਿਸੂਸ ਕਰਦਿਆਂ ਵਿਦਿਆਰਥੀਆਂ ਅਤੇ ਸਟਾਫ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ । ਕਾਲਜ ਕੋਆਰਡੀਨੇਟਰ ਡਾ. ਹਰਕੀਰਤਨ ਕੌਰ ਨੇ ਵੀ ਵਿਦਿਆਰਥੀਆਂ ਅਤੇ ਸਟਾਫ ਨੂੰ ਮੁਬਾਰਕਬਾਦ ਦਿੱਤੀ । ਇਸ ਮੌਕੇ ਐਜੂਕੇਸ਼ਨ ਕਾਲਜ ਤੋਂ ਡਾ. ਅਮਰਿੰਦਰ ਕੌਰ, ਡਾ. ਜਸਪ੍ਰੀਤ ਕੌਰ ਅਤੇ ਪ੍ਰੋ. ਹਰਪ੍ਰੀਤ ਕੌਰ ਮੌਜੂਦ ਰਹੇ।

## ਸਰਕਾਰੀ ਬਿਕਰਮ ਕਾਲਜ ਵਿਖੇ ਸਾਲਾਨਾ ਕਨਵੋਕੇਸ਼ਨ ਕਰਵਾਈ



ਪਟਿਆਲਾ, 16 ਅਪ੍ਰੈਲ (ਚ.ਨ.ਸ.) : ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ, ਪਟਿਆਲਾ ਵਿਖੇ ਸਾਲਾਨਾ ਕਨਵੋਕੇਸ਼ਨ ਕਰਵਾਈ ਗਈ, ਜਿਸ ਵਿੱਚ ਬੀ.ਕਾਮ, ਬੀ.ਸੀ.ਏ ਅਤੇ ਐਮ.ਕਾਮ ਪਾਸ ਕਰ ਚੁੱਕੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਪ੍ਰੋਗਰਾਮ ਦੀ ਸ਼ੁਰੂਆਤ ਜੋਤ ਸ਼ਮਾ ਰੌਸ਼ਨ ਕਰਕੇ ਕੀਤੀ ਗਈ ਅਤੇ ਫਿਰ ਕਾਲਜ ਧੁਨੀ ਵਜਾਈ ਗਈ। ਇਸ ਮੌਕੇ ਪ੍ਰਿੰਸੀਪਲ ਪ੍ਰੋ. (ਡਾ.) ਕੁਸੁਮ ਲਤਾ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਉਹਨਾਂ ਦੀਆਂ ਪ੍ਰਾਪਤੀਆਂ ਲਈ ਵਧਾਈ ਦਿੱਤੀ। ਇਸ ਸਮੇਂ ਕਾਲਜ ਦੇ ਪ੍ਰਿੰਸੀਪਲ ਮੈਡਮ ਵੱਲੋਂ ਇੱਕ ਅਨੋਖੀ ਮਿਸਾਲ ਪੇਸ਼ ਕਰਦੇ ਹੋਏ ਸਮੂਹ ਵਿਦਿਆਰਥੀਆਂ ਨੂੰ ਡਿਗਰੀਆਂ ਉਨ੍ਹਾਂ ਦੇ ਪੜ੍ਹਾਉਣ ਵਾਲੇ ਅਧਿਆਪਕਾਂ ਪਾਸੋਂ ਹੀ ਪ੍ਰਦਾਨ ਕਰਵਾਈਆਂ ਗਈਆਂ। ਕਨਵੋਕੇਸ਼ਨ ਸਮਾਗਮ ਦੌਰਾਨ ਐਮ.ਕਾਮ, ਬੀ.ਕਾਮ ਅਤੇ ਬੀ.ਸੀ.ਏ ਦੇ 340 ਵਿਦਿਆਰਥੀਆਂ ਨੂੰ ਡਿਗਰੀਆਂ ਤਕਸੀਮ ਕੀਤੀਆਂ ਗਈਆਂ। ਪ੍ਰਿੰਸੀਪਲ ਪ੍ਰੋ. (ਡਾ.) ਕੁਸੁਮ ਲਤਾ ਜੀ ਵੱਲੋਂ ਕਾਲਜ ਦੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਇਹਨਾਂ ਪ੍ਰਾਪਤੀਆਂ ਲਈ ਵਧਾਈ ਦਿੱਤੀ ਗਈ। ਉਹਨਾਂ ਨੇ ਵਿਦਿਆਰਥੀਆਂ ਨੂੰ ਬਿਹਤਰ ਭਵਿੱਖ, ਦੇਸ਼ ਅਤੇ ਸਮਾਜ ਸੇਵਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਹ ਪ੍ਰੋਗਰਾਮ ਕਾਲਜ ਰਜਿਸਟਰਾਰ ਡਾ. ਜਸਪ੍ਰੀਤ ਕੌਰ ਵੱਲੋਂ ਕਾਲਜ ਦੀ ਘਰੇਲੂ ਪ੍ਰੀਖਿਆਵਾਂ ਕਮੇਟੀ ਦੇ ਸਹਿਯੋਗ ਨਾਲ ਸਫਲਤਾ ਪੂਰਵਕ ਕਰਵਾਇਆ ਗਿਆ। ਇਸ ਮੌਕੇ ਮੰਚ ਸੰਚਾਲਨ ਡਾ. ਪਰਮਜੀਤ ਸਿੰਘ ਅਤੇ ਡਾ. ਰੀਤੂ ਕਪੂਰ ਵੱਲੋਂ ਕੀਤਾ ਗਿਆ। ਇਸ ਸਮੇਂ ਪ੍ਰੋ. ਵਿਵੇਕ ਕੁਮਾਰ ਸਿੰਧੀ, ਡਾ. ਪਰਮਜੀਤ ਕੌਰ, ਡਾ. ਰੇਖਾ ਰਾਣੀ ਤੋਂ ਇਲਾਵਾ ਕਾਲਜ ਦਾ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਹਾਜ਼ਰ ਸੀ।

## ਚੋਰੀ ਦਾ ਕਬਾੜ ਖਰੀਦਣ ਦੇ ਦੋਸ਼ 'ਚ ਪਿਓ-ਪੁੱਤ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 16 ਅਪ੍ਰੈਲ (ਵਿਜੇ ਕੁਮਾਰ): ਸੀ.ਆਈ.ਏ. ਸਟਾਫ਼ ਸਮਾਣਾ ਨੇ ਚੋਰੀ ਦਾ ਕਬਾੜ ਖਰੀਦਣ ਦੇ ਦੋਸ਼ ਵਿੱਚ ਭਵਾਨੀਗੜ੍ਹ ਰੋਡ 'ਤੇ ਸਥਿਤ ਇਕ ਕਬਾੜੀਏ ਪਿਓ-ਪੁੱਤ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਅਮਰਜੀਤ ਰਾਮ ਅਤੇ ਉਸ ਦੇ ਪੁੱਤਰ ਬਿੰਦਰ ਰਾਮ ਵਾਸੀ ਅਮਾਮਗੜ੍ਹ, ਸਮਾਣਾ ਵਜੋਂ ਹੋਈ ਹੈ। ਸੀ.ਆਈ.ਏ. ਇੰਚਾਰਜ ਇੰਸਪੈਕਟਰ ਅੰਕੁਰਦੀਪ ਸਿੰਘ ਨੇ ਦੱਸਿਆ ਕਿ ਏ.ਐੱਸ.ਆਈ. ਸੇਵਕ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਅਗਰਸੈਨ ਚੌਂਕ ਵਿੱਚ ਮੌਜੂਦ ਸਨ। ਉਨ੍ਹਾਂ ਨੂੰ ਸੂਚਨਾ ਮਿਲੀ ਕਿ ਮੁਲਜ਼ਮ ਪਿਓ-ਪੁੱਤ ਕਬਾੜ ਦਾ ਕੰਮ ਕਰਦੇ ਹਨ, ਜਿਸ ਦੀ ਆੜ ਵਿੱਚ ਉਹ ਚੋਰੀ ਦਾ ਸਾਮਾਨ ਖਰੀਦ ਕੇ ਅਤੇ ਉਸ ਦੀ ਭੰਨ-ਤੋੜ ਕਰਕੇ ਅੱਗੇ ਵੇਚਦੇ ਹਨ। ਪੁਲਿਸ ਨੇ ਉਨ੍ਹਾਂ ਦੀ ਦੁਕਾਨ ਦੇ ਅੱਗੋਂ ਇੱਕ ਬਿਨਾਂ ਨੰਬਰ ਵਾਲੀ ਕਾਰ ਬਰਾਮਦ ਕੀਤੀ ਹੈ, ਜਦਕਿ ਉਨ੍ਹਾਂ ਕੋਲ ਹੋਰ ਵੀ ਚੋਰੀ ਦਾ ਸਾਮਾਨ ਹੋਣ ਦਾ ਖਦਸ਼ਾ ਹੈ। ਮੁਲਜ਼ਮ ਦੁਕਾਨ ਅਤੇ ਗੋਦਾਮ ਬੰਦ ਕਰਕੇ ਫ਼ਰਾਰ ਹਨ, ਜਿਨ੍ਹਾਂ ਦੀ ਭਾਲ ਕੀਤੀ ਜਾ ਰਹੀ ਹੈ।

## ਸ. ਹਰਦਮ ਸਿੰਘ ਪਬਲਿਕ ਸਕੂਲ ਜਿੰਦਲਪੁਰ ਦਾ ਦਸਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ



ਭਾਦਸੋਂ, 16 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਸ. ਹਰਦਮ ਸਿੰਘ ਪਬਲਿਕ ਸਕੂਲ, ਜਿੰਦਲਪੁਰ ਦਾ ਦਸਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ। ਦਸਵੀਂ ਕਲਾਸ ਦੀ ਵਿਦਿਆਰਥਣ ਗੁਰਮਨਜੋਤ ਕੌਰ ਨੇ 91.4 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਮਹਿਕਪ੍ਰੀਤ ਕੌਰ 91.2 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਗੁਰਜੋਬਨ ਸਿੰਘ ਨੇ 84.8 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਜਸਪ੍ਰੀਤ ਕੌਰ ਨੇ 83.2 ਫੀਸਦੀ , ਮਹਿਕਦੀਪ ਕੌਰ ਨੇ 80.4 ਫੀਸਦੀ ਅੰਕ ਪ੍ਰਾਪਤ ਕਰਕੇ ਮਾਤਾ-ਪਿਤਾ ਅਤੇ ਸਕੂਲ ਦਾ ਨਾ ਰੌਸ਼ਨ ਕੀਤਾ। ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਪ੍ਰਿੰਸੀਪਲ ਸ੍ਰੀਮਤੀ ਜਖ਼ਮੀ, ਚੇਅਰਮੈਨ ਸੁਰਿੰਦਰ ਸਿੰਘ ਟਿਵਾਣਾ, ਨਾਜਰ ਸਿੰਘ ਟਿਵਾਣਾ ਅਤੇ ਸਮੂਹ ਸਟਾਫ ਦੇ ਸਿਰ ਜਾਂਦਾ ਹੈ।

## ਦਾਜ ਲਈ ਤੰਗ ਕਰਨ 'ਤੇ ਮਾਮਲਾ ਦਰਜ

ਪਟਿਆਲਾ, 16 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਆਰੁਸੀ ਗਰਗ ਪਤਨੀ ਪੁਨੀਤ ਕੁਮਾਰ ਸੇਠੀ ਪੁੱਤਰੀ ਸੁਨੀਲ ਗਰਗ ਵਾਸੀ ਸਿਵਲ ਲਾਇਨ ਨੇ ਕਥਿਤ ਦੋਸ਼ੀਆਂ ਪੁਨੀਤ ਕੁਮਾਰ ਸੇਠੀ, ਮੰਜੂ ਬਾਲਾ ਪਤਨੀ ਵਿਵੇਕ ਕੁਮਾਰ ਸੇਠੀ ਵਾਸੀ ਸੈਕਟਰ 80 ਮੋਹਾਲੀ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਵਿਆਹ ਮਿਤੀ 19-2-2018 ਨੂੰ ਕਥਿਤ ਦੋਸ਼ੀ ਪੁਨੀਤ ਕੁਮਾਰ ਨਾਲ ਹੋਇਆ ਸੀ, ਜੋ ਵਿਆਹ ਤੋ ਬਾਅਦ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਏ, ਜੋ ਉਸ ਦੇ ਦਾਜ ਦਾ ਸਮਾਨ ਵੀ ਦੋਸ਼ੀਆਂ ਦੇ ਕਬਜ਼ੇ ਵਿੱਚ ਹੈ।ਪੁਲਿਸ ਨੇ ਧਾਰਾ 316(2),85 ਬੀਐਨਐਸ ਦੇ ਤਹਿਤ ਮਾਮਲਾ ਦਰਜ ਕੀਤਾ ਹੈ।

## ਮਨੁੱਖੀ ਸੰਵੇਦਨਾਵਾਂ ਨੂੰ ਪ੍ਰਗਟਾਉਣ ਦਾ ਸਭ ਤੋਂ ਉੱਤਮ ਜ਼ਰੀਆ ਹੈ ਕਲਾ: ਡਾ. ਜਗਦੀਪ ਸਿੰਘ

### ਪੰਜਾਬੀ ਯੂਨੀਵਰਸਿਟੀ ਵਿਖੇ 31ਵੀਂ ਸਾਲਾਨਾ ਕਲਾ ਪ੍ਰਦਰਸ਼ਨੀ ਸ਼ੁਰੂ



ਪਟਿਆਲਾ, 16 ਅਪ੍ਰੈਲ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਸ੍ਰ. ਸੋਭਾ ਸਿੰਘ ਫਾਈਨ ਆਰਟਸ ਵਿਭਾਗ ਵੱਲੋਂ ਮਿਊਜ਼ੀਅਮ ਅਤੇ ਆਰਟ ਗੈਲਰੀ ਦੇ ਸਹਿਯੋਗ ਨਾਲ ਲਗਾਈ ਜਾ ਰਹੀ 31ਵੀਂ ਸਾਲਾਨਾ ਕਲਾ ਪ੍ਰਦਰਸ਼ਨੀ ਅੱਜ ਆਰੰਭ ਹੋ ਗਈ ਹੈ। 'ਪਰਵਾਜ਼-ਏ-ਖ਼ਿਆਲ' ਸਿਰਲੇਖ ਤਹਿਤ ਲਗਾਈ ਜਾ ਰਹੀ ਇਸ ਪ੍ਰਦਰਸ਼ਨੀ ਦਾ ਉਦਘਾਟਨ ਅੱਜ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਸ ਪ੍ਰਦਰਸ਼ਨੀ ਵਿੱਚ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਗਈਆਂ ਕਲਾ-ਕਿਰਤਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ ਹੈ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਕਲਾ ਮਨੁੱਖੀ ਸੰਵੇਦਨਾਵਾਂ ਨੂੰ ਪ੍ਰਗਟਾਉਣ ਦਾ ਸਭ ਤੋਂ ਉੱਤਮ ਜ਼ਰੀਆ ਹੈ ਅਤੇ ਅਜਿਹੀਆਂ ਪ੍ਰਦਰਸ਼ਨੀਆਂ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਨੂੰ ਨਵੀਂ ਉਡਾਣ ਪ੍ਰਦਾਨ ਕਰਦੀਆਂ ਹਨ। ਉਨ੍ਹਾਂ ਨੇ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ 'ਪਰਵਾਜ਼-ਏ-ਖ਼ਿਆਲ' ਵਰਗੇ ਮੰਚ ਨੌਜਵਾਨ ਕਲਾਕਾਰਾਂ ਨੂੰ ਆਪਣੀ ਕਲਾਤਮਕ ਪ੍ਰਤਿਭਾ ਨੂੰ ਪਛਾਣਨ ਅਤੇ ਨਿਖਾਰਨ ਦਾ ਸੁਨਹਿਰੀ ਮੌਕਾ ਦਿੰਦੇ ਹਨ। ਇਸ ਪ੍ਰਦਰਸ਼ਨੀ ਵਿੱਚ ਪੇਂਟਿੰਗ, ਇੰਸਟਾਲੇਸ਼ਨ, ਗ੍ਰਾਫਿਕਸ ਪ੍ਰਿੰਟ ਮੇਕਿੰਗ ਅਤੇ ਸੈਰਾਮਿਕ ਪੌਟਰੀ ਵਰਗੀਆਂ ਵੱਖ-ਵੱਖ ਕਲਾ ਵੰਨਗੀਆਂ ਨੂੰ ਪ੍ਰਦਰਸ਼ਿਤ ਕੀਤਾ ਗਿਆ ਹੈ। ਫਾਈਨ ਆਰਟਸ ਵਿਭਾਗ ਦੇ ਮੁਖੀ ਡਾ. ਅੰਬਾਲਿਕਾ ਸੂਦ ਜੈਕਬ ਨੇ ਕਿਹਾ ਕਿ ਨੇ ਦੱਸਿਆ ਕਿ ਇਹ ਪ੍ਰਦਰਸ਼ਨੀ ਯੂਨੀਵਰਸਿਟੀ ਦੀ ਮਿਊਜ਼ੀਅਮ ਅਤੇ ਆਰਟ ਗੈਲਰੀ ਵਿਖੇ 30 ਮਈ 2026 ਤੱਕ ਰੋਜ਼ਾਨਾ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਆਮ ਲੋਕਾਂ ਅਤੇ ਕਲਾ ਪ੍ਰੇਮੀਆਂ ਲਈ ਖੁੱਲ੍ਹੀ ਰਹੇਗੀ। ਡਾ. ਕਵਿਤਾ ਸਿੰਘ ਵੱਲੋਂ ਆਪਣੇ ਧੰਨਵਾਦੀ ਭਾਸ਼ਣ ਦੌਰਾਨ ਕਲਾਵਾਂ ਸਬੰਧੀ ਟਿੱਪਣੀਆਂ ਕੀਤੀਆਂ ਗਈਆਂ।ਇਸ ਮੌਕੇ ਵਿਭਾਗ ਦੇ ਫੈਕਲਟੀ ਮੈਂਬਰ ਡਾ. ਅਤਿੰਦਰਪਾਲ ਸਿੰਘ, ਸਰਬਜੀਤ ਸਿੰਘ, ਪ੍ਰਭਦੀਪ ਕੌਰ, ਅਰਚਨਾ ਸ਼ਰਮਾ, ਮਨਪ੍ਰੀਤ ਕੌਰ ਆਦਿ ਮੌਜੂਦ ਰਹੇ।